ਸੋਮਵਾਰ, 26 ਜਨਵਰੀ, 2026

13 ਮਾਘ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 237

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 26 JANUARY, 2026

ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14






हरियाणा सरकार
गणतंत्र के गौरव गान में, भारत की शान में,
आओ फहराएं तिरंगा, संविधान के सम्मान में
26 ਜਨਵਰੀ, 2026
ਗਣਤੰਤਰ ਦਿਵਸ
ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ
ਹਾਰਦਿਕ ਸ਼ੁਭਕਾਮਨਾਵਾਂ
"गणतंत्र दिवस की ढेरों शुभकामनाएं !
इस अवसर पर हम उन सभी महान विभूतियों को नमन करते हैं,
जिन्होंने हमारा संविधान बनाकर यह सुनिश्चित किया कि
हमारी विकास यात्रा लोकतंत्र, गरिमा और एकता पर आधारित हो।"
- नरेन्द्र मोदी
ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ, ਹਰਿਆਣਾ
www.prharyana.gov.in | Follow us on @diprharyana

26-JAN-PAGE-1.qxd 1/25/2026 8:44 PM Page 1

ਸੋਮਵਾਰ, 26 ਜਨਵਰੀ, 2026
13 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 237

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 26 JANUARY, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com

## ਨਾਮਵਰ ਪੱਤਰਕਾਰ ਮਾਰਕ ਟੱਲੀ ਦਾ ਦੇਹਾਂਤ



**ਨਵੀਂ ਦਿੱਲੀ :** ਭਾਰਤ ਦੇ ਇਤਿਹਾਸ ਨੂੰ ਆਪਣੀ ਕਲਮ ਅਤੇ ਆਵਾਜ਼ ਨਾਲ ਦੁਨੀਆ-ਭਰ ਵਿੱਚ ਪਹੁੰਚਾਉਣ ਵਾਲੇ ਨਾਮਵਰ ਪੱਤਰਕਾਰ ਸਰ ਵਿਲੀਅਮ ਮਾਰਕ ਟੱਲੀ ਦਾ ਐਤਵਾਰ ਇੱਥੇ ਮੈਕਸ ਹਸਪਤਾਲ ਵਿੱਚ 90 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ। 24 ਅਕਤੂਬਰ 1935 ਨੂੰ ਕੋਲਕਾਤਾ ਵਿੱਚ ਜਨਮੇ ਟੱਲੀ ਕੁਝ ਸਮੇਂ ਤੋਂ ਬਿਮਾਰ ਸਨ। ਮਾਰਕ ਟੱਲੀ ਨੇ ਲੱਗਭੱਗ 22 ਸਾਲਾਂ ਤੱਕ ਬੀ ਬੀ ਸੀ ਦੇ ਦਿੱਲੀ ਬਿਊਰੋ ਚੀਫ ਵਜੋਂ ਸੇਵਾਵਾਂ ਨਿਭਾਈਆਂ ਅਤੇ ਭਾਰਤ ਦੀਆਂ ਗੁੰਝਲਦਾਰ ਪਰਤਾਂ ਨੂੰ ਬਹੁਤ ਸਰਲਤਾ ਨਾਲ ਦੁਨੀਆ ਸਾਹਮਣੇ ਪੇਸ਼ ਕੀਤਾ। ਉਨ੍ਹਾ ਨੂੰ ਖਾਸ ਤੌਰ 'ਤੇ 1971 ਦੀ ਬੰਗਲਾਦੇਸ਼ ਮੁਕਤੀ ਜੰਗ ਦੌਰਾਨ ਕੀਤੀ ਗਈ • ਬਾਕੀ ਸਫਾ 11 'ਤੇ

### ਜਦੋਂ ਮਸੀਂ ਬਚੇ

1992 ਵਿੱਚ ਅਯੁੱਧਿਆ 'ਚ ਬਾਬਰੀ ਮਸਜਿਦ ਢਾਹੁਣ ਦੀ ਕਾਰਵਾਈ ਦੀ ਰਿਪੋਰਟਿੰਗ ਕਰਦਿਆਂ ਟੱਲੀ ਦੀ ਜਾਨ ਖਤਰੇ ਵਿੱਚ ਪੈ ਗਈ ਸੀ। ਹਿੰਦੂ ਕੱਟੜਵਾਦੀਆਂ ਨੇ ਬੀ ਬੀ ਸੀ ਦੇ ਰਿਪੋਰਟਰ ਦੇ ਸ਼ੱਕ ਵਿੱਚ ਉਨ੍ਹਾ ਨੂੰ ਘੇਰ ਲਿਆ ਸੀ ਤੇ 'ਮਾਰ ਦੇਣਾ' ਕਹਿ ਰਹੇ ਸਨ। ਉਨ੍ਹਾ ਨੂੰ ਕਈ ਘੰਟੇ ਇੱਕ ਕਮਰੇ ਵਿੱਚ ਬੰਦ ਰੱਖਿਆ ਗਿਆ। ਸਥਾਨਕ ਅਧਿਕਾਰੀ ਤੇ ਇੱਕ ਪੁਜਾਰੀ ਨੇ ਉਨ੍ਹਾ ਦੀ ਜਾਨ ਬਚਾਈ। ਮਸਜਿਦ ਦੇ ਢਾਹੁਣ ਤੋਂ ਬਾਅਦ ਦੇਸ਼ ਵਿੱਚ ਵੱਡੀ ਪੱਧਰ 'ਤੇ ਫਿਰਕੂ ਹਿੰਸਾ ਹੋਈ ਸੀ। ਵਰ੍ਹਿਆਂ ਬਾਅਦ ਟੱਲੀ ਨੇ ਅਯੁੱਧਿਆ ਦੀ ਘਟਨਾ ਨੂੰ 1947 ਤੋਂ ਬਾਅਦ ਸੈਕੂਲਰਿਜ਼ਮ ਨੂੰ ਸਭ ਤੋਂ ਗੰਭੀਰ ਧੱਕਾ ਕਰਾਰ ਦਿੱਤਾ ਸੀ।

## ਮਾਨ ਵੱਲੋਂ ਸਲੇਰਾਨ ਡੈਮ ਈਕੋ ਟੂਰਿਜ਼ਮ ਪ੍ਰੋਜੈਕਟ ਦਾ ਉਦਘਾਟਨ



**ਹੁਸ਼ਿਆਰਪੁਰ :** ਸਲੇਰਾਨ ਡੈਮ ਵਿਖੇ ਵਾਤਾਵਰਣ ਅਨੁਕੂਲ ਹਟਸ ਦਾ ਉਦਘਾਟਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਕਿਹਾ ਕਿ ਇਸ ਨਾਲ ਸੂਬੇ ਵਿੱਚ ਈਕੋ-ਟੂਰਿਜ਼ਮ ਅਤੇ ਰੁਜ਼ਗਾਰ ਦੇ ਮੌਕੇ ਸਿਰਜਣ ਲਈ ਵੱਡਾ ਹੁਲਾਰਾ ਮਿਲੇਗਾ।ਉਨ੍ਹਾਂ ਕਿਹਾ ਕਿ ਅੰਮ੍ਰਿਤਸਰ, ਪਟਿਆਲਾ ਅਤੇ ਚਮਰੌੜ ਝੀਲ 'ਤੇ ਫਿਲਮਾਂ ਦੀ ਸ਼ੂਟਿੰਗ ਅਤੇ ਡੈਸਟੀਨੇਸ਼ਨ ਵੈਡਿੰਗ ਨਾਲ ਵੀ ਰੁਜ਼ਗਾਰ ਦੇ ਮੌਕੇ ਵਧੇ ਹਨ। ਉਨ੍ਹਾਂ ਕਿਹਾ ਕਿ ਸਲੇਰਾਨ ਡੈਮ ਪ੍ਰੋਜੈਕਟ ਹਿਮਾਚਲ ਪ੍ਰਦੇਸ਼ ਦੇ ਸੈਰ-ਸਪਾਟਾ ਸਥਾਨਾਂ ਨੂੰ ਟੱਕਰ ਦੇਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਸਰਕਾਰ ਨੇ ਖੰਡਰਾਂ ਦਾ ਰੂਪ ਧਾਰ ਚੁੱਕੇ 52 ਰੈਸਟ ਹਾਊਸਾਂ ਨੂੰ ਮੁੜ ਸੁਰਜੀਤ ਕੀਤਾ ਹੈ, ਜਿਨ੍ਹਾਂ ਤੋਂ ਹੁਣ ਕਿਰਾਏ ਰਾਹੀਂ ਇਕ ਕਰੋੜ ਰੁਪਏ ਦਾ ਮਹੀਨਾਵਾਰ ਮਾਲੀਆ ਪੈਦਾ ਹੋ ਰਿਹਾ ਹੈ। ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਰਕਾਰੀ ਜਾਇਦਾਦਾਂ ਆਪਣੇ ਚਹੇਤਿਆਂ ਨੂੰ ਕੌਡੀਆਂ ਦੇ ਭਾਅ ਵੇਚੀਆਂ ਸਨ, ਜਦਕਿ ਉਨ੍ਹਾਂ ਦੀ ਸਰਕਾਰ ਨੇ ਕਾਰਵਾਈ ਕਰਦਿਆਂ ਉਹੀ ਜਾਇਦਾਦਾਂ ਨੂੰ ਵਾਪਸ ਹਾਸਲ ਕੀਤਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ, 'ਅੱਜ ਅਸੀਂ ਸੂਬੇ ਵਿੱਚ ਸੈਰ-ਸਪਾਟਾ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤੀ ਦੇਣ ਲਈ ਸਲੇਰਾਨ ਡੈਮ ਈਕੋ- • ਬਾਕੀ ਸਫਾ 11 'ਤੇ

## ਧਰਮਿੰਦਰ ਲਈ ਪਦਮ ਵਿਭੂਸ਼ਣ

### ਸੰਤ ਨਿਰੰਜਣ ਦਾਸ, ਇੰਦਰਜੀਤ ਸਿੰਘ, ਹਰਮਨਪ੍ਰੀਤ ਤੇ ਬਲਦੇਵ ਸਿੰਘ ਨੂੰ ਪਦਮਸ੍ਰੀ



ਧਰਮਿੰਦਰ | ਸੰਤ ਨਿਰੰਜਣ ਦਾਸ | ਹਰਮਨਪ੍ਰੀਤ ਕੌਰ | ਇੰਦਰਜੀਤ ਸਿੰਘ

**ਨਵੀਂ ਦਿੱਲੀ :** ਕੇਂਦਰ ਸਰਕਾਰ ਨੇ ਗਣਤੰਤਰ ਦਿਵਸ ਦੀ ਪੂਰਬਲੀ ਸ਼ਾਮ 2026 ਲਈ 131 ਪਦਮ ਪੁਰਸਕਾਰਾਂ ਦਾ ਐਲਾਨ ਕੀਤਾ। ਧਰਮਿੰਦਰ ਸਣੇ 5 ਹਸਤੀਆਂ ਨੂੰ ਪਦਮ ਵਿਭੂਸ਼ਣ, ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਮਰਹੂਮ ਸ਼ਿਬੂ ਸੋਰੇਨ ਤੇ ਗਾਇਕਾ ਅਲਕਾ ਯਾਗਨਿਕ ਸਣੇ 13 ਹਸਤੀਆਂ ਨੂੰ ਪਦਮ ਭੂਸ਼ਣ ਅਤੇ ਡੇਰਾ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ, ਚੰਡੀਗੜ੍ਹ ਦੇ ਇੰਦਰਜੀਤ ਸਿੰਘ, ਕ੍ਰਿਕਟਰ ਹਰਮਨਪ੍ਰੀਤ ਕੌਰ ਭੁੱਲਰ, ਰੋਹਿਤ ਸ਼ਰਮਾ, ਪ੍ਰਵੀਨ ਕੁਮਾਰ, ਸਪੋਰਟਸਮੈਨ ਬਲਦੇਵ ਸਿੰਘ, ਹਾਕੀ ਖਿਡਾਰਨ ਸਵਿਤਾ ਪੂਨੀਆ ਸਣੇ 113 ਹਸਤੀਆਂ ਨੂੰ ਪਦਮਸ੍ਰੀ ਪੁਰਸਕਾਰ ਲਈ ਚੁਣਿਆ ਗਿਆ।

ਪਦਮ ਸ੍ਰੀ ਨਾਲ ਨਿਵਾਜੇ ਜਾਣ ਵਾਲੇ ਪੰਜਾਬ ਪੁਲਸ ਦੇ ਸਾਬਕਾ ਡੀ ਆਈ ਜੀ 88 ਸਾਲਾ ਇੰਦਰਜੀਤ ਸਿੰਘ ਸਿੱਧੂ 1964 ਬੈਚ ਦੇ ਆਈ ਏ ਐੱਸ ਅਫਸਰ ਸਨ ਤੇ 1996 ਵਿੱਚ ਰਿਟਾਇਰ ਹੋਏ ਸਨ। ਉਹ ਚੰਡੀਗੜ੍ਹ ਦੇ ਸੈਕਟਰ 49 (ਆਈ ਏ ਐੱਸ-ਆਈ ਪੀ ਐੱਸ ਆਫੀਸਰਜ਼ ਕੋਆਪ੍ਰੇਟਿਵ ਸੁਸਾਇਟੀ) ਵਿੱਚ ਰਹਿੰਦੇ ਹਨ ਅਤੇ ਪਿਛਲੇ 10 ਤੋਂ ਵੱਧ ਸਾਲ ਤੋਂ ਕੂੜਾ ਰੇਹੜੀ ਉਧਾਰ ਲੈ ਕੇ ਹਰ ਦਿਨ ਸਵੇਰੇ ਛੇ ਵਜੇ ਸੜਕਾਂ ਦੀ ਸਫਾਈ ਕਰਦੇ ਹਨ।






## ਐੱਸ ਐੱਸ ਐੱਫ ਦੇ ਗਠਨ ਤੋਂ ਬਾਅਦ ਸੜਕ ਹਾਦਸਿਆਂ 'ਚ ਮੌਤਾਂ ਦੀ ਦਰ 'ਚ 48 ਫੀਸਦੀ ਕਮੀ : ਭਗਵੰਤ ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਵਿੱਚ ਸੜਕ ਸੁਰੱਖਿਆ ਫੋਰਸ (ਐੱਸ ਐੱਸ ਐਫ) ਦੇ ਗਠਨ ਤੋਂ ਬਾਅਦ ਸੜਕ ਸੁਰੱਖਿਆ ਵਿਵਸਥਾ 'ਚ ਵਿਆਪਕ ਸੁਧਾਰ ਦਰਜ ਕੀਤਾ ਗਿਆ ਹੈ।ਹਾਦਸੇ ਵਾਲੀਆਂ ਥਾਵਾਂ 'ਤੇ ਐੱਸ ਐਸ ਐਫ ਦਾ ਫੌਰੀ ਪਹੁੰਚਣਾ, ਪੀੜਤਾਂ ਨੂੰ ਮੁਢਲੀ ਸਹਾਇਤਾ ਅਤੇ ਸਮੇਂ ਸਿਰ ਇਲਾਜ ਮਿਲਣ ਨਾਲ ਸੂਬੇ ਵਿੱਚ ਸੜਕ ਹਾਦਸਿਆਂ ਵਿੱਚ ਮੌਤ ਦਰ 'ਚ 48 ਫੀਸਦੀ ਕਮੀ ਆਈ ਹੈ।ਕਿਸੇ ਸਮੇਂ ਸੜਕ ਹਾਦਸਿਆਂ ਵਿੱਚ ਹੁੰਦੀਆਂ ਮੌਤਾਂ ਲਈ ਪੰਜਾਬ ਦਾ ਨਾਂਅ ਦੇਸ਼ ਦੇ ਸਿਖਰਲੇ ਤਿੰਨ ਸੂਬਿਆਂ 'ਚ ਸ਼ੁਮਾਰ ਸੀ, ਪਰ ਪੰਜਾਬ ਵਿੱਚ ਇਹ ਸਥਿਤੀ ਪੂਰੀ ਤਰ੍ਹਾਂ ਬਦਲ ਚੁੱਕੀ ਹੈ ਅਤੇ ਪੀੜਤਾਂ ਨੂੰ ਫੌਰੀ ਹਸਪਤਾਲ ਪਹੁੰਚਾਉਣ ਅਤੇ ਸਮੇਂ ਸਿਰ ਇਲਾਜ ਮਿਲਣ ਨਾਲ ਕੀਮਤੀ ਮਨੁੱਖੀ ਜ਼ਿੰਦਗੀਆਂ ਬਚ ਰਹੀਆਂ ਹਨ।

ਇਸ ਵਿਆਪਕ ਸੁਧਾਰ ਦਾ ਜ਼ਿਕਰ ਕਰਦਿਆਂ • ਬਾਕੀ ਸਫਾ 11 'ਤੇ

## ਅਮਰੀਕੀ ਇਮੀਗ੍ਰੇਸ਼ਨ ਏਜੰਟਾਂ ਨੇ ਇੱਕ ਹੋਰ ਵਿਅਕਤੀ ਮਾਰਿਆ



**ਮਿਨੀਆਪੋਲਿਸ :** ਅਮਰੀਕਾ ਦੇ ਇਮੀਗ੍ਰੇਸ਼ਨ ਏਜੰਟਾਂ ਨੇ ਮਿਨੀਆਪੋਲਿਸ ਵਿੱਚ ਚੱਲ ਰਹੀ ਇਮੀਗ੍ਰੇਸ਼ਨ ਲਾਗੂ ਕਰਨ ਦੀ ਮੁਹਿੰਮ ਦੌਰਾਨ ਇੱਕ ਹੋਰ ਵਿਅਕਤੀ ਨੂੰ ਗੋਲੀ ਮਾਰ ਦਿੱਤੀ, ਜਿਸ ਨਾਲ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਹੋਏ। ਪ੍ਰਦਰਸ਼ਨਕਾਰੀਆਂ ਨੇ ਰਾਸ਼ਟਰਪਤੀ ਡੋਨਾਲਡ ਟਰੰਪ ਤੋਂ ਸ਼ਹਿਰ • ਬਾਕੀ ਸਫਾ 11 'ਤੇ

## ਨਸ਼ਾ ਕਾਰੋਬਾਰ ਦੀ ਵੱਡੀ ਮੱਛੀ ਫੜੀ

**ਮੁਹਾਲੀ (ਗੁਰਜੀਤ ਬਿੱਲਾ)**-ਪੰਜਾਬ ਪੁਲਸ ਨੇ ਅੰਤਰ-ਰਾਜੀ ਅਤੇ ਸਰਹੱਦ ਪਾਰ ਨਾਰਕੋ-ਅੱਤਵਾਦ ਮਡਿਊਲ ਨੂੰ ਬੇਨਕਾਬ ਕਰਦਿਆਂ ਮੁੱਖ ਫਾਇਨਾਂਸ਼ੀਅਲ ਏਜੰਟ ਨੂੰ ਗ੍ਰਿਫਤਾਰ ਕੀਤਾ ਹੈ। ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਮੁਲਜ਼ਮ ਦੀ ਪਛਾਣ ਸਤਨਾਮ ਸਿੰਘ (22) ਵਜੋਂ ਹੋਈ ਹੈ, ਜੋ ਸੰਗਰੂਰ ਜ਼ਿਲ੍ਹੇ ਦੇ ਪੁੰਨਾਂਵਾਲ ਪਿੰਡ ਦਾ ਰਹਿਣ ਵਾਲਾ ਹੈ। ਸਤਨਾਮ, ਜੋ ਇੱਕ ਨਿੱਜੀ ਕੰਪਨੀ ਵਿੱਚ ਟੈਕਸੀ ਡਰਾਈਵਰ ਵਜੋਂ ਕੰਮ ਕਰਦਾ ਸੀ, ਪਿਛਲੇ • ਬਾਕੀ ਸਫਾ 11 'ਤੇ

## ਮਨਰੇਗਾ ਖਤਮ ਹੋਣ ਨਾਲ ਬੇਰੁਜ਼ਗਾਰੀ ਵਧੇਗੀ : ਅਰਸ਼ੀ



**ਮਾਨਸਾ (ਆਤਮਾ ਸਿੰਘ ਪਮਾਰ)**-ਖੱਬੇ-ਪੱਖੀਆਂ ਦੇ ਸਮਰਥਨ ਨਾਲ ਯੂ ਪੀ ਏ ਸਰਕਾਰ ਦੁਆਰਾ ਲਾਗੂ ਕੀਤਾ ਗਿਆ ਮਨਰੇਗਾ, ਸਾਡੇ ਗਣਰਾਜ ਦੇ ਇਤਿਹਾਸ 'ਚ ਇੱਕ ਵੱਡਾ ਮੀਲ ਪੱਥਰ ਸਾਬਤ ਹੋਇਆ ਸੀ ਅਤੇ ਕਰੋੜਾਂ ਪੇਂਡੂ ਕਾਮਿਆਂ ਲਈ ਕੰਮ ਦੇ ਅਧਿਕਾਰ ਦੀ ਸੰਵਿਧਾਨਕ ਧਾਰਨਾ ਦਾ ਇੱਕ ਅਧਾਰ ਵੀ ਸੀ। ਦੇਸ਼ ਦੀ ਰਾਜਸੱਤਾ 'ਤੇ ਕਾਬਜ਼ ਮੋਦੀ ਸਰਕਾਰ ਪਹਿਲੇ ਦਿਨ ਤੋਂ ਮਨਰੇਗਾ ਦੀ ਵਿਰੋਧੀ ਸੀ, ਕਿਉਂਕਿ ਇਹ ਕਾਨੂੰਨ ਸਿੱਧੇ ਤੌਰ 'ਤੇ ਸੰਵਿਧਾਨ ਦੇ ਨਿਰਦੇਸ਼ਕ ਸਿਧਾਂਤਾਂ ਦੀ ਬਾਤ ਪਾਉਂਦਾ ਸੀ, ਜੋ ਰਾਜ ਨੂੰ ਸਾਰੇ ਨਾਗਰਿਕਾਂ ਨੂੰ ਰੋਜ਼ੀ-ਰੋਟੀ ਦੇ ਸਾਧਨ ਪ੍ਰਦਾਨ ਕਰਨ ਲਈ ਯਤਨਸ਼ੀਲ ਰਹਿਣ ਦਾ ਆਦੇਸ਼ ਦਿੰਦਾ ਹੈ, ਜਦੋਂ ਕਿ ਮਨਰੇਗਾ ਕਾਨੂੰਨ ਨੂੰ ਖ਼ਤਮ ਕਰ, ਕਾਮਿਆਂ ਨੂੰ ਬੇਰੁਜ਼ਗਾਰ ਕਰਕੇ ਕਾਰਪੋਰੇਟਾਂ ਲਈ ਸਸਤੀ ਲੇਬਰ ਮੁਹੱਈਆ ਕਰਵਾਉਣਾ ਮੋਦੀ ਸਰਕਾਰ ਦੀ ਸਾਜ਼ਿਸ਼ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਜ਼ਿਲ੍ਹਾ ਕੌਂਸਲ ਮੀਟਿੰਗ • ਬਾਕੀ ਸਫਾ 11 'ਤੇ

## ਛੁੱਟੀ ਦਾ ਐਲਾਨ


ਸਮੂਹ ਪਾਠਕਾਂ ਨੂੰ ਗਣਤੰਤਰ ਦਿਵਸ ਦੇ ਸ਼ੁੱਭ ਦਿਹਾੜੇ ਦੀਆਂ ਮੁਬਾਰਕਾਂ। 26 ਜਨਵਰੀ ਨੂੰ ਗਣਤੰਤਰ ਦਿਵਸ ਦੀ ਛੁੱਟੀ ਹੋਣ ਕਾਰਨ 'ਨਵਾਂ ਜ਼ਮਾਨਾ' ਦੇ ਸਾਰੇ ਦਫਤਰ ਬੰਦ ਰਹਿਣਗੇ, ਜਿਸ ਕਰਕੇ 27 ਜਨਵਰੀ ਨੂੰ 'ਨਵਾਂ ਜ਼ਮਾਨਾ' ਮਾਰਕਿਟ ਵਿੱਚ ਨਹੀਂ ਆਵੇਗਾ।

**-ਜਨਰਲ ਮੈਨੇਜਰ**

## ਅੱਜ-ਨਾਮਾ

ਤਾਮਿਲ ਨਾਡੂ ਦਾ ਭੜਕਿਆ ਫੇਰ ਲੀਡਰ,
ਗਿਆ ਹੈ ਭੜਕਵੇਂ ਬੋਲ ਉਹ ਬੋਲ ਬੇਲੀ।
ਕਹੇ ਵਧੀਕੀ ਨਾ ਸਾਡੇ ਨਾਲ ਕਰੇ ਕੇਂਦਰ,
ਆਪਣਾ ਬਣਦਾ ਨਿਭਾਏ ਉਹ ਰੋਲ ਬੇਲੀ।
ਕਿੱਥੋਂ ਦੇ ਲੋਕਾਂ ਨੇ ਭਾਸ਼ਾ ਕੀ ਬੋਲਣੀ ਜੀ,
ਲੋਕ ਨੇ ਤੋਲ ਸਕਦੇ ਖੁਦ ਹੀ ਤੋਲ ਬੇਲੀ।
ਜਬਰੀ ਭਾਸ਼ਾ ਜਦ ਕਦੀ ਵੀ ਜਾਏ ਠੋਸੀ,
ਲੱਗਦੇ ਈ ਵੱਜਣ ਵਿਰੋਧ ਦੇ ਢੋਲ ਬੇਲੀ।
ਬੋਲਿਆ ਅੱਜ ਸਟਾਲਿਨ ਤੇ ਪਿਆ ਰੌਲਾ,
ਬੋਲਦੇ ਪਹਿਲਾਂ ਵੀ ਰਹੇ ਕੁਝ ਹੋਰ ਬੇਲੀ।
ਭਾਸ਼ਾ ਜਬਰੀ ਕੋਈ ਜਾਊ ਜੇ ਕਦੇ ਠੋਸੀ,
ਰਹੂਗਾ ਸੁਣਦਾ ਵਿਰੋਧ ਲਈ ਸ਼ੋਰ ਬੇਲੀ।

**-ਤੀਸ ਮਾਰ ਖਾਂ**

26-Jan-PAGE--8.qxd 1/25/2026 9:47 PM Page 2



# ਵਿਕਾਸ ਦਾ ਭਰਮ ਬਨਾਮ ਹਕੀਕਤਾਂ

ਡਾ. ਅਨੂਪ ਸਿੰਘ


ਹੋਂਦ ਬਣਾਈ ਰੱਖਣ ਤੇ ਜਿਉਂਦੇ ਰਹਿਣ ਲਈ ਕੁਝ ਭਰਮ ਸਿਰਜਣ ਤੇ ਇਨ੍ਹਾਂ ਨੂੰ ਲਗਾਤਾਰ ਬਣਾਈ ਰੱਖਣ ਦੀ ਲੋੜ ਹੁੰਦੀ ਹੈ। ਅਜਿਹਾ ਵਿਅਕਤੀ ਵਿਸ਼ੇਸ਼, ਸੰਸਥਾਵਾਂ ਤੇ ਦੇਸ਼ਾਂ ਲਈ ਵੀ ਜ਼ਰੂਰੀ ਹੁੱਦਾ ਹੈ। ਉਦਾਹਰਣ ਹਿੱਤ ਵਰਤਮਾਨ ਸਰਕਾਰ ਅੰਮ੍ਰਿਤ ਕਾਲ ਤੇ ਵਿਕਸਤ ਭਾਰਤ ਦਾ ਭਰਮ ਪਾਲ ਰਹੀ ਹੈ। ਪ੍ਰਮਾਣ ਹਿੱਤ ਸਾਨੂੰ ਦੱਸਿਆ ਜਾ ਰਿਹਾ ਹੈ ਕਿ ਭਾਰਤ ਵਿਸ਼ਵ ਦੀ ਚੌਥੀ ਵੱਡੀ ਆਰਥਿਕਤਾ ਬਣ ਗਿਆ ਹੈ ਅਤੇ ਭਾਰਤੀ ਆਰਥਿਕਤਾ ਦਾ ਆਕਾਰ 4.18 ਟ੍ਰਿਲੀਅਨ ਡਾਲਰ ਹੋ ਗਿਆ ਹੈ। ਜਪਾਨ ਨੂੰ ਅਸੀਂ ਪਿੱਛੇ ਛੱਡ ਦਿੱਤਾ ਹੈ ਅਤੇ ਆਉਂਦੇ ਤਿੰਨ-ਚਾਰ ਸਾਲਾਂ ’ਚ ਜਰਮਨੀ ਨੂੰ ਪਛਾੜ ਕੇ ਵਿਸ਼ਵ ਦੀ ਤੀਜੀ ਵੱਡੀ ਆਰਥਿਕਤਾ ਬਣ ਜਾਵਾਂਗੇ। ਇਹ ਹਕੀਕਤ ਹੈ ਅਤੇ ਇਸ ’ਤੇ ਸਾਰੇ ਭਾਰਤੀਆਂ ਨੂੰ ਮਾਣ ਹੈ, ਪਰ ਇਸ ਖੁਸ਼ ਖਬਰ ਨੂੰ ਬਣਾਈ ਰੱਖਣ ਲਈ ਉਹ ਭਾਰਤ ਦੀ ਡੇਢ ਅਰਬ ਦੀ ਵੱਡੀ ਆਬਾਦੀ ; ਬੇਹੱਦ ਅਸਾਵੇਂ ਵਿਕਾਸ ; ਖੇਤਰੀ ਤੇ ਜਾਤ-ਪਾਤੀ ਵਖਰੇਵੇਂ ਅਤੇ ਭਾਰਤੀ ਪਿੰਡਾਂ ਦੀ ਮਰਨਾਊ ਸਥਿਤੀ ਨੂੰ ਵਿਸਾਰ ਦਿੰਦੇ ਹਨ। ਭਾਰਤੀ ਹਾਕਮ ਅੰਮ੍ਰਿਤ ਕਾਲ ਅਤੇ ਵਿਕਸਤ ਭਾਰਤ ਦੀ ਗੱਲ ਕਰਦਿਆਂ ਘੋਰ ਗ਼ੁਰਬਤ, ਬੇਰੁਜ਼ਗਾਰੀ ਦੀ ਭਿਅੰਕਰਤਾ, ਫੁੱਟ-ਪਾਥੀਆਂ ਦੀ ਵਧਦੀ ਗਿਣਤੀ, ਅਨਪੜ੍ਹਤਾ-ਅਗਿਆਨਤਾ ਤੇ ਅੰਧ-ਵਿਸ਼ਵਾਸਾਂ ਦਾ ਚੱਕਰਵਿਊ, ਧਾਰਮਿਕ ਜਾਨੂੰਨ ਤੇ ਫਿਰਕੂ ਕੱਟੜਤਾ ਤੇ ਅੰਧ-ਰਾਸ਼ਟਰਵਾਦ ਦੇ ਘਾਤਕ ਪ੍ਰਭਾਵ ਅਤੇ ਸਿੱਖਿਆ ਤੇ ਸਿਹਤ ਆਦਿ ਬੁਨਿਆਦੀ ਖੇਤਰਾਂ ਦਾ ਵੈਂਟੀਲੇਟਰਾਂ ’ਤੇ ਚਲੇ ਜਾਣ ਨੂੰ ਨਜ਼ਰ-ਅੰਦਾਜ਼ ਕਰਦੇ ਹਨ।

ਭਾਰਤ ਦੇ ਵਿੱਤ ਮੰਤਰੀ ਨੇ ਰਾਜ ਸਭਾ ’ਚ ਇਹ ਜਾਣਕਾਰੀ ਸਾਂਝੀ ਕੀਤੀ ਕਿ ਮਨੀ ਲਾਂਡਰਿੰਗ ਐਕਟ ਤਹਿਤ 2015 ਤੋਂ 31 ਮਾਰਚ 2025 ਤੱਕ 5,892 ਕੇਸ ਦਰਜ ਕੀਤੇ ਗਏ, ਪਰ ਈ.ਡੀ. ਕੇਵਲ 15 (ਪੰਦਰਾਂ) ਵਿਅਕਤੀਆਂ ਨੂੰ ਸਜ਼ਾ ਕਰਵਾਉਣ ਦੇ ਸਮਰੱਥ ਹੋਈ। ਸਰਵਉੱਚ ਅਦਾਲਤ ਨੇ ਸਜ਼ਾ ਦੀ ਬਹੁਤ ਹੀ ਘੱਟ ਦਰ ਦੇ ਨਾਲ-ਨਾਲ ਜਾਂਚ ਏਜੰਸੀ ਦੀ ਭਰੋਸੇਯੋਗਤਾ ਨੂੰ ਲੱਗ ਰਹੇ ਖੋਰੇ ਕਾਰਨ ਵੀ ਚਿੰਤੁਤ ਹੈ। ਸੁਪਰੀਮ ਕੋਰਟ ਨੇ ਕਿਹਾ ਕਿ ਕੇਂਦਰੀ ਜਾਂਚ ਏਜੰਸੀ ਇਕ ਠੱਗ (ਛਰੋਕ) ਵਜੋਂ ਕੰਮ ਕਰ ਰਹੀ ਹੈ।

ਕਾਂਗਰਸ ਦੇ ਸਾਸ਼ਨ ਕਾਲ ’ਚ ਕੇਂਦਰੀ ਜਾਂਚ ਏਜੰਸੀ ਸੀ.ਬੀ.ਆਈ. ਰਾਜਨੀਤਕ ਤੇ ਨਿਆਂਇਕ ਪੱਧਰਾਂ ’ਤੇ ਸਵਾਲਾਂ ਦੇ ਘੇਰੇ ’ਚ ਆਈ ਸੀ। ਵਿਸ਼ੇਸ਼ ਕਰਕੇ ਜਦੋਂ ਵਿਰੋਧੀ ਧਿਰ ਦੇ ਆਗੂਆਂ ਨੂੰ ਮਨੀ ਲਾਂਡਰਿੰਗ ਕੇਸਾਂ ਤਹਿਤ ਫਸਾਇਆ ਜਾ ਰਿਹਾ ਸੀ। ਸਾਲ 2013 ’ਚ ਸੁਪਰੀਮ ਕੋਰਟ ਨੇ ਜਾਂਚ ਏਜੰਸੀ ਸੀ.ਬੀ.ਆਈ. ਦੀ ਦੁਰਵਰਤੋਂ ਬਾਰੇ ਪਿੰਜਰੇ ’ਚ ਬੰਦ ਤੋਤਾ ਵਾਕੰਸ਼ ਵਰਤਿਆ ਸੀ। ਹੁਣ ਫਿਰ ਸੁਪਰੀਮ ਕੋਰਟ ਨੇ ਈ.ਡੀ. ਦੇ ਵਿਵਹਾਰ ਨੂੰ ਠੱਗਾਂ ਨਾਲ ਤੁਲਨਾਇਆ ਹੈ। ਕੀ ਸਾਡੀਆਂ ਜਾਂਚ ਏਜੰਸੀਆਂ ਕਦੇ ਸੱਤਾਸ਼ੀਲਾਂ ਤੋਂ ਸੁਤੰਤਰ ਹੋ ਸਕਣਗੀਆਂ ?

ਵਰਤਮਾਨ ਭਾਜਪਾ ਸਰਕਾਰ ਕੁਝ ਹੋਰ ਭਰਮ ਵੀ ਪਾਲ ਰਹੀ ਹੈ। ਆਉ ਕੁਝ ਉਦਾਹਰਣਾਂ ਵੇਖੀਏ, ਵੰਦੇ ਭਾਰਤ ਟਰੇਨ ਦੁਨੀਆਂ ਦੀ ਇਕ ਬਿਹਤਰੀਨ ਟਰੇਨ ਹੈ। ਸੋਲਾਂ ਕੋਚਾਂ/ਡੱਬਿਆਂ ’ਤੇ ਆਧਾਰਤ ਇਸ ਟਰੇਨ ਦੀ ਲਾਗਤ 130 ਕਰੋੜ ਰੁਪਏ ਹੈ। ਆਮ ਲੰਮੀਆਂ ਗੱਡੀਆਂ ਦੀ ਕੀਮਤ ਕੇਵਲ 13 ਕਰੋੜ ਰੁਪਏ ਹੈ। ਭਾਰਤੀ ਰੇਲਵੇ ਇਸ ਵੇਲੇ ਵੰਦੇ ਭਾਰਤ ਟਰੇਨ ਦੇ 75 ਸੈੱਟ/ਜੋੜੇ ਚਲਾ ਰਿਹਾ ਹੈ, ਪਰ 2047 ਤੱਕ 4500 ਅਜਿਹੀਆਂ ਟਰੇਨਾਂ ਚਲਾਈਆਂ ਜਾਣਗੀਆਂ, ਪਰ ਵੰਦੇ ਭਾਰਤ ਦੇ ਸ਼ੋਰ ’ਚ ਹੁਣ ਕੋਈ ਬੁਲੇਟ ਟਰੇਨ ਦੀ ਗੱਲ ਨਹੀਂ ਕਰਦਾ। ਉਸ ਟਰੇਨ ਦਾ ਕੀ ਬਣਿਆ ? ਕੋਈ ਵੀ ਨਹੀਂ ਦੱਸ ਸਕਦਾ। ਰੋਜ਼ ਹੋ ਰਹੀਆਂ ਰੇਲ ਦੁਰਘਟਨਾਵਾਂ ਦੀ ਕਿਤੇ ਵੀ ਕੋਈ ਚਰਚਾ ਨਹੀਂ ਹੁੰਦੀ। ਆਓ ਬੀਤੇ 11 ਸਾਲਾਂ (ਸਾਲ 2023 ਤੱਕ) ’ਚ ਕੁਝ ਰੇਲਵੇ ਹਾਦਸਿਆਂ ਦਾ ਜ਼ਿਕਰ ਕਰੀਏ। ਇਨ੍ਹਾਂ ਸਾਲਾਂ ਵਿਚ 678 ਟਰੇਨ ਹਾਦਸੇ ਹੋਏ ਅਤੇ ਇਨ੍ਹਾਂ ’ਚ 1161 ਮੌਤਾਂ ਹੋਈਆਂ। ਹਰ ਸਾਲ ਔਸਤਨ 61 ਹਾਦਸੇ ਭਾਵ ਔਸਤਨ ਹਰ ਛੇਵੇਂ ਦਿਨ ਇਕ ਰੇਲ ਹਾਦਸਾ। ਇਹ ਅੰਕੜੇ ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ ਦੇ ਹਨ। ਜੇਕਰ ਟਰੇਨਾਂ ’ਚੋਂ/ਤੋਂ ਡਿੱਗਦੇ ਮੁਸਾਫ਼ਰਾਂ, ਟਰੈਕ ਨਾਲ ਚੱਲਦੇ ਆਮ ਲੋਕਾਂ ਦੀਆਂ ਮੌਤਾਂ ਗਿਣੀਏ ਤਾਂ ਸਾਲ 2023 ਵਿਚ ਹੀ 21,835 ਮੌਤਾਂ ਹੋਈਆਂ, ਭਾਵ ਹਰ ਰੋਜ਼ 60 ਮੌਤਾਂ ਔਸਤਨ। ਇਸ ਨੂੰ ਅਸੀਂ-ਤੁਸੀਂ ਵੰਦੇ ਭਾਰਤ ਭਰਮ/ਵਿਰੋਧਾਭਾਸ ਕਹਿ ਸਕਦੇ ਹਾਂ।

ਆਓ, ਆਪਣੀਆਂ ਸੜਕਾਂ ਵੱਲ ਧਿਆਨ ਦੇਈਏ। ਸਾਡੇ ਪਾਸ ਪੂਰੇ ਵਿਸ਼ਵ ਦੇ ਦੇਸ਼ਾਂ ਨਾਲੋਂ ਸਭ ਤੋਂ ਵੱਡਾ ਨੈਸ਼ਨਲ ਹਾਈਵੇਜ਼ ਢਾਂਚਾ ਹੈ ਅਤੇ ਹਰ ਰੋਜ਼ 45 ਕਿਲੋਮੀਟਰ ਨਵੀਆਂ ਸੜਕਾਂ ਬਣ ਰਹੀਆਂ ਸਨ ਅਤੇ 2015 ਤੋਂ ਇਸ ਵਿਚ 60 ਫੀਸਦੀ ਵਾਧਾ ਹੋਇਆ ਹੈ। ਹੁਣ ਹਰ ਰੋਜ਼ 72 ਕਿਲੋਮੀਟਰ ਸੜਕਾਂ ਬਣ ਰਹੀਆਂ ਹਨ। ਸੜਕੀ ਆਵਾਜਾਈ ਬਾਰੇ ਮੰਤਰੀ ਨਿਤਿਨ ਗਡਕਰੀ ਕਹਿ ਰਹੇ ਹਨ ਕਿ 2030 ਤੱਕ ਅਸੀਂ ਅਮਰੀਕਾ ਦੀ ਬਰਾਬਰੀ ਕਰਾਂਗੇ। ਅਮਰੀਕਾ ਭਾਰਤ ਨਾਲੋਂ ਬਹੁਤ ਵੱਡਾ ਤੇ ਵਿਸ਼ਾਲ ਦੇਸ਼ ਹੈ, ਪਰ ਅਮਰੀਕਾ ਨਾਲ ਮੁਕਾਬਲਾ ਸੜਕਾਂ ਦੀ ਲੰਬਾਈ ਦੇ ਮਾਮਲੇ ’ਚ ਤਾਂ ਹੋ ਸਕਦਾ ਹੈ, ਪਰ ਗੁਣਵੱਤਾ ’ਚ ਨਹੀਂ।




ਪ੍ਰਤੱਖ ਅਨੁਭਵ ਤੇ ਅਧਿਐਨ ਅਨੁਸਾਰ ਭਾਰਤੀ ਸੜਕਾਂ ਦੀ ਗੁਣਵੱਤਾ ਬੇਹੱਦ ਖਰਾਬ ਹੈ, ਡਰਾਈਵਰ ਪੂਰੀ ਤਰ੍ਹਾਂ ਟਰੇਂਡ ਨਹੀਂ ਹਨ ਅਤੇ ਵਹੀਕਲ ਵੀ ਮਾੜੀ ਕੁਆਲਿਟੀ ਦੇ ਹਨ। ਡਰਾਈਵਰ ਤੇ ਕਾਰਾਂ ਉੱਚ ਸਪੀਡ ਲਈ ਪੂਰੀ ਤਰ੍ਹਾਂ ਟਰੇਂਡ ਨਹੀਂ ਹਨ। ਕਾਰਾਂ ਉੱਚ ਰਫ਼ਤਾਰ ਬਰਦਾਸ਼ਤ ਨਹੀਂ ਕਰ ਸਕਦੀਆਂ, ਕਿਉਂਕਿ ਸੜਕੀ ਨਿਯਮਾਂ ਨੂੰ ਲਾਗੂ ਕਰਨ ਵਾਲਾ ਅਮਲਾ ਬੇਹੱਦ ਨਾਅਹਿਲ, ਨਿਕੰਮਾ ਤੇ ਭ੍ਰਿਸ਼ਟ ਹੈ।

ਹੁਣ ਵਿਦਿਅਕ ਢਾਂਚਾ ਵੇਖੀਏ : 800 ਯੂਨੀਵਰਸਿਟੀਆਂ ਤੇ 18000 ਕਾਲਜਾਂ ਦਾ ਉੱਪਰ-ਉਸਾਰ ਜਿਹੜਾ ਹਰ ਸਾਲ 1.5 ਕਰੋੜ ਗਰੈਜੂਏਟ ਪੈਦਾ ਕਰਦਾ ਹੈ। ਇਨ੍ਹਾਂ ਵਿਚ 15 ਲੱਖ ਇੰਜੀਨੀਅਰ ਅਤੇ 1.8 ਲੱਖ ਡਾਕਟਰ ਸ਼ਾਮਲ ਹਨ। ਸਾਡੇ ਦੇਸ਼ ਨੂੰ ਵਿਕਸਤ ਬਣਾਉਣ ’ਚ ਇਹ ਕਾਫੀ ਹਨ। ਵੰਦੇ ਭਾਰਤ ਦਾ ਭਰਮ/ਵਿਰੋਧਾਭਾਸ ਦਾ ਵਰਤਾਰਾ ਇਥੇ ਵੀ ਵਿਖਾਈ ਦਿੰਦਾ ਹੈ। ਇਨ੍ਹਾਂ 1.5 ਕਰੋੜ ਤਾਜ਼ਾ-ਤਰੀਨ ਗਰੈਜੂਏਟਾਂ ’ਚੋਂ ਕੇਵਲ 40 ਫੀਸਦੀ ਹੀ ਰੁਜ਼ਗਾਰ ਦੇ ਯੋਗ ਹਨ, ਸਮੇਤ ਇੰਜੀਨੀਅਰਾਂ ਤੇ ਡਾਕਟਰਾਂ ਦੇ। ਸਾਡੀ ਪ੍ਰਾਇਮਰੀ ਤੇ ਉਚੇਰੀ ਸਿੱਖਿਆ ਦੀ ਅਜਿਹੀ ਹੀ ਹਾਲਤ ਹੈ। ਕਾਰਨ ? ਮਾੜਾ ਰੈਗੂਲੇਟਰੀ ਢਾਂਚਾ, ਅਧਿਆਪਕਾਂ ਦੀ ਭਰਤੀ ’ਚ ਭ੍ਰਿਸ਼ਟਾਚਾਰ, ਵੱਡੀ ਗਿਣਤੀ, ਲੱਗਭਗ ਅੱਧੀਆਂ ਪੋਸਟਾਂ ਖਾਲੀ, ਸਮਰਪਿਤ ਅਧਿਆਪਕਾਂ ਦੀ ਵੱਡੀ ਘਾਟ, (ਠੇਕੇ ’ਤੇ ਭਰਤੀ ਅਤੇ ਰੈਗੂਲਰ ਗਰੇਡਾਂ ਤੇ ਭੱਤਿਆਂ ਦੀ ਘਾਟ, ਮਾਮੂਲੀ ਤਨਖਾਹਾਂ) ਪੇਪਰ ਲੀਕ ਦਾ ਨਵਾਂ ਵਰਤਾਰਾ, ਸਰਕਾਰਾਂ ਸਿੱਖਿਆ ਤੇ ਸਿਹਤ ਸੇਵਾਵਾਂ ਨੂੰ ਪ੍ਰਾਈਵੇਟ ਮਾਲਕਾਂ ਦੇ ਹਵਾਲੇ ਕਰ ਰਹੀਆਂ ਹਨ। ਇਹ ਵਰਤਾਰਾ 1991-92 ਤੋਂ ਸਾਡੇ ਸਾਹਮਣੇ ਪ੍ਰਤੱਖ ਨਜ਼ਰ ਆ ਰਿਹਾ ਹੈ। ਸਿੱਟੇ ਸਭ ਦੇ ਸਾਹਮਣੇ ਹਨ। ਵਿਸ਼ਵਪੱਧਰੀ ਰੈਂਕਿੰਗ 2026 ਅਨੁਸਾਰ ਭਾਰਤ ਦੀਆਂ 10 ਵਿੱਚੋਂ 9 ਯੂਨੀਵਰਸਿਟੀਆਂ ਉੱਕਤ ਦਰਜਾਬੰਦੀ ’ਚ ਪਿੱਛੇ ਵੱਲ ਸਰਕ ਰਹੀਆਂ ਹਨ। ਆਈ ਆਈ ਟੀ ਬੰਬੇ ਦਾ ਦਰਜਾ 48ਵੇਂ ਤੋਂ ਖਿਸਕ ਕੇ 71ਵੇਂ ’ਤੇ ਪਹੁੰਚ ਗਿਆ ਅਤੇ ਆਈ ਆਈ ਟੀ ਦਿੱਲੀ 44ਵੇਂ ਸਥਾਨ ਤੋਂ 59ਵੇਂ ’ਤੇ ਪਹੁੰਚ ਗਿਆ।

ਸਭ ਤੋਂ ਬੁਰੀ ਤੇ ਮਾੜੀ ਗੱਲ ਇਹ ਹੈ ਕਿ ਕੇਂਦਰ ਦੀ ਭਾਜਪਾ ਹਕੂਮਤ ਦੀ ਸਿੱਖਿਆ ਬਾਰੇ ਸਮਝ/ਪਹੁੰਚ ਪਿਛਾਖੜੀ, ਪੁਰਾਤਨਪੰਥੀ ਤੇ ਵੇਲਾ ਵਿਹਾਅ ਚੁੱਕੀ ਹੈ ਅਤੇ ਦੇਸ਼ ਤੇ ਇਸ ਦੇ ਵਿਦਿਆਰਥੀਆਂ ਨੂੰ ਮੱਧ-ਯੁੱਗ ਵਿਚ ਧੱਕਣ ਵਾਲੀ ਹੈ ਅਤੇ ਭਾਜਪਾ ਸਰਕਾਰ ਆਧੁਨਿਕ ਸਿੱਖਿਆ ਪ੍ਰਣਾਲੀ ਨੂੰ ਤਹਿਸ-ਨਹਿਸ ਕਰਨ ’ਚ ਕੋਈ ਵੀ ਕਸਰ ਨਹੀਂ ਛੱਡ ਰਹੀ। ਇਹ ਸਾਡੀਆਂ ਯੂਨੀਵਰਸਿਟੀਆਂ ਨੂੰ ਪਰਖ-ਪੜਚੋਲ ਕਰਨ; ਘਟਨਾਵਾਂ ਤੇ ਵਰਤਾਰਿਆਂ ਬਾਰੇ ਆਲੋਚਨਾਤਮਕ ਤੇ ਸਿਰਜਣਾਤਮਕ ਪਹੁੰਚ ਅਪਣਾਉਣ ਵਾਲੇ ਕੇਂਦਰ ਬਣਨ ਅਤੇ ਗਿਆਨ ਸਿਰਜਣ ਦੇ ਕੇਂਦਰਾਂ ਵਜੋਂ ਵਿਕਸਤ ਕਰਨ ਦੀ ਥਾਂ ਹਾਂ ’ਚ ਹਾਂ ਮਿਲਾਉਣ ਵਾਲੀਆਂ ਸੰਸਥਾਵਾਂ ’ਚ ਬਦਲ ਰਹੀ ਹੈ। ਸਾਡੀਆਂ ਉੱਚ ਸਿੱਖਿਆ ਸੰਸਥਾਵਾਂ ਨੂੰ ਸ਼ੱਕ-ਸ਼ੰਕਾ ਪ੍ਰਗਟ ਕਰਨ; ਵੇਲਾ-ਵਿਹਾਅ ਚੁੱਕੀਆਂ ਧਾਰਨਾਵਾਂ ਨੂੰ ਚੁਣੌਤੀ ਦੇਣ; ਪ੍ਰਸ਼ਨ ਪੁੱਛਣ ਤੇ ਉੱਤਰ ਤਲਾਸ਼ਣ ਦੀ ਥਾਂ ਤਸ਼ੱਦਦ ਅਤੇ ਘੋਰ ਸੱਜ-ਪਿਛਾਖੜੀ ਪਹੁੰਚ ਨਾਲ ਸਹਿਮਤ ਹੋਣ/ਕਰਨ ਦਾ ਕੁਚੱਜ ਕਰ ਰਹੀਆਂ ਹਨ। ਸਾਡੀਆਂ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ ਤੇ ਹੋਰ ਉੱਚ ਵਿਦਿਅਕ ਸੰਸਥਾਵਾਂ ਦੇ ਡਾਇਰੈਕਟਰ ਹਾਕਮਾਂ ਪ੍ਰਤੀ ਵਫ਼ਾਦਾਰੀ ਨੂੰ ਮੁੱਖ ਰੱਖਦਿਆਂ ਲਗਾਏ ਜਾ ਰਹੇ ਹਨ, ਨਾ ਕਿ ਕਿਸੇ ਖੇਤਰ ’ਚ ਉਨ੍ਹਾਂ ਦੀ ਵੱਖਰੀ ਪਛਾਣ ਸਥਾਪਤ ਕਰਨ ’ਚ ਉਨ੍ਹਾਂ ਪਾਸ ਉੱਚ ਵਿਦਿਅਕ ਮੁਹਾਰਤ ਅਤੇ ਪ੍ਰਬੰਧਕੀ ਕੁਸ਼ਲਤਾ ਦਾ ਹੋਣਾ ਜ਼ਰੂਰੀ ਨਹੀਂ ਹੈ।

ਸਭ ਤੋਂ ਵੱਧ ਸ਼ਰਮਨਾਕ ਗੱਲ ਇਹ ਹੈ ਕਿ ਯੂ.ਜੀ.ਸੀ. ਅਤੇ ਐੱਨ ਸੀ ਈ ਆਰ ਟੀ ਸਕੂਲਾਂ ਤੇ ਕਾਲਜਾਂ ਦੇ ਸਿਲੇਬਸ/ਪਾਠਕ੍ਰਮ ਬਦਲ ਰਹੀ ਹੈ ਅਤੇ ਇਨ੍ਹਾਂ ਵਿਚ ਪਿਛਾਖੜੀ ਤੇ ਅੰਧ-ਵਿਸ਼ਵਾਸੀ ਰਾਜਨੀਤਕ ਸਿਧਾਂਤ ਨੂੰ ਘਸੋੜ ਰਹੀ ਹੈ। ਮੁਗ਼ਲ ਇਤਿਹਾਸ ਨੂੰ ਸਿਲੇਬਸ ਦੀਆਂ ਕਿਤਾਬਾਂ ’ਚੋਂ ਖਾਰਜ ਕੀਤਾ ਜਾ ਰਿਹਾ ਹੈ। ਧਰਮ-ਨਿਰਪੱਖਤਾ ਤੇ ਸੰਘੀ ਢਾਂਚੇ ਦੀ ਸੰਵਿਧਾਨਕ ਵਿਵਸਥਾ ਵਾਲੇ ਚੈਪਟਰਾਂ ਨੂੰ ਪਾਠਕ੍ਰਮ ਦੀਆਂ ਕਿਤਾਬਾਂ ’ਚੋਂ ਹਟਾਇਆ ਜਾ ਰਿਹਾ ਹੈ। ਡਾਰਵਿਨ ਦਾ ਵਿਕਾਸ ਤੇ ਚੋਣ ਦਾ ਸਿਧਾਂਤ ਵਿਦਿਆਰਥੀਆਂ ਨੂੰ ਪੜ੍ਹਾਉਣਾ-ਸਿਖਾਉਣਾ ਬੰਦ ਕਰ ਦਿੱਤਾ ਗਿਆ ਹੈ।

ਵਿਸ਼ਵ ਦੀ ਚੌਥੀ ਵੱਡੀ ਆਰਥਿਕਤਾ ਵਿਚ ਅਮਰੀਕਾ ਤੇ ਜਰਮਨੀ ਸਥਿਤ ਪ੍ਰਤਿਸ਼ਠ ਏਜੰਸੀਆਂ ਅਨੁਸਾਰ ਵਿਸ਼ਵ ਭੁੱਖਮਰੀ ਸੂਚਕ ਸਕੇਲ ’ਤੇ ਭਾਰਤ 123 ਦੇਸ਼ਾਂ ਵਿੱਚੋਂ 102 ਵੇਂ ਸਥਾਨ ’ਤੇ ਹੈ। ਸਿੱਟੇ ਵਜੋਂ ਤੀਹ (30) ਕਰੋੜ ਲੋਕ ਗਰੀਬੀ ਦੀ ਦਲਦਲ ਵਿਚ ਫਸੇ ਹੋਏ ਹੋਏ ਹਨ। ਘੋਰ ਗੁਰਬਤ ਦਾ ਹੋਰ ਪੁਖ਼ਤਾ ਪ੍ਰਮਾਣ ਇਹ ਹੈ ਕਿ ਭਾਰਤ ਸਰਕਾਰ ਆਜ਼ਾਦੀ ਦੇ 78 ਸਾਲ ਬਾਅਦ ਵੀ 81 ਕਰੋੜ 30 ਲੱਖ ਲੋਕਾਂ ਨੂੰ ਪੰਜ ਕਿਲੋਗ੍ਰਾਮ ਅਨਾਜ ਮੁਫ਼ਤ ਦੇਣ ਲਈ ਮਜਬੂਰ ਹੈ। ਇਨ੍ਹਾਂ ਲੋਕਾਂ ਦੀ ਆਰਥਿਕ ਸਥਿਤੀ ਬਾਰੇ ਹਰ ਸਿਆਣਾ ਬੰਦਾ ਅਨੁਮਾਨ ਲਗਾ ਸਕਦਾ ਹੈ।

ਸਾਡੇ ਦੇਸ਼ ਦੇ ਸ਼ਹਿਰਾਂ ’ਚ ਵਿਸ਼ਵ ਭਰ ’ਚ ਸਭ ਤੋਂ ਵੱਧ ਪ੍ਰਦੂਸ਼ਣ ਹੈ। ਦਿੱਲੀ ਲਗਾਤਾਰ ਦੁਨੀਆਂ ਦੀ ਸਭ ਤੋਂ ਵੱਧ ਪ੍ਰਦੂਸ਼ਤ ਰਾਜਧਾਨੀ ਬਣੀ ਹੋਈ ਹੈ। ਵਿਸ਼ਵ ਦੇ 20 ਸਭ ਤੋਂ ਵੱਧ ਪ੍ਰਦੂਸ਼ਤ ਸ਼ਹਿਰਾਂ ਵਿੱਚੋਂ 13 ਭਾਰਤ ਦੇ ਹਨ। ਦਿੱਲੀ, ਯੂ.ਪੀ. ਦੇ ਅੱਠ ਤੇ ਹਰਿਆਣਾ ਦੇ ਦੋ ਸ਼ਹਿਰ ਇਨ੍ਹਾਂ ’ਚ ਸ਼ਾਮਲ ਹਨ। ਦਿੱਲੀ ਸਟੈਟਿਸਟੀਕਲ ਹੈਂਡਬੁੱਕ-2023 ਅਨੁਸਾਰ ਦਿੱਲੀ ’ਚ ਰਜਿਸਟਰ ਹੋਏ ਵਹੀਕਲਾਂ ਦੀ ਗਿਣਤੀ 1.2 ਕਰੋੜ ਹੈ। ਇਨ੍ਹਾਂ ’ਚ 33.8 ਲੱਖ ਪ੍ਰਾਈਵੇਟ ਕਾਰਾਂ ਹਨ। ਕੇਂਦਰੀ ਤੇ ਪ੍ਰਾਂਤਕ ਸਰਕਾਰਾਂ ਦੇ ਵਜ਼ੀਰਾਂ ਤੇ ਅਫਸਰਾਂ ਦੀਆਂ ਸਰਕਾਰੀ ਗੱਡੀਆਂ, ਹਰੇਕ ਨਾਲ ਘੁੰਮਦੀਆਂ ਸੁਰੱਖਿਆ ਗਾਰਡਾਂ ਦੀਆਂ ਕਾਰਾਂ ਅਤੇ ਕਾਰਪੋਰੇਸ਼ਨ ਦੇ ਅਹੁਦੇਦਾਰਾਂ ਤੇ ਅਫਸਰਸ਼ਾਹਾਂ ਦੀਆਂ ਗੱਡੀਆਂ ਵੀ ਸ਼ਾਮਲ ਹਨ। ਨਿਰੰਤਰ ਚੱਲ ਰਹੇ ਉਸਾਰੀ ਕਾਰਜ ਹਾਈਵੇਅਜ਼, ਫਲਾਈਓਵਰ, ਨਵੇਂ ਮੈਟਰੋ ਸਟੇਸ਼ਨ, ਨਵੀਆਂ ਉੱਸਰ ਰਹੀਆਂ ਕਾਲੋਨੀਆਂ ਆਦਿ ਵੀ ਪ੍ਰਦੂਸ਼ਣ ਦਾ ਕਾਰਨ ਹਨ। ਰਾਜਧਾਨੀ ਪਹੁੰਚ ਰਹੀਆਂ ਟਰੇਨਾਂ, ਹਵਾਈ ਉਡਾਣਾਂ, ਬੱਸਾਂ, ਟਰੱਕਾਂ ਤੇ ਕਾਰਾਂ ਦੁਆਰਾ ਫੈਲਾਇਆ ਜਾ ਰਿਹਾ ਪ੍ਰਦੂਸ਼ਣ ਅਤੇ ਇਨ੍ਹਾਂ ਦੀ ਵੱਡੀ ਗਿਣਤੀ ਦੇ ਸਿੱਟੇ ਵਜੋਂ ਲੱਗਦੇ ਘੰਟਿਆਂਬੱਧੀ ਜਾਮ ਵੀ ਪ੍ਰਦੂਸ਼ਣ ਦਾ ਕਾਰਨ ਹਨ। ਸਨਅਤੀ ਇਕਾਈਆਂ ਤੇ ਪਾਵਰ ਪਲਾਂਟਾਂ ਦੀ ਸਰਗਰਮੀ ਅਤੇ ਰਹਿੰਦ-ਖੂੰਹਦ ਤੇ ਕੂੜੇ-ਕਰਕਟ ਨੂੰ ਜਲਾਉਣ ਨਾਲ ਪ੍ਰਦੂਸ਼ਣ ਪੈਦਾ ਹੁੰਦਾ ਹੈ।

ਵਿਕਾਸ ਦਾ ਭਰਮ ਸਮਾਰਟ ਸਿਟੀ ਪ੍ਰਾਜੈਕਟ ਵਿਚ ਵੀ ਵੇਖਣ ਨੂੰ ਮਿਲਦਾ ਹੈ। ਇਸ ਯੋਜਨਾ ਤਹਿਤ ਕੇਂਦਰ ਸਰਕਾਰ ਨੇ 9.7 ਹਜ਼ਾਰ ਕਰੋੜ ਰੁਪਏ ਐਲਾਨੇ ਸਨ, ਪਰ ਖਰਚੇ ਸਿਰਫ਼ 183 ਕਰੋੜ ਹੀ ਗਏ। ਹੁਣ ਚੁੱਪ-ਚੁਪੀਤੇ ਹੀ ਇਸ ਯੋਜਨਾ ਨੂੰ ਠੱਪ ਕਰ ਦਿੱਤਾ ਗਿਆ ਹੈ। ਸ਼ਹਿਰਾਂ ਦੀ ਪੁਨਰ-ਸੁਰਜੀਤੀ ਲਈ ਇਕ ਅਟੱਲ ਮਿਸ਼ਨ ਸਕੀਮ ਬਣਾਈ ਗਈ ਅਤੇ ਇਸ ਲਈ 8.4 ਹਜ਼ਾਰ ਕਰੋੜ ਰੁਪਏ ਅਲਾਟ ਕੀਤੇ ਗਏ, ਪਰ ਦਸੰਬਰ 2025 ਤੱਕ ਸਰਕਾਰ 2.4 ਹਜ਼ਾਰ ਕਰੋੜ ਰੁਪਏ ਹੀ ਖਰਚ ਕਰ ਸਕੀ ਹੈ। ਭ੍ਰਿਸ਼ਟਾਚਾਰ ਨੇ ਵੀ ਆਪਣਾ ਹਿੱਸਾ ਲਿਆ ਹੋਵੇਗਾ।

ਵਿਗਿਆਨੀਆਂ, ਬੁੱਧੀਜੀਵੀਆਂ, ਚਿੰਤਕਾਂ, ਸ਼ਾਇਰਾਂ ਤੇ ਸਾਹਿਤਕਾਰਾਂ ਨੂੰ ਦਹਿਸ਼ਤਗਰਦਾਂ ਨਾਲੋਂ ਵਧੇਰੇ ਖ਼ਤਰਨਾਕ ਦੱਸਿਆ ਜਾ ਰਿਹਾ ਹੈ। ਲੋਕਤੰਤਰੀ ਸਰਕਾਰ ਲਈ ਇਸ ਤੋਂ ਭੈੜੀ ਗੱਲ ਕੀ ਹੋ ਸਕਦੀ ਹੈ ? ਲੋਕ-ਹਿੱਤੂ ਸਰਕਾਰਾਂ ਆਪਣੇ ਸਿਆਣੇ ਬੰਦਿਆਂ ਦਾ ਆਦਰ-ਮਾਣ ਕਰਦੀਆਂ ਹਨ, ਪਰ ਭਾਰਤ ਦੀ ਵਰਤਮਾਨ ਭਾਜਪਾ ਸਰਕਾਰ ਬਿਨਾਂ ਮੁਕੱਦਮਾ ਚਲਾਏ ਅਜਿਹੇ ਬੰਦਿਆਂ ਨੂੰ 7-7 ਅਤੇ 8-8 ਸਾਲ ਤੋਂ ਵੱਧ ਸਮਾਂ ਜੇਲ੍ਹਾਂ ’ਚ ਡੱਕ ਰਹੀ ਹੈ। ਕੋਈ ਮੁਕੱਦਮਾ ਨਹੀਂ, ਕੋਈ ਜ਼ਮਾਨਤ ਨਹੀਂ। ਉਂਝ ਸਰਵਉੱਚ ਅਦਾਲਤ ਨੇ ਕਥਨ ਦੀ ਪੱਧਰ ’ਤੇ ਦਰਜਨਾਂ ਵਾਰ ਦ੍ਰਿੜ੍ਹਾਇਆ ਹੈ ਕਿ ਜ਼ਮਾਨਤ ਨੇਮ-ਨਿਯਮ ਹੈ ਅਤੇ ਜੇਲ ਅਪਵਾਦ, ਪਰ ਡੀਪ ਸਟੇਟ ਅਨੁਸਾਰ ਲੋਕਤੰਤਰ, ਵਿਅਕਤੀ ਦੀ ਆਜ਼ਾਦੀ, ਮਨੁੱਖੀ ਅਧਿਕਾਰ ਅਤੇ ਪ੍ਰੈੱਸ ਦੀ ਆਜ਼ਾਦੀ ਪਵੇ ਢੱਠੇ ਖੂਹ ’ਚ ਸਿੱਖਿਆ ਤੇ ਸਿਹਤ ਸੇਵਾਵਾਂ ਉੱਪਰ ਬਜਟ ਲਗਾਤਾਰ ਘਟਾਇਆ ਜਾ ਰਿਹਾ ਹੈ ਅਤੇ ਲੋਕਾਂ ਲਈ ਅਤੀ ਮਹੱਤਵਪੂਰਨ ਇਨ੍ਹਾਂ ਦੋਵਾਂ ਬੁਨਿਆਦੀ ਖੇਤਰਾਂ ਨੂੰ ਬਦਨਾਮ ਕਰਕੇ ਪ੍ਰਾਈਵੇਟ ਮਾਲਕਾਂ ਨੂੰ ਸੌਂਪਿਆ ਜਾ ਰਿਹਾ ਹੈ। ਇਨ੍ਹਾਂ ਦੋਵਾਂ ਖੇਤਰਾਂ ਦਾ ਅੰਨ੍ਹੇਵਾਹ ਨਿੱਜੀਕਰਨ ਤੇ ਨਿਰਲੱਜ ਵਪਾਰੀਕਰਨ ਕੀਤਾ ਜਾ ਰਿਹਾ ਹੈ। ਇਹ ਦੋਵੇਂ ਖੇਤਰ 1990 ਤੱਕ ਤੇਜ਼ੀ ਨਾਲ ਫੈਲ ਰਹੇ ਸਨ ਅਤੇ ਆਮ ਲੋਕਾਂ ਨੂੰ ਬਿਹਤਰੀਨ ਸੇਵਾਵਾਂ ਦੇ ਰਹੇ ਸਨ, ਹੁਣ ਇਹ ਦੋਵੇਂ ਸਹਿਕ ਰਹੇ ਹਨ।

ਯੂ ਐੱਨ ਡੀ ਪੀ (ਯੂ.ਐੱਨ ਦਾ ਵਿਕਾਸ ਪ੍ਰੋਗਰਾਮ) ਦੇ ਸਮੁੱਚੇ ਅੰਕੜਿਆਂ ਦੇ ਆਧਾਰ ’ਤੇ ਦੱਸਿਆ ਹੈ ਕਿ ਭਾਰਤ ਟਿਕਾਊ ਵਿਕਾਸ ਦੇ ਮਾਮਲੇ ਵਿਚ ਵਿਸ਼ਵ ਦੇ 167 ਦੇਸ਼ਾਂ ਵਿੱਚੋਂ 99ਵੇਂ ਸਥਾਨ ’ਤੇ ਹੈ। ਮਨੁੱਖੀ ਵਿਕਾਸ ਰਿਪੋਰਟ (ਜਿਸ ਵਿਚ ਸਿੱਖਿਆ ਤੇ ਸਿਹਤ ਸੇਵਾਵਾਂ ਦਾ ਪੱਧਰ ਤੇ ਪਹੁੰਚ ਅਤੇ ਮੋਟੇ ਤੌਰ ’ਤੇ ਔਸਤਨ ਉਮਰ ਨੂੰ ਵੇਖਿਆ ਜਾਂਦਾ ਹੈ) ਅਨੁਸਾਰ ਭਾਰਤ 193 ਦੇਸ਼ਾਂ ਵਿੱਚੋਂ 130ਵੇਂ ਸਥਾਨ ’ਤੇ ਹੈ। ਯੂ ਐੱਨ ਓ ਦੁਆਰਾ ਵਿਸ਼ਵ ਪੱਧਰ ’ਤੇ ਤਿਆਰ ਪ੍ਰਸੰਨਤਾ ਸੂਚਕ ਅੰਕ ਵਿਚ ਭਾਰਤ ਦੀ ਸਥਿਤੀ ਵਿਚ ਨਿਰੰਤਰ ਗਿਰਾਵਟ ਦਰਜ ਕੀਤੀ ਜਾ ਰਹੀ ਹੈ ਅਤੇ ਤਾਜ਼ਾ ਰਿਪੋਰਟ ਅਨੁਸਾਰ ਭਾਰਤ 147 ਦੇਸ਼ਾਂ ਵਿੱਚੋਂ 118ਵੇਂ ਸਥਾਨ ’ਤੇ ਹੈ। ਗ਼ਰੀਬੀ, ਬੇਰੁਜ਼ਗਾਰੀ, ਅਰਧ ਬੇਰੁਜ਼ਗਾਰੀ, ਠੇਕਾ-ਪ੍ਰਣਾਲੀ, ਘੱਟ ਉਜਰਤਾਂ, ਮਹਿੰਗਾਈ, ਸਰਵਪੱਖੀ ਪ੍ਰਦੂਸ਼ਣ ਤੇ ਭ੍ਰਿਸ਼ਟਾਚਾਰ ਦੇ ਸਤਾਏ ਲੋਕ ਖੁਸ਼ ਕਿਵੇਂ ਰਹਿ ਸਕਦੇ ਹਨ ?

# ਸੰਪਰਕ : 98768-01268

# ਆਜ਼ਾਦ ਭਾਰਤ ਦੀ ਪਹਿਲੀ ਮਜ਼ਬੂਤ ਨੀਂਹ

## ਰਾਸ਼ਟਰੀ ਕਾਨੂੰਨ ਦਿਵਸ

ਜਗਜੀਤ ਸਿੰਘ ਕੰਡਾ

ਭਾਰਤ ਪ੍ਰਾਚੀਨ ਜੰਬੂ ਦੀਪ , ਆਧੁਨਿਕ ਦੱਖਣੀ ਏਸ਼ੀਆ ਵਿੱਚ ਸਥਿਤ ਭਾਰਤੀ ਉੱਪ-ਮਹਾਂਦੀਪ ਦਾ ਸਭ ਤੋਂ ਵੱਡਾ ਦੇਸ਼ ਅਤੇ ਸੰਸਾਰ ਦਾ ਸਭ ਤੋਂ ਵੱਡਾ ਲੋਕਤੰਤਰ ਹੈ। ਦੂਜੇ ਵਿਸ਼ਵ ਯੁੱਧ ਦੇ ਮਗਰੋਂ ਜੁਲਾਈ 1945 ਵਿੱਚ ਬ੍ਰਿਟੇਨ ਨੇ ਭਾਰਤ ਸੰਬੰਧੀ ਆਪਣੀ ਨਵੀਂ ਨੀਤੀ ਦਾ ਐਲਾਨ ਕੀਤਾ, ਜਿਸ ਵਿਚ ਭਾਰਤੀ ਸੰਵਿਧਾਨ ਸਭਾ ਦੇ ਗਠਨ ਲਈ ਆਪਣਾ ਤਿੰਨ ਮੈਂਬਰੀ ਕੈਬਨਿਟ ਮਿਸ਼ਨ ਭਾਰਤ ਭੇਜਿਆ। ਇਸ ਨੇ ਸੰਵਿਧਾਨ ਸਭਾ ਦੀ ਘੋਸ਼ਣਾ ਕੀਤੀ ਤੇ 9 ਦਸੰਬਰ 1946 ਤੋਂ ਆਪਣਾ ਕਾਰਜ ਆਰੰਭਿਆ। ਸੰਵਿਧਾਨ ਸਭਾ ਵਿੱਚ ਪੰਡਤ ਜਵਾਹਰ ਲਾਲ ਨਹਿਰੂ , ਡਾ. ਰਾਜੇਂਦਰ ਪ੍ਰਸਾਦ , ਸਰਦਾਰ ਵੱਲਭ ਭਾਈ ਪਟੇਲ, ਸ਼ਿਆਮਾ ਪ੍ਰਸਾਦ ਮੁਖਰਜੀ, ਮੌਲਾਨਾ ਅਬਦੁਲ ਕਲਾਮ ਆਜ਼ਾਦ ਆਦਿ ਸਭਾ ਦੇ ਪ੍ਰਮੁੱਖ ਮੈਂਬਰ ਸਨ। ਇਸ ਸੰਵਿਧਾਨ ਸਭਾ ਦੀਆਂ 2 ਸਾਲ 11 ਮਹੀਨੇ 18 ਦਿਨਾਂ ਵਿੱਚ ਕੁੱਲ 166 ਬੈਠਕਾਂ ਹੋਈਆਂ। ਇਨ੍ਹਾਂ ਬੈਠਕਾਂ ਵਿੱਚ ਪ੍ਰੈੱਸ ਤੇ ਜਨਤਾ ਨੂੰ ਹਿੱਸਾ ਲੈਣ ਦੀ ਪੂਰੀ ਖੁੱਲ੍ਹ ਸੀ। ਭਾਰਤ ਦੇ ਸੰਵਿਧਾਨ ਦੇ ਨਿਰਮਾਣ ਵਿੱਚ ਡਾ. ਭੀਮ ਰਾਓ ਅੰਬੇਡਕਰ ਨੇ ਮਹੱਤਵਪੂਰਨ ਭੂਮਿਕਾ ਨਿਭਾਈ ਸੀ, ਇਸ ਲਈ ਉਨ੍ਹਾਂ ਨੂੰ ਸੰਵਿਧਾਨ ਦਾ ਪਿਤਾਮਾ ਕਿਹਾ ਜਾਂਦਾ ਹੈ।

ਡਾ. ਭੀਮ ਰਾਓ ਅੰਬੇਡਕਰ ਦਾ ਜਨਮ 14 ਅਪ੍ਰੈਲ 1819 ਨੂੰ ਹੋਇਆ ਤੇ ਉਹ 6 ਦਸੰਬਰ 1956 ਨੂੰ ਇਸ ਫਾਨੀ ਸੰਸਾਰ ਤੋਂ ਵਿਦਾ ਹੋਏ। ਡਾ. ਬਾਬਾ ਸਾਹਿਬ ਅੰਬੇਡਕਰ ਨਾਂਅ ਨਾਲ ਪ੍ਰਸਿੱਧ ਇਕ ਭਾਰਤੀ ਕਾਨੂੰਨ ਸਾਜ , ਅਰਥ ਸ਼ਾਸਤਰੀ , ਰਾਜਨੀਤੀਵਾਨ ਤੇ ਸਮਾਜ ਸੁਧਾਰਕ ਵੀ ਸਨ। ਉਹ ਅਜ਼ਾਦ ਭਾਰਤ ਦੇ ਪਹਿਲੇ ਕਾਨੂੰਨ ਤੇ ਨਿਆਂ ਮੰਤਰੀ ਸਨ।

ਭਾਰਤੀ ਸੰਵਿਧਾਨ ਨੂੰ ਤਿਆਰ ਕਰਨ ਤੇ ਉਸ ਸਮੇਂ ਤਕਰੀਬਨ 6 ਕਰੋੜ ਰੁਪਏ ਖਰਚ ਹੋਏ। ਭਾਰਤੀ ਸੰਵਿਧਾਨ ਨੂੰ ਬਾਬਾ ਸਾਹਿਬ ਦੀ ਪ੍ਰਧਾਨਗੀ ਵਾਲੀ 389 ਮੈਂਬਰਾਂ ਦੀ ਕਮੇਟੀ ਨੇ ਤਿਆਰ ਕੀਤਾ। ਸਾਡੇ ਸੰਵਿਧਾਨ ਦੀ ਵਰਤੋਂ ਸਭ ਤੋਂ ਪਹਿਲਾਂ ਇੰਗਲੈਂਡ ਵਿਚ ਹੋਈ ਸੀ। ਭਾਰਤ ਦਾ ਸੰਵਿਧਾਨ ਬਿਲਕੁਲ ਇੰਗਲੈਂਡ ਦੇ ਸੰਵਿਧਾਨ ਨਾਲ ਮਿਲਦਾ-ਜੁਲਦਾ ਹੈ। ਭਾਰਤੀ ਸੰਵਿਧਾਨ ਨੂੰ ਤਿਆਰ ਕਰਕੇ ਅੰਤਮ ਰੂਪ 26 ਨਵੰਬਰ 1949 ਨੂੰ ਦਿੱਤਾ ਗਿਆ, ਪਰ ਇਸ ਨੂੰ 26 ਜਨਵਰੀ 1950 ਨੂੰ ਲਾਗੂ ਕੀਤਾ ਗਿਆ। ਇਸੇ ਕਾਰਨ ਹਰ ਸਾਲ ਇਹ ਦਿਨ 26 ਜਨਵਰੀ ਨੂੰ ਇਸ ਦੇ ਸਨਮਾਨ ਵਿੱਚ ਮਨਾਇਆ ਜਾਂਦਾ ਹੈ। ਇਹ ਗਵਰਨਮੈਂਟ ਆਫ ਇੰਡੀਆ ਐਕਟ (1935) ਦੀ ਜਗ੍ਹਾ ’ਤੇ ਅਜ਼ਾਦ ਭਾਰਤ ਦਾ ਸੰਵਿਧਾਨ ਇਸ ਦਿਨ ਭਾਵ 26 ਜਨਵਰੀ 1950 ਨੂੰ ਲਾਗੂ ਹੋਇਆ ਸੀ।

ਇਸ ਦਿਨ ਭਾਰਤ ਦੇਸ਼ ਦੇ ਵਾਸੀ ਆਪਣੇ ਅਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਤੇ ਵੱਡ- ਵਡੇਰਿਆਂ ਵੱਲੋਂ ਪਾਈਆਂ ਸ਼ਹੀਦੀਆਂ ਤੇ ਉਨ੍ਹਾਂ ਵੱਲੋਂ ਕੀਤੇ ਗਏ ਚੰਗੇ ਕੰਮਾਂ ਨੂੰ ਚੇਤੇ ਕਰਕੇ ਉਹਨਾਂ ਨੂੰ ਸਿਰ ਝੁਕਾ ਕੇ ਮਾਣ ਮਹਿਸੂਸ ਵੀ ਕਰਦੇ ਹਨ। 26 ਜਨਵਰੀ ਭਾਰਤ ਦੀਆਂ ਤਿੰਨ ਰਾਸ਼ਟਰੀ ਛੁੱਟੀਆਂ ਵਿੱਚੋ ਇੱਕ ਹੈ, ਬਾਕੀ ਦੋ ਸੁਤੰਤਰਤਾ ਦਿਵਸ ਤੇ ਗਾਂਧੀ ਜਯੰਤੀ ਹਨ।

ਅੰਗਰੇਜ਼ਾਂ ਦੀ ਗੁਲਾਮੀ ਤੋਂ ਬਾਅਦ ਅਜ਼ਾਦ ਹੋਏ ਭਾਰਤ ਨੇ 26 ਜਨਵਰੀ 1950 ਨੂੰ ਪ੍ਰਭੁਸੱਤਾ ਸੰਪੰਨ, ਜਮਹੂਰੀ ਗਣਰਾਜ ਦਾ ਨਾਮ ਗ੍ਰਹਿਣ ਕੀਤਾ ਸੀ। ਇਸ ਸਬੰਧੀ ਪਹਿਲਾ ਜਸ਼ਨ ਦਿਨ ਵੀਰਵਾਰ 26 ਜਨਵਰੀ 1950 ਨੂੰ ਗਵਰਨਮੈਂਟ ਹਾਊਸ ਦੇ ਰੌਸ਼ਨੀਆਂ ਨਾਲ ਚਮ-ਚਮ ਕਰਦੇ ਗੁੰਬਦਾਂ ਵਾਲੇ ਦਰਬਾਰ ਹਾਲ ਵਿੱਚ 10 ਵੱਜ ਕੇ 18 ਮਿੰਟ ’ਤੇ ਭਾਰਤ ਨੂੰ ਪ੍ਰਭੂਸੱਤਾ ਸੰਪੰਨ, ਜਮਹੂਰੀ ਗਣਰਾਜ ਐਲਾਨ ਕਰਕੇ ਮਨਾਇਆ ਸੀ। 6 ਮਿੰਟ ਮਗਰੋਂ ਡਾ. ਰਾਜੇਂਦਰ ਪ੍ਰਸਾਦ ਨੇ ਰਾਸ਼ਟਰਪਤੀ ਵਜੋਂ ਸਹੁੰ ਚੁੱਕੀ , ਇਸ ਸ਼ੁਭ ਮੌਕੇ 10:30 ਵਜੇ ਤੋਂ ਬਾਅਦ 31 ਤੋਪਾਂ ਦੀ ਸਲਾਮੀ ਨਾਲ ਇਹ ਐਲਾਨ ਕੀਤਾ ਗਿਆ ਸੀ। ਠੀਕ 2:30 ਵਜੇ ਬਾਅਦ ਦੁਪਹਿਰ, ਰਾਸ਼ਟਰਪਤੀ ਗਵਰਨਮੈਂਟ ਹਾਊਸ (ਹੁਣ ਰਾਸ਼ਟਰਪਤੀ ਭਵਨ) ਵਿੱਚ ਇੱਕ 35 ਸਾਲ ਪੁਰਾਣੀ ਪਰੰਤੂ ਮੌਕੇ ’ਤੇ ਸ਼ਿੰਗਾਰੀ ਹੋਈ ਵਿਸ਼ੇਸ਼ ਬੱਘੀ ਵਿੱਚ ਬਾਹਰ ਆਏ। ਇਸ ਬੱਘੀ ਨੂੰ 6 ਆਸਟ੍ਰੇਲੀਅਨ ਘੋੜੇ ਜੋੜੇ ਹੋਏ ਸਨ ਤੇ ਰਾਸ਼ਟਰਪਤੀ ਦੇ ਬਾਡੀਗਾਰਡ ਇਸ ਨੂੰ ਆਪਣੀ ਪ੍ਰੋਟੈਕਸ਼ਨ ਵਿਚ ਚਲਾ ਰਹੇ ਸਨ। ਇਰਵਿਨ ਸਟੇਡੀਅਮ (ਹੁਣ ਨੈਸ਼ਨਲ ਸਟੇਡੀਅਮ) ਜੈ-ਜੈਕਾਰ ਦੇ ਨਾਅਰਿਆਂ ਨਾਲ ਗੂੰਜ ਉੱਠਿਆ ਸੀ ਤੇ ਲੋਕ ਦਰੱਖਤਾਂ ਤੇ ਇਮਾਰਤਾਂ ’ਤੇ ਚੜ੍ਹ ਕੇ ਖੁਸ਼ੀ ਵਿੱਚ ਜੈ-ਜੈਕਾਰ ਕਰ ਰਹੇ ਸਨ।

ਸਤਿਕਾਰਯੋਗ ਰਾਸ਼ਟਰਪਤੀ ਹੱਥ ਜੋੜ ਕੇ ਇਹਨਾਂ ਦਾ ਹੁੰਗਾਰਾ ਭਰਕੇ ਸਨਮਾਨ ਲੈ ਰਹੇ ਸਨ। ਪੂਰੇ 3:45 ਵਜੇ ਇਹ ਬੱਘੀ ਇਰਵਿਨ ਸਟੇਡੀਅਮ ਪੁੱਜੀ, ਜਿੱਥੇ 3000 ਅਫ਼ਸਰ ਤੇ ਤਿੰਨੇ ਸੈਨਾਵਾਂ ਦੇ ਜਨਰਲ ਤੇ ਪੁਲਸ, ਰਸਮੀ ਪਰੇਡ ਲਈ ਤਣੇ ਹੋਏ ਸਨ। ਸੱਤ ਮਾਸ ਬੈਂਡ ਵਾਲੇ ਪੁਲਸ ਤੇ ਫ਼ੌਜੀ ਬਲਾਂ ਨੇ ਉਸ ਸਮੇਂ ਕਮਾਲ ਦਾ ਦ੍ਰਿਸ਼ ਪੇਸ਼ ਕੀਤਾ ਸੀ। ਭਾਰਤ ਦੀ ਪਹਿਲੀ ਫੋਟੋ ਪੱਤਰਕਾਰ, ਹੋਮਾਇਵਿਆਰਵਾਲਾ ਵੱਲੋਂ ਇਸ ਸਮੇਂ ਦੀਆਂ ਖਿੱਚੀਆਂ ਤਸਵੀਰਾਂ ਵੀ ਇਤਿਹਾਸਕ ਹਨ। ਸਟੇਡੀਅਮ ਵਿੱਚ ਪੁਰਾਣੇ ਕਿਲ੍ਹੇ ਦੇ ਪਿਛੋਕੜ ਵਿਚ ਮਾਰਚ ਕਰਦੇ ਸੈਨਿਕ ਸਹੁੰ ਚੁੱਕਦੇ ਡਾ. ਰਾਜਿੰਦਰਾ ਪ੍ਰਸਾਦ (ਹੁਣ ਦੇ ਵਿਜੇ ਚੌਂਕ ਵਿੱਚ ਬਿਨਾਂ ਕਿਸੇ ਸੁਰੱਖਿਆ ਦੇ) ਅੱਜ ਵੀ ਉਹਨਾਂ ਪਲਾਂ ਦੀ ਵਿਲੱਖਣ ਦਾਸਤਾਂ ਬਿਆਨ ਕਰਦੇ ਹਨ।

ਗਣਤੰਤਰ ਦਿਵਸ ’ਤੇ ਦੇਸ਼ ਦੇ ਪਹਿਲੇ ਨਾਗਰਿਕ ਭਾਵ ਰਾਸ਼ਟਰਪਤੀ ਇਸ ਮੌਕੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਦੇ ਹਨ। ਸੰਬੰਧਤ ਸੂਬਿਆਂ ਦੇ ਰਾਜਪਾਲ ਸੂਬਿਆਂ ਦੀਆਂ ਰਾਜਧਾਨੀਆਂ ਵਿੱਚ ਗਣਤੰਤਰ ਦਿਵਸ ਸਮਾਗਮ ਮੌਕੇ ਕੌਮੀ ਝੰਡਾ ਲਹਿਰਾਉਂਦੇ ਹਨ। ਸੁਤੰਤਰਤਾ ਦਿਵਸ ਸਮਾਗਮ ਮੌਕੇ ਪ੍ਰਧਾਨ ਮੰਤਰੀ ਕੌਮੀ ਰਾਜਧਾਨੀ ਵਿਚ ਕੌਮੀ ਝੰਡਾ ਲਹਿਰਾਉਂਦੇ ਹਨ ਤੇ ਸੂਬਿਆਂ ਦੀਆਂ ਰਾਜਧਾਨੀਆਂ ਵਿੱਚ ਮੁੱਖ ਮੰਤਰੀ। 26 ਜਨਵਰੀ ਨੂੰ ਭਾਰਤ ਦੇ ਰਾਸ਼ਟਰਪਤੀ ਸ਼ਾਨਦਾਰ ਪਰੇਡ ਦੀ ਸਲਾਮੀ ਲੈਂਦੇ ਹਨ , ਉਹ ਭਾਰਤੀ ਸ਼ਸਤਰ ਬਲਾਂ ਦੇ ਕਮਾਂਡਰ-ਇਨ-ਚੀਫ ਵੀ ਹੁੰਦੇ ਹਨ। ਇਸ ਪਰੇਡ ਵਿੱਚ ਭਾਰਤੀ ਸੈਨਾ ਆਪਣੇ ਨਵੇਂ ਲਏ ਟੈਂਕਾਂ , ਮਿਜ਼ਾਇਲਾਂ , ਜੰਗੀ ਜਹਾਜ਼ਾਂ , ਰਾਡਾਰ ਆਦਿ ਦਾ ਪ੍ਰਦਰਸ਼ਨ ਕਰਕੇ ਦੁਸ਼ਮਣ ਨੂੰ ਆਪਣੀ ਤਾਕਤ ਦਾ ਪ੍ਰਦਰਸ਼ਨ ਕਰਕੇ ਸੁਚੇਤ ਕਰਦੀਆਂ ਹੋਈਆਂ ਕਹਿੰਦੀਆਂ ਹਨ ਕਿ ਭਾਰਤੀ ਸੈਨਾ ਦਾ ਹਰ ਇੱਕ ਨੌਜੁਆਨ ਦੇਸ਼ ਲਈ ਮਰ ਮਿਟਣ ਵਾਸਤੇ ਅੱਜ ਇਹ ਕਹਿ ਰਿਹਾ ਹੈ ਕਿ ‘ਜੀਏਂਗੇ ਮਰੇਂਗੇ ਮਰ ਮਿਟੇਗੇ ਦੇਸ਼ ਕੇ ਲੀਏ।’ ਇਸ ਦਿਨ ਭਾਵ 26 ਜਨਵਰੀ ਤੋਂ ਪਹਿਲੀ ਸ਼ਾਮ ਹਰ ਸਾਲ ਬਹਾਦੁਰ ਬੱਚਿਆਂ ਨੂੰ ਕੌਮੀ ਵੀਰਤਾ ਪੁਰਸਕਾਰ ਵੀ ਦਿੱਤੇ ਜਾਂਦੇ ਹਨ , ਇਹਨਾਂ ਪੁਰਸਕਾਰਾਂ ਦੀ ਸ਼ੁਰੂਆਤ 1957 ਵਿੱਚ ਹੋਈ ਸੀ , ਪੁਰਸਕਾਰ ਵਜੋਂ ਇਕ ਮੈਡਲ , ਪ੍ਰਮਾਣ ਪੱਤਰ ਤੇ ਨਗਦ ਰਾਸ਼ੀ ਵੀ ਦਿੱਤੀ ਜਾਂਦੀ ਹੈ।




ਸਾਨੂੰ ਵਿਸ਼ਵ ਦੇ ਸਭ ਤੋਂ ਵੱਡੇ ਲੋਕਤੰਤਰ ਦੇਸ਼ ਹੋਣ ਦਾ ਮਾਣ ਹੈ ਤੇ ਭਾਰਤ ਵਿਸ਼ਵ ਗੁਰੂ ਦੇਸ਼ ਵੀ ਅਖਵਾਉਂਦਾ ਹੈ, ਪ੍ਰੰਤੂ ਸਾਡੇ ਦੇਸ਼ ਦੇ ਕਈ ਭ੍ਰਿਸ਼ਟ ਰਾਜਨੀਤਕਾਂ ਤੇ ਨੌਕਰਸ਼ਾਹਾਂ ਨੇ ਦੇਸ਼ ਨੂੰ ਭ੍ਰਿਸ਼ਟਾਚਾਰ ਤੇ ਘੁਟਾਲਿਆਂ ਦੇ ਅਜਿਹੇ ਦਾਗ਼ ਲਗਾ ਦਿੱਤੇ ਹਨ, ਜਿਨ੍ਹਾਂ ਕਰਕੇ ਸਾਡਾ ਦੇਸ਼ ਬਦਨਾਮ ਹੋ ਗਿਆ ਹੈ। ਸੰਵਿਧਾਨ ਲਾਗੂ ਹੋਣ ਤੋਂ ਬਾਅਦ ਦੇਸ਼ ਦੇਸ਼ ਵਿਚੋਂ ਬੇਰੁਜ਼ਗਾਰੀ , ਗਰੀਬੀ , ਅਨਪੜ੍ਹਤਾ , ਜਾਤ-ਪਾਤ, ਮਹਿੰਗਾਈ ਵਰਗੀਆਂ ਸਮੱਸਿਆਵਾਂ ਖਤਮ ਤਾਂ ਕੀ ਹੋਣੀਆਂ ਸਨ, ਬਲਕਿ ਸਾਡੇ ਦੇਸ਼ ਦੇ ਸਾਹਮਣੇ ਹਿਮਾਲਿਆ ਪਰਬਤ ਬਣ ਕੇ ਰੋਜ਼ਾਨਾ ਹੋਰ ਉੱਚੀਆਂ ਹੋ ਰਹੀਆਂ ਹਨ। ਸਾਡਾ ਸਮਾਜਿਕ ਢਾਂਚਾ ਬਦਲ ਰਿਹਾ ਹੈ , ਮੀਡੀਆ ਤੇ ਲੋਕ ਦਿਨੋ-ਦਿਨ ਜਾਗਰੂਕ ਹੋ ਰਹੇ ਹਨ, ਨੌਜੁਆਨਾਂ ਦੀ ਸੋਚ ਵਿਕਸਤ ਹੋ ਰਹੀ ਹੈ। ਸਿੱਖਿਆ ਦਾ ਪੱਧਰ ਹੋਰ ਉੱਚਾ ਹੋ ਰਿਹਾ ਹੈ, ਜਿਸ ਦੇ ਚਲਦਿਆਂ ਦੇਸ਼ ਵਿਚ ਰਾਜਨੀਤਕ ਵਿਕਾਸ ਵੀ ਹੋ ਰਿਹਾ ਹੈ, ਹੁਣ ਲੰਮੇ ਸਮੇਂ ਤੱਕ ਸ਼ਾਸਨ ਤੇ ਪ੍ਰਸ਼ਾਸਨ ਵਿਚ ਭ੍ਰਿਸ਼ਟਾਚਾਰ ਅਪਰਾਧ ਅਯੋਗਤਾ ਨਹੀਂ ਚੱਲੇਗੀ। 26 ਜਨਵਰੀ ਨੂੰ ਸਿਰਫ ਬੈਂਡ ਵਾਜੇ ਵਜਾਉਣ ਤੇ ਪਰੇਡ ਕਰਨ ਨਾਲ ਦੇਸ਼ ਦੇ ਲੋਕ ਸੁਖੀ ਨਹੀਂ ਹੋ ਸਕਦੇ, ਜਦ ਤੱਕ ਇੱਕ ਚੰਗਾ ਲੋਕਤੰਤਰਕ ਬਣਾ ਕੇ ਦੇਸ਼ ਵਿਚੋਂ ਗਰੀਬੀ, ਅਨਪੜ੍ਹਤਾ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਮਹਿੰਗਾਈ, ਜਾਤ-ਪਾਤ ਤੇ ਹੋਰ ਸਮਾਜਿਕ ਬੁਰਾਈਆਂ ਦਾ ਖਾਤਮਾ ਨਹੀਂ ਕੀਤਾ ਜਾਂਦਾ।

26 ਜਨਵਰੀ ਸਾਨੂੰ ਇਹ ਯਾਦ ਕਰਵਾਉਣ ਲਈ ਆਉਂਦੀ ਹੈ ਕਿ ਭਾਰਤ ਵਿਚ ਲੋਕਾਂ ਦਾ ਆਪਣਾ ਲੋਕ ਰਾਜ ਹੈ। ਮੌਜੂਦਾ ਸਮੇਂ ਵਿੱਚ ਅਨੇਕਾਂ ਸਮੱਸਿਆਵਾਂ ਦੇਸ਼ ਦੇ ਸਾਹਮਣੇ ਮੂੰਹ ਅੱਡੀ ਖੜ੍ਹੀਆਂ ਹਨ। ਇਹਨਾਂ ਤੋਂ ਛੁਟਕਾਰਾ ਪਾਉਣ ਲਈ ਜ਼ਰੂਰੀ ਹੈ ਕਿ ਅਸੀਂ, ਸਾਡੀ ਨਸ-ਨਸ ਵਿੱਚ ਘਰ ਕਰ ਚੁੱਕੀਆਂ ਬੁਰੀਆ ਅਲਾਮਤਾਂ ਭ੍ਰਿਸ਼ਟਾਚਾਰ, ਰਿਸ਼ਵਤਖੋਰੀ, ਫੁੱਟ, ਦੰਗੇ, ਊਚ-ਨੀਚ ਨੂੰ ਜੜ੍ਹ ਤੋਂ ਖਤਮ ਕਰਕੇ ਆਪਣੇ ਆਪ ਨੂੰ ਪਾਕ, ਸਾਫ ਕਰੀਏ, ਫਿਰ ਹੀ ਇਸ 26 ਜਨਵਰੀ ਦੇ ਪਵਿੱਤਰ ਤਿਉਹਾਰ ਨੂੰ ਮਨਾਉਣਾ ਸਾਰਥਕ ਹੋ ਸਕੇਗਾ।

# ਸੰਪਰਕ : 96462-00468

# ਆਜ਼ਾਦੀ ਸੰਗਰਾਮੀਆਂ ਦੇ ਸੁਪਨੇ ਪੂਰੇ ਕਰਕੇ ਹੀ ਭਾਰਤ ਵਿਕਸਤ ਬਣੇਗਾ

ਚਰਨ ਸਿੰਘ ਸਰਾਭਾ

ਅੱਜ ਸਾਡਾ ਮਹਾਨ ਭਾਰਤ, ਭਾਰਤ ਦੇ ਸਰਬ ਸਮਰੱਥ, ਧਰਮ ਨਿਰਪੱਖ ਜਮਹੂਰੀ ਲੋਕਤੰਤਰ ਗਣਰਾਜ ਦਾ 77ਵਾਂ ਸਥਾਪਨਾ ਦਿਵਸ ਮਨਾ ਰਿਹਾ ਹੈ, ਜਿਸ ’ਤੇ ਸਾਰੇ ਭਾਰਤੀਆਂ ਨੂੰ ਮਾਣ ਹੋਣਾ ਸੁਭਾਵਕ ਹੈ। ਇਸ ਇਤਿਹਾਸਕ ਦਿਨ ’ਤੇ ਸਾਨੂੰ ਯਾਦ ਕਰਨਾ ਹੋਵੇਗਾ ਉਨ੍ਹਾਂ ਦੇਸ਼ ਭਗਤਾਂ, ਸ਼ਹੀਦਾਂ-ਗਦਰੀ ਬਾਬਿਆਂ-ਬੱਬਰ ਅਕਾਲੀਆਂ ਅਤੇ ਦੇਸ਼ ਦੇ ਹੋਰ ਅਣਗਿਣਤ ਆਜ਼ਾਦੀ ਸੰਗਰਾਮੀਆਂ ਦੀ ਘਾਲਣਾ ਨੂੰ, ਜਿਨ੍ਹਾਂ ਨੇ ਚੇਤੰਨ, ਭਾਰਤੀਆਂ ਦੀ ਇਕਮੁੱਠਤਾ ਅਧਾਰਤ ਲੰਬੇ ਆਜ਼ਾਦੀ ਪ੍ਰਾਪਤੀ ਸੰਗਰਾਮ ਵਿੱਚ ਸ਼ਹੀਦੀਆਂ ਦਿੱਤੀਆਂ ਅਤੇ ਅਨੇਕਾਂ ਸਰਕਾਰ ਦੇ ਤਸੀਹੇ ਝੱਲੇ, ਜਾਇਦਾਦਾਂ ਕੁਰਕ ਕਰਵਾਈਆਂ, ਵਿਦੇਸ਼ਾਂ ਵਿੱਚ ਵੱਡੇ ਕਾਰੋਬਾਰ ਛੱਡ ਕੇ ਫੈਸਲਾਕੁੰਨ ਕੌਮੀ ਪੱਧਰ ਦੇ ਸੰਗਰਾਮ ਰਾਹੀਂ ਭਾਰਤ ਨੂੰ ਅੰਗਰੇਜ਼ੀ ਲੁਟੇਰੇ ਦੀ ਬਸਤੀਵਾਦੀ ਗੁਲਾਮੀ ਤੋਂ ਆਜ਼ਾਦ ਕਰਵਾਇਆ।

ਸਾਨੂੰ ਯਾਦ ਕਰਨਾ ਹੋਵੇਗਾ ਮਹਾਨ ਸ਼ਹੀਦ ਖੁਦੀ ਰਾਮ ਬੋਸ ਨੂੰ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ, ਜਿਨ੍ਹਾਂ ਨੇ 18 ਅਤੇ 19 ਸਾਲ ਦੀ ਉਮਰ ਵਿੱਚ ਫਾਂਸੀਆਂ ਦੇ ਰੱਸੇ ਚੁੰਮੇ। ਰੁਲੀਆ ਸਿੰਘ ਸਰਾਭਾ ਵਰਗੇ ਅਨੇਕਾਂ ਗਦਰੀ ਬਾਬਿਆਂ ਨੂੰ, ਜਿਨ੍ਹਾਂ ਨੇ ਕਾਲੇ ਪਾਣੀ ਦੀਆਂ ਨਰਕਮਈ ਜੇਲ੍ਹਾਂ ਵਿੱਚ ਤਸੀਹੇ ਝੱਲਦੇ ਹੋਏ ਆਪਣੇ ਜੀਵਨ ਬਲੀਦਾਨ ਦਿੱਤੇ। ਬਾਬਾ ਸੋਹਨ ਸਿੰਘ ਭਕਨਾ ਵਰਗੇ ਆਗੂਆਂ ਨੂੰ, ਜਿਨ੍ਹਾਂ ਕਾਲੇ ਪਾਣੀ ਦੀਆਂ ਜੇਲ੍ਹਾਂ ਪਿੱਛੋਂ ਹੋਰ ਭਾਰਤੀ ਜੇਲ੍ਹਾਂ ਵਿੱਚ ਲੰਮੀਆਂ ਕੈਦਾ ਕੱਟੀ। ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਹੁਰਾਂ ਨੂੰ, ਜਿਨ੍ਹਾ ਨੇ ਇਸ ਸੰਗਰਾਮ ਵਿੱਚ ਇਕੱਠਿਆਂ ਨੇ ਫਾਂਸੀ ਦੇ ਰੱਸੇ ਆਪਣੇ ਗਲਾਂ ਵਿੱਚ ਪਾਏ। ਸੁਭਾਸ਼ ਚੰਦਰ ਬੋਸ ਵਰਗੇ ਆਗੂਆਂ ਨੂੰ, ਜਿਨ੍ਹਾਂ ਆਜ਼ਾਦ ਹਿੰਦ ਫੌਜ ਦੀ ਸਥਾਪਨਾ ਕਰਕੇ ‘ਜੈ ਹਿੰਦ’ ਦਾ ਨਾਅਰਾ ਬੁਲੰਦ ਕੀਤਾ। ਮਹਾਨ ਸ਼ਹੀਦ ਊਧਮ ਸਿੰਘ ਸੁਨਾਮ ਨੂੰ, ਜਿਸ ਨੇ ਭਾਰਤੀਆਂ ਦੇ ਸਵੈਮਾਣ ’ਤੇ ਪਹਿਰਾ ਦੇਂਦੇ ਹੋਏ ਜਲ੍ਹਿਆਂਵਾਲਾ ਬਾਗ ਦੇ ਹਤਿਆਰੇ ਓਡਵਾਇਰ ਨੂੰ ਲੰਡਨ ਵਿੱਚ ਹੀ ਮੌਤ ਦੇ ਘਾਟ ਉਤਾਰਿਆ ਸੀ। ਸਾਨੂੰ ਯਾਦ ਕਰਨਾ ਹੋਵੇਗਾ ਦੇਸ਼ ਪਿਤਾ ਮਹਾਤਮਾ ਗਾਂਧੀ ਅਤੇ ਉਨ੍ਹਾਂ ਦੇ ਸਾਥੀਆਂ ਨੂੰ, ਜਿਨ੍ਹਾਂ ਨੇ ਹਜ਼ਾਰਾਂ ਭਾਰਤੀਆਂ ਨੂੰ ਲਾਮਬੰਦ ਕਰਕੇ ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਦਾ ਝੰਡਾ ਬੁਲੰਦ ਕੀਤਾ ਸੀ ਅਤੇ ਅਨੇਕਾਂ ਹੋਰ ਭਾਰਤੀ ਦੇਸ਼ ਭਗਤਾਂ ਨੂੰ, ਜਿਨ੍ਹਾਂ ਦਾ ਜ਼ਿਕਰ ਨਹੀਂ ਕੀਤਾ ਜਾ ਸਕਿਆ। ਇਸ ਦੇ ਨਾਲ ਹੀ ਸਾਨੂੰ ਭਾਰਤੀਆਂ ਦੀਆਂ ਵਰਤਮਾਨ ਪੀੜ੍ਹੀਆਂ ਵਿਸ਼ੇਸ਼ ਕਰਕੇ ਨੌਜਵਾਨ ਦੋਸਤਾਂ ਨੂੰ ਇਨ੍ਹਾਂ ਦੇਸ਼ ਭਗਤਾਂ ਵੱਲੋਂ ਆਜ਼ਾਦੀ ਪ੍ਰਾਪਤੀ ਸੰਗਰਾਮ ਸਮੇਂ ਅਤੇ ਅਜ਼ਾਦੀ ਪ੍ਰਾਪਤੀ ਉਪਰੰਤ ਭਾਰਤ ਦੀ ਕੌਮੀ ਉਸਾਰੀ ਅਤੇ ਸਰਕਾਰਾਂ ਦੀ ਕਾਰਕਰਦਗੀ ਨਿਰਧਾਰਤ ਕਰਨ ਸੰਬੰਧੀ ਰੱਖੇ ਗਏ ਵਿਚਾਰਾਂ, ਚਿਤਵੇ ਗਏ ਸੁਪਨਿਆਂ ਅਤੇ ਲਏ ਗਏ ਸੰਕਲਪਾਂ ਦਾ ਅਧਿਐਨ ਕਰਕੇ ਉਨ੍ਹਾਂ ਵੱਲੋਂ ਪ੍ਰਦਾਨ ਕੀਤੀ ਗਈ ਦਿਸ਼ਾ ਨੂੰ ਜਾਨਣ, ਸਮਝਣ ਅਤੇ ਅਪਨਾਉਣ ਦੀ, ਜਿਨ੍ਹਾਂ ਸਦਕਾ ਸਾਨੂੰ ਅੱਜ ਆਜ਼ਾਦ ਭਾਰਤ ਦੇ ਗੌਰਵਮਈ ਨਾਗਰਿਕ ਹੋਣ ਦਾ ਮਾਣ ਪ੍ਰਾਪਤ ਹੈ ਅਤੇ ਕਈ ਮੁਢਲੇ ਸੰਵਿਧਾਨਕ ਅਤੇ ਮਨੁੱਖੀ ਹੱਕਾਂ ਦੀ ਵਿਵਸਥਾ ਵੀ ਸਾਡੇ ਸੰਵਿਧਾਨ ਵਿੱਚ ਦਰਜ ਹੈ। ਸੰਕੇਤਕ ਤੌਰ ’ਤੇ ਇੱਥੇ ਜ਼ਿਕਰ ਕੀਤਾ ਜਾਂਦਾ ਹੈ ਕਿ ਗਦਰ ਪਾਰਟੀ ਦੇ ਆਗੂਆਂ ਸ਼ਹੀਦ ਕਰਤਾਰ ਸਿੰਘ ਸਰਾਭਾ ਹੁਰਾਂ ਵੱਲੋਂ ਗਦਰ ਪਾਰਟੀ ਦੇ ਅਖ਼ਬਾਰ ‘ਗਦਰ’ ਰਾਹੀਂ ਅੰਗਰੇਜ਼ ਰਾਜ ਦੀ ਭਾਰਤੀ ਬੱਚਿਆਂ ਦੀ ਸਿੱਖਿਆ ਪ੍ਰਤੀ, ਸਾਰੇ ਭਾਰਤੀਆਂ ਦੀ ਸਿਹਤ ਸੰਭਾਲ ਪ੍ਰਤੀ, ਮਜ਼ਦੂਰਾਂ ਦੀਆਂ ਨੀਵੀਆਂ ਉਜਰਤਾਂ ਪ੍ਰਤੀ ਅਤੇ ਵਡੇਰੇ ਮਾਲੀਆ ਦਰਾਂ ਰਾਹੀਂ ਭਾਰਤੀ ਕਿਸਾਨਾਂ ਦੀ ਲੁੱਟ ਪ੍ਰਤੀ ਗੈਰ ਸੰਜੀਦਾ ਅਤੇ ਵਿਤਕਰਿਆਂ ਵਾਲੀ ਪਹੁੰਚ ਦਾ ਪਰਦਾਫਾਸ਼ ਕੀਤਾ ਸੀ ਅਤੇ ਭਾਰਤ ਦੇ ਕੁਦਰਤੀ ਸੋਮਿਆਂ ਦੀ ਕੀਤੀ ਜਾਂਦੀ ਲੁੱਟ ਸੰਬੰਧੀ ਵਰਨਣ ਵਾਰ-ਵਾਰ ਕੀਤਾ ਸੀ। ਇਸੇ ਤਰ੍ਹਾਂ ਗ਼ਦਰ ਪਾਰਟੀ ਦੇ ਆਗੂਆਂ ਨੇ ਅੰਗਰੇਜ਼ ਸਰਕਾਰ ਦੀ ਭਾਰਤੀਆਂ ਵਿੱਚ ਫੁੱਟ ਪਾਉਣ ਅਤੇ ਧਰਮਾਂ ਦੇ ਨਾਂਅ ’ਤੇ ਫਿਰਕੂ ਨਫ਼ਰਤ ਫੈਲਾਉਣ ਦੀ ਨੀਤੀ ਵਿਰੁੱਧ ਗ਼ਦਰ ਪਾਰਟੀ ਦੀ ਸਥਾਪਨਾ ਸਮੇਂ ਹੀ ਸਾਰੇ ਭਾਰਤੀਆਂ ਦੀ ਇਕਮੁੱਠਤਾ ਦੀ ਲੋੜ ਨੂੰ ਧਿਆਨ ਵਿੱਚ ਰੱਖ ਕੇ ਅੰਗਰੇਜ਼ ਸਰਕਾਰ ਨੂੰ ਹਾਰ ਦੇਣ ਲਈ ਫੈਸਲਾ ਕੀਤਾ ਸੀ ਕਿ ਗਦਰ ਪਾਰਟੀ ਧਰਮ ਨਿਰਪੱਖ ਪਾਰਟੀ ਹੋਵੇਗੀ। ਇਸੇ ਤਰ੍ਹਾਂ ਸੁਭਾਸ਼ ਚੰਦਰ ਬੋਸ ਨੇ 1947 ਇਕ ਲੇਖ ਵਿੱਚ ਕਿਹਾ ਸੀ, “ਅਜ਼ਾਦੀ ਪ੍ਰਾਪਤੀ ਉਪਰੰਤ ਹਰ ਭਾਰਤੀ ਨਾਗਰਿਕ ਅਤੇ ਉਸ ਦੇ ਸਮਾਜਿਕ ਵਰਗ ਨੂੰ ਸੰਪੂਰਨ ਧਾਰਮਿਕ ਅਤੇ ਸੱਭਿਆਚਾਰਕ ਆਜ਼ਾਦੀ ਹੋਵੇਗੀ, ਪਰ ਕੋਈ ਵੀ ਧਰਮ ਸਰਕਾਰੀ ਧਰਮ ਨਹੀਂ ਹੋਵੇਗਾ। ਜਦੋਂ ਹਰ ਇੱਕ ਵਿਅਕਤੀ ਨੂੰ ਰੁਜ਼ਗਾਰ, ਭੋਜਨ, ਸਿੱਖਿਆ ਪ੍ਰਾਪਤ ਹੋਵੇਗੀ। ਧਾਰਮਿਕ ਅਤੇ ਸੱਭਿਆਚਾਰਕ ਬਰਾਬਰੀ ਪ੍ਰਾਪਤ ਹੋਵੇਗੀ ਤਾਂ ਬਹੁਤ ਗਿਣਤੀ ਅਤੇ ਘੱਟ-ਗਿਣਤੀ ਵਰਗਾਂ ਵਾਲੀ ਕੋਈ ਸਮੱਸਿਆ ਹੀ ਨਹੀਂ ਰਹੇਗੀ।” ਇਸੇ ਤਰ੍ਹਾਂ ਗਦਰ ਪਾਰਟੀ ਦਾ ਸੰਕਲਪ ਸੀ ਕਿ ਅਜ਼ਾਦੀ ਪ੍ਰਾਪਤੀ ਉਪਰੰਤ ਭਾਰਤ ਵਿੱਚ ਅਜਿਹੀ ਨੀਤੀ ਹੋਵੇਗੀ ਕਿ “ਨਵਾਂ ਰੂਪ ਰਚਨਾ ਹਿੰਦ ਦੇ ਸਮਾਜ ਦਾ ਤੁਖਮ ਮਿਟਾਉਣਾ ਜ਼ੁਲਮ ਦੇ ਰਾਜ ਦਾ” ਸ਼ਹੀਦ ਭਗਤ ਸਿੰਘ ਅਤੇ ਸਾਥੀਆਂ ਦਾ ਜ਼ੋਰਦਾਰ ਨਾਅਰਾ ਸੀ, “ਇਨਕਲਾਬ ਜ਼ਿੰਦਾਬਾਦ, ਸਾਮਰਾਜਵਾਦ ਮੁਰਦਾਬਾਦ ਅਤੇ ਸਮਾਜਵਾਦ ਜ਼ਿੰਦਾਬਾਦ”। ਜਿਸ ਅਨੁਸਾਰ ਭਾਰਤ ਵਿੱਚ ਸਮਾਜਵਾਦੀ ਪ੍ਰਬੰਧ ਦੀ ਸਥਾਪਨਾ ਜਿਸ ਵਿੱਚ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਸੰਭਵ ਹੀ ਨਾ ਹੋ ਸਕੇ। ਇਹ ਕੁਝ ਸੰਕੇਤਕ ਹਵਾਲਾ ਉਦਾਹਰਣਾਂ ਦੱਸਦੀਆਂ ਹਨ ਕਿ ਆਜ਼ਾਦੀ ਪ੍ਰਾਪਤੀ ਸੰਗਰਾਮ ਸਮੇਂ ਹੀ ਸੰਜੀਦਾ ਦੇਸ਼ ਭਗਤ ਆਗੂਆਂ ਨੇ ਭਾਰਤ ਦੀ ਕੌਮੀ ਉਸਾਰੀ ਸੰਬੰਧੀ ਸੁਪਨੇ ਚਿਤਵੇ ਸਨ।



ਆਜ਼ਾਦੀ ਪ੍ਰਾਪਤੀ ਅਤੇ ਭਾਰਤੀ ਸੰਵਿਧਾਨ ਲਾਗੂ ਹੋਣ ਉਪਰੰਤ ਭਾਰਤੀ ਕੌਮੀ ਉਸਾਰੀ ਅਤੇ ਨੀਤੀਆਂ ਸੰਬੰਧੀ ਪੰਜ ਸਾਲਾ ਯੋਜਨਾਵਾਂ ਅਧਾਰਤ ਯੋਜਨਾਬੰਦ ਵਿਕਾਸ ਜਿਸ ਦਾ ਅਧਾਰ ਸੁਭਾਸ਼ ਚੰਦਰ ਬੋਸ ਨੇ 1938 ਵਿੱਚ ਹੀ ਜਦੋਂ ਉਹ ਕਾਂਗਰਸ ਦੇ ਕੌਮੀ ਪ੍ਰਧਾਨ ਸਨ, ਨੇ ਇੱਕ ਯੋਜਨਾ ਕਮੇਟੀ ਬਣਾ ਕੇ ਅਗਵਾਈ ਦਿੱਤੀ ਸੀ, ਦਾ ਆਰੰਭ ਕੀਤਾ ਗਿਆ। ਇਨ੍ਹਾਂ ਯੋਜਨਾਵਾਂ ਨੇ ਸੇਧ ਦੇਣ ਲਈ ਭਾਰਤੀ ਸੰਵਿਧਾਨ ਦੇ ਨਿਰਦੇਸ਼ਕ ਸਿਧਾਂਤਾਂ ਨੂੰ ਯੋਜਨਾ ਕਮਿਸ਼ਨ ਦੀਆਂ ਹਵਾਲਾ ਸ਼ਰਤਾਂ ਦਾ ਅਧਾਰ ਬਣਾਇਆ ਗਿਆ ਸੀ। ਪਹਿਲੀਆਂ ਤਿੰਨ-ਚਾਰ ਯੋਜਨਾਵਾਂ ਅਧੀਨ ਭਾਰਤੀ ਉਸਾਰੀ ਵਿੱਚ ਮਹੱਤਵਪੂਰਨ ਸਿੱਟੇ ਨਿਕਲੇ, ਜਦੋਂ ਕੁਝ ਵੱਡੇ ਸਨਅਤੀ ਜਨਤਕ ਅਦਾਰੇ, ਉੱਚ ਪੱਧਰੀ ਵਿੱਦਿਅਕ ਸੰਸਥਾਵਾਂ, ਸਥਾਪਤ ਹੋਈਆਂ, ਭਾਖੜਾ ਵਰਗੇ ਉਸਾਰੇ ਗਏ, ਉੱਚ ਪੱਧਰੀ ਗੁਣਾਤਮਕ ਖੋਜ ਸੰਸਥਾਵਾਂ ਖੇਤੀ ਅਤੇ ਪ੍ਰਮਾਣੂ ਖੇਤਰਾਂ ਵਿੱਚ ਸਥਾਪਤ ਹੋਈਆਂ। ਇਨ੍ਹਾਂ ਦੇ ਸਿੱਟੇ ਵਜੋਂ ਰੁਜ਼ਗਾਰ ਦੇ ਵੱਡੇ ਸਾਧਨ ਵੀ ਪੈਦਾ ਹੋਏ। ਤਤਕਾਲੀ ਅਤੇ ਉਸ ਤੋਂ ਪਿੱਛੋਂ ਦੀਆਂ ਪ੍ਰੈੱਸ ਦੀਆਂ ਰਿਪੋਰਟਾਂ ਦੱਸਦੀਆ ਹਨ ਕਿ 1980ਵਿਆਂ ਤੱਕ ਭਾਰਤ ਵਿੱਚ ਅੰਗਰੇਜ਼ੀ ਰਾਜ ਸਮੇਂ ਦੇ ਚਲੇ ਆਉਂਦੇ ਅਮੀਰ-ਗਰੀਬ ਦੇ ਪਾੜੇ ਵੀ ਕੁਝ ਹੱਦ ਤੱਕ ਘਟੇ ਸਨ। ਭਾਰਤ ਨੇ ਖੇਤੀ ਅਤੇ ਤਕਨੀਕੀ ਖੇਤਰਾਂ ਵਿੱਚ ਵਿਸ਼ੇਸ਼ ਤਰੱਕੀ ਕੀਤੀ, ਅਤੇ ਸੰਸਾਰ ਪੱਧਰ ’ਤੇ ਗੁੱਟ ਨਿਰਲੇਪ ਵਿਦੇਸ਼ੀ ਨੀਤੀ ਕਾਰਨ ਭਾਰਤ ਨੂੰ ਸੰਸਾਰ ਭਰ ਵਿੱਚ ਵਿਕਾਸਸ਼ੀਲ ਦੇਸ਼ਾਂ ਦੇ ਆਗੂ ਵਜੋਂ ਮਾਨਤਾ ਪ੍ਰਾਪਤ ਹੋਈ, ਪਰ ਇਹ ਪ੍ਰਗਤੀ ਦੇ ਹੁੰਦੇ ਹੋਏ ਵੀ ਯੋਜਨਾਵਾਂ ਦਾ ਵਿੱਚੋਂ ਹੀ ਸਾਬੋਤਾਜ ਹੋਣ ਕਾਰਨ ਪੂਰੇ ਬਣਦੇ ਸਿੱਟੇ ਨਾ ਨਿਕਲ ਸਕੇ। 1980ਵਿਆਂ ਵਿੱਚ ਭਾਰਤੀ ਨੀਤੀਆਂ ਵਿੱਚ ਕੁਝ ਤਬਦੀਲੀਆਂ ਹੋਣੀਆਂ ਆਰੰਭ ਹੋਈਆਂ ਅਤੇ 1990-91 ਵਿੱਚ ਅਮਰੀਕੀ ਪ੍ਰਭਾਵ ਵਾਲੇ ਸੰਸਾਰ ਬੈਂਕ ਅਤੇ ਕੌਮਾਂਤਰੀ ਮੁਦਰਾਕੋਸ਼ ਪ੍ਰਭਾਵਤ ਨਵ-ਉਦਾਰਵਾਦੀ ਆਰਥਿਕ ਨੀਤੀਆਂ ਲਾਗੂ ਕੀਤੀਆਂ ਜਾਣ ਲੱਗੀਆਂ। ਜੋ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਅਤੇ ਵਿਵਸਥਾਵਾਂ ਵਾਲੀ ਦਿਸ਼ਾ ਅਨੁਸਾਰ ਨਹੀਂ, ਸਗੋਂ ਖੁੱਲ੍ਹੀ ਮੰਡੀ ਨੂੰ ਪਹਿਲ ਦੇਣ ਵਾਲੀ ਆਰਥਿਕ ਨੀਤੀ ਤੇ ਅਧਾਰਤ ਸਨ ਅਤੇ ਹਨ। ਇਨ੍ਹਾਂ ਨੀਤੀਆਂ ਨੂੰ ਵਿਸ਼ੇਸ਼ ਆਰਥਿਕ ਸੁਧਾਰਾਂ ਦਾ ਨਾਂਅ ਦੇ ਕੇ ਸੰਵਿਧਾਨਕ ਉਦੇਸ਼ਾਂ ਨੂੰ ਤਿਲਾਂਜਲੀ ਹੀ ਦੇ ਦਿੱਤੀ ਗਈ। ਅਸਲ ਵਿੱਚ ਇਸ ਭਾਰਤੀ ਵਿਕਾਸ ਨੂੰ ਖੁੱਲ੍ਹੀ ਮੰਡੀ ਦੇ ਹਿੱਤਾਂ ਅਧੀਨ ਕਰਕੇ ਇਸ ਵਿੱਚ ਸਰਕਾਰੀ ਭੂਮਿਕਾ ਅਤੇ ਸਰਕਾਰੀ ਜਨਤਕ ਅਦਾਰਿਆਂ ਦੀ ਕਾਰਕਰਦਗੀ ਨੂੰ ਘਟਾ ਕੇ ਵੱਡੇ ਵਪਾਰਕ ਘਰਾਣਿਆਂ ਅਤੇ ਵਿਦੇਸ਼ੀ ਬਹੁ-ਕੌਮੀ ਕੰਪਨੀਆਂ ਨੂੰ ਤਰਜੀਹਾਂ ਦੇਣ ਦੀ ਨੀਤੀ ਆਰੰਭ ਕੀਤੀ ਗਈ, ਜਿਸ ਨੂੰ ਸਟਰਕਚਰਲ ਅਡਜਸਮੈਂਟ ਪ੍ਰੋਗਰਾਮ ਦਾ ਨਾਂਅ ਦਿੱਤਾ ਗਿਆ, ਜਿਸ ਅਧੀਨ ਸਰਕਾਰੀ ਵਿਭਾਗਾਂ ਅਤੇ ਜਨਤਕ ਅਦਾਰਿਆਂ ਦਾ ਪ੍ਰਾਈਵੇਟਕਰਨ ਕਰਕੇ ਸਿੱਖਿਆ, ਸਿਹਤ ਸੰਭਾਲ ਵਰਗੇ ਕੌਮੀ ਵਿਕਾਸ ਲਈ ਲੋੜੀਂਦੇ ਮੁਢਲੇ ਖੇਤਰਾਂ ਦੇ ਬੱਜਟ ਵਿੱਚ ਗੰਭੀਰ ਕਟੌਤੀਆਂ ਕਰਕੇ ਅਤੇ ਪਬਲਿਕ ਪ੍ਰਾਈਵੇਟ ਪਾਰਟਨਰਸ਼ਿਪ ਦੇ ਸੰਕਲਪ ਹੇਠ ਇਨ੍ਹਾਂ ਦਾ ਪ੍ਰਾਈਵੇਟ ਕਰਨ ਅਤੇ ਵਪਾਰੀਕਰਨ ਆਰੰਭ ਕੀਤਾ ਗਿਆ। ਇਨ੍ਹਾਂ ਅਤੇ ਹੋਰ ਸਰਕਾਰੀ ਵਿਭਾਗਾਂ ਵਿੱਚ ਮੁਲਾਜ਼ਮਾਂ, ਅਧਿਆਪਕਾ ਦੀਆਂ ਨਿਯੁਕਤੀਆਂ “ਠੇਕਾ ਅਧਾਰਤ” ਨੀਵੀਆਂ ਅਤੇ ਬੱਝਵੀਆਂ ਉਜਰਤਾਂ ’ਤੇ ਕੀਤੀਆਂ ਜਾਣ ਲੱਗੀਆਂ।

(• ਬਾਕੀ ਸਫ਼ਾ 7 ’ਤੇ)

# ਸਿੱਖਿਆ ਤੇ ਰੁਜ਼ਗਾਰ ਪ੍ਰਾਪਤੀ ਦੇ ਸੰਘਰਸ਼ ਨੂੰ ਪ੍ਰਚੰਡ ਕਰਨ ਦਾ ਸੁਨੇਹਾ ਦਿੰਦੀ ਲੜਕੀਆਂ ਦੀ ਸੂਬਾਈ ਕਨਵੈਨਸ਼ਨ ਸਫ਼ਲਤਾਪੂਰਵਕ ਸਮਾਪਤ




**ਮੋਗਾ (ਇਕਬਾਲ ਸਿੰਘ ਖਹਿਰਾ)**

ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵਲੋਂ ਲੜਕੀਆਂ ਲਈ ਸਿੱਖਿਆ ਤੇ ਰੁਜ਼ਗਾਰ ਦੀ ਮਹੱਤਤਾ ਵਿਸ਼ੇ 'ਤੇ ਚੱਲ ਰਹੀ ਦੋ ਰੋਜ਼ਾ ਲੜਕੀਆਂ ਸੂਬਾਈ ਕਨਵੈਨਸ਼ਨ ਉਕਤ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਨੂੰ ਹੋਰ ਪ੍ਰਚੰਡ ਕਰਨ ਦਾ ਸੁਨੇਹਾ ਦਿੰਦੀ ਸਫ਼ਲਤਾਪੂਰਵਕ ਸੰਪੰਨ ਹੋ ਗਈ।ਕਨਵੈਨਸ਼ਨ ਦੇ ਦੂਜੇ ਦਿਨ ਪਹਿਲਾਂ ਸੈਸ਼ਨ ਵਿੱਚ ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਕਾਮਰੇਡ ਜਗਰੂਪ ਸਿੰਘ ਨੇ ਲੜਕੀਆਂ ਨੂੰ ਵਿਸ਼ੇਸ਼ ਤੌਰ 'ਤੇ ਸਿਧਾਂਤਕ ਕਲਾਸ ਦਿੰਦਿਆਂ ਕਿਹਾ ਕਿ ਲੜਕੀਆਂ ਦੀ ਅਸਲ ਆਜ਼ਾਦੀ ਤਾਂ ਹੀ ਪ੍ਰਾਪਤ ਕੀਤੀ ਜਾ ਸਕਦੀ, ਜੇਕਰ ਲੜਕੀਆਂ ਲਈ ਰੁਜ਼ਗਾਰ ਦੀ ਗਰੰਟੀ ਹੋਵੇ।ਉਨ੍ਹਾਂ ਅੱਗੇ ਕਿਹਾ ਕਿ ਔਰਤਾਂ ਕਿਸੇ ਪਿੱਤਰ ਸੱਤਾ ਜਾਂ ਮਰਦ ਪ੍ਰਧਾਨ ਸਮਾਜ ਕਰਕੇ ਗੁਲਾਮ ਨਹੀਂ, ਬਲਕਿ ਸਰਮਾਏਦਾਰੀ ਪ੍ਰਬੰਧ ਅਧੀਨ ਆਰਥਿਕ ਤੌਰ 'ਤੇ ਗੁਲਾਮ ਹੈ ਅਤੇ ਰੁਜ਼ਗਾਰ ਦੀ ਗਾਰੰਟੀ ਹੀ ਔਰਤ ਨੂੰ ਮੁਕਤ ਕਰ ਸਕਦੀ ਹੈ। ਉਨ੍ਹਾਂ ਆਸ ਪ੍ਰਗਟ ਕਰਦਿਆਂ ਕਿਹਾ ਕਿ ਨੌਜਵਾਨਾਂ ਵਿਦਿਆਰਥੀਆਂ ਦਾ ਸਿਧਾਂਤਕ ਪ੍ਰੋਗਰਾਮ ਬਨੇਗਾ ਹੀ ਹਰ ਇਕ ਲਈ ਰੁਜ਼ਗਾਰ ਦੀ ਗਰੰਟੀ ਕਰਦਾ ਹੈ।

ਇਸ ਸਮੇਂ ਸਰਵ ਭਾਰਤ ਨੌਜਵਾਨ ਸਭਾ ਦੀ ਸੂਬਾ ਪ੍ਰਧਾਨ ਕਰਮਵੀਰ ਬੱਧਨੀ ਵੱਲੋਂ ਸੂਬਾ ਪੱਧਰੀ ਨੌਜਵਾਨ ਕੁੜੀਆਂ ਦੀ ਕਮੇਟੀ ਵਾਸਤੇ 19 ਮੈਂਬਰੀ ਕਮੇਟੀ ਦੀ ਪ੍ਰੋਪੋਜਲ ਪੇਸ਼ ਕੀਤੀ ਗਈ।ਜੈਸਿਸ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ।ਇਸ ਕਮੇਟੀ 'ਚੋਂ ਸੂਬਾ ਕਨਵੀਨਰ ਦੀ ਜ਼ਿੰਮੇਵਾਰੀ ਰੇਸ਼ਮ ਮੁਕਤਸਰ ਨੂੰ ਸੌਂਪੀ ਗਈ ਤੇ ਇਸ ਦੇ ਨਾਲ ਹੀ ਸੂਬਾ ਕੋਕਨਵੀਨਰ ਜਸਪ੍ਰੀਤ ਬਧਨੀ ਕੀਰਤੀ ਫ਼ਾਜ਼ਿਲਕਾ ਤੇ ਸ਼ਵਿੰਦਰ ਚੰਡੀਗੜ੍ਹ ਯੂਨੀਵਰਸਿਟੀ ਅਤੇ ਰਜਨੀ ਅੰਮ੍ਰਿਤਸਰ ਨੂੰ ਕੈਸ਼ੀਅਰ ਬਣਾਇਆ ਗਿਆ।ਇਨਕਲਾਬੀ ਨਾਅਰਿਆਂ ਦੀ ਗੂੰਜ ਵਿੱਚ ਕਮੇਟੀ ਪਾਸ ਕੀਤੀ ਗਈ। ਇਸ ਸਮੇਂ ਸਰਵ ਭਾਰਤ ਨੌਜਵਾਨ ਸਭਾ ਦੇ ਕੌਮੀ ਜਨਰਲ ਸਕੱਤਰ ਸੁਖਜਿੰਦਰ ਮਹੇਸਰੀ ਤੇ ਰਾਸ਼ਟਰੀ ਕੌਂਸਲ ਮੈਂਬਰ ਅਮੁੱਥਾ ਜੈਦੀਪ ਨੇ ਪੰਜਾਬ ਦੀ ਕਮੇਟੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਦੇਸ਼ 'ਚੋਂ ਪਹਿਲਾ ਸੂਬਾ ਹੈ, ਜਿਸ ਨੇ ਆਪਣੀ ਕੁੜੀਆਂ ਦੀ ਕਮੇਟੀ ਬਣਾਈ ਹੈ। ਉਮੀਦ ਕਰਦੇ ਹਾਂ ਕਿ ਆਉਣ ਵਾਲੇ ਟਾਈਮ ਦੇ ਵਿੱਚ ਇਹ ਕਮੇਟੀ ਸਿੱਖਿਆ ਰੁਜ਼ਗਾਰ ਸਿਹਤ ਸਹੂਲਤਾਂ ਖੇਡਾਂ ਆਦਿ ਮੁੱਦਿਆਂ ਨੂੰ ਲੈ ਕੇ ਸਰਗਰਮੀ ਨਾਲ ਕੰਮ ਕਰੇਗੀ ਅਤੇ ਪੰਜਾਬ ਵਿੱਚ ਇੱਕ ਵੱਖਰੀ ਤਰ੍ਹਾਂ ਦੀ ਨਿਰੋਲ ਕੁੜੀਆਂ ਦੀ ਜਥੇਬੰਦੀ ਦੇ ਤੌਰ 'ਤੇ ਵਿਚਰੇਗੀ।

ਨਵੀਂ ਚੁਣੀ ਕਮੇਟੀ ਵੱਲੋਂ ਐਲਾਨ ਕੀਤਾ ਗਿਆ ਕਿ ਅੰਤਰਰਾਸ਼ਟਰੀ ਔਰਤ ਦਿਹਾੜਾ ਪੰਜਾਬ ਪੱਧਰੀ ਨਿਰੋਲ ਨੌਜਵਾਨ ਵਿਦਿਆਰਥੀ ਕੁੜੀਆਂ ਦਾ ਇਕੱਠ ਕਰਕੇ ਮਨਾਇਆ ਜਾਵੇਗਾ, ਜਿਸ ਦੀਆਂ ਤਿਆਰੀਆਂ ਕੱਲ੍ਹ ਤੋਂ ਹੀ ਸ਼ੁਰੂ ਕੀਤੀਆਂ ਗਈਆਂ ਹਨ। ਜਥੇਬੰਦੀਆਂ ਵੱਲੋਂ ਡਿਊਟੀਆਂ ਲਾਈਆਂ ਗਈਆਂ ਕਿ ਪੰਜਾਬ ਦੇ ਲਗਭਗ 11 ਜ਼ਿਲਿਆਂ 'ਚ ਸਰਗਰਮੀ ਕਰਦਿਆਂ ਨਿਰੋਲ ਕੁੜੀਆਂ ਦੇ ਯੂਨਿਟ ਸਥਾਪਤ ਕੀਤੇ ਜਾਣਗੇ।

ਉਨ੍ਹਾਂ ਦੀ ਮੈਂਬਰਸ਼ਿਪ ਕਰਦਿਆਂ ਸਿੱਖਿਆ, ਰੁਜ਼ਗਾਰ,ਸਿਹਤ ਸਹੂਲਤਾਂ, ਖੇਡਾਂ ਆਦਿ ਮੁੱਦਿਆਂ ਉੱਤੇ ਗੱਲਬਾਤ ਕੀਤੀ ਜਾਵੇਗੀ ਤੇ 8 ਮਾਰਚ ਕੌਮਾਂਤਰੀ ਔਰਤ ਦਿਹਾੜੇ ਨੂੰ ਵੱਡੀ ਪੱਧਰ 'ਤੇ ਨੌਜਵਾਨ ਵਿਦਿਆਰਥੀ ਲੜਕੀਆਂ ਦਾ ਇਕੱਠ ਕਰਕੇ ਮਨਾਇਆ ਜਾਵੇਗਾ।ਇਸ ਸਮੇਂ ਸਰਵ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸ਼ੰਗਾਰਾਏ, ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂ ਵਾਲਾ, ਸਰਵ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰੇਤ ਮੈਂਬਰ ਜਗਵਿੰਦਰ ਕਾਕਾ, ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦੇ ਜ਼ਿਲ੍ਹਾ ਸਕੱਤਰ ਸਵਰਾਜ ਖੋਸਾ, ਜ਼ਿਲ੍ਹਾ ਸੀਨੀਅਰ ਮੀਤ ਸਕੱਤਰ ਬੋਹੜ ਬੁੱਟਰ, ਗਿਮਪਲ ਮੁਕਤਸਰ, ਪੂਜਾ ਮੋਗਾ, ਰਜਨੀ ਅੰਮ੍ਰਿਤਸਰ, ਗਗਨਦੀਪ ਕੌਰ ਫਰੀਦਕੋਟ, ਰਾਜਦੀਪ ਕੌਰ, ਰੁਪਿੰਦਰ ਕੌਰ, ਪਰਮਜੀਤ ਕੌਰ ਫਿਰੋਜ਼ਪੁਰ, ਪੂਜਾ ਰਾਣੀ ਫਿਰੋਜ਼ਪੁਰ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨੇ 'ਆਪ' 'ਤੇ ਖੜ੍ਹੇ ਕੀਤੇ ਸਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਇੰਚਾਰਜਾਂ ਤੇ ਜ਼ਿਲ੍ਹਾ ਪ੍ਰਧਾਨਾਂ ਨਾਲ ਕੀਤੀ ਮੀਟਿੰਗ ਤੋਂ ਬਾਅਦ ਜ਼ਿਲ੍ਹਾ ਮੋਗਾ 'ਚ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਵੱਲੋਂ ਕੀਤੀ ਗਈ। ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਨੇ ਆਮ ਆਦਮੀ ਪਾਰਟੀ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਹੁਣ ਆਪ ਸਰਕਾਰ ਪਿੰਡਾਂ ਵਿੱਚ ਬਣੇ ਵਾਟਰ ਵਰਕਸ ਦੀਆਂ ਮੋਟਰਾਂ ਦੇ ਬਿਜਲੀ ਬਿੱਲ 15ਵੇਂ ਵਿੱਤ ਕਮਿਸ਼ਨ ਦੀ ਗਰਾਂਟ ਵਿਚੋਂ ਭਰਵਾਉਣਾ ਚਾਹੁੰਦੀ ਹੈ, ਜੋ ਸਿਰੇ ਤੋਂ ਗ਼ਲਤ ਹੈ।ਨਿਹਾਲ ਸਿੰਘ ਭੁੱਲਰ ਨੇ ਸਪੱਸ਼ਟ ਕਿਹਾ ਕਿ ਕੋਈ ਵੀ ਸਰਪੰਚ ਜਾਂ ਪੰਚਾਇਤ ਆਮ ਆਦਮੀ ਪਾਰਟੀ ਦੇ ਦਬਾਅ ਹੇਠ ਆ ਕੇ 15ਵੇਂ ਵਿੱਤ ਕਮਿਸ਼ਨ ਦੀ ਗ੍ਰਾਂਟ ਵਿਚੋਂ ਬਿਜਲੀ ਬਿੱਲ ਨਾ ਭਰੇ।ਉਨ੍ਹਾਂ ਐਲਾਨ ਕੀਤਾ ਕਿ ਜੇ ਕਿਸੇ ਸਰਪੰਚ 'ਤੇ ਜ਼ਬਰਦਸਤੀ ਕੀਤੀ ਗਈ ਤਾਂ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਸਰਪੰਚਾਂ ਦੇ ਨਾਲ ਖੜ੍ਹੀ ਹੋਏਗੀ।ਉਨ੍ਹਾਂ ਦੱਸਿਆ ਕਿ 15ਵੇਂ ਵਿੱਤ ਕਮਿਸ਼ਨ ਦੀ ਗ੍ਰਾਂਟ ਕੇਂਦਰ ਸਰਕਾਰ ਵੱਲੋਂ ਕੇਵਲ ਵਿਕਾਸ ਕਾਰਜਾਂ ਲਈ ਦਿੱਤੀ ਜਾਂਦੀ ਹੈ।ਜੇਕਰ ਇਸ ਦੀ ਦੁਰਵਰਤੋਂ ਕੀਤੀ ਗਈ ਤਾਂ ਆਉਣ ਵਾਲੇ ਸਮੇਂ 'ਚ ਪੰਚਾਇਤਾਂ ਨੂੰ ਭਾਰੀ ਨੁਕਸਾਨ ਝੱਲਣਾ ਪਵੇਗਾ ਤੇ ਉਸਦਾ ਖਮਿਆਜ਼ਾ ਵੀ ਪੰਚਾਇਤਾਂ ਨੂੰ ਹੀ ਭੁਗਤਣਾ ਪਵੇਗਾ।ਪਾਰਟੀ ਦੀ ਮਜਬੂਤੀ ਬਾਰੇ ਗੱਲ ਕਰਦਿਆਂ ਨਿਹਾਲ ਸਿੰਘ ਭੁੱਲਰ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਭਾਰੀ ਬਹੁਮਤ ਨਾਲ ਸਰਕਾਰ ਬਣਾਏਗਾ।ਉਨ੍ਹਾਂ ਦੱਸਿਆ ਕਿ ਪਾਰਟੀ ਵੱਲੋਂ ਬੂਥ ਲੈਵਲ ਤੱਕ ਕਮੇਟੀਆਂ ਪੂਰੀ ਤਰ੍ਹਾਂ ਸਥਾਪਤ ਕੀਤੀਆਂ ਜਾ ਚੁੱਕੀਆਂ ਹਨ ਤੇ ਹੁਣ ਹਰ ਹਲਕੇ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਵਿਸ਼ਾਲ ਰੈਲੀਆਂ ਕਰਕੇ ਲੋਕਾਂ ਨੂੰ ਲਾਮੰਦ ਕੀਤਾ ਜਾਵੇਗਾ।

# ਦਿੱਲੀ ਕਿਸਾਨ ਅੰਦੋਲਨ 'ਚ ਸ਼ਹੀਦ ਹੋਏ ਕਿਸਾਨ/ਮਜ਼ਦੂਰਾਂ ਦੇ ਵਾਰਸ ਅੱਜ ਦੇਣਗੇ ਸਰਕਾਰ ਨੂੰ ਮੰਗ ਪੱਤਰ : ਆਗੂ



**ਮਾਨਸਾ (ਆਤਮਾ ਸਿੰਘ ਪਮਾਰ)**

ਕਿਸਾਨੀ ਸੰਘਰਸ਼ ਪੀੜਤ ਐਕਸ਼ਨ ਕਮੇਟੀ ਮਾਨਸਾ ਵੱਲੋਂ ਸਥਾਨਕ ਬਾਲ ਭਵਨ ਵਿਖੇ ਬੱਲਮ ਸਿੰਘ ਅੱਕਾਂਵਾਲੀ ਦੀ ਪ੍ਰਧਾਨਗੀ ਹੇਠ ਇੱਕ ਮੀਟਿੰਗ ਹੋਈ। ਮੀਟਿੰਗ 'ਚ ਦਿੱਲੀ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਨੌਕਰੀਆਂ ਤੇ ਮੁਆਵਜ਼ੇ ਤੋਂ ਵਾਂਝੇ ਰਹਿ ਗਏ ਕਿਸਾਨਾਂ/ਮਜ਼ਦੂਰਾਂ ਦੇ ਵਾਰਸਾਂ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ।ਮੀਟਿੰਗ ਦੌਰਾਨ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿੱਲੀ ਸੰਘਰਸ਼ ਦੌਰਾਨ ਸ਼ਹੀਦੀਆਂ ਪ੍ਰਾਪਤ ਕਰਨ ਵਾਲੇ ਕਿਸਾਨਾਂ/ਮਜ਼ਦੂਰਾਂ ਦੇ ਵਾਰਸਾਂ ਨੂੰ 5 ਲੱਖ ਰੁਪਏ ਦੀ ਵਿੱਤੀ ਸਹਾਇਤਾ ਤੇ ਪਰਵਾਰ ਦੇ ਇੱਕ ਮੈਂਬਰ ਨੂੰ ਪੱਕੀ ਸਰਕਾਰੀ ਨੌਕਰੀ ਦੇਣ ਸਬੰਧੀ ਵਾਅਦਾ ਵੀ ਕੀਤਾ ਗਿਆ ਸੀ, ਜਿਸ ਤਹਿਤ ਪਰਵਾਰਾਂ ਨੂੰ ਮੁਆਵਜ਼ੇ ਦਿੱਤੇ ਜਾ ਚੁੱਕੇ ਹਨ, ਪਰ ਨੌਕਰੀਆਂ ਨਹੀਂ ਦਿੱਤੀਆਂ ਗਈਅਂ ਤੇ ਕੁੱਝ ਪਰਵਾਰਾਂ ਨੂੰ ਹਾਲੇ ਤੱਕ ਮੁਆਵਜ਼ੇ ਵੀ ਨਹੀਂ ਦਿੱਤੇ ਗਏ, ਜਦੋਂਕਿ ਇਸ ਸਬੰਧੀ ਡਿਪਟੀ ਕਮਿਸ਼ਨਰ ਦਫਤਰਾਂ ਵੱਲੋਂ ਕਾਰਵਾਈ ਕਰਕੇ ਕੇਸ ਸਰਕਾਰ ਤੱਕ ਪੁੱਜਦੇ ਵੀ ਕੀਤੇ ਜਾ ਚੁੱਕੇ ਹਨ, ਜਿਸ ਦੇ ਰੋਸ ਵਜੋਂ ਪੂਰੇ ਪੰਜਾਬ ਵਿੱਚ ਨੌਕਰੀਓਂ ਤੇ ਮੁਆਵਜ਼ੇ ਤੋਂ ਵਾਂਝੇ ਰਹਿੰਦੇ ਵਾਰਸਾਂ ਵੱਲੋਂ ਆਪਣੇ ਹਲਕਿਆਂ ਦੇ ਐੱਮ.ਐੱਲ.ਏ. ਰਾਹੀਂ/ਡਿਪਟੀ ਕਮਿਸ਼ਨਰ ਦਫਤਰਾਂ ਰਾਹੀਂ ਅਤੇ ਸੂਬਾ ਇਕਾਈ ਰਾਹੀਂ ਸਰਕਾਰ ਪਾਸ ਆਪਣੀ ਮੰਗ ਭੇਜੀ ਜਾ ਰਹੀ ਹੈ।ਪ੍ਰੰਤੂ ਸਰਕਾਰ ਵੱਲੋਂ ਇਨ੍ਹਾਂ ਰਹਿੰਦੇ ਕੇਸਾਂ ਵੱਲ ਬਿਲਕੁਲ ਵੀ ਧਿਆਨ ਨਹੀਂ ਦਿੱਤਾ ਜਾ ਰਿਹਾ ਅਤੇ ਪੀੜਤ ਵਾਰਸ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹਨ।

ਜੇਕਰ ਸਰਕਾਰ ਵੱਲੋਂ ਰਹਿੰਦੇ ਸਮੇਂ ਦੇ ਅੰਦਰ ਅੰਦਰ ਆਪਣੀਆਂ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾਂਦੀਆਂ ਤਾਂ ਸਰਕਾਰ ਨਾਲ ਸੰਘਰਸ਼ ਕਰਨ ਤੋਂ ਵੀ ਪਿੱਛੇ ਨਹੀਂ ਹਟਾਂਗੇ।ਇਸ ਦੇ ਨਾਲ ਹੀ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਮੇਜਰ ਸਿੰਘ ਦੂਲੋਵਾਲ ਵੱਲੋਂ ਪੀੜਤ ਪਰਵਾਰਾਂ ਨੂੰ 26 ਜਨਵਰੀ ਨੂੰ ਸਵੇਰੇ 11 ਵਜੇ ਬਾਲ ਭਵਨ ਮਾਨਸਾ ਵਿਖੇ ਪੁਹੰਚਣ ਦੀ ਅਪੀਲ ਵੀ ਕੀਤੀ ਗਈ ਤਾਂ ਜੋ ਗਣਤੰਤਰ ਦਿਵਸ ਮੌਕੇ ਝੰਡੇ ਦੀ ਰਸਮ ਅਦਾ ਕਰਨ ਵਾਲੀ ਸ਼ਖਤੀਅਤ ਨੂੰ ਮਿਲ ਕੇ ਮੰਗ ਪੱਤਰ ਦਿੱਤਾ ਜਾ ਸਕੇ। ਇਸ ਮੀਟਿੰਗ ਵਿੱਚ ਅੰਦੋਲਨ ਦੇ ਸ਼ਹੀਦਾਂ ਦੇ ਵਾਰਸ ਰਾਮ ਸਿੰਘ ਬੋੜਾਵਾਲ, ਗੁਰਪ੍ਰੀਤ ਸਿੰਘ ਬਹਾਦਰਪੁਰ, ਰਾਮਜੀਤ ਸਿੰਘ ਦੋਦੜਾ, ਮਨਜੀਤ ਸਿੰਘ ਰੱਲਾ, ਮਨਜੀਤ ਕੌਰ ਲਖਮੀਰਵਾਲਾ, ਇੰਦਰਜੀਤ ਸਿੰਘ ਮਾਨਸਾ, ਅਤੇ ਜਮਹੂਰੀ ਕਿਸਾਨ ਸਭਾ ਰਣਵੀਰ ਸਿੰਘ ਸੇਖੂਪੁਰ ਖੁਡਾਲ ਹਾਜ਼ਰ ਹੋਏ।

## ਕਾਤਰਾਂ

### ਨਾਬਾਲਿਗਾ ਨੂੰ ਵਰਗਲਾ ਕੇ ਲਿਜਾਣ ਦੇ ਦੋਸ਼ 'ਚ ਨੌਜਵਾਨ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਲਾਂਵਾਲਾ ਵਿਖੇ ਇਕ ਨਾਬਾਲਿਗ ਲੜਕੀ ਨੂੰ ਵਰਗਲਾ ਕੇ ਲਿਜਾਣ ਦੇ ਦੋਸ਼ ਵਿੱਚ ਥਾਣਾ ਮੱਲਾਂਵਾਲਾ ਪੁਲਸ ਨੇ ਇੱਕ ਨੌਜਵਾਨ ਖਿਲਾਫ 137 (2), 87 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਾਬਾਲਿਗ ਲੜਕੀ ਦੇ ਪਿਤਾ ਨੇ ਦੱਸਿਆ ਕਿ ਉਸ ਦੀ ਨਾਬਾਲਿਗ ਲੜਕੀ 11 ਜਮਾਤ ਵਿੱਚ ਪੜ੍ਹਦੀ ਸੀ, ਜਿਸ ਨੂੰ ਅੰਗਰੇਜ਼ ਸਿੰਘ ਪੁੱਤਰ ਵੀਰੂ ਉਰਫ ਗੋਗਾ ਵਰਗਲਾ ਕੇ ਕਿਤੇ ਲੈ ਗਿਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਖਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਨੌਜਵਾਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਹੈਰੋਇਨ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 6 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਕੰਵਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਜਦ ਗਸ਼ਤ ਦੇ ਸਬੰਧ ਵਿੱਚ ਚੌਕ ਚੁੰਗੀ ਨੰਬਰ 7 ਫਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਕਰਿਸ਼ ਉਰਫ ਸੰਮਨ ਪੁੱਤਰ ਅਮਨਦੀਪ ਸਿੰਘ ਵਾਸੀ ਬੋਹੜ ਵਾਲੀ ਗਲੀ ਬਸਤੀ ਭੱਟੀਆਂ ਵਾਲੀ ਫਿਰੋਜ਼ਪੁਰ ਸ਼ਹਿਰ ਹੈਰੋਇਨ ਵੇਚਣ ਦਾ ਆਦੀ ਹੈ, ਜੋ ਇਸ ਵਕਤ ਸ਼ਮਸ਼ਾਨਘਾਟ ਰੋਡ 'ਤੇ ਝਾੜੀਆਂ ਪਾਸ ਹੈਰੋਇਨ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ 'ਤੇ ਛਾਪੇਮਾਰੀ ਕਰਕੇ ਉਸ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਕੀਤੀ। ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਦਸਮੇਸ਼ ਮਿਸ਼ਨ ਸਕੂਲ ਨੇ ਵੋਟਰ ਦਿਵਸ ਮਨਾਇਆ

**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਰਾਸ਼ਟਰੀ ਵੋਟਰ ਦਿਵਸ ਮਨਾਇਆ ਗਿਆ, ਜਿਸ ਵਿੱਚ ਐੱਨ.ਐੱਸ.ਐੱਸ. ਯੂਨਿਟ ਦੇ ਵਲੰਟੀਅਰਾਂ ਨੇ ਭਾਗ ਲਿਆ।ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਲੋਕਤੰਤਰੀ ਪ੍ਰਣਾਲੀ ਵਿੱਚ ਵੋਟ ਦੇ ਮਹੱਤਵ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਇਸ ਦੌਰਾਨ ਵਿਦਿਆਰਥੀਆਂ ਦੁਆਰਾ ਵੋਟਰ ਦਿਵਸ ਦੇ ਸਬੰਧ ਵਿੱਚ ਕਵਿਤਾਵਾਂ, ਭਾਸ਼ਣ ਤੇ ਚਾਰਟ ਮੇਕਿੰਗ ਮੁਕਾਬਲੇ ਕਰਵਾਏ ਗਏ।ਇਸ ਉਪਰੰਤ ਵਲੰਟੀਅਰਾਂ ਨੂੰ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਨ ਲਈ ਸਹੁੰ ਚੁੱਕਵਾਈ ਗਈ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰ. ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ, ਸਕੂਲ ਪ੍ਰਿੰਸੀਪਲ ਸੋਮਾ ਦੇਵੀ, ਐੱਨ.ਐੱਸ.ਐੱਸ. ਪ੍ਰੋਗਰਾਮ ਅਫਸਰ ਸ਼ਮਿੰਦਰ ਕੌਰ ਤੇ ਹੋਰ ਸਕੂਲ ਸਟਾਫ ਹਾਜ਼ਰ ਸੀ।

# ਕਰੰਟ ਲੱਗਣ ਨਾਲ ਮੀਟਰ ਰੀਡਰ ਦੀ ਮੌਤ, ਦੋ ਗੰਭੀਰ ਜ਼ਖ਼ਮੀ

*ਗੁਰਮ ਫ਼ੀਡਰ ਨੂੰ ਚਲਾਉਂਦੇ ਸਮੇਂ ਵਾਪਰਿਆ ਹਾਦਸਾ*



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮਹਿਲ ਕਲਾਂ ਹਲਕੇ ਦੇ ਅਧੀਨ ਪੈਂਦੇ 66 ਕੇ.ਵੀ. ਗਰਿੱਡ ਸਬ-ਸਟੇਸ਼ਨ ਠੁੱਲੀਵਾਲ (ਬਰਨਾਲਾ) ਵਿਖੇ ਬੀਤੀ ਰਾਤ ਬਿਜਲੀ ਸਪਲਾਈ ਬਹਾਲ ਕਰਨ ਦੀ ਕੋਸ਼ਿਸ਼ ਦੌਰਾਨ ਵਾਪਰੇ ਇੱਕ ਹਾਦਸੇ ਵਿੱਚ ਬਿਜਲੀ ਮਹਿਕਮੇ ਦੇ ਇੱਕ ਮੁਲਾਜ਼ਮ ਦੀ ਜਾਨ ਚਲੀ ਗਈ ਤੇ ਦੋ ਹੋਰ ਕਰਮਚਾਰੀ ਗੰਭੀਰ ਜ਼ਖ਼ਮੀਂ ਹੋ ਗਏ।ਪ੍ਰਾਪਤ ਵੇਰਵਿਆਂ ਅਨੁਸਾਰ, ਇਹ ਹਾਦਸਾ ਦੇਰ ਰਾਤ ਉਸ ਸਮੇਂ ਵਾਪਰਿਆ, ਜਦੋਂ ਡਿਊਟੀ 'ਤੇ ਤਾਇਨਾਤ ਕਰਮਚਾਰੀ ਪਿੰਡ ਹਮੀਦੀ ਤੇ ਗੁਰਮ ਦੇ ਫੀਡਰ ਨੂੰ ਚਲਾਉਣ ਦੀ ਕੋਸ਼ਿਸ਼ ਕਰ ਰਹੇ ਸਨ।ਇਸੇ ਦੌਰਾਨ ਅਚਾਨਕ ਕਰੰਟ ਆਉਣ ਕਾਰਨ ਉੱਥੇ ਮੌਜੂਦ ਤਿੰਨ ਮੁਲਾਜ਼ਮ ਬੁਰੀ ਤਰ੍ਹਾਂ ਇਸ ਦੀ ਲਪੇਟ ਵਿੱਚ ਆ ਗਏ, ਜਿਨ੍ਹਾਂ 'ਚੋਂ ਮੀਟਰ ਰੀਡਰ ਮਲਕੀਤ ਸਿੰਘ (56 ਸਾਲ) ਵਾਸੀ ਪਿੰਡ ਛੀਨੀਵਾਲ ਕਲਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਚਮਕੌਰ ਸਿੰਘ (ਸੀ.ਐੱਚ.ਵੀ.) ਵਾਸੀ ਪਿੰਡ ਕੁਰੜ ਤੇ ਡਰਾਈਵਰ ਬੇਅੰਤ ਸਿੰਘ ਵਾਸੀ ਮਾਂਗੇਵਾਲ ਗੰਭੀਰ ਰੂਪ ਵਿੱਚ ਝੁਲਸ ਗਏ।ਜ਼ਖ਼ਮੀਆਂ ਨੂੰ ਪਹਿਲਾਂ ਨੇੜਲੇ ਸਿਹਤ ਕੇਂਦਰ ਲਿਜਾਇਆ ਗਿਆ, ਪਰ ਹਾਲਤ ਨਾਜ਼ੁਕ ਹੋਣ ਕਾਰਨ ਉਨ੍ਹਾਂ ਨੂੰ ਲੁਧਿਆਣਾ ਦੇ ਡੀ.ਐੱਮ.ਸੀ. ਹਸਪਤਾਲ ਰੈਫ਼ਰ ਕਰ ਦਿੱਤਾ ਗਿਆ ਹੈ, ਜਿੱਥੇ ਹਾਲਤ ਸਥਿਰ ਦੱਸੀ ਜਾ ਰਹੀ ਹੈ।ਵਿਭਾਗ ਵੱਲੋਂ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਬਾਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਜ਼ਿਕਰਯੋਗ ਹੈ ਕਿ ਮ੍ਰਿਤਕ ਮਲਕੀਤ ਸਿੰਘ ਛੀਨੀਵਾਲ ਪਿਛਲੇ ਲੰਬੇ ਸਮੇਂ ਤੋਂ ਸਬ-ਡਵੀਜ਼ਨ ਠੁੱਲੀਵਾਲ ਵਿਖੇ ਆਪਣੀਆਂ ਸੇਵਾਵਾਂ ਤਨਦੇਹੀ ਨਾਲ ਨਿਭਾਅ ਰਹੇ ਸਨ।ਇਸ ਦੁੱਖ ਦੀ ਘੜੀ ਵਿੱਚ ਟੀ.ਐੱਸ.ਯੂ. ਸਰਕਲ ਬਰਨਾਲਾ ਦੇ ਪ੍ਰਧਾਨ ਸਤਿੰਦਰ ਪਾਲ ਸਿੰਘ ਜੱਸੜ, ਸਕੱਤਰ ਕੁਲਵੀਰ ਸਿੰਘ ਔਲਖ, ਸਬ-ਡਵੀਜ਼ਨ ਠੁੱਲੀਵਾਲ ਦੇ ਐੱਸ.ਡੀ.ਓ. ਇੰਜੀਨੀਅਰ ਰਵੀ ਪ੍ਰਕਾਸ਼, ਜੇ.ਈ. ਬਲਰਾਜ ਸਿੰਘ, ਹਰਦੇਵ ਸਿੰਘ, ਕਾਂਗਰਸ ਦੇ ਪਰਮਿੰਦਰ ਸਿੰਘ ਸੰਮੀ ਆਦਿ ਨੇ ਮ੍ਰਿਤਕ ਦੇ ਪੀੜਤ ਪਰਿਵਾਰ ਨਾਲ ਹਮਦਰਦੀ ਜ਼ਾਹਰ ਕੀਤੀ ਹੈ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਹਰ ਪਰਵਾਰ ਨੂੰ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਆਜ਼ਾਦੀ ਤੋਂ ਬਾਅਦ ਦੀ ਸਭ ਤੋਂ ਵੱਡੀ ਸਿਹਤ ਯੋਜਨਾ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਕਾਰਡਾਂ ਲਈ ਰਜਿਸਟ੍ਰੇਸ਼ਨ ਕਰਾਉਣ ਲਈ ਵਾਰਡ ਨੰਬਰ 50 ਅਧੀਨ ਪੈਂਦੇ ਪਿੰਡ ਲੰਡੇਕੇ ਵਿੱਚ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਦੀ ਅਗਵਾਈ ਹੇਠ ਇੱਕ ਜਾਗਰੂਕਤਾ ਕੈਂਪ ਲਾਇਆ ਗਿਆ।

ਡਿਪਟੀ ਕਮਿਸ਼ਨਰ ਸਾਗਰ ਸੇਤੀਆ, ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ, ਨਗਰ ਨਿਗਮ ਦੇ ਕੌਂਸਲਰ, ਆਮ ਆਦਮੀ ਪਾਰਟੀ ਦੇ ਵਰਕਰ, ਆਗੂ ਅਤੇ ਵਲੰਟੀਅਰ ਵੱਡੀ ਗਿਣਤੀ ਵਿੱਚ ਵਾਰਡ ਨਿਵਾਸੀਆਂ ਸਮੇਤ ਮੌਜੂਦ ਸਨ।ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਪੰਜਾਬ ਨੂੰ ਇੱਕ ਵਾਰ ਫਿਰ 'ਰੰਗਲਾ ਪੰਜਾਬ' ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ, ਹਰੇਕ ਪਰਵਾਰ ਨੂੰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦਾ ਮੁਫ਼ਤ ਡਾਕਟਰੀ ਇਲਾਜ ਮੁਹੱਈਆ ਕਰਾਇਆ ਜਾਵੇਗਾ, ਜਿਸ ਨਾਲ ਸੂਬੇ ਦੇ ਵਸਨੀਕਾਂ ਨੂੰ ਸਿਹਤ ਸੁਰੱਖਿਆ ਦੇ ਮਹੱਤਵਪੂਰਨ ਲਾਭ ਮਿਲਣਗੇ।

ਉਨ੍ਹਾਂ ਕਿਹਾ ਕਿ ਹਰ ਤਰ੍ਹਾਂ ਦੀ ਬਿਮਾਰੀ ਦਾ ਇਲਾਜ ਕੀਤਾ ਜਾਵੇਗਾ।ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਇਸ ਲੋਕ ਭਲਾਈ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।ਇਸ ਮੌਕੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਜਨਤਕ ਸਿਹਤ ਸੰਭਾਲ ਦੇ ਖੇਤਰ ਵਿੱਚ ਇੱਕ ਇਤਿਹਾਸਕ ਕਦਮ ਚੁੱਕਿਆ ਗਿਆ ਹੈ, ਜਿਸ ਦੇ ਲਾਭ ਪੰਜਾਬ ਦੇ ਹਰ ਘਰ ਤੱਕ ਪਹੁੰਚਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਲੋਕਾਂ ਨੂੰ ਪੂਰੀ ਸੁਰੱਖਿਆ ਪ੍ਰਦਾਨ ਕਰੇਗੀ। ਇਸ ਮੌਕੇ ਵਾਰਡ ਨੰਬਰ 50 ਦੇ ਵਸਨੀਕਾਂ ਅਤੇ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਨੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਡਿਪਟੀ ਕਮਿਸ਼ਨਰ ਸਾਗਰ ਸੇਤੀਆ ਅਤੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ ਦਾ ਸਮਾਗਮ ਵਿੱਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਸ਼ਾਲ ਦੇ ਕੇ ਸਨਮਾਨਤ ਕੀਤਾ।ਲਿਆ।

# ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਜੀਨੀਅਸ ਪ੍ਰੀਖਿਆ



**ਭੀਖੀ (ਗੁਰਿੰਦਰ ਸਿੰਘ ਔਲਖ)**-ਇਲਾਕੇ ਦੀ ਪ੍ਰਸਿੱਧ ਸੰਸਥਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀ.ਬੀ.ਐੱਸ.ਈ. ਭੀਖੀ ਵਿਖੇ ਜੀਨੀਅਸ 2025-26 ਦੇ ਦੂਸਰੇ ਪੜਾਅ ਦੀ ਪ੍ਰੀਖਿਆ ਦਾ ਆਯੋਜਨ ਕੀਤਾ ਗਿਆ।ਵਰਨਣਯੋਗ ਹੈ ਕਿ ਇਸ ਪ੍ਰੀਖਿਆ ਨੂੰ ਨਿਰਵਿਘਨ ਨੇਪਰੇ ਚਾੜ੍ਹਨ ਲਈ ਇਸ ਵਾਰ ਪੂਰੇ ਪੰਜਾਬ ਵਿੱਚ 12 ਪ੍ਰੀਖਿਆ ਕੇਂਦਰ ਬਣਾਏ।ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪ੍ਰੀਖਿਆ ਪ੍ਰਤਿਭਾਸ਼ਾਲੀ ਬੱਚਿਆਂ ਦੇ ਅਕਾਦਮਿਕ ਵਿਕਾਸ ਤੇ ਮੁਕਾਬਲੇ ਦੀ ਭਾਵਨਾ ਤੇ ਵੱਖ-ਵੱਖ ਵਿਸ਼ਿਆਂ ਵਿੱਚ ਨਿਪੁੰਨਤਾ ਦੇ ਹੁਨਰ ਦਾ ਵਿਕਾਸ ਕਰਨ ਲਈ ਸਰਵਹਿੱਤਕਾਰੀ ਸਿੱਖਿਆ ਸੰਮਤੀ ਜਲੰਧਰ, ਪੰਜਾਬ ਵੱਲੋਂ ਹਰ ਸਾਲ ਦੋ ਪੜਾਵਾਂ ਵਿੱਚ ਕਰਵਾਈ ਜਾਂਦੀ ਹੈ।ਇਸ ਪ੍ਰੀਖਿਆ ਦੇ ਦੂਜੇ ਪੜਾਅ ਵਿੱਚੋਂ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਰਵਹਿੱਤਕਾਰੀ ਸਿੱਖਿਆ ਸੰਮਤੀ ਵੱਲੋਂ ਜਲੰਧਰ ਵਿਖੇ ਉਚੇਚੇ ਤੌਰ 'ਤੇ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਜਾਂਦਾ ਹੈ। ਇਸ ਪ੍ਰੀਖਿਆ ਵਿਚ ਗਣਿਤ, ਜੀਵ-ਵਿਗਿਆਨ, ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਲੇਖਾ- ਜੋਖਾ, ਅਰਥ-ਸ਼ਾਸਤਰ, ਵਣਜ, ਸਮਾਜਿਕ ਸਿੱਖਿਆ, ਅੰਗਰੇਜ਼ੀ ਤੇ ਹਿੰਦੀ ਆਦਿ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ ਹੈ।ਇਸ ਪ੍ਰੀਖਿਆ ਵਿੱਚ ਅੱਠਵੀਂ, ਦਸਵੀਂ, ਬਾਰਵੀਂ ਕਾਮਰਸ, ਵਿਗਿਆਨ ਗਰੁੱਪ ਦੇ ਬੱਚੇ ਭਾਗ ਲੈਂਦੇ ਹਨ।ਇਸ ਵਾਰ ਸਥਾਨਕ ਵਿੱਦਿਆ ਮੰਦਰ ਦੇ ਅੱਠਵੀਂ ਜਮਾਤ ਦੇ 17, ਦਸਵੀਂ 27, ਬਾਰਵੀਂ ਕਾਮਰਸ ਗਰੁੱਪ ਦੇ 08 ਤੇ ਵਿਗਿਆਨ ਗਰੁੱਪ ਦੇ 12 ਬੱਚਿਆਂ ਨੇ ਇਸ ਪ੍ਰੀਖਿਆ ਵਿੱਚ ਭਾਗ ਲਿਆ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ, ਵਾਈਸ ਪ੍ਰਿੰਸੀਪਲ ਹਰਸ਼ ਦੇਵ ਤੇ ਸਮੂਹ ਅਧਿਆਪਕਾਂ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

# ਚਾਇਨਾ ਡੋਰ ਕਾਰਨ ਵਾਪਰ ਰਹੀਆਂ ਘਟਨਾਵਾਂ 'ਤੇ ਲਾਈਫ ਲਾਈਨ ਕਲੱਬ ਦੀ ਡੂੰਘੀ ਚਿੰਤਾ, ਸਖ਼ਤ ਕਾਰਵਾਈ ਦੀ ਮੰਗ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਈਫ ਲਾਈਨ ਵੈੱਲਫੇਅਰ ਕਲੱਬ ਬਾਘਾ ਪੁਰਾਣਾ ਤੇ ਸ਼ਹਿਰ ਵਾਸੀਆਂ ਵੱਲੋਂ ਚਾਇਨਾ ਡੋਰ ਦੀ ਵਰਤੋਂ ਕਾਰਨ ਸੂਬੇ ਭਰ ਵਿੱਚ ਵਾਪਰ ਰਹੀਆਂ ਦਰਦਨਾਕ ਘਟਨਾਵਾਂ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਗਈ।ਕਲੱਬ ਦੇ ਅਹੁਦੇਦਾਰਾਂ ਨੇ ਕਿਹਾ ਕਿ ਚਾਇਨਾ ਡੋਰ ਲੋਕਾਂ ਲਈ ਖ਼ਤਰਾ ਬਣ ਚੁੱਕੀ ਹੈ ਤੇ ਹਰ ਸਾਲ ਕਈ ਬੇਗੁਨਾਹ ਲੋਕ ਇਸ ਦਾ ਸ਼ਿਕਾਰ ਹੋ ਰਹੇ ਹਨ।ਉਨ੍ਹਾਂ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚਾਇਨਾ ਡੋਰ ਦੀ ਵਿਕਰੀ ਤੇ ਵਰਤੋਂ ਕਰਨ ਵਾਲਿਆਂ ਖ਼ਿਲਾਫ਼ ਬਿਨਾਂ ਕਿਸੇ ਢਿੱਲ ਦੇ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਅਜਿਹੀਆਂ ਘਟਨਾਵਾਂ 'ਤੇ ਰੋਕ ਲਗਾਈ ਜਾ ਸਕੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲਾਈਫ ਲਾਈਨ ਵੈੱਲਫੇਅਰ ਕਲੱਬ ਦੇ ਪ੍ਰਧਾਨ ਰਮਨਦੀਪ ਅਰੋੜਾ, ਪ੍ਰਵੀਨ ਸੇਤੀਆ, ਤੀਰਥ ਬਾਂਸਲ ਨੇ ਕਿਹਾ ਕਿ ਚਾਇਨਾ ਡੋਰ ਸਿਰਫ਼ ਪਤੰਗ ਉਡਾਉਣ ਦਾ ਸਾਧਨ ਨਹੀਂ ਰਹੀ, ਸਗੋਂ ਇਹ ਮੌਤ ਦਾ ਕਾਰਨ ਬਣ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬੇ ਦੇ ਵੱਖ-ਵੱਖ ਹਿੱਸਿਆਂ 'ਚ ਪੈਦਲ ਯਾਤਰੀ, ਦੁਪਹੀਆ ਵਾਹਨ ਚਲਾਉਣ ਵਾਲੇ ਤੇ ਨੌਜਵਾਨ ਇਸ ਡੋਰ ਨਾਲ ਜ਼ਖ਼ਮੀ ਹੋ ਰਹੇ ਹਨ ਅਤੇ ਕਈ ਮਾਮਲਿਆਂ 'ਚ ਕੀਮਤੀ ਜਾਨਾਂ ਵੀ ਜਾ ਚੁੱਕੀਆਂ ਹਨ, ਜੋ ਕਿ ਬਹੁਤ ਹੀ ਚਿੰਤਾਜਨਕ ਹੈ।ਇਸ ਮੌਕੇ ਸਮਾਜ ਸੇਵੀ ਵਿਜੇ ਸ਼ਰਮਾ ਤੇ ਸਮਾਜ ਸੇਵੀ ਪਵਨ ਗੋਇਲ ਨੇ ਕਿਹਾ ਕਿ ਸਰਕਾਰ ਵੱਲੋਂ ਚਾਇਨਾ ਡੋਰ 'ਤੇ ਪਾਬੰਦੀ ਲਗਾਈ ਹੋਈ ਹੈ, ਪਰ ਇਸ ਦੇ ਬਾਵਜੂਦ ਇਸ ਦੀ ਚੋਰੀ-ਛੁਪੇ ਵਿਕਰੀ ਤੇ ਵਰਤੋਂ ਜਾਰੀ ਹੈ, ਜੋ ਕਿ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕਰਦੀ ਹੈ।ਉਨ੍ਹਾਂ ਮੰਗ ਕੀਤੀ ਕਿ ਚਾਇਨਾ ਡੋਰ ਵੇਚਣ ਵਾਲੇ ਦੁਕਾਨਦਾਰਾਂ ਤੇ ਇਸ ਦੀ ਵਰਤੋਂ ਕਰਨ ਵਾਲਿਆਂ ਦੋਵਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਤਾਂ ਜੋ ਲੋਕਾਂ ਵਿੱਚ ਡਰ ਪੈਦਾ ਹੋਵੇ ਅਤੇ ਉਹ ਇਸ ਤੋਂ ਦੂਰ ਰਹਿਣ। ਹਰਪ੍ਰੀਤ ਘੋਟੂ, ਤੀਰਥ ਐੱਲਆਈਸੀ ਵਾਲੇ, ਵਿਜੇ ਕੁਮਾਰ ਮਿੱਤਲ ਤੇ ਮਨੋਜ ਗੋਇਲ ਨੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਚਾਇਨਾ ਡੋਰ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਤੇ ਉਨ੍ਹਾਂ ਨੂੰ ਇਸ ਦੀ ਵਰਤੋਂ ਤੋਂ ਰੋਕਣ।ਇਸ ਮੌਕੇ ਦਲੀਪ ਕੁਮਾਰ, ਵਿਕਰਮ ਬਾਂਸਲ, ਬਿਰਬਲ ਸ਼ਰਮਾ ਤੇ ਹੋਰ ਹਾਜ਼ਰ ਸਨ।ਸਾਰੇ ਆਗੂਆਂ ਨੇ ਇਕ ਸੁਰ 'ਚ ਮੰਗ ਕੀਤੀ ਕਿ ਚਾਇਨਾ ਡੋਰ ਖ਼ਿਲਾਫ਼ ਤੁਰੰਤ ਤੇ ਪ੍ਰਭਾਵਸ਼ਾਲੀ ਕਾਰਵਾਈ ਕਰ ਕੇ ਲੋਕਾਂ ਦੀਆਂ ਜਾਨਾਂ ਦੀ ਰੱਖਿਆ ਯਕੀਨੀ ਬਣਾਈ ਜਾਵੇ।

# ਮਾਤਾ ਗੁਜਰੀ ਜੀ ਭਲਾਈ ਕੇਂਦਰ ਨੇ ਲੋੜਵੰਦ ਬੱਚਿਆਂ ਦੀ ਭਰੀ ਫ਼ੀਸ

**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਹਰ ਸਾਲ ਦੀ ਤਰ੍ਹਾਂ ਗੁਰੂ ਨਾਨਕ ਕਾਲਜ ਵਿੱਚ ਪਿਛਲੇ ਦਿਨੀਂ ਲੋੜਵੰਦ ਹੁਸ਼ਿਆਰ ਬੱਚਿਆਂ ਦੀ ਫ਼ੀਸ ਭਰੀ ਗਈ।ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਤੇ ਕੁਲਵਿੰਦਰ ਸਿੰਘ ਈ ਓ ਨੇ ਦੱਸਿਆ ਕਿ ਸੰਸਥਾ ਹਰ ਸਾਲ ਲਗਭਗ 2 ਲੱਖ ਰੁਪਏ ਉਨ੍ਹਾਂ ਲੋੜਵੰਦ ਹੁਸ਼ਿਆਰ ਬੱਚਿਆਂ ਦੀ ਫ਼ੀਸ ਭਰਦੀ ਹੈ, ਜਿਨ੍ਹਾਂ ਨੂੰ ਕਿਸੇ ਵੀ ਸਕੀਮ ਰਾਹੀਂ ਸਕਾਲਰਸ਼ਿਪ ਨਹੀਂ ਮਿਲਦੀ।ਅੱਜ 78 ਹਜ਼ਾਰ ਰੁਪਏ ਦਾ ਚੈੱਕ ਸੰਸਥਾ ਮੈਂਬਰਾਂ ਵੱਲੋਂ ਬੱਚਿਆਂ ਦੇ ਨਾਮ ਸਮੇਤ ਗੁਰੂ ਨਾਨਕ ਕਾਲਜ ਬੁਢਲਾਡਾ ਦੇ ਪ੍ਰਿੰਸੀਪਲ ਸਾਹਿਬ ਨੂੰ ਸੌਂਪਿਆ ਗਿਆ।ਉਨ੍ਹਾਂ ਦੱਸਿਆ ਕਿ ਇਸ ਸੈਸ਼ਨ ਦੇ ਮਈ-ਜੂਨ ਵਿੱਚ ਵੀ ਇਸ ਕਾਲਜ ਦੇ ਕੁੱਝ ਬੱਚਿਆਂ ਦੀ ਫ਼ੀਸ ਭਰੀ ਗਈ ਸੀ।ਇਸੇ ਤਰ੍ਹਾਂ ਹੋਰ ਕਾਲਜਾਂ ਵਿੱਚ ਪੜ੍ਹਦੇ ਬੱਚਿਆਂ ਦੀ ਵੀ ਕਾਫ਼ੀ ਫ਼ੀਸ ਭਰੀ ਗਈ ਹੈ।ਦਸਵੀਂ-ਬਾਰਵੀਂ ਦੇ ਵੀ ਲਗਭਗ 15 ਗਰੀਬ ਬੱਚਿਆਂ ਦੀ ਦਾਖ਼ਲਾ ਫ਼ੀਸ ਭਰੀ ਗਈ ਤੇ 200 ਲੋੜਵੰਦ ਪਰਿਵਾਰਾਂ ਦੇ ਪੜ੍ਹਦੇ ਬੱਚਿਆਂ ਨੂੰ ਵੱਡੇ ਪੱਧਰ 'ਤੇ ਸਟੇਸ਼ਨਰੀ ਦਿੱਤੀ ਗਈ ਤਾਂ ਜੋ ਹੁਸ਼ਿਆਰ ਤੇ ਗਰੀਬ ਬੱਚੇ ਵੀ ਪੜ੍ਹ ਕੇ ਆਪਣੇ ਪੈਰਾਂ 'ਤੇ ਖੜੇ ਹੋ ਸਕਣ।ਸਹਿਯੋਗ ਦੇਣ ਵਾਲੇ ਦਾਨੀ ਸੱਜਣਾਂ ਦਾ ਸੰਸਥਾ ਵੱਲੋਂ ਧੰਨਵਾਦ ਕੀਤਾ ਗਿਆ।ਸੰਸਥਾ ਵੱਲੋਂ 8 ਮਾਰਚ ਮਹਿਲਾ ਦਿਵਸ ਮੌਕੇ 13 ਲੋੜਵੰਦ ਬੱਚੀਆਂ ਦੇ ਵਿਆਹ ਵੀ ਕੀਤੇ ਜਾਣਗੇ।ਫੀਸਾਂ ਭਰਨ ਮੌਕੇ ਉਪਰੋਕਤ ਤੋਂ ਇਲਾਵਾ ਪ੍ਰਿੰਸੀਪਲ ਨਰਿੰਦਰ ਸਿੰਘ ਤੇ ਸੰਸਥਾ ਮੈਂਬਰ ਰਜਿੰਦਰ ਵਰਮਾ, ਬਲਬੀਰ ਸਿੰਘ ਕੈਂਥ, ਵਿਜੇ ਕੁਮਾਰ ਗੋਇਲ, ਅਮਨਪ੍ਰੀਤ ਸਿੰਘ ਅਨੇਜਾ, ਨਰੇਸ਼ ਕੁਮਾਰ ਬੰਸੀ, ਸੋਹਣ ਸਿੰਘ, ਮਹਿੰਦਰਪਾਲ ਸਿੰਘ ਆਦਿ ਹਾਜ਼ਰ ਸਨ।



# ਖੇਤ ਮਜ਼ਦੂਰ ਸਭਾ ਵੱਲੋਂ 7 ਨੂੰ ਬਠਿੰਡਾ 'ਚ ਰੋਸ ਮੁਜ਼ਾਹਰਾ ਕਰਨ ਦਾ ਐਲਾਨ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਮੋਦੀ ਸਰਕਾਰ ਵੱਲੋਂ ਪੇਂਡੂ ਗ਼ਰੀਬਾਂ ਦੇ ਰੁਜ਼ਗਾਰ ਖੋਹਣ ਲਈ ਬਣਾਏ ਜਾ ਰਹੇ ਕਾਲੇ ਕਾਨੂੰਨਾਂ, ਪੰਚਾਇਤਾਂ ਤੇ ਗ੍ਰਾਮ ਸਭਾਵਾਂ ਦੇ ਨਰੇਗਾ ਪ੍ਰੋਜੈਕਟ ਬਣਾ ਕੇ ਭੇਜਣ ਦੇ ਹੱਕ ਖੋਹਣ ਤੇ ਨਰੇਗਾ ਮਜ਼ਦੂਰਾਂ ਦੇ ਰੁਜ਼ਗਾਰ ਮੰਗਣ ਦੇ ਹੱਕ ਉੱਤੇ ਡਾਕਾ ਮਾਰਨ ਵਿਰੁੱਧ ਪੰਜਾਬ ਖੇਤ ਮਜ਼ਦੂਰ ਸਭਾ ਦੇ ਅੰਦੋਲਨ ਨੂੰ ਪਿੰਡਾਂ ਵਿੱਚ ਅਥਾਹ ਸਮਰਥਨ ਮਿਲ ਰਿਹਾ ਹੈ।ਤਲਵੰਡੀ ਸਾਬੋ ਤਹਿਸੀਲ ਦੇ ਪਿੰਡਾਂ ਬੰਗੀ ਨਿਹਾਲ ਸਿੰਘ, ਬੰਗੀ ਦੀਪਾ ਤੇ ਬੰਗੀ ਰੁਲਦੂ ਵਿੱਚ ਪੇਂਡੂ ਮਜ਼ਦੂਰਾਂ ਨੇ ਸੱਥਾਂ ਵਿੱਚ ਖਲੋ ਕੇ ਮੋਦੀ ਸਰਕਾਰ ਦੀਆਂ ਇਨ੍ਹਾਂ ਮਜ਼ਦੂਰ ਦੁਸ਼ਮਣ ਕਾਰਵਾਈਆਂ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਅਤੇ ਐਲਾਨ ਕੀਤਾ ਕਿ 7 ਫਰਵਰੀ ਨੂੰ ਬਠਿੰਡਾ ਵਿਖੇ ਜ਼ਬਰਦਸਤ ਰੋਸ ਮੁਜ਼ਾਹਰਾ ਕੀਤਾ ਜਾਵੇਗਾ।ਇਸ ਮੌਕੇ ਸੀਨੀਅਰ ਕਮਿਊਨਿਸਟ ਆਗੂ ਜਗਜੀਤ ਸਿੰਘ ਜੋਗਾ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਨੇ ਦੁਨੀਆ ਦੀ ਸਭ ਤੋਂ ਵੱਡੀ ਰੁਜ਼ਗਾਰ ਯੋਜਨਾ ਨਰੇਗਾ ਦਾ ਗਲਾ ਘੋਟ ਕੇ ਭਾਰਤ ਦੇ 80 ਕਰੋੜ ਗਰੀਬਾਂ ਦੀ ਹੱਤਿਆ ਕੀਤੀ ਹੈ ਅਤੇ ਜੀ ਰਾਮ ਜੀ ਯੋਜਨਾ ਰਾਹੀਂ ਗਰੀਬ ਦੀ ਥਾਲੀ ਵਿੱਚੋਂ ਰੋਟੀ ਖੋਹ ਕੇ ਰਾਮ ਜੀ ਦੇ ਨਾਮ ਨੂੰ ਬਦਨਾਮੀ ਦਿਵਾਈ ਹੈ।ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਸੇਖੂਪੁਰਾ ਨੇ ਦੋਸ਼ ਲਾਏ ਕਿ ਪੰਜਾਬ ਦੀ ਹੁਕਮਰਾਨ ਆਮ ਆਦਮੀ ਪਾਰਟੀ ਨੇ ਹਰ ਔਰਤ ਨੂੰ ਹਜ਼ਾਰ ਰੁਪੈ ਮਹੀਨਾ ਦੇਣ ਤੇ ਪੈਨਸ਼ਨ 1500 ਤੋਂ ਵਧਾ ਕੇ 2500 ਰੁਪੈ ਕਰਨ ਦੇ ਝੂਠੇ ਲਾਰੇ ਲਾ ਕੇ ਵੋਟਾਂ ਲੁੱਟੀਆਂ ਤੇ ਸੱਤਾ ਵਿੱਚ ਆ ਕੇ ਹੱਕ ਮੰਗਦੇ ਲੋਕਾਂ ਨੂੰ ਲੁੱਟਣ, ਕੁੱਟਣ ਤੇ ਜੇਲ੍ਹਾਂ ਵਿੱਚ ਸੁੱਟਣ ਦੇ ਰਾਹ ਪਏ ਹੋਏ ਹਨ।ਇਨ੍ਹਾਂ ਪੇਂਡੂ ਜਨ ਜਾਗਰਣ ਇਕੱਠਾਂ ਵਿੱਚ ਮੰਗ ਕੀਤੀ ਗਈ ਕਿ ਨਰੇਗਾ ਦਾ ਨਵਾਂ ਜੀ ਰਾਮ ਜੀ ਕਾਨੂੰਨ ਵਾਪਸ ਲਿਆ ਜਾਵੇ, ਨਰੇਗਾ ਦੀ ਦਿਹਾੜੀ 700 ਰੁਪੈ ਕੀਤੀ ਜਾਵੇ ਤੇ ਸਾਲ ਵਿੱਚ 200 ਕੰਮ ਦਿਹਾੜੀਆਂ ਦਿੱਤੀਆਂ ਜਾਣ।ਉਨ੍ਹਾਂ ਮੰਗ ਕੀਤੀ ਕਿ ਹਰ ਮਜ਼ਦੂਰ ਤੇ ਕਿਸਾਨ ਨੂੰ 10000 ਰੁਪੈ ਮਹੀਨਾ ਬਿਨਾਂ ਸ਼ਰਤ ਪੈਨਸ਼ਨ ਦਿੱਤੀ ਜਾਵੇ ਤੇ ਔਰਤਾਂ ਨੂੰ ਇੱਕ ਹਜ਼ਾਰ ਰੁਪੈ ਮਹੀਨਾ ਰਸੋਈ ਖ਼ਰਚਾ ਦੇਣ ਦਾ ਵਾਅਦਾ ਪੂਰਾ ਕੀਤਾ ਜਾਵੇ।ਇਸ ਮੌਕੇ ਖੇਤ ਮਜ਼ਦੂਰ ਸਭਾ ਦੇ ਸਥਾਨਕ ਆਗੂ ਚੰਦ ਸਿੰਘ ਬੰਗੀ, ਮਿਠੂ ਸਿੰਘ ਬੰਗੀ, ਜੱਸਾ ਸਿੰਘ ਬੰਗੀ ਰੁਲਦੂ ਤੇ ਜਸਵੰਤ ਸਿੰਘ ਕਾਕਾ ਬੰਗੀ ਦੀਪਾ ਹਾਜ਼ਰ ਸਨ।

# ਫੋਕਲ ਪੁਆਇੰਟ ਦੀਆਂ ਸੜਕਾਂ ਤੇ ਸੀਵਰੇਜ ਸਿਸਟਮ ਦਾ ਮੰਦਾ ਹਾਲ, ਸਟਰੀਟ ਲਾਈਟਾਂ ਗੁੱਲ

**ਇੰਡਸਟਰੀ ਮਾਲਕਾਂ ਨੇ ਮਹਿਕਮੇ ਤੇ ਠੇਕੇਦਾਰ ਦੀ ਕਾਰਜਕਾਰੀ 'ਤੇ ਚੁੱਕੇ ਸਵਾਲ**



**ਨਾਭਾ (ਵਰਿੰਦਰ ਵਰਮਾ)**

ਬੀਤੇ ਦਿਨੀਂ ਹੋਈ ਭਾਰੀ ਬਾਰਿਸ਼ ਕਾਰਨ ਫੋਕਲ ਪੁਆਇੰਟ ਨਾਭਾ ਦੀਆਂ ਸੜਕਾਂ ਦਾ ਬੁਰਾ ਹਾਲ ਹੋਣ ਕਾਰਨ ਜਿੱਥੇ ਇੰਡਸਟੀਲਿਸਟਾਂ ਤੇ ਉੱਥੇ ਕੰਮ ਕਰਨ ਵਾਲੇ ਕਾਮਿਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ, ਉੱਥੇ ਹੀ ਨਵੇਂ ਪਾਏ ਗਏ ਸੀਵਰੇਜ ਸਿਸਟਮ 'ਚ ਖਾਈਆਂ ਪੈਣ ਕਾਰਨ ਵੱਡੀ ਤਾਦਾਦ ਵਿੱਚ ਹੈਵੀ ਗੱਡੀਆਂ, ਕਾਰਾਂ, ਟਰੈਕਟਰ ਵਗੈਰਾ ਧਸਣ ਕਾਰਨ ਵੀ ਇੰਡਸਟਰੀ ਦੇ ਲੋਕ ਬਹੁਤ ਪ੍ਰੇਸ਼ਾਨ ਹਨ।ਇਸ ਮੌਕੇ ਫੋਕਲ ਪੁਆਇੰਟ ਐਸੋਸੀਏਸ਼ਨ ਦੇ ਪ੍ਰਧਾਨ ਅਮਰੀਕ ਸਿੰਘ ਗਿੱਲ ਤੇ ਇੰਡਸਟਰੀਲਿਸਟ ਅਵਤਾਰ ਸਿੰਘ ਨੰਨੜੇ ਨੇ ਕਿਹਾ ਕਿ ਮਹਿਕਮੇ ਦੀ ਤੇ ਠੇਕੇਦਾਰ ਦੀ ਅਣਗਹਿਲੀ ਕਾਰਨ ਪਿਛਲੇ ਛੇ ਮਹੀਨਿਆਂ ਤੋਂ ਫੋਕਲ ਪੁਆਇੰਟ ਦੇ ਇੰਡਸਟਰੀਲਿਸਟਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਪਿਛਲੇ ਛੇ ਮਹੀਨੇ ਤੋਂ ਸਟਰੀਟ ਲਾਈਟਾਂ ਬੰਦ ਪਈਆਂ ਹਨ, ਉੱਥੇ ਹੀ ਸੜਕਾਂ ਦੇ ਆਲੇ ਦੁਆਲੇ ਸੀਵਰੇਜ ਪੈਣ ਤੋਂ ਬਾਅਦ ਠੇਕੇਦਾਰ ਵੱਲੋਂ ਚੰਗੀ ਤਰ੍ਹਾਂ ਮਿੱਟੀ ਪਵਾ ਕੇ ਸਾਫ ਨਹੀਂ ਕੀਤਾ ਗਿਆ ਹੈ, ਜਿਸ ਕਰਕੇ ਕਿ ਮੀਂਹ ਪੈਣ ਕਾਰਨ ਮਿੱਟੀ ਹੇਠਾਂ ਧੱਸ ਗਈ ਤੇ ਸੜਕ ਦੇ ਦੋਵਾਂ ਪਾਸੇ ਦਲਦਲ ਬਣ ਗਈ ਹੈ ਅਤੇ ਮਾਲ ਲੈ ਕੇ ਆਉਣ ਵਾਲੀਆਂ ਗੱਡੀਆਂ ਤੇ ਵਹੀਕਲ ਉਸ ਵਿੱਚ ਧਸ ਜਾਂਦੇ ਹਨ। ਉਨ੍ਹਾਂ ਕਿਹਾ ਕਿ ਕਿਸੇ ਵੇਲੇ ਵੀ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ, ਜਿਸ ਦਾ ਕੌਣ ਜ਼ੁੰਮੇਵਾਰ ਹੋਵੇਗਾ ? ਜਦੋਂ ਇਸ ਸਬੰਧੀ ਸੰਬੰਧਤ ਜੇ ਈ ਗੁਰਪਾਲ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਇਸ ਸਬੰਧੀ ਠੇਕੇਦਾਰ ਨੂੰ ਕਹਿ ਦਿੱਤਾ ਗਿਆ ਹੈ ਤੇ ਉੱਥੇ ਕਰੇਨ ਤੇ ਜੇ ਸੀ ਬੀ ਉਪਲਬਧ ਕਰਾ ਦਿੱਤੀ ਗਈ ਹੈ। ਇਸ ਮਸਲੇ ਨੂੰ ਜਲਦੀ ਹੱਲ ਕਰ ਲਿਆ ਜਾਵੇਗਾ। ਦੂਜੇ ਪਾਸੇ ਫੋਕਲ ਪੁਆਇੰਟ ਐਸੋਸੀਏਸ਼ਨ ਦੇ ਪ੍ਰਧਾਨ ਅਮਰੀਕ ਸਿੰਘ ਨੇ ਕਿਹਾ ਕਿ ਸਾਡੀਆਂ ਮੁਸ਼ਕਲਾਂ ਜਲਦੀ ਹੱਲ ਨਾ ਕੀਤੀਆਂ ਗਈਆਂ ਤਾਂ ਉਹ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੇ ਧਿਆਨ 'ਚ ਲਿਆ ਕੇ ਉੱਪਰ ਤੱਕ ਪਹੁੰਚ ਕਰਨਗੇ, ਜੇਕਰ ਫਿਰ ਵੀ ਹੱਲ ਨਾ ਹੋਇਆ ਤਾਂ ਫਿਰ ਸੰਘਰਸ਼ ਦਾ ਰਾਹ ਅਖਤਿਆਰ ਕੀਤਾ ਜਾਵੇਗਾ।

# ਭਾਜਪਾ ਆਗੂ ਜਸਵਿੰਦਰ ਰਿਖੀ ਵੱਲੋਂ ਓਵਰ ਬਰਿੱਜ ਬਣਾਉਣ ਦੀ ਮੰਗ ਨੂੰ ਲੈ ਕੇ ਭੁੱਖ ਹੜਤਾਲ

*ਮਸਲਾ ਹੱਲ ਹੋਣ ਤੱਕ ਭੁੱਖ ਹੜਤਾਲ ਜਾਰੀ ਰਹੇਗੀ : ਰਿਖੀ*

**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਹਲਕਾ ਧੂਰੀ ਦੇ ਭਾਜਪਾ ਆਗੂ ਜਸਵਿੰਦਰ ਸਿੰਘ ਰਿਖੀ ਵੱਲੋਂ ਸਥਾਨਕ ਸ਼ਹਿਰ ਦੇ ਮੁੱਖ ਰੇਲ ਫਾਟਕਾਂ 'ਤੇ ਓਵਰ ਬਰਿੱਜ ਬਣਾਉਣ ਦੀ ਮੰਗ ਨੂੰ ਲੈ ਕੇ ਅੱਜ ਸ਼ਹਿਰ ਦੇ ਤ੍ਰਿਵੈਣੀ ਚੌਕ 'ਚ ਆਣਮਿੱਥੇ ਸਮੇਂ ਲਈ ਭੁੱਖ ਹੜਤਾਲ ਸ਼ੁਰੂ ਕੀਤੀ ਗਈ।ਇਸ ਮੌਕੇ ਜਸਵਿੰਦਰ ਰਿਖੀ ਨੇ ਕਿਹਾ ਕਿ ਸ਼ਹਿਰ ਨੂੰ ਦੋ ਹਿੱਸਿਆਂ 'ਚ ਵੰਡਦੇ ਲੋਹਾ ਬਾਜ਼ਾਰ ਵਾਲੇ ਰੇਲ ਫਾਟਕਾਂ 'ਤੇ ਪਿਛਲੇ ਲੰਮੇ ਸਮੇਂ ਤੋਂ ਲੋਕਾਂ ਵੱਲੋਂ ਆਵਾਜਾਈ ਦੀ ਸਮੱਸਿਆ ਦਾ ਹੱਲ ਕਰਨ ਲਈ ਸਰਕਾਰਾਂ ਤੋਂ ਓਵਰ ਬਰਿੱਜ ਬਣਾਉਣ ਦੀ ਮੰਗ ਕੀਤੀ ਜਾ ਰਹੀ ਹੈ, ਪਰ ਲੰਮਾ ਸਮਾਂ ਬੀਤਣ ਦੇ ਬਾਵਜੂਦ ਅਜੇ ਤੱਕ ਲੋਕਾਂ ਦੀ ਮੰਗ ਨੂੰ ਬੂਰ ਨਹੀਂ ਪਿਆ।ਸ੍ਰ: ਰਿਖੀ ਨੇ ਗੱਲਾਂ ਗੱਲਾਂ 'ਚ ਕਿਹਾ ਕਿ ਸੱਤਾਧਾਰੀਆਂ ਸਮੇਤ ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਓਵਰ ਬਰਿੱਜ ਦੇ ਮਾਮਲੇ 'ਤੇ ਲਗਾਤਾਰ ਰਾਜਨੀਤੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜਨੀਤੀ ਕਰਨ ਵਾਲਿਆਂ ਦੀ ਮਨਸ਼ਾ ਮਾਮਲੇ ਨੂੰ ਲਟਕਾ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਲੜਨ ਹੈ, ਜਦੋਂ ਕਿ 2017 ਤੇ 2022 ਦੀਆਂ ਵਿਧਾਨ ਸਭਾ ਚੋਣਾਂ ਵੀ ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਇਸੇ ਮੁੱਦੇ ਨੂੰ ਲੈ ਕੇ ਲੜੀਆਂ ਗਈਆਂ ਸਨ ਤੇ ਹਲਕੇ ਦਾ ਵਸਨੀਕ ਹੋਣ ਦੇ ਨਾਤੇ 'ਤੇ ਲੋਕਾਂ ਦੀ ਤਕਲੀਫ਼ ਨੂੰ ਮਹਿਸੂਸ ਕਰਦਿਆਂ ਉਨ੍ਹਾਂ ਨੂੰ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਲੋਕਾਂ ਦੀ ਮੁਸ਼ਕਲ ਨੂੰ ਹੱਲ ਕਰਵਾਉਣ ਲਈ ਭੁੱਖ ਹੜਤਾਲ 'ਤੇ ਬੈਠਣ ਲਈ ਮਜਬੂਰ ਹੋਣਾ ਪਿਆ ਅਤੇ ਭੁੱਖ ਹੜਤਾਲ ਉਦੋਂ ਤੱਕ ਜਾਰੀ ਰਹੇਗੀ, ਜਦੋਂ ਓਵਰ ਬਰਿੱਜ ਦਾ ਮਸਲਾ ਹੱਲ ਨਹੀਂ ਹੋ ਜਾਂਦਾ।ਇਸ ਮੌਕੇ ਉਨ੍ਹਾਂ ਨਾਲ ਭਾਜਪਾ ਆਗੂ ਪ੍ਰੋ: ਓਂਕਾਰ ਸਿੰਘ ਸਿੱਧੂ ਸਮੇਤ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਸਮਰਥਕ ਮੌਜੂਦ ਸਨ।



# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਇਤਿਹਾਸਕ ਉਪਰਾਲਾ : ਬਲਜੀਤ ਕੌਰ

**ਮਲੋਟ (ਓਮ ਪ੍ਰਕਾਸ਼ ਸੇਖੂ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ ਹਰ ਪਰਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਹੱਈਆ ਕਰਾਇਆ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਨੇ ਡੋਰ ਟੂ ਡੋਰ ਜਾ ਕੇ ਲੋਕਾਂ ਨੂੰ ਇਸ ਯੋਜਨਾ ਬਾਰੇ ਜਾਗਰੂਕ ਕਰਨ ਮੌਕੇ ਕਹੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਸਰਕਾਰ ਦਾ ਇਤਿਹਾਸਿਕ ਉਪਰਾਲਾ ਹੈ। ਇਸ ਨਾਲ ਹਰੇਕ ਪਰਵਾਰ ਨੂੰ ਸਿਹਤ ਪੱਖੋਂ ਬਿਨਾਂ ਕਿਸੇ ਸ਼ਰਤ ਤੇ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਪ੍ਰਮਾਤਮਾ ਕਰੇ ਸਭ ਠੀਕ ਰਹਿਣ, ਪਰ ਜੇਕਰ ਕਿਸੇ ਨੂੰ ਸਿਹਤ ਪੱਖੋਂ ਕੋਈ ਪ੍ਰੇਸ਼ਾਨ ਨਹੀਂ ਆਉਂਦੀ ਹੈ ਤੇ ਇਹ ਯੋਜਨਾ ਉਸ ਲਈ ਲਾਹੇਵੰਦ ਸਾਬਤ ਹੋਏਗੀ। ਉਨ੍ਹਾਂ ਕਿਹਾ ਇਸ ਯੋਜਨਾ ਅਧੀਨ ਟੈੱਸਟ, ਦਵਾਈਆਂ ਤੇ ਅਪ੍ਰੇਸ਼ਨ ਦਾ ਪੂਰਾ ਖਰਚ ਸਰਕਾਰ ਵੱਲੋਂ ਅਦਾ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਦਿਨ ਪੂਰਾ ਪਰਵਾਰ ਕਵਰ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਯੋਜਨਾ ਅਧੀਨ ਰਾਜ ਦੇ ਸਰਕਾਰੀ ਹਸਪਤਾਲਾਂ ਦੇ ਨਾਲ-ਨਾਲ ਪ੍ਰਾਈਵੇਟ ਹਸਪਤਾਲ ਵੀ ਸ਼ਾਮਿਲ ਕੀਤੇ ਗਏ ਹਨ ਤਾਂ ਜੋ ਮਰੀਜ਼ਾਂ ਨੂੰ ਕੋਈ ਖੱਜਲ ਖਵਾਰੀ ਨਾ ਝੱਲਣੀ ਪਵੇ ਇਸ ਯੋਜਨਾ ਦੇ ਲਈ ਛੋਟੀ ਤੋਂ ਵੱਡੀ ਹਰ ਬਿਮਾਰੀ ਸ਼ਾਮਿਲ ਕੀਤੀ ਗਈ ਹੈ। ਕਾਰਡ ਦੀ ਰਜਿਸਟ੍ਰੇਸ਼ਨ ਪਹਿਲੇ ਦਿਨ ਤੋਂ ਆਨਲਾਈਨ ਰਹੇਗੀ ਤੇ ਹਰੇਕ ਜਾਣਕਾਰੀ ਸਬੰਧੀ ਅਪਡੇਟ ਇਸ 'ਤੇ ਉਪਲਬਧ ਹੋਏਗੀ। ਉਨ੍ਹਾਂ ਕਿਹਾ ਕਿ ਨੌਜਵਾਨ ਵਲੰਟੀਅਰ ਦੀ ਡਿਊਟੀ ਲਾਈਆਂ ਗਈਆਂ ਹਨ ਕਿ ਘਰ-ਘਰ ਜਾ ਕੇ ਕਾਰਡ ਬਣਾਏ ਜਾਣਗੇ।

# ਵਾਤਾਵਰਨ ਪ੍ਰੇਮੀ ਇੰਦਰਜੀਤ ਸਿੰਘ ਮੁੰਡੇ ਸਰਕਾਰ-ਏ-ਖਾਲਸਾ ਐਵਾਰਡ ਨਾਲ ਸਨਮਾਨਤ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਜ਼ਿਲ੍ਹਾ ਮਾਲੇਰਕੋਟਲਾ ਦੇ ਉੱਘੇ ਕਾਰੋਬਾਰੀ, ਸਮਾਜ ਸੇਵੀ ਤੇ ਉੱਘੇ ਵਾਤਾਵਰਨ ਪ੍ਰੇਮੀ ਇੰਦਰਜੀਤ ਸਿੰਘ ਮੁੰਡੇ ਚੇਅਰਮੈਨ ਕੇ ਐੱਸ ਗਰੁੱਪ ਨੂੰ ਪਿਛਲੇ ਦਿਨੀਂ ਇੰਟਰਨੈਸ਼ਨਲ ਸੰਸਥਾ ਡੀ.ਆਈ.ਵੀ. ਈਵੈਂਟ ਵੱਲੋਂ ਕਰਵਾਏ ਸਰਕਾਰੇ-ਏ-ਖਾਲਸਾ ਐਵਾਰਡ ਦੌਰਾਨ ਪੰਜਾਬ ਦੀਆਂ ਉਨ੍ਹਾਂ 13 ਸ਼ਖਸੀਅਤਾਂ ਦੇ ਨਾਲ ਸਨਮਾਨ ਕੀਤਾ ਗਿਆ, ਜਿਨ੍ਹਾਂ ਵੱਲੋਂ ਆਪਣੀ ਮਿਹਨਤ ਦੇ ਬਲਬੂਤੇ 'ਤੇ ਕਾਮਯਾਬੀ ਪ੍ਰਾਪਤ ਕੀਤੀ। ਉਪਰੰਤ ਉਨ੍ਹਾਂ ਸ਼ਖਸੀਅਤਾਂ ਵੱਲੋਂ ਸਮਾਜ ਸੇਵਾ ਦੇ ਖੇਤਰ ਦੇ ਵਿੱਚ ਵਡਮੁੱਲਾ ਯੋਗਦਾਨ ਪਾਇਆ ਗਿਆ, ਉਸੇ ਲੜੀ ਤਹਿਤ ਪਿਛਲੇ ਲੰਮੇ ਸਮੇਂ ਤੋਂ ਵਾਤਾਵਰਨ ਦੇ ਖੇਤਰ 'ਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ ਤੇ ਸਮਾਜ ਸੇਵਾ ਦੇ ਖੇਤਰ ਦੇ ਵਿੱਚ ਪਾਏ ਯੋਗਦਾਨ ਲਈ ਇੰਦਰਜੀਤ ਸਿੰਘ ਮੁੰਡੇ ਨੂੰ ਸਰਕਾਰ-ਏ-ਖਾਲਸਾ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਸਨਮਾਨ ਕਰਨ ਮੌਕੇ ਵਿਧਾਨ ਸਭਾ ਪੰਜਾਬ ਦੇ ਸਪੀਕਰ ਸ.ਕੁਲਤਾਰ ਸਿੰਘ ਸੰਧਵਾਂ ਕਾਰ ਸੇਵਾ ਵਾਲੇ ਬਾਬਾ ਸੁੱਖਾ ਸਿੰਘ ਸਰਹਾਲੀ ਵੱਲੋਂ ਐਵਾਰਡ ਦੇ ਕੇ ਨਿਵਾਜਿਆ ਗਿਆ। ਇਸ ਮੌਕੇ ਇੰਦਰਜੀਤ ਸਿੰਘ ਮੁੰਡੇ ਦੇ ਸਹਿਯੋਗੀ ਮਨਦੀਪ ਸਿੰਘ ਖੁਰਦ ਮੁੱਖ ਸੇਵਾਦਾਰ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਕਿਹਾ ਕਿ ਜਿੱਥੇ ਪਹਿਲਾਂ ਵੱਖ-ਵੱਖ ਸੰਸਥਾਵਾਂ ਵੱਲੋਂ ਸ.ਇੰਦਰਜੀਤ ਸਿੰਘ ਮੁੰਡੇ ਨੂੰ ਇੰਟਰਨੈਸ਼ਨਲ ਪੀਸ ਐਵਾਰਡ, ਗਲੋਬਲ ਇਨਵਾਇਰਮੈਂਟ ਐਵਾਰਡ ਤੇ ਇੰਟਰਨੈਸ਼ਨਲ ਇਨਵਾਇਰਮੈਂਟ ਐਵਾਰਡ, ਲਾਈਫਟਾਈਮ ਅਚੀਵਮੈਂਟ ਐਵਾਰਡ 'ਚ ਸਨਮਾਨਤ ਕੀਤਾ ਗਿਆ, ਉੱਥੇ ਹੀ ਹੁਣ ਇੰਟਰਨੈਸ਼ਨਲ ਸੰਸਥਾ ਡੀ ਆਈ ਵੀ ਈਵੈਂਟ ਵੱਲੋਂ ਸਰਕਾਰ-ਏ-ਖਾਲਸਾ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਜੋ ਕਿ ਜ਼ਿਲ੍ਹਾ ਮਾਲੇਰਕੋਟਲਾ ਤੇ ਕੇ ਐੱਸ ਗਰੁੱਪ ਲਈ ਲਈ ਬਹੁਤ ਵੱਡੇ ਮਾਣ ਵਾਲੀ ਗੱਲ ਹੈ।

## ਡਾ. ਸੰਦੀਪ ਸਿੰਘ ਵੱਲੋਂ ਖਟਕੜ ਕਲਾਂ 'ਚ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਹਾਲ ਹੀ ਵਿੱਚ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਇਸ ਦੌਰੇ ਦੌਰਾਨ ਡਾ. ਸੰਦੀਪ ਸਿੰਘ ਨੇ ਸ਼ਹੀਦ ਭਗਤ ਸਿੰਘ ਮਿਊਜ਼ੀਅਮ ਤੇ ਹੈਰਿਟੇਜ ਸਟ੍ਰੀਟ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਭਾਰਤ ਦੀ ਆਜ਼ਾਦੀ ਦੀ ਲੜਾਈ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਵਾਲੇ ਮਹਾਨ ਕ੍ਰਾਂਤੀਕਾਰੀ ਸ਼ਹੀਦ ਭਗਤ ਸਿੰਘ ਦੇ ਜੀਵਨ, ਵਿਚਾਰਾਂ ਤੇ ਮਹਾਨ ਬਲੀਦਾਨ ਬਾਰੇ ਵਿਚਾਰ ਪ੍ਰਗਟ ਕੀਤੇ।ਇਸ ਮੌਕੇ ਡਾ. ਸੰਦੀਪ ਸਿੰਘ ਨੇ ਨਵ-ਨਿਯੁਕਤ ਡਿਪਟੀ ਕਮਿਸ਼ਨਰ ਸ੍ਰੀ ਗੁਲਪ੍ਰੀਤ ਸਿੰਘ ਔਲਖ ਨਾਲ ਵੀ ਮੁਲਾਕਾਤ ਕੀਤੀ।ਇਸ ਦੌਰਾਨ ਡਾ. ਸੰਦੀਪ ਸਿੰਘ ਦੇ ਨਾਲ ਇੰਜੀਨੀਅਰ ਅਰੁਣ ਮਲਿਕ (ਡਾਇਰੈਕਟਰ-ਓਪਰੇਸ਼ਨਜ਼), ਅਵਤਾਰ ਸਿੰਘ (ਸਹਾਇਕ ਡਾਇਰੈਕਟਰ-ਮੀਡੀਆ), ਪਰਮਵੀਰ ਸਿੰਘ ਜਨਾਗਲ (ਪਬਲਿਕ ਰਿਲੇਸ਼ਨਜ਼ ਅਫ਼ਸਰ) ਤੇ ਸਨੀ ਸੂਰਿਆਵੰਸ਼ੀ (ਸਹਾਇਕ ਪ੍ਰੋਫੈਸਰ), ਦੇਸ਼ ਭਗਤ ਯੂਨੀਵਰਸਿਟੀ ਵੀ ਮੌਜੂਦ ਸਨ।

## ਦਿ ਐਜ ਓਵਰਸੀਜ਼ ਨੇ ਲਵਾਇਆ ਵਿਦਿਆਰਥਣ ਦਾ ਕੈਨੇਡਾ ਸਟੱਡੀ ਵੀਜ਼ਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਵਿਦੇਸ਼ੀ ਸਿੱਖਿਆ ਤੇ ਇਮੀਗ੍ਰੇਸ਼ਨ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਚੁੱਕੀ ਸੰਸਥਾ ਦਿ ਐਜ ਓਵਰਸੀਜ਼ ਕੰਸਲਟੈਂਟ ਧੂਰੀ ਨੇ ਕੈਨੇਡਾ ਸਰਕਾਰ ਦੀਆਂ ਮੌਜੂਦਾ ਸਖ਼ਤ ਸ਼ਰਤਾਂ ਤੇ ਨਿਯਮਾਂ ਦੇ ਬਾਵਜੂਦ ਇੱਕ ਹੋਰ ਵਿਦਿਆਰਥਣ ਦਾ ਸਟੱਡੀ ਵੀਜ਼ਾ ਲਗਵਾ ਕੇ ਵੱਡੀ ਸਫ਼ਲਤਾ ਦਰਜ ਕੀਤੀ ਹੈ।ਇਸ ਪ੍ਰਾਪਤੀ ਨਾਲ ਸੰਸਥਾ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਸਹੀ ਮਾਰਗਦਰਸ਼ਨ ਤੇ ਤਜਰਬੇ ਨਾਲ ਔਖੇ ਰਾਹ ਵੀ ਸੁਖਾਲੇ ਹੋ ਸਕਦੇ ਹਨ। ਕੰਪਨੀ ਦੇ ਐਮ.ਡੀ. ਜਗਸੀਰ ਸਿੰਘ ਜੱਗੀ ਢੀਂਡਸਾ ਨੇ ਦੱਸਿਆ ਕਿ ਕੈਨੇਡਾ ਦੇ ਇਮੀਗ੍ਰੇਸ਼ਨ ਨਿਯਮਾਂ ਵਿੱਚ ਆ ਰਹੀਆਂ ਤਬਦੀਲੀਆਂ ਕਾਰਨ ਅੱਜ-ਕੱਲ੍ਹ ਵੀਜ਼ਾ ਪ੍ਰਕਿਰਿਆ ਕਾਫ਼ੀ ਜਟਿਲ ਹੋ ਗਈ ਹੈ।ਅਜਿਹੇ ਸਮੇਂ ਵਿੱਚ ਇੱਕ ਮਾਹਰ ਕੰਸਲਟੈਂਟ ਦੀ ਭੂਮਿਕਾ ਬੇਹੱਦ ਅਹਿਮ ਹੁੰਦੀ ਹੈ।ਉਨ੍ਹਾਂ ਕਿਹਾ ਕਿ ਸਾਡੀ ਮਾਹਿਰ ਟੀਮ ਹਰ ਉਮੀਦਵਾਰ ਦੀ ਪ੍ਰੋਫਾਈਲ ਦਾ ਬਾਰੀਕੀ ਨਾਲ ਵਿਸ਼ਲੇਸ਼ਣ ਕਰਦੀ ਹੈ ਤੇ ਦਸਤਾਵੇਜ਼ਾਂ ਨੂੰ ਬੇਹੱਦ ਸੁਚੱਜੇ ਤੇ ਤਰਕਪੂਰਨ ਢੰਗ ਨਾਲ ਅੰਬੈਸੀ ਅੱਗੇ ਪੇਸ਼ ਕੀਤਾ ਜਾਂਦਾ ਹੈ, ਜਿਸ ਸਦਕਾ ਕੰਪਨੀ ਦਾ ਵੀਜ਼ਾ ਸਫ਼ਲਤਾ ਦਰ ਲਗਭਗ 100 ਫੀਸਦੀ ਰਿਹਾ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਅਧੂਰੀ ਜਾਣਕਾਰੀ ਜਾਂ ਗੁੰਮਰਾਹਕੁੰਨ ਇਸ਼ਤਿਹਾਰਾਂ ਦੇ ਚੁੰਗਲ ਵਿੱਚ ਫਸਣ ਦੀ ਬਜਾਏ, ਸਹੀ ਸਲਾਹ ਲਈ ਮਾਹਰਾਂ ਦੀ ਮਦਦ ਲੈਣ।

## ਸੰਘਰਸ਼ੀ ਯੋਧਿਆਂ ਤੇ ਪਰਵਾਰਾਂ ਨੂੰ ਢੁਕਵਾਂ ਮਾਣ ਸਨਮਾਨ ਦੇਵੇ ਸਰਕਾਰ ਤੇ ਪ੍ਰਸ਼ਾਸਨ : ਮੀਹਾਂ



**ਮਾਨਸਾ (ਆਤਮਾ ਸਿੰਘ ਪਮਾਰ)**-ਸੰਘਰਸ਼ੀ ਯੋਧੇ ਐਕਸ਼ਨ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਮੀਹਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਕਾਂਗਰਸ ਸਰਕਾਰ ਵੱਲੋਂ ਸਨ 1975 'ਚ ਐਮਰਜੈਂਸੀ ਲਗਾ ਕੇ ਵਿਰੋਧੀ ਧਿਰਾਂ ਦੇ ਆਗੂਆਂ ਨੂੰ ਜੇਲ੍ਹਾਂ ਅੰਦਰ ਡੱਕ ਦਿੱਤਾ ਸੀ ਤੇ ਨਾਲ ਹੀ ਪ੍ਰੈੱਸ 'ਤੇ ਵੀ ਪੂਰਨ ਪਾਬੰਦੀ ਲਗਾ ਕੇ ਲੋਕਤੰਤਰ ਦਾ ਗਲਾ ਘੁੱਟਿਆ ਸੀ।ਉਨ੍ਹਾਂ ਇਸ ਸਮੇਂ ਸਰਕਾਰ ਤੇ ਪ੍ਰਸ਼ਾਸਨ ਨਾਲ ਨਰਾਜ਼ਗੀ ਜ਼ਾਹਰ ਕਰਦਿਆਂ ਕਿਹਾ ਕਿ ਚੜ੍ਹਦੀ ਉਮਰੇ ਜੇਲ੍ਹ ਜਾਣ ਕਾਰਨ ਉਹ ਸਰਕਾਰੀ ਨੌਕਰੀ ਤੇ ਆਪਣਾ ਕੋਈ ਕਾਰੋਬਾਰ ਕਰਨ ਤੋਂ ਵੀ ਵਾਂਝੇ ਰਹਿ ਗਏ।ਮੀਹਾਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਇਨ੍ਹਾਂ ਸੰਘਰਸ਼ੀ ਲੋਕਾਂ ਲਈ ਨਿਗੂਣੀ ਪੈਨਸ਼ਨ ਦੇਣ ਦਾ ਪ੍ਰਾਵਧਾਨ ਕੀਤਾ ਸੀ, ਪ੍ਰੰਤੂ ਇਹ ਮਾਣਭੱਤਾ ਪਰਿਵਾਰਾਂ ਦਾ ਪਾਲਣ ਪੋਸ਼ਣ ਕਰਨ ਕਰਨ ਲਈ ਨਾਕਾਫ਼ੀ ਹੈ।ਇਸ ਤੋਂ ਇਲਾਵਾ ਕਈ ਕਈ ਮਹੀਨੇ ਪੈਨਸ਼ਨ ਪ੍ਰਾਪਤੀ ਦੀ ਉਡੀਕ ਕਰਦਿਆਂ ਹੀ ਲੰਘ ਜਾਂਦੇ ਹਨ।ਉਨ੍ਹਾਂ ਪ੍ਰਸ਼ਾਸਨ ਤੇ ਸਰਕਾਰ ਤੋਂ ਮੰਗ ਕੀਤੀ ਕਿ ਅਜ਼ਾਦੀ ਘੁਲਾਟੀਆਂ ਦੀ ਤਰਜ਼ 'ਤੇ ਉਨ੍ਹਾਂ ਨੂੰ ਵੀ ਬਣਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਤੋਂ ਇਲਾਵਾ ਇਤਿਹਾਸਕ ਸਰਕਾਰੀ ਸਮਾਗਮਾਂ ਸਮੇਂ ਵੀ ਸ਼ੰਘਰਸੀ ਯੋਧਿਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਢੁੱਕਵਾਂ ਮਾਣ ਸਨਮਾਨ ਦਿੱਤਾ ਜਾਵੇ।ਇਸ ਸਮੇਂ ਜਥੇਦਾਰ ਜਸਵੰਤ ਸਿੰਘ ਜਵਾਹਰਕੇ, ਮਾਘ ਸਿੰਘ ਧਲੇਵਾਂ, ਹਰਬੰਸ ਸਿੰਘ ਗੰਢੂ ਖੁਰਦ, ਗੁਲਾਬ ਕੌਰ ਦਾਤੇਵਾਸ, ਗੁਰਮੇਲ ਕੌਰ, ਦਲੀਪ ਕੌਰ, ਅਮਰਜੀਤ ਸਿੰਘ ਹੀਰੋ ਕਲਾਂ, ਸ਼ਮਸ਼ੇਰ ਸਿੰਘ, ਭਜਨ ਸਿੰਘ ਆਦਿ ਸੰਘਰਸ਼ੀ ਯੋਧੇ ਵੀ ਹਾਜ਼ਰ ਸਨ।

## ਬਲਜੀਤ ਕੌਰ ਖਾਲਸਾ ਨੇ ਮੁੜ ਬਲਾਕ ਨਾਭਾ ਦੇ ਬੀ ਡੀ ਪੀ ਓ ਦਾ ਅਹੁਦਾ ਸੰਭਾਲਿਆ



**ਨਾਭਾ (ਵਰਿੰਦਰ ਵਰਮਾ)**-ਇਮਾਨਦਾਰੀ, ਦਿਆਨਤਦਾਰੀ, ਮਿਹਨਤ ਤੇ ਨੇਕ ਨੀਤੀ ਨਾਲ ਸੇਵਾਵਾਂ ਨਿਭਾਉਣ ਵਾਲੇ ਸ਼ਹੀਦਾਂ ਦੇ ਪਰਿਵਾਰ ਦੀ ਅੰਮ੍ਰਿਤਧਾਰੀ ਗੁਰਸਿੱਖ, ਵਿਸ਼ਵ ਦੀ ਆਵਾਜ਼ ਮੰਨੀ ਜਾਂਦੀ ਅਣਵਿਆਹੀ ਚਰਚਿਤ ਬੀਡੀਪੀਓ ਬੀਬੀ ਬਲਜੀਤ ਕੌਰ ਖ਼ਾਲਸਾ ਬਰਨਾਲਾ ਨੇ ਮੁੜ ਬਲਾਕ ਨਾਭਾ ਵਿਖੇ ਬੀਡੀਪੀਓ ਵਜੋਂ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਵੀ ਉਹ ਬਤੌਰ ਬੀਡੀਪੀਓ ਵਜੋਂ ਬਲਾਕ ਨਾਭਾ ਵਿਖੇ ਸੇਵਾਵਾਂ ਨਿਭਾਅ ਚੁੱਕੇ ਹਨ।ਬੀਬੀ ਬਲਜੀਤ ਕੌਰ ਖ਼ਾਲਸਾ ਬਰਨਾਲਾ ਨੇ ਅਹੁਦਾ ਸੰਭਾਲਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹੀਦਾਂ ਦੇ ਪਰਿਵਾਰ ਵਿੱਚੋਂ ਅੰਮ੍ਰਿਤਧਾਰੀ ਅਣਵਿਆਹੀ ਗੁਰਸਿੱਖ ਅਫਸਰ ਹੋਣ ਕਰਕੇ ਬਲਾਕ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਨੂੰ ਇੱਕ ਟੀਮ ਦੀ ਤਰ੍ਹਾਂ ਰਲ-ਮਿਲ ਕੇ ਹੱਲ ਕਰਨਾ, ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ, ਸਰਕਾਰੀ ਸਕੀਮਾਂ ਦਾ ਲਾਭ ਉਨ੍ਹਾਂ ਤੱਕ ਪਹੁੰਚਾਉਣਾ ਤੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹ ਕੇ ਬਲਾਕ ਨੂੰ ਹਰ ਖੇਤਰ ਵਿੱਚ ਬੁਲੰਦੀਆਂ 'ਤੇ ਪਹੁੰਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ।ਉਨ੍ਹਾਂ ਕਿਹਾ ਕਿ ਬਲਾਕ ਵਾਸੀਆਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਉਨ੍ਹਾਂ ਦੇ ਘਰ ਤੱਕ ਸਰਲ ਤਰੀਕੇ ਨਾਲ ਪੁੱਜਦਾ ਕਰਨ ਤੇ ਧਿਆਨ ਕੇਂਦਰਿਤ ਹੋਵੇਗਾ।ਇਸ ਮੌਕੇ ਉਨ੍ਹਾਂ ਦਾ ਸਵਾਗਤ ਕਰਨ ਵਾਲਿਆਂ ਵਿੱਚ ਗੁਰਪ੍ਰੀਤ ਸਿੰਘ, ਲੇਖਾਕਾਰ/ਐੱਸ ਈ ਪੀ ਓ ਹਰਜਿੰਦਰ ਸਿੰਘ ਬੇਦੀ, ਪੰਚਾਇਤ ਅਫਸਰ ਸੁਖਵਿੰਦਰ ਸਿੰਘ ਲਾਲੀ, ਪੰਚਾਇਤ ਸਕੱਤਰ ਤੋਂ ਇਲਾਵਾ ਹੋਰ ਕਰਮਚਾਰੀ ਸ਼ਾਮਲ ਸਨ।

## ਭੋਜੋਵਾਲੀ ਅਕੈਡਮੀ ਵਿਖੇ ਗੁਰਮਤਿ ਸਮਾਗਮ 5 ਤੇ 6 ਨੂੰ : ਜੱਖਲਾਂ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਦੀ ਪਵਿੱਤਰ ਯਾਦ ਨੂੰ ਸਮਰਪਿਤ, ਸੰਤ ਅਤਰ ਸਿੰਘ ਅਕਾਲ ਅਕੈਡਮੀ ਭੋਜੋਵਾਲੀ ਵਿਖੇ ਸਾਲਾਨਾ ਗੁਰਮਤਿ ਸਮਾਗਮ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਅਕੈਡਮੀ ਦੇ ਚੇਅਰਮੈਨ ਭਾਈ ਕਰਮਜੀਤ ਸਿੰਘ ਜੱਖਲਾ ਨੇ ਦੱਸਿਆ ਕਿ ਇਹ ਸਮਾਗਮ 5 ਤੇ 6 ਫਰਵਰੀ ਨੂੰ ਕੀਤਾ ਜਾਵੇਗਾ, ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ।ਉਨ੍ਹਾਂ ਦੱਸਿਆ ਕਿ ਦਸ਼ਮੇਸ਼ ਚੈਰੀਟੇਬਲ ਟਰੱਸਟ ਤੇ ਇਲਾਕਾ ਨਿਵਾਸੀਆਂ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸਮਾਗਮ ਦੌਰਾਨ ਸੰਤ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ ਤੇ ਹੋਰ ਉੱਘੇ ਮਹਾਂਪੁਰਸ਼ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸੰਗਤਾਂ ਨੂੰ ਹਰੀ ਜਸ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕਰਨਗੇ।ਚੇਅਰਮੈਨ ਜੱਖਲਾ ਨੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਦੋਵਾਂ ਦਿਨਾਂ ਦੇ ਸਮਾਗਮਾਂ ਵਿੱਚ ਹੁੰਮ-ਹੁਮਾ ਕੇ ਪਹੁੰਚਣ।

## ਗੁਰੂ ਨਾਨਕ ਨੈਸ਼ਨਲ ਕਾਲਜ ਨੇ ਸੜਕ ਸੁਰੱਖਿਆ ਹਫ਼ਤਾ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਸਥਾਨਕ ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਐੱਨ ਐੱਸ ਐੱਸ ਤੇ ਐੱਨ ਸੀ ਸੀ ਯੂਨਿਟਾਂ ਦੁਆਰਾ ਟ੍ਰੈਫ਼ਿਕ ਪੁਲਸ ਦੋਰਾਹਾ ਦੇ ਸਹਿਯੋਗ ਨਾਲ਼ ਸੜਕ ਸੁਰੱਖਿਆ ਹਫ਼ਤਾ ਮਨਾਉਂਦਿਆਂ ਜਾਗਰੂਕਤਾ ਗਤੀਵਿਧੀ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਟ੍ਰੈਫ਼ਿਕ ਇੰਚਾਰਜ ਏ ਐੱਸ ਆਈ ਜਗਤਾਰ ਸਿੰਘ ਨੇ ਵਾਲੰਟੀਅਰਾਂ ਤੇ ਕੈਡਿਟਾਂ ਨੂੰ ਸੰਬੋਧਨ ਕਰਦਿਆਂ ਟ੍ਰੈਫ਼ਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਤੇ ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਸੁਚੇਤ ਕੀਤਾ।ਇਸ ਗਤੀਵਿਧੀ ਦੇ ਆਯੋਜਨ ਵਿੱਚ ਪ੍ਰੋਗਰਾਮ ਅਫ਼ਸਰ ਡਾ. ਲਵਲੀਨ ਬੈਂਸ, ਪ੍ਰੋ. ਅਮਨਦੀਪ ਕੌਰ ਚੀਮਾ, ਡਾ. ਗੁਰਪ੍ਰੀਤ ਸਿੰਘ ਤੇ ਏ ਐੱਨ ਓ ਲੈਫ਼ਟੀਨੈਂਟ ਪ੍ਰੋ. ਸਨਦੀਪ ਸਿੰਘ ਹੁੰਦਲ ਨੇ ਯੋਗਦਾਨ ਪਾਇਆ।ਇਸ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੁੱਚੀ ਟੀਮ ਦੀ ਹੌਸਲਾ ਅਫ਼ਜ਼ਾਈ ਕੀਤੀ।

# ਟ੍ਰਾਈਡੈਂਟ ਗਰੁੱਪ ਵੱਲੋਂ ਸਲਾਈਟ ਦੇ ਸੌ ਵਿਦਿਆਰਥੀਆਂ ਨੂੰ ਪਲੇਸਮੈਂਟ ਤੇ 1 ਕਰੋੜ ਦੀ ਕੰਸਲਟੈਂਸੀ ਸਹਾਇਤਾ ਦਾ ਐਲਾਨ



**ਲੌਂਗੋਵਾਲ (ਪ੍ਰਦੀਪ ਸੱਪਲ)**-ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਵਿਖੇ ਉਦਯੋਗ ਸੰਸਥਾ ਅੰਤਰਕਿਰਿਆ ਮੀਟਿੰਗ ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਸਾਂਝਾ ਆਯੋਜਨ ਪ੍ਰੋ. ਰਵੀ ਕਾਂਤ ਮਿਸ਼ਰਾ, ਡੀਨ (ਐਲਮਨੀ ਤੇ ਉਦਯੋਗਿਕ ਸੰਬੰਧ) ਤੇ ਪ੍ਰੋ. ਸੁਰਿੰਦਰ ਸਿੰਘ, ਡੀਨ (ਗਵੇਸ਼ਣਾ ਤੇ ਕਨਸਲਟੈਂਸੀ) ਵੱਲੋਂ ਕੀਤਾ ਗਿਆ।ਪ੍ਰੋਗਰਾਮ ਪ੍ਰੋ. ਮਣੀ ਕਾਂਤ ਪਾਸਵਾਨ ਡਾਇਰੈਕਟਰ ਸਲਾਈਟ ਦੀ ਯੋਗ ਅਗਵਾਈ ਹੇਠ ਸੰਪੰਨ ਹੋਇਆ।ਇਸ ਮੌਕੇ ਰਾਜਿੰਦਰ ਗੁਪਤਾ ਮਾਨਯੋਗ ਸੰਸਦ ਮੈਂਬਰ (ਰਾਜ ਸਭਾ) ਤੇ ਚੇਅਰਮੈਨ ਐਮੈਰਿਟਸ ਟ੍ਰਾਈਡੈਂਟ ਗਰੁੱਪ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ।ਪ੍ਰਸਿੱਧ ਉਦਯੋਗਪਤੀ ਤੇ ਮਾਲਵਾ ਖੇਤਰ ਦੇ ਮਾਣਯੋਗ ਪੁੱਤਰ ਹੋਣ ਦੇ ਨਾਤੇ ਉਨ੍ਹਾਂ ਦੀ ਹਾਜ਼ਰੀ ਨੇ ਕਾਰਜਕ੍ਰਮ ਨੂੰ ਵਿਸ਼ੇਸ਼ ਗੌਰਵ ਤੇ ਪ੍ਰੇਰਣਾ ਪ੍ਰਦਾਨ ਕੀਤੀ।ਇਸ ਸਮੇਂ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਦਾ ਸਵਾਗਤ ਕਰਦਿਆਂ ਪ੍ਰੋ. ਰਵੀ ਕਾਂਤ ਮਿਸ਼ਰਾ, ਡੀਨ (ਐਲਮਨੀ ਤੇ ਉਦਯੋਗਿਕ ਸੰਬੰਧ) ਨੇ ਕਿਹਾ ਕਿ ਰਾਜਿੰਦਰ ਗੁਪਤਾ ਦੀ ਪ੍ਰੇਰਣਾਦਾਇਕ ਜੀਵਨ ਯਾਤਰਾ ਇਹ ਸਾਬਿਤ ਕਰਦੀ ਹੈ ਕਿ ਦੂਰਦਰਸ਼ੀ ਸੋਚ ਤੇ ਦ੍ਰਿੜ੍ਹ ਨਿਸ਼ਚੇ ਨਾਲ ਛੋਟੇ ਕਸਬਿਆਂ ਤੋਂ ਵੀ ਵਿਸ਼ਵ ਪੱਧਰੀ ਸੰਸਥਾਵਾਂ ਤੇ ਅਗਵਾਈ ਉੱਭਰ ਸਕਦੇ ਹਨ।ਸਾਧਾਰਨ ਸ਼ੁਰੂਆਤ ਤੋਂ ਇੱਕ ਵਿਸ਼ਵ ਪ੍ਰਸਿੱਧ ਉਦਯੋਗਿਕ ਗਰੁੱਪ ਦੀ ਸਥਾਪਨਾ ਤੱਕ ਉਨ੍ਹਾਂ ਦੀ ਯਾਤਰਾ ਵਿਦਿਆਰਥੀਆਂ ਤੇ ਅਧਿਆਪਕਾਂ ਲਈ ਬਹੁਤ ਪ੍ਰੇਰਕ ਹੈ।ਇਸ ਪ੍ਰੋਗਰਾਮ ਵਿੱਚ ਪੂਜਾ ਲੂਥਰਾ ਚੀਫ਼ ਹਿਊਮਨ ਰਿਸੋਰਸਿਜ਼ ਅਫ਼ਸਰ ਟ੍ਰਾਈਡੈਂਟ ਗਰੁੱਪ ਵੀ ਹਾਜ਼ਰ ਰਹੀ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਅਗਵਾਈ ਹੇਠ ਟ੍ਰਾਈਡੈਂਟ ਗਰੁੱਪ ਨੇ ਪ੍ਰਤਿਭਾ ਵਿਕਾਸ ਤੇ ਸੰਗਠਨਾਤਮਕ ਉਤਕ੍ਰਿਸ਼ਟਤਾ 'ਤੇ ਕੇਂਦਰਿਤ ਮਜ਼ਬੂਤ, ਮਨੁੱਖ-ਕੇਂਦਰਿਤ ਪ੍ਰਣਾਲੀਆਂ ਵਿਕਸਿਤ ਕੀਤੀਆਂ ਹਨ।ਉਨ੍ਹਾਂ ਸਲਾਈਟ ਦੇ ਵਿਦਿਆਰਥੀਆਂ ਨੂੰ ਉਦਯੋਗ ਤਿਆਰ ਬਣਨ ਦਾ ਸੰਦੇਸ਼ ਦਿੱਤਾ ਤੇ ਟ੍ਰਾਈਡੈਂਟ ਗਰੁੱਪ ਵਿੱਚ ਵਿਸ਼ਾਲ ਕਰੀਅਰ ਮੌਕਿਆਂ ਦਾ ਭਰੋਸਾ ਦਿਵਾਇਆ।ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਪ੍ਰੋ. ਮਣੀ ਕਾਂਤ ਪਾਸਵਾਨ ਡਾਇਰੈਕਟਰ ਸਲਾਈਟ ਨੇ ਪ੍ਰੈਕਟੀਕਲ ਟ੍ਰੇਨਿੰਗ, ਉਦਯੋਗ ਨਾਲ ਸੰਪਰਕ ਤੇ ਇਨ-ਹਾਊਸ ਸਕਿੱਲ ਵਿਕਾਸ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਤਾਂ ਜੋ ਦੇਸ਼ ਦੀ ਨੌਜਵਾਨ ਤਾਕਤ ਦੀ ਪੂਰੀ ਸਮਰਥਾ ਦਾ ਲਾਭ ਉਠਾਇਆ ਜਾ ਸਕੇ।ਪ੍ਰੋ. ਪਾਸਵਾਨ ਨੇ ਰਾਜਿੰਦਰ ਗੁਪਤਾ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਕੇਵਲ 14 ਸਾਲ ਦੀ ਉਮਰ ਵਿੱਚ ਆਪਣੀ ਉਦਯੋਗਪਤੀ ਯਾਤਰਾ ਸ਼ੁਰੂ ਕੀਤੀ ਤੇ ਅੱਜ ਲੱਖਾਂ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕੀਤੇ ਹਨ, ਉਹ ਸੱਚਮੁੱਚ ਮਿੱਟੀ ਦੇ ਸੱਚੇ ਸਪੂਤ ਹਨ।ਸੰਸਥਾ ਦੀ ਬੇਨਤੀ 'ਤੇ ਸਕਾਰਾਤਮਕ ਪ੍ਰਤੀਕ੍ਰਿਆ ਦਿੰਦਿਆਂ ਰਾਜਿੰਦਰ ਗੁਪਤਾ ਨੇ ਸਲਾਈਟ ਦੇ 100 ਵਿਦਿਆਰਥੀਆਂ ਦੀ ਭਰਤੀ ਦਾ ਐਲਾਨ ਕੀਤਾ, ਜਿਨ੍ਹਾਂ ਲਈ 8-12 ਲੱਖ ਪ੍ਰਤੀ ਵਰ੍ਹੇ ਦੇ ਪੈਕੇਜ ਪ੍ਰਸਤਾਵਿਤ ਹਨ, ਜੋ ਇੱਕ ਹਫ਼ਤੇ ਦੇ ਅੰਦਰ ਅੰਤਿਮ ਰੂਪ ਦਿੱਤੇ ਜਾਣਗੇ।ਇਸ ਤੋਂ ਇਲਾਵਾ ਉਨ੍ਹਾਂ 1 ਕਰੋੜ ਦੀ ਕਨਸਲਟੈਂਸੀ ਸਹਾਇਤਾ ਦਾ ਵੀ ਐਲਾਨ ਕੀਤਾ।ਇਨ੍ਹਾਂ ਐਲਾਨਾਂ ਦਾ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਭਰਪੂਰ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ।ਪ੍ਰੋਗਰਾਮ ਦਾ ਸਮਾਪਨ ਪ੍ਰੋ. ਸੁਰਿੰਦਰ ਸਿੰਘ ਡੀਨ (ਗਵੇਸ਼ਣਾ ਤੇ ਕਨਸਲਟੈਂਸੀ) ਦੇ ਧੰਨਵਾਦੀ ਭਾਸ਼ਣ ਨਾਲ ਹੋਇਆ।ਉਨ੍ਹਾਂ ਸਲਾਈਟ ਵਿੱਚ ਚੱਲ ਰਹੀਆਂ ਤੇ ਭਵਿੱਖ ਦੀਆਂ ਕਨਸਲਟੈਂਸੀ ਤੇ ਸਾਂਝੀ ਗਵੇਸ਼ਣਾ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਸਲਾਈਟ ਦੇ ਵਿਦਿਆਰਥੀਆਂ ਲਈ ਟ੍ਰਾਈਡੈਂਟ ਗਰੁੱਪ ਵੱਲੋਂ ਓਪਨ ਡੋਰ ਮੌਕੇ ਪ੍ਰਦਾਨ ਕਰਨ ਲਈ ਧੰਨਵਾਦ ਪ੍ਰਗਟ ਕੀਤਾ।

## ਪਾਈਲਜ਼ ਤੇ ਅੱਖਾਂ ਦਾ ਅਪ੍ਰੇਸ਼ਨ ਕੈਂਪ

**ਸਰਹਿੰਦ ਮੰਡੀ (ਪ੍ਰਮੋਦ ਭਾਰਦਵਾਜ)**-ਗੁਰੂ ਕ੍ਰਿਪਾ ਸੇਵਾ ਸੰਸਥਾਨ ਦੇ ਸਾਰੇ ਮੈਂਬਰਾਂ ਦੀ ਇੱਕ ਮੀਟਿੰਗ ਸਰਹਿੰਦ ਵਿਖੇ ਕੀਤੀ ਗਈ।ਮੀਟਿੰਗ ਦੌਰਾਨ ਸੰਸਥਾਨ ਦੇ ਪ੍ਰਧਾਨ ਵੱਲੋਂ ਐਲਾਨ ਕੀਤਾ ਗਿਆ ਕਿ ਗੁਰੂ ਕ੍ਰਿਪਾ ਸੇਵਾ ਸੰਸਥਾਨ, ਵਿਸ਼ਵ ਜਾਗ੍ਰਿਤੀ ਮਿਸ਼ਨ, ਸਰਹਿੰਦ ਦੇ ਸਹਿਯੋਗ ਨਾਲ 28ਵਾਂ ਮੁਫ਼ਤ ਪਾਈਲਜ਼ ਤੇ ਅੱਖਾਂ ਦੀ ਜਾਂਚ ਤੇ ਆਪ੍ਰੇਸ਼ਨ ਕੈਂਪ 8 ਫਰਵਰੀ 2026 ਨੂੰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਲਗਾਇਆ ਜਾਵੇਗਾ।ਇਹ ਕੈਂਪ ਗੁਰੂ ਕ੍ਰਿਪਾ ਸੇਵਾ ਸੰਸਥਾਨ, ਸਿਨੇਮਾ ਰੋਡ, ਰਾਕੇਸ਼ ਮਿੱਤਰ ਫੈਕਟਰੀ ਦੇ ਸਾਹਮਣੇ ਸਰਹਿੰਦ ਵਿਖੇ ਲਗਾਇਆ ਜਾਵੇਗਾ।ਇਸ ਮੀਟਿੰਗ ਵਿੱਚ ਸੀਏ ਅਸ਼ਵਨੀ ਗਰਗ (ਪ੍ਰਧਾਨ), ਡਾ. ਹਿਤੇਂਦਰ ਸੂਰੀ (ਸਚਿਵ), ਜਗਦੀਸ਼ ਵਰਮਾ, ਅਰੁਣ ਸੂਰੀ ਤੇ ਪਰਵੀਨ ਗਰਗ ਹਾਜ਼ਰ ਰਹੇ।ਸੰਸਥਾਨ ਦੇ ਮੈਂਬਰਾਂ ਵੱਲੋਂ ਜਨਤਾ ਨੂੰ ਅਪੀਲ ਕੀਤੀ ਗਈ ਕਿ ਉਹ ਇਸ ਮੁਫ਼ਤ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਤੇ ਗੁਰੂ ਕ੍ਰਿਪਾ ਸੇਵਾ ਸੰਸਥਾਨ ਦੀਆਂ ਸਮਾਜਿਕ ਪਹਿਲਕਦਮੀਆਂ ਨੂੰ ਸਹਿਯੋਗ ਦੇਣ।

# ਡਾ. ਰੰਧਾਵਾ ਦੀ ਨਸ਼ਾਖੋਰੀ ਬਾਰੇ ਕਿਤਾਬ ਵਿਸ਼ਵ ਪੁਸਤਕ ਮੇਲੇ 'ਚ ਲੋਕ ਅਰਪਣ



**ਸੰਗਰੂਰ (ਪ੍ਰਵੀਨ ਸਿੰਘ)**-ਨਸ਼ਾਖੋਰੀ ਨੇ ਪੰਜਾਬ ਦੀ ਜਵਾਨੀ ਨੂੰ ਖਾ ਲਿਆ ਹੈ।ਨਸ਼ਿਆਂ ਨੂੰ ਰੋਕਣ ਲਈ ਕਈ ਬਹੁਤ ਉਪਰਾਲੇ ਕੀਤੇ ਜਾ ਰਹੇ ਹਨ।ਡਾ. ਰਘਬੀਰ ਸਿੰਘ ਰੰਧਾਵਾ ਨਸ਼ਿਆਂ ਦੇ ਵਿਰੁੱਧ ਚੇਤਨਾ ਪੈਦਾ ਕਰਨ ਲਈ ਨਿਰੰਤਰ ਕਾਰਜਸ਼ੀਲ ਹਨ।ਉਨ੍ਹਾ ਨੇ ਨਸ਼ਿਆਂ ਤੋਂ ਬਚਣ ਲਈ 'ਚਿੱਟੇ ਲੀੜੇ ਜੰਗਲੀ ਹਿਰਦੇ' ਪੁਸਤਕ ਬਹੁਤ ਦਲੀਲਾਂ ਸਾਹਿਤ ਤਿਆਰ ਕੀਤੀ ਹੈ।ਇਹ ਪੁਸਤਕ ਉਨ੍ਹਾਂ ਦੀ ਸਵੈਜੀਵਨੀ 'ਜਦੋਂ ਅਸੀਂ ਮੁੰਡੇ ਸਾਂ' ਦਾ ਅਗਲਾ ਭਾਗ ਹੈ।ਇਸ ਪੁਸਤਕ ਵਿੱਚ ਮੈਡੀਕਲ ਕਾਲਜਾਂ ਦੇ ਵਿਦਿਆਰਥੀਆਂ, ਨੌਜਵਾਨਾਂ ਵਿੱਚ ਨਸ਼ਿਆਂ ਦੀ ਲਤ ਲੱਗਣ ਦੇ ਕਾਰਨ ਤੇ ਉਨ੍ਹਾਂ ਤੋਂ ਬਚਣ ਦੇ ਤਰੀਕਿਆਂ ਨੂੰ ਦਰਸਾਇਆ ਗਿਆ ਹੈ।ਲੇਖਕ ਮੰਚ ਭਾਰਤ ਮੰਡਪ ਵਿੱਚ ਲੇਖਕਾਂ ਤੇ ਸਿਹਤ ਚਕਿਤਸਕਾ ਦੀ ਭਰਵੀਂ ਹਾਜ਼ਰੀ ਵਿੱਚ ਸਨਮਾਨਤ ਮਹਿਮਾਨਾਂ ਡਾ. ਬਿਮਿਤ ਕੁਮਾਰ ਜੈਨ, ਡਾ. ਬ੍ਰਿਜ ਕਿਸ਼ੋਰ, ਡਾ. ਨੀਨਾ ਜੈਨ, ਡਾ. ਨੰਦਿਤਾ ਜੈਨ, ਡਾ. ਸੁਭਾਸ਼ ਚੰਦਰ ਬਜਾਜ, ਡਾ. ਪ੍ਰਦੀਪ ਕਵਾਤੜਾ ਡਾ. ਵਿਵੇਕ ਬੱਗਾ ਨੇ ਮਿਲ ਕੇ ਲੋਕ ਅਰਪਣ ਕੀਤਾ।ਇਸ ਮੌਕੇ ਡਾ. ਰਘਬੀਰ ਸਿੰਘ ਰੰਧਾਵਾ ਨੇ ਕਿਹਾ ਕਿ ਇਹ ਪੁਸਤਕ ਮੇਰੇ ਜੀਵਨ ਦੇ ਅਨੇਕਾਂ ਪੱਖਾਂ ਨੂੰ ਉਭਾਰਨ ਦੇ ਨਾਲ ਅਜੋਕੇ ਦੌਰ ਵਿੱਚ ਨੌਜਵਾਨਾਂ ਲਈ ਮਾਰਗ ਦਰਸ਼ਨ ਦਾ ਕੰਮ ਕਰੇਗੀ।ਇਸ ਮੌਕੇ ਡਾ. ਤੇਜਵੰਤ ਮਾਨ ਸਾਹਿਤਰਤਨ, ਡਾ. ਸਵਰਾਜ ਸਿੰਘ ਵਿਸ਼ਵਚਿੰਤਕ, ਡਾ. ਈਸ਼ਵਰ ਦਾਸ ਸਿੰਘ ਮਹਾਂ ਮਡਲੇਸ਼ਵਰ, ਡਾ. ਭਗਵੰਤ ਸਿੰਘ, ਜਗਦੀਪ ਸਿੰਘ, ਗੁਰਨਾਮ ਸਿੰਘ, ਡਾ. ਨਰਵਿੰਦਰ ਸਿੰਘ ਕੌਸ਼ਲ, ਨਿਹਾਲ ਸਿੰਘ ਮਾਨ, ਦਰਬਾਰਾ ਸਿੰਘ ਢੀਂਡਸਾ, ਡਾ. ਤੇਜਾ ਸਿੰਘ ਤਿਲਕ, ਡਾ. ਮੇਘਾ ਸਿੰਘ ਆਦਿ ਅਨੇਕਾਂ ਸਾਹਿਤਕਾਰਾਂ ਨੇ ਡਾ. ਰੰਧਾਵਾ ਨੂੰ ਮੁਬਾਰਕਬਾਦ ਦਿੱਤੀ।

# ਅਮਰੀਕਾ ਭੇਜਣ ਦਾ ਝਾਂਸਾ ਦੇਣ ਤੇ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼ 'ਚ ਮਾਮਲਾ ਦਰਜ

**ਸਮਾਣਾ (ਇਕਬਾਲ ਸਿੰਘ ਬੱਲ)**

ਅਮਰੀਕਾ ਭੇਜਣ ਦਾ ਝਾਂਸਾ ਦੇ ਕੇ ਦੋ ਸਕੀਆਂ ਭੈਣਾਂ ਨੂੰ ਦੁਬਈ ਬੁਲਾ ਕੇ ਤੰਗ-ਪ੍ਰੇਸ਼ਾਨ ਕਰਨ, ਨਕਲੀ ਫੋਟੋਆਂ ਵਾਇਰਲ ਕਰਨ ਦੀ ਧਮਕੀ ਦੇ ਕੇ ਸਰੀਰਕ ਸਬੰਧ ਬਣਾਉਣ ਦੀ ਕੋਸ਼ਿਸ਼ ਕਰਨ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਦੋਸ਼ ਵਿੱਚ ਸਿਟੀ ਪੁਲਿਸ ਨੇ ਦੋ ਸਕੇ ਭਰਾਵਾਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ।ਮੁਲਜ਼ਮਾਂ ਦੀ ਪਛਾਣ ਗੌਰਵ ਸਿੰਘ ਤੇ ਸਾਹਿਲ ਸਿੰਘ, ਦੋਵੇਂ ਪੁੱਤਰ ਸੇਵਾ ਸਿੰਘ, ਨਿਵਾਸੀ ਰੁਦਰਪੁਰ ਵਜੋਂ ਹੋਈ ਹੈ।ਮਾਮਲੇ ਦੇ ਜਾਂਚ ਅਧਿਕਾਰੀ ਤੇ ਸਿਟੀ ਪੁਲਸ ਇੰਚਾਰਜ ਸਬ-ਇੰਸਪੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਸਮਾਣਾ ਦੀ ਰਹਿਣ ਵਾਲੀ ਇੱਕ 20 ਸਾਲਾ ਲੜਕੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ, 6 ਮਹੀਨੇ ਪਹਿਲਾਂ ਵ੍ਰਿੰਦਾਵਨ ਘੁੰਮਣ ਦੌਰਾਨ ਉਨ੍ਹਾਂ ਪਰਿਵਾਰ ਦੀ ਮੁਲਾਕਾਤ ਸਾਹਿਲ ਸਿੰਘ ਨਾਲ ਹੋਈ ਸੀ।ਸਾਹਿਲ ਨੇ ਆਪਣੇ ਭਰਾ ਗੌਰਵ ਸਿੰਘ ਨੂੰ ਯੂ.ਐੱਨ.ਓ. ਦਾ ਡਿਪਲੋਮੈਟ ਦੱਸ ਕੇ ਵੀਜ਼ਾ ਲਗਵਾਉਣ ਦਾ ਭਰੋਸਾ ਦਿੱਤਾ ਤੇ ਉਨ੍ਹਾਂ ਦੇ ਸੰਪਰਕ ਵਿੱਚ ਆ ਗਿਆ।ਵੀਜ਼ਾ ਲੱਗਣ 'ਤੇ ਆਸਟ੍ਰੇਲੀਆ ਜਾਣ ਸਮੇਂ ਮੁਲਜ਼ਮ ਦੇ ਬੁਲਾਵੇ 'ਤੇ ਲੜਕੀ ਇੱਕ ਹਫ਼ਤਾ ਘੁੰਮਣ ਲਈ ਉਸ ਕੋਲ ਦੁਬਈ ਰੁਕੀ।ਇਸ ਤੋਂ ਬਾਅਦ ਮੁਲਜ਼ਮਾਂ ਨੇ ਉਸ ਨੂੰ ਤੇ ਉਸ ਦੀ ਭੈਣ ਨੂੰ ਅਮਰੀਕਾ ਦਾ ਵੀਜ਼ਾ ਲਗਵਾਉਣ ਦਾ ਝਾਂਸਾ ਦੇ ਕੇ ਦੁਬਈ ਬੁਲਾ ਲਿਆ ਤੇ ਇੱਕ ਮਹੀਨੇ ਤੱਕ ਆਪਣੇ ਕੋਲ ਰੱਖਿਆ, ਪਰ ਉਨ੍ਹਾਂ ਨੂੰ ਅਮਰੀਕਾ ਭੇਜਣ ਦੀ ਬਜਾਏ ਤੰਗ-ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ। ਮੁਲਜ਼ਮਾਂ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਬਣਾਈਆਂ ਗਈਆਂ ਨਕਲੀ ਫੋਟੋਆਂ ਵਾਇਰਲ ਕਰਨ ਦੀ ਧਮਕੀ ਦੇ ਕੇ ਉਨ੍ਹਾਂ ਨਾਲ ਸਰੀਰਕ ਸਬੰਧ ਬਣਾਉਣ ਦੀ ਕੋਸ਼ਿਸ਼ ਕੀਤੀ।ਜਦੋਂ ਪਰਵਾਰ ਨੂੰ ਇਸ ਬਾਰੇ ਪਤਾ ਲੱਗਾ ਤਾਂ ਉਹ ਦੋਵਾਂ ਭੈਣਾਂ ਨੂੰ ਵਾਪਸ ਸਮਾਣਾ ਲੈ ਆਏ।ਇਸ ਦੌਰਾਨ ਜਦੋਂ ਲੜਕੀ ਦਿੱਲੀ ਵਿੱਚ ਪੜ੍ਹਾਈ ਕਰ ਰਹੀ ਸੀ, ਤਾਂ ਮੁਲਜ਼ਮਾਂ ਨੇ ਉੱਥੇ ਵੀ ਉਨ੍ਹਾਂ ਦੇ ਫਲੈਟ 'ਤੇ ਪਹੁੰਚ ਕੇ ਉਨ੍ਹਾਂ ਨੂੰ ਤੰਗ ਕੀਤਾ ਤੇ ਆਪਣੇ ਭਰਾ ਦੀ ਸ਼ਹਿ 'ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ।ਪੁਲਸ ਅਧਿਕਾਰੀ ਅਨੁਸਾਰ ਸ਼ਿਕਾਇਤ ਦੇ ਆਧਾਰ 'ਤੇ ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਰਕਸ਼ਾ ਪਲੇਵੇ ਸਕੂਲ 'ਚ ਗਣਤੰਤਰ ਦਿਵਸ ਮਨਾਇਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਰਕਸ਼ਾ ਪਲੇਵੇ ਸਕੂਲ ਵਿੱਚ 76ਵਾਂ ਗਣਤੰਤਰ ਦਿਵਸ ਪੂਰੇ ਉਤਸ਼ਾਹ ਤੇ ਦੇਸ਼ਭਗਤੀ ਦੇ ਮਾਹੌਲ ਵਿੱਚ ਮਨਾਇਆ ਗਿਆ।ਇਸ ਮੌਕੇ ਸਕੂਲ ਪਰਿਸਰ ਨੂੰ ਤਿਰੰਗੇ ਰੰਗਾਂ ਨਾਲ ਸਜਾਇਆ ਗਿਆ ਤੇ ਬੱਚਿਆਂ ਵਿੱਚ ਦੇਸ਼ ਪ੍ਰਤੀ ਪਿਆਰ ਤੇ ਮਾਣ ਦੀ ਭਾਵਨਾ ਨਜ਼ਰ ਆਈ। ਕਾਰਜਕ੍ਰਮ ਦੀ ਸ਼ੁਰੂਆਤ ਰਾਸ਼ਟਰੀ ਝੰਡਾ ਲਹਿਰਾ ਕੇ ਕੀਤੀ ਗਈ।ਸਕੂਲ ਦੀ ਪ੍ਰਿੰਸੀਪਲ ਸਵਾਤੀ ਕਾਲੜਾ ਨੇ ਗਣਤੰਤਰ ਦਿਵਸ ਦੀ ਮਹੱਤਤਾ ਬਾਰੇ ਬੱਚਿਆਂ ਨੂੰ ਸੌਖੇ ਤੇ ਰੁਚਿਕਰ ਢੰਗ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਭਾਰਤ ਦੇ ਸੰਵਿਧਾਨ, ਲੋਕਤੰਤਰ ਤੇ ਰਾਸ਼ਟਰੀ ਮੁੱਲਾਂ ਬਾਰੇ ਦੱਸਦੇ ਹੋਏ ਬੱਚਿਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਕਿੰਡਰਗਾਰਟਨ ਦੇ ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਦੇਸ਼ਭਗਤੀ ਨਾਲ ਸੰਬੰਧਤ ਪ੍ਰਸਤੁਤੀਆਂ ਦਿੱਤੀਆਂ ਗਈਆਂ, ਜਿਨ੍ਹਾਂ ਨੇ ਸਾਰੇ ਦਰਸ਼ਕਾਂ ਦਾ ਮਨ ਮੋਹ ਲਿਆ।ਇਸ ਮੌਕੇ ਸਕੂਲ ਦੀਆਂ ਅਧਿਆਪਕਾਵਾਂ ਮਿਸ ਪ੍ਰਨੀਤ ਕੌਰ, ਚਾਹਤ ਕੌਸ਼ਲ, ਕ੍ਰਿਸ਼ਨਾ ਸ਼ਰਮਾ ਸਮੇਤ ਹੋਰ ਸਟਾਫ ਮੈਂਬਰ ਵੀ ਹਾਜ਼ਰ ਰਹੇ।ਪ੍ਰੋਗਰਾਮ ਦੇ ਅੰਤ ਵਿੱਚ ਬੱਚਿਆਂ ਨੂੰ ਮਿਠਾਈਆਂ ਵੰਡੀਆਂ ਗਈਆਂ ਅਤੇ ਦੇਸ਼ ਪ੍ਰਤੀ ਪਿਆਰ ਤੇ ਸਨਮਾਨ ਬਣਾਈ ਰੱਖਣ ਦਾ ਸੰਦੇਸ਼ ਦਿੱਤਾ ਗਿਆ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਗਣਤੰਤਰ ਦਿਵਸ ਮਨਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫਤਿਹਪੁਰ ਵਿਖੇ ਗਣਤੰਤਰ ਦਿਵਸ ਮਨਾਇਆ ਗਿਆ।ਸਭ ਤੋਂ ਪਹਿਲਾਂ ਸਕੂਲ ਵਿੱਚ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ, ਬਾਅਦ ਵਿੱਚ ਸਾਰਿਆਂ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ।ਉਪਰੰਤ ਐੱਨ. ਸੀ. ਸੀ. ਕੈਡਿਟ ਵੱਲੋਂ ਮਾਰਚ ਪਾਸ ਕੀਤਾ ਗਿਆ।ਸਕੂਲ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਨੂੰ ਗਣਤੰਤਰ ਦਿਵਸ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ।ਇਸ ਮੌਕੇ ਸਕੂਲ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਪਰਦੱਮਨ ਸਿੰਘ ਵਿਰਕ, ਸਮੂਹ ਮੈਨੇਜਿੰਗ ਕਮੇਟੀ, ਸਕੂਲ ਪ੍ਰਿੰਸੀਪਲ ਤੇ ਸਮੂਹ ਸਟਾਫ਼ ਵੱਲੋਂ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗਾਣ, ਦੇਸ਼ ਭਗਤੀ ਦੇ ਗੀਤ ਤੇ ਨਾਟਕ ਆਦਿ ਪੇਸ਼ ਕੀਤੇ।ਸਕੂਲ ਦੀ ਮੈਨੇਜਿੰਗ ਕਮੇਟੀ ਨੇ ਸਾਰਿਆਂ ਨੂੰ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੱਤੀਆਂ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਘਰ-ਘਰ ਬਣਨਗੇ 10 ਲੱਖ ਦੇ ਹੈੱਲਥ ਬੀਮਾ ਕਾਰਡ

## ਵਿਧਾਇਕ ਪੰਡੋਰੀ ਨੇ ਮਸ਼ੀਨਾਂ ਵੰਡ ਕੇ ਮੁਹਿੰਮ ਦੀ ਕੀਤੀ ਸ਼ੁਰੂਆਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਹਤਰ ਤੇ ਮੁਫ਼ਤ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਨੂੰ ਹੇਠਲੇ ਪੱਧਰ ਤੱਕ ਪਹੁੰਚਾਉਣ ਲਈ ਵਿਧਾਨ ਸਭਾ ਹਲਕਾ ਮਹਿਲ ਕਲਾਂ ਵਿੱਚ ਮੁਹਿੰਮ ਵਿੱਢ ਦਿੱਤੀ ਗਈ ਹੈ।ਇਸੇ ਕੜੀ ਤਹਿਤ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵੱਲੋਂ ਵੱਖ-ਵੱਖ ਪਿੰਡਾਂ ਲਈ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸੁਵਿਧਾ ਵਾਲੇ ਹੈਲਥ ਬੀਮਾ ਕਾਰਡ ਬਣਾਉਣ ਵਾਲੀਆਂ ਅਧੁਨਿਕ ਮਸ਼ੀਨਾਂ ਵੰਡੀਆਂ ਗਈਆਂ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਕਾਰ ਦਾ ਮੁੱਖ ਟੀਚਾ ਹਰ ਨਾਗਰਿਕ ਨੂੰ ਮਿਆਰੀ ਸਿਹਤ ਸੇਵਾਵਾਂ ਦੇ ਘੇਰੇ ਵਿੱਚ ਲਿਆਉਣਾ ਹੈ।ਉਨ੍ਹਾਂ ਕਿਹਾ ਕਿ ਹੁਣ ਲੋਕਾਂ ਨੂੰ ਹੈਲਥ ਕਾਰਡ ਬਣਾਉਣ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ, ਸਗੋਂ ਵਿਸ਼ੇਸ਼ ਟੀਮਾਂ ਰਾਹੀਂ ਘਰ-ਘਰ ਜਾ ਕੇ ਇਹ ਕਾਰਡ ਬਣਾਏ ਜਾਣਗੇ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਇਸ ਸਹੂਲਤ ਤੋਂ ਵਾਂਝਾ ਨਾ ਰਹੇ।ਵਿਧਾਇਕ ਪੰਡੋਰੀ ਨੇ ਅੱਗੇ ਕਿਹਾ ਕਿ ਇਹ 10 ਲੱਖ ਰੁਪਏ ਦਾ ਸਿਹਤ ਬੀਮਾ ਆਮ ਪਰਿਵਾਰਾਂ ਲਈ ਇੱਕ ਵੱਡੀ ਰਾਹਤ ਸਾਬਿਤ ਹੋਵੇਗਾ, ਜਿਸ ਨਾਲ ਉਹ ਗੰਭੀਰ ਬਿਮਾਰੀਆਂ ਦਾ ਇਲਾਜ ਬਿਨਾਂ ਕਿਸੇ ਵਿੱਤੀ ਬੋਝ ਦੇ ਚੋਣਵੇਂ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ 'ਚ ਕਰਵਾ ਸਕਣਗੇ।ਉਨ੍ਹਾਂ ਸਮੂਹ ਕਲੱਬ ਮੈਂਬਰਾਂ ਤੇ ਪਿੰਡਾਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਇਸ ਲੋਕ-ਪੱਖੀ ਯੋਜਨਾ ਦਾ ਲਾਭ ਹਰ ਲੋੜਵੰਦ ਤੱਕ ਪਹੁੰਚਾਉਣ ਲਈ ਸਹਿਯੋਗ ਦੇਣ।ਇਸ ਮੌਕੇ ਵੱਖ-ਵੱਖ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਤੇ ਕਲੱਬਾਂ ਦੇ ਪ੍ਰਧਾਨਾਂ ਨੇ ਸ਼ਿਰਕਤ ਕੀਤੀ।

# ਪੀ ਜੀ ਆਈ ਨੇ ਲਿਵਰ ਤੇ ਪੈਂਕਰੀਆਸ ਟ੍ਰਾਂਸਪਲਾਂਟ ਰਾਹੀਂ ਦਿੱਤੀ ਨਵੀਂ ਜ਼ਿੰਦਗੀ



**ਸਮਰਾਲਾ (ਸੁਰਜੀਤ ਸਿੰਘ)**

ਪੀਜੀਆਈ ਚੰਡੀਗੜ੍ਹ ਦੇ ਮਾਨਵਤਾ ਨੂੰ ਸਮਰਪਤ ਡਾਕਟਰਾਂ ਨੇ ਪੇਸ਼ੇਵਰਾਨਾ ਮੈਡੀਕਲ ਯੋਗਤਾ ਦਾ ਬੇਮਿਸਾਲ ਪ੍ਰਦਰਸ਼ਨ ਕਰਦਿਆਂ ਨਾਗਵਾਰ ਮੌਸਮ ਤੇ ਸਮੇਂ ਦੀ ਘਾਟ ਦੇ ਚਲਦਿਆਂ ਪਹਿਲੀ ਵਾਰ ਰਿਸ਼ੀਕੇਸ਼ ਦੇ ਏਮਜ਼ ਹਸਪਤਾਲ ਤੋਂ ਲਿਵਰ ਲਿਆ ਕੇ ਇੱਕ ਮਰੀਜ਼ ਦੀ ਜਾਨ ਬਚਾਈ।ਦੂਜੇ ਮਰੀਜ਼ ਲਈ ਦੂਰੀ ਤੇ ਸਮੇਂ ਨੂੰ ਮਾਤ ਦਿੰਦਿਆਂ ਸਪਲਿਟ-ਟੀਮ ਤਰੀਕੇ ਨਾਲ ਦੁਲੱਭ ਪੈਂਕਰੀਆਸ ਟ੍ਰਾਂਸਪਲਾਂਟ ਕਰਕੇ ਨਵੀਂ ਜ਼ਿੰਦਗੀ ਬਖ਼ਸ਼ੀ। ਕੜਾਕੇ ਦੀ ਠੰਢ, ਲਗਾਤਾਰ ਮੀਂਹ, ਤੇਜ਼ ਹਵਾਵਾਂ, ਲੰਬੇ ਸਫ਼ਰ ਦੇ ਬਾਵਜੂਦ ਪੀਜੀਆਈ ਦੀ ਟ੍ਰਾਂਸਪਲਾਂਟ ਟੀਮ ਨੇ ਇਹ ਯਕੀਨੀ ਬਣਾਇਆ ਕਿ ਕੀਮਤੀ ਜੀਵਨਦਾਇਨੀ ਅੰਗ ਬਿਨਾਂ ਕਿਸੇ ਰੁਕਾਵਟ ਦੇ ਉਡੀਕ ਕਰ ਰਹੇ ਮਰੀਜ਼ਾਂ ਤੱਕ ਪਹੁੰਚ ਸਕਣ।ਪ੍ਰੋ. ਵਿਵੇਕ ਲਾਲ ਡਾਇਰੈਕਟਰ ਪੀਜੀਆਈ ਨੇ ਕਿਹਾ ਕਿ ਇਹ ਅੰਗ ਦਾਨ ਮਨੁੱਖਤਾ ਦੀ ਉਹ ਰੋਸ਼ਨੀ ਹੈ, ਜੋ ਦੁੱਖ ਦੇ ਸਮਿਆਂ ਵਿੱਚ ਸਭ ਤੋਂ ਤੇਜ਼ ਚਮਕਦੀ ਹੈ।ਭਿਆਨਕ ਮੌਸਮ, ਲੰਬੀ ਦੂਰੀ ਤੇ ਭਾਰੀ ਸਮੇਂ ਦੇ ਦਬਾਅ ਦੇ ਬਾਵਜੂਦ ਸਾਡੀਆਂ ਟੀਮਾਂ ਇਹ ਯਕੀਨੀ ਬਣਾਉਣ ਲਈ ਦ੍ਰਿੜ੍ਹ ਰਹੀਆਂ ਕਿ ਨਾ ਕੋਈ ਅੰਗ ਤੇ ਨਾ ਹੀ ਕੋਈ ਜਾਨ ਸਿਰਫ਼ ਲਾਜਿਸਟਿਕ ਮੁਸ਼ਕਲਾਂ ਕਾਰਨ ਨੁਕਸਾਨੀ ਹੋਵੇ।ਅੰਗਦਾਤਾ ਪਰਿਵਾਰ ਦਾ ਨਿਸ਼ਕਾਮ ਫੈਸਲਾ ਤੇ ਸੰਸਥਾਵਾਂ ਦਰਮਿਆਨ ਬੇਮਿਸਾਲ ਟੀਮਵਰਕ ਨੇ ਕਈ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਦਿੱਤੀ ਹੈ ਤੇ ਹੋਰਾਂ ਲਈ ਆਸ ਜਗਾਈ ਹੈ।ਸੂਚਨਾ ਅਨੁਸਾਰ ਰਘੂ ਪਾਸਵਾਨ (42) ਨੂੰ ਦੋ ਮੰਜ਼ਿਲਾ ਇਮਾਰਤ ਤੋਂ ਡਿੱਗਣ ਕਾਰਨ ਗੰਭੀਰ ਦਿਮਾਗੀ ਸੱਟਾਂ ਨਾਲ ਏਮਜ਼ ਰਿਸ਼ੀਕੇਸ਼ ਦਾਖਲ ਕਰਵਾਇਆ ਗਿਆ ਸੀ।ਹਰ ਸੰਭਵ ਚਿਕਿਤਸਾ ਕੋਸ਼ਿਸ਼ ਦੇ ਬਾਵਜੂਦ ਉਨ੍ਹਾਂ ਨੂੰ ਬ੍ਰੇਨ ਡੈੱਡ ਘੋਸ਼ਿਤ ਕਰ ਦਿੱਤਾ ਗਿਆ।ਪਰਿਵਾਰ ਨੇ ਅੰਗ ਦਾਨ ਦਾ ਸਾਹਸੀ ਤੇ ਮਹਾਨ ਫੈਸਲਾ ਲਿਆ, ਜਿਸ ਨਾਲ ਦੇਸ਼ ਭਰ ਵਿੱਚ ਉਡੀਕ ਕਰ ਰਹੇ ਕਈ ਮਰੀਜ਼ਾਂ ਲਈ ਆਸ ਦੀ ਕਿਰਨ ਬਣੀ। ਸਰਜੀਕਲ ਤੇ ਲਾਜਿਸਟਿਕ ਚੁਣੌਤੀਆਂ ਉੱਤੇ ਰੌਸ਼ਨੀ ਪਾਉਂਦੇ ਹੋਏ ਪ੍ਰੋ. ਐੱਲ. ਕਾਮਨ ਮੁਖੀ ਜਨਰਲ ਸਰਜਰੀ ਵਿਭਾਗ ਪੀਜੀਆਈ ਚੰਡੀਗੜ੍ਹ ਨੇ ਕਿਹਾ ਕਿ ਲਿਵਰ ਟ੍ਰਾਂਸਪਲਾਂਟ ਟੀਮ ਦੇ ਡਾ. ਸਵਪਨੇਸ਼ ਕੁਮਾਰ ਸਾਹੂ ਤੇ ਡਾ. ਸ਼ਿਭੋਜਿਤ ਸਮੇਤ ਤੇ ਪੈਂਕਰੀਆਸ ਟ੍ਰਾਂਸਪਲਾਂਟ ਟੀਮ ਦੇ ਡਾ. ਸ਼ਿਵ ਕੁਮਾਰ ਪਾਟਿਲ ਤੇ ਡਾ. ਪ੍ਰਣੀਤ ਦੇ ਨਾਲ ਚੰਡੀਗੜ੍ਹ ਤੋਂ ਏਮਜ਼ ਰਿਸ਼ੀਕੇਸ਼ ਲਈ ਰਵਾਨਾ ਹੋਏ।ਲਗਭਗ ਛੇ ਘੰਟਿਆਂ ਦੇ ਲਗਾਤਾਰ ਸੜਕ ਸਫ਼ਰ ਤੋਂ ਬਾਅਦ, ਟੀਮਾਂ ਸਵੇਰੇ 3 ਵਜੇ ਏਮਜ਼ ਪਹੁੰਚੀਆਂ ਤੇ ਸਿੱਧਾ ਆਪ੍ਰੇਸ਼ਨ ਥੀਏਟਰ ਵਿੱਚ ਤਿਆਰੀ ਲਈ ਭੇਜੀਆਂ ਗਈਆਂ।ਪ੍ਰੋ. ਆਸ਼ੀਸ਼ ਸ਼ਰਮਾ ਮੁਖੀ ਰੀਨਲ ਟ੍ਰਾਂਸਪਲਾਂਟ ਪੀਜੀਆਈ ਨੇ ਕਿਹਾ ਕਿ ਦੇਸ਼ ਵਿੱਚ ਗਿਣਤੀ ਦੇ ਹੀ ਪੈਂਕਰੀਆਸ ਟ੍ਰਾਂਸਪਲਾਂਟ ਪ੍ਰੋਗਰਾਮ ਹਨ, ਜਦਕਿ ਡਾਇਬਟੀਜ਼ ਤੇ ਗੁਰਦਾ ਫੇਲ੍ਹ ਹੋਣ ਵਾਲੇ ਮਰੀਜ਼ ਬਹੁਤ ਹਨ।ਪੈਂਕਰੀਆਸ ਬਹੁਤ ਹੀ ਸੰਵੇਦਨਸ਼ੀਲ ਅੰਗ ਹੈ, ਜਿਸ ਦੀ ਪ੍ਰਾਪਤੀ ਤੇ ਟ੍ਰਾਂਸਪਲਾਂਟ 12 ਘੰਟਿਆਂ ਦੇ ਅੰਦਰ ਕਰਨੀ ਲਾਜ਼ਮੀ ਹੁੰਦੀ ਹੈ।ਜਦੋਂ ਡਾ. ਸ਼ਿਵ ਕੁਮਾਰ ਨੇ ਪੈਂਕਰੀਆਸ ਪ੍ਰਾਪਤ ਕੀਤਾ, ਉਸੇ ਸਮੇਂ ਡਾ. ਦੀਪੇਸ਼ ਕੇਨਵਾਰ ਨੇ ਚੰਡੀਗੜ੍ਹ ਵਿੱਚ ਮਰੀਜ਼ ਦੀ ਸਰਜਰੀ ਦੀ ਤਿਆਰੀ ਸ਼ੁਰੂ ਕਰ ਦਿੱਤੀ। 28 ਸਾਲਾ ਮਹਿਲਾ, ਜੋ 8 ਸਾਲ ਦੀ ਉਮਰ ਤੋਂ ਇਨਸੁਲਿਨ ਉੱਤੇ ਨਿਰਭਰ ਸੀ, ਵਿੱਚ ਪੈਂਕਰੀਆਸ ਟ੍ਰਾਂਸਪਲਾਂਟ ਕੀਤਾ ਗਿਆ ਹੈ ਤੇ ਉਹ ਪੂਰੀ ਤਰ੍ਹਾਂ ਸੁਧਾਰ ਦੇ ਲੱਛਣ ਦਰਸਾ ਰਹੀ ਹੈ।

## ਬ੍ਰਾਹਮਣ ਸਭਾ ਵੱਲੋਂ ਬਸੰਤ ਪੰਚਮੀ ਮੌਕੇ ਕੀਰਤਨ ਸਮਾਗਮ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਬ੍ਰਾਹਮਣ ਸਭਾ ਰਾਮਪੁਰਾ ਫੂਲ ਵੱਲੋਂ ਬਸੰਤ ਪੰਚਮੀ ਦੇ ਪਾਵਨ ਤਿਉਹਾਰ ਮੌਕੇ ਮਾਂ ਸਰਸਵਤੀ ਦੀ ਪੂਜਾ ਤੇ ਕੀਰਤਨ ਸਮਾਗਮ ਸ਼ਰਧਾ ਤੇ ਉਤਸ਼ਾਹ ਨਾਲ ਕੀਤਾ ਗਿਆ। ਸਮਾਗਮ ਦੀ ਅਗਵਾਈ ਬ੍ਰਾਹਮਣ ਸਭਾ ਦੇ ਪ੍ਰਧਾਨ ਗੁਰਤੇਜ ਸ਼ਰਮਾ ਨੇ ਕੀਤੀ, ਜਦਕਿ ਖ਼ਜ਼ਾਨਚੀ ਹਰਿਓਮ ਸ਼ਾਸਤਰੀ (ਓਮ ਪ੍ਰਕਾਸ਼ ਸ਼ਾਸਤਰੀ) ਨੇ ਸਹਿਯੋਗ ਦਿੱਤਾ।ਇਸ ਧਾਰਮਿਕ ਸਮਾਗਮ ਵਿੱਚ ਰਮਸਕਲ ਤ੍ਰਿਪਾਠੀ, ਰਾਮ ਸਵਰੂਪ ਸ਼ਰਮਾ, ਪੰਕਜ ਤ੍ਰਿਪਾਠੀ, ਰੋਹਿਤ ਸ਼ਰਮਾ, ਭਰਤ ਹਰਿ ਸ਼ਰਮਾ, ਮੋਹਿੰਦਰਜੀਤ ਕੌਰ, ਪ੍ਰਿਯੰਕਾ ਸ਼ਰਮਾ, ਅਮਨ ਸ਼ਰਮਾ, ਸੁਮਨ ਸ਼ਰਮਾ, ਪੂਜਾ ਰਾਣੀ, ਰਾਣੀ ਸ਼ਰਮਾ, ਬਿੱਲਾ ਸ਼ਰਮਾ ਤੇ ਸ਼ਹਿਰ ਦੇ ਪਤਵੰਤੇ ਸੱਜਣ ਸੁਰਿੰਦਰ ਜੋੜਾ, ਸੁਰੇਸ਼ ਲੀਲਾ, ਡਾ. ਭਰਥਰੀ ਸ਼ਰਮਾ, ਡਾ. ਰਜਿੰਦਰ ਕੁਮਾਰ ਤ੍ਰਿਪਾਠੀ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਰਹੇ।ਸਮਾਗਮ ਦੌਰਾਨ ਮਾ. ਸਰਸਵਤੀ ਭਜਨ ਮੰਡਲ ਦੀਪਕ ਮਤਵਾਲਾ ਐਂਡ ਪਾਰਟੀ ਵੱਲੋਂ ਮਾਂ ਸਰਸਵਤੀ ਦੇ ਗੁਣਗਾਨ ਲਈ ਸੁੰਦਰ ਭਜਨਾਂ ਦੀ ਪੇਸ਼ਕਾਰੀ ਕੀਤੀ ਗਈ।ਭਜਨ ਮੰਡਲ ਦੇ ਮੈਂਬਰਾਂ ਦੇ ਨਾਲ ਨਾਲ ਬਿਕਰਮਜੀਤ ਵਿੱਕਾ, ਪਵਨ ਜਿੰਦਲ, ਅਮਨ ਅਰੋੜਾ, ਦਵਿੰਦਰ ਰਾਣਾ, ਰਕੇਸ਼ ਰਿੰਕਾ, ਪਰਮਜੀਤ ਪੰਮੀ, ਸੰਜੇ ਗਰਗ ਅਤੇ ਗੋਰਾ ਵੱਲੋਂ ਵੀ ਸਮਾਗਮ ਵਿੱਚ ਭਰਪੂਰ ਸਹਿਯੋਗ ਦਿੱਤਾ ਗਿਆ।ਇਸ ਮੌਕੇ ਵੱਖ ਵੱਖ ਖੇਤਰਾਂ ਵਿੱਚ ਸੇਵਾਵਾਂ ਦੇਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ।

## ਯੂਨੀਵਰਸਿਟੀ ਕਾਲਜ ਵਿਖੇ ਰਾਸ਼ਟਰੀ ਵੋਟਰ ਦਿਵਸ ਮਨਾਇਆ




**ਧੂਰੀ (ਮਨੋਹਰ ਸਿੰਘ ਸੱਗੂ, ਰਣਜੀਤ ਸਿੰਘ ਪੇਧਨੀ)**-ਯੂਨੀਵਰਸਿਟੀ ਕਾਲਜ ਬੇਨੜਾ (ਧੂਰੀ) ਵਿਖੇ ਸਵੀਪ ਨੋਡਲ ਅਫ਼ਸਰ ਤੇ ਐੱਨ.ਐੱਸ.ਐੱਸ. ਯੂਨਿਟਾਂ ਵੱਲੋਂ 16ਵਾਂ ਰਾਸ਼ਟਰੀ ਵੋਟਰ ਦਿਵਸ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੀ ਅਗਵਾਈ ਵਿੱਚ ਮਨਾਇਆ ਗਿਆ।ਵਿਦਿਆਰਥੀਆਂ ਨੂੰ ਲੋਕਤੰਤਰ ਵਿੱਚ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ ਤੇ ਵਿਦਿਆਰਥੀਆਂ ਦੇ ਵੋਟਰ ਦਿਵਸ ਨੂੰ ਸਮਰਪਤ ਲੇਖ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਬੀ. ਕਾਮ. ਭਾਗ ਦੂਜਾ ਦੀ ਰਿਪਨਜੋਤ ਕੌਰ ਨੇ ਪਹਿਲਾ ਤੇ ਜਸਕੀਰਤ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ।ਸਮੂਹ ਵਿਦਿਆਰਥੀਆਂ ਵੱਲੋਂ ਇਸ ਸਮੇਂ ਵੋਟਰ ਪ੍ਰਣ ਲਿਆ ਗਿਆ।ਇਸ ਮੌਕੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਤੇ ਡਾ. ਊਸ਼ਾ ਰਾਣੀ, ਸਵੀਪ ਨੋਡਲ ਅਫ਼ਸਰ ਡਾ. ਕਰਮਜੀਤ ਸਿੰਘ, ਸਹਾਇਕ ਨੋਡਲ ਅਫਸਰ ਕਾਲਜਾਂ, ਧੂਰੀ ਡਾ. ਭੁਪਿੰਦਰ ਸਿੰਘ ਤੋਂ ਇਲਾਵਾ ਡਾ. ਰਾਕੇਸ਼ ਕੁਮਾਰ ਹਾਜ਼ਰ ਸਨ।

## ਮਾਡਰਨ ਕਾਲਜ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ ਵਿਖੇ ਪ੍ਰਿੰਸੀਪਲ ਡਾਕਟਰ ਵੀ. ਕੇ. ਰਾਓ ਦੀ ਅਗਵਾਈ ਹੇਠ ਬਸੰਤ ਪੰਚਮੀ ਦਾ ਤਿਉਹਾਰ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਕਾਲਜ ਦੇ ਪ੍ਰਿੰਸੀਪਲ ਡਾਕਟਰ ਵੀ. ਕੇ. ਰਾਓ ਤੇ ਸਮੂਹ ਸਟਾਫ ਨੇ ਮਾਤਾ ਸਰਸਵਤੀ ਦੀ ਵੰਦਨਾ ਕੀਤੀ।ਪ੍ਰਿੰਸੀਪਲ ਦੱਸਿਆ ਕਿ ਮਾਂ ਸਰਸਵਤੀ ਗਿਆਨ ਦਾ ਹਨੇਰਾ ਦੂਰ ਕਰ ਸਾਨੂੰ ਗਿਆਨ ਦਾ ਪ੍ਰਕਾਸ਼ ਦਿੰਦੀ ਹੈ।ਉਨ੍ਹਾਂ ਦੱਸਿਆ ਕਿ ਬਸੰਤ ਪੰਚਮੀ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਖੁਸ਼ੀਆਂ ਤੇ ਰੰਗਾਂ ਦਾ ਪ੍ਰਤੀਕ ਹੈ।ਬਸੰਤ ਪੰਚਮੀ ਦੇ ਮੌਕੇ 'ਤੇ ਵਿਦਿਆਰਥੀਆਂ ਤੇ ਸਮੂਹ ਸਟਾਫ ਨੇ ਪਤੰਗ ਉਡਾ ਕੇ ਖੂਬ ਆਨੰਦ ਮਾਣਿਆ।ਇਸ ਮੌਕੇ ਪ੍ਰਿੰਸੀਪਲ ਡਾ. ਵੀ. ਕੇ. ਰਾਓ, ਚੇਅਰਮੈਨ ਡਾ. ਰਵਿੰਦਰ ਬਾਂਸਲ, ਅਸਿਸਟੈਂਟ ਪ੍ਰੋਫੈਸਰ ਰਜਿੰਦਰ ਕੌਰ, ਮਹਿੰਦਰਪਾਲ ਬਾਤਿਸ਼, ਹਰਦੀਪ ਕੌਰ, ਗੁਰਵਿੰਦਰ ਕੌਰ, ਵੀਰਪਾਲ ਕੌਰ, ਮਨਦੀਪ ਕੌਰ, ਸੋਨੀਆ ਗੌੜ ਇੰਦਰਜੀਤ ਕੌਰ ਤੇ ਮਨਿੰਦਰ ਕੌਰ ਆਦਿ ਸਟਾਫ ਹਾਜ਼ਰ ਸਨ।

## 'ਮੁੱਖ ਮੰਤਰੀ ਸਿਹਤ ਯੋਜਨਾ' ਸਿਹਤ ਖੇਤਰ 'ਚ ਇਤਿਹਾਸਕ ਕ੍ਰਾਂਤੀ : ਚੇਅਰਮੈਨ ਘੁੱਲੀ



**ਧੂਰੀ (ਰਣਜੀਤ ਸਿੰਘ ਪੇਧਨੀ)**-'ਮੁੱਖ ਮੰਤਰੀ ਸਿਹਤ ਯੋਜਨਾ' ਆਮ ਆਦਮੀ ਪਾਰਟੀ ਵੱਲੋਂ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਮੌਜੂਦਗੀ 'ਚ ਮੋਹਾਲੀ ਵਿਖੇ ਲਾਂਚ ਕੀਤੀ ਗਈ ਹੈ।ਪੰਜਾਬ ਵਿੱਚ ਸਿਹਤ ਖੇਤਰ ਦੇ ਇਤਿਹਾਸ ਦੀ ਸਭ ਤੋਂ ਵੱਡੀ ਤੇ ਕ੍ਰਾਂਤੀਕਾਰੀ ਯੋਜਨਾ ਦੀ ਸ਼ੁਰੂਆਤ ਹੋਈ ਹੈ।ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੁਣ ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਤੱਕ ਦਾ ਪੂਰੀ ਤਰ੍ਹਾਂ ਨਕਦੀ ਰਹਿਤ ਇਲਾਜ ਦੀ ਸੁਵਿਧਾ ਮਿਲੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜਦੋਂ ਤੋਂ ਸੱਤਾ ਵਿੱਚ ਆਈ ਹੈ, ਆਮ ਲੋਕਾਂ ਦੀ ਸਿਹਤ ਨੂੰ ਸਭ ਤੋਂ ਉੱਚੀ ਤਰਜੀਹ ਦੇ ਰਹੀ ਹੈ।ਇਸ ਤੋਂ ਪਹਿਲਾਂ ਸੂਬੇ ਭਰ ਵਿੱਚ ਪਹਿਲੀ ਵਾਰ ਮੁੱਹਲਾ ਕਲੀਨਿਕਾਂ ਰਾਹੀਂ ਘਰੋਂ-ਘਰੀਂ ਇਲਾਜ ਦੀ ਸਹੂਲਤ ਪਹੁੰਚਾਉਣ ਦਾ ਕੰਮ ਵੀ ਕੀਤਾ ਗਿਆ ਹੈ।ਹਰਜੀ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਲਗਭਗ 65 ਲੱਖ ਪਰਿਵਾਰਾਂ ਨਾਲ ਸਬੰਧ ਰੱਖਦੇ ਕਰੀਬ ਤਿੰਨ ਕਰੋੜ ਤੋਂ ਵੱਧ ਨਾਗਰਿਕਾਂ ਨੂੰ ਸਿੱਧਾ ਲਾਭ ਮਿਲੇਗਾ।ਹੁਣ ਕਿਸੇ ਵੀ ਪੰਜਾਬੀ ਨੂੰ ਆਰਥਿਕ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਹੀਂ ਰਹਿਣਾ ਪਵੇਗਾ।ਮਹਿੰਗੇ ਇਲਾਜ, ਹਸਪਤਾਲਾਂ ਦੇ ਭਾਰੀ ਬਿੱਲਾਂ ਤੇ ਕਰਜ਼ੇ ਦੇ ਬੋਝ ਤੋਂ ਲੋਕਾਂ ਨੂੰ ਰਾਹਤ ਦਿਵਾਉਣ ਵੱਲ ਇਹ ਯੋਜਨਾ ਇੱਕ ਮੀਲ ਪੱਥਰ ਸਾਬਿਤ ਹੋਵੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਅਰਵਿੰਦ ਕੇਜਰੀਵਾਲ ਦੀ ਜੋੜੀ ਪੰਜਾਬ ਨੂੰ ਸਿਹਤਮੰਦ, ਤਾਕਤਵਰ ਤੇ ਆਤਮ-ਨਿਰਭਰ ਰਾਜ ਬਣਾਉਣ ਦੀ ਦਿਸ਼ਾ ਵਿੱਚ ਲਗਾਤਾਰ ਇਤਿਹਾਸਕ ਫੈਸਲੇ ਲੈ ਰਹੀ ਹੈ।ਮੁੱਖ ਮੰਤਰੀ ਸਿਹਤ ਯੋਜਨਾ ਇਸ ਗੱਲ ਦਾ ਸਪੱਸ਼ਟ ਸਬੂਤ ਹੈ ਕਿ ਆਮ ਆਦਮੀ ਪਾਰਟੀ ਜੋ ਕਹਿੰਦੀ ਹੈ, ਉਹ ਕਰ ਕੇ ਵੀ ਦਿਖਾਉਂਦੀ ਹੈ।

## ਫ਼ਿਰੋਜ਼ਪੁਰ ਮੰਡਲ ਵੱਲੋਂ ਰੇਲਵੇ ਕਰਮਚਾਰੀਆਂ ਲਈ ਸੀ ਪੀ ਆਰ ਸਿਖਲਾਈ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਮੰਡਲ ਦੇ ਮੰਡਲ ਹਸਪਤਾਲ ਵਿੱਚ ਡਾ. ਰੰਜਨਾ ਸਹਿਗਲ ਦੀ ਅਗਵਾਈ ਹੇਠ ਸੰਚਾਲਨ ਵਿਭਾਗ ਦੇ ਕਰਮਚਾਰੀਆਂ ਲਈ ਸੀਪੀਆਰ ਸਿਖਲਾਈ ਸੈਸ਼ਨ ਦਾ ਆਯੋਜਨ ਕੀਤਾ ਗਿਆ। ਮੰਡਲ ਹਸਪਤਾਲ ਦੇ ਡਾ. ਕਮਲ ਕੁਮਾਰ ਨੇ ਕਰਮਚਾਰੀਆਂ ਨੂੰ ਸੀਪੀਆਰ ਦੇਣ ਦੀ ਸਹੀ ਤਕਨੀਕ ਬਾਰੇ ਜਾਣਕਾਰੀ ਦਿੱਤੀ। ਸਿਖਲਾਈ ਦੌਰਾਨ ਕਰਮਚਾਰੀਆਂ ਨੂੰ ਬੁਨਿਆਦੀ ਜਾਣਕਾਰੀ ਦੇਣ ਦੇ ਨਾਲ-ਨਾਲ ਪੁਤਲਿਆਂ 'ਤੇ ਡੈਮੋ ਦੇ ਕੇ ਅਭਿਆਸ ਵੀ ਕਰਵਾਇਆ ਗਿਆ। ਇਸ ਸਿਖਲਾਈ ਸੈਸ਼ਨ ਵਿੱਚ ਕੁੱਲ 25 ਕਰਮਚਾਰੀਆਂ ਨੇ ਭਾਗ ਲਿਆ। ਇਸ ਸਿਖਲਾਈ ਦਾ ਮੁੱਖ ਉਦੇਸ਼ ਕਰਮਚਾਰੀਆਂ ਨੂੰ ਐਮਰਜੈਂਸੀ ਦੀ ਸਥਿਤੀ ਵਿੱਚ ਜੀਵਨ ਰੱਖਿਅਕ ਤਕਨੀਕਾਂ ਤੋਂ ਜਾਣੂ ਕਰਵਾਉਣਾ ਸੀ, ਤਾਂ ਜੋ ਕਿਸੇ ਵੀ ਅਚਾਨਕ ਵਾਪਰੀ ਘਟਨਾ ਦੌਰਾਨ ਸਮੇਂ ਸਿਰ ਉਚਿਤ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਦੱਸਿਆ ਕਿ ਮੰਡਲ ਦੇ ਫਰੰਟਲਾਈਨ ਸਟਾਫ਼ ਨੂੰ ਸੀਪੀਆਰ ਤੇ ਮੁੱਢਲੀ ਸਹਾਇਤਾ ਸਬੰਧੀ ਸਿਖਲਾਈ ਦੇਣ ਦੀ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ। ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਸਫ਼ਰ ਦੌਰਾਨ ਕਿਸੇ ਵੀ ਮੈਡੀਕਲ ਐਮਰਜੈਂਸੀ ਵੇਲੇ ਰੇਲ ਯਾਤਰੀਆਂ ਨੂੰ ਤੁਰੰਤ ਮੁੱਢਲੀ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ।

## ਗੁਰੂ ਗੋਬਿੰਦ ਸਿੰਘ ਜੀ ਦੇ ਵਿਆਹ ਪੁਰਬ ਤੇ ਬਸੰਤ ਪੰਚਮੀ ਸੰਬੰਧੀ ਸਮਾਗਮ




**ਬਠਿੰਡਾ (ਰਾਜੀਵ ਗੋਇਲ)**-ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿਖੇ ਗੁਰੂ ਗੋਬਿੰਦ ਸਿੰਘ ਜੀ ਦਾ ਵਿਆਹ ਪੁਰਬ ਤੇ ਬਸੰਤ ਪੰਚਮੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਬੱਚਿਆਂ ਨੇ ਕਵਿਤਾਵਾਂ ਤੇ ਕਵੀਸ਼ਰੀਆਂ ਗਾ ਕੇ ਰੰਗ ਬੰਨ੍ਹਿਆ। ਪ੍ਰਿੰਸੀਪਲ ਸੋਨੂ ਕੁਮਾਰ ਨੇ ਬੱਚਿਆਂ ਨੂੰ ਬਸੰਤ ਪੰਚਮੀ ਬਾਰੇ ਜਾਣਕਾਰੀ ਦਿੰਦਿਆਂ ਪਤੰਗਾਂ ਕਾਰਨ ਹੋਣ ਵਾਲੇ ਜਾਨੀ ਨੁਕਸਾਨ ਤੋਂ ਬੱਚਿਆਂ ਨੂੰ ਜਾਣੂ ਕਰਵਾਉਂਦਿਆਂ ਪਤੰਗ ਧਿਆਨ ਨਾਲ ਚੜ੍ਹਾਉਣ ਦੀ ਹਦਾਇਤ ਦਿੱਤੀ ਅਤੇ ਚਾਈਨਾ ਡੋਰ ਦੇ ਕਹਿਰ ਤੋਂ ਜਾਣੂ ਕਰਵਾਇਆ।ਇਸ ਮੌਕੇ ਧਾਰਮਿਕ ਅਧਿਆਪਕਾਂ ਪਲਵਿੰਦਰ ਕੌਰ ਜਲਾਲ ਨੇ ਬੱਚਿਆਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵਿਆਹ ਪੁਰਬ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਗੁਰੂ ਜੀ ਦਾ ਵਿਆਹ ਮਾਤਾ ਜੀਤੋ ਜੀ ਨਾਲ ਗੁਰੂ ਕੇ ਲਾਹੌਰ ਅਨੰਦਪੁਰ ਸਾਹਿਬ ਤੋਂ 12 ਕਿਲੋਮੀਟਰ ਦੂਰੀ ਤੇ ਸਥਿਤ ਹੈ।ਉਨ੍ਹਾਂ ਗੁਰੂ ਜੀ ਦੇ ਮਹਾਨ ਜੀਵਨ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣ ਲਈ ਬੱਚਿਆਂ ਨੂੰ ਪ੍ਰੇਰਿਆ।ਇਸ ਮੌਕੇ ਨੀਤੂ ਸ਼ਰਮਾ, ਬਲਵਿੰਦਰ ਕੌਰ, ਰਣਜੀਤ ਕੌਰ, ਗੁਰਪ੍ਰੀਤ ਕੌਰ, ਤਰਨਵੀਰ ਕੌਰ, ਪਵਨਪ੍ਰੀਤ ਕੌਰ, ਜਸਵੀਰ ਕੌਰ, ਰਣਦੀਪ ਕੌਰ, ਸਵਰਨਜੀਤ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਲਵਪ੍ਰੀਤ ਕੌਰ, ਮੰਦਰ ਸਿੰਘ, ਦਵਿੰਦਰ ਕੁਮਾਰ ਆਦਿ ਹਾਜ਼ਰ ਸਨ।

# ਸੰਘਰਸ਼ਾਂ ਦਾ ਮਘਦਾ ਸੂਰਜ ਸੀ 'ਪ੍ਰਿੰਸੀਪਲ ਪਿਆਰਾ ਸਿੰਘ'

ਇੱਕ ਉਹ ਇਨਸਾਨ ਜੋ ਲੋਕਾਈ ਦੇ ਦਰਦ ਨੂੰ ਆਪਣਾ ਦਰਦ ਸਮਝਦਾ ਹੋਵੇ, ਕਿਤੇ ਵੀ ਗਰੀਬ ਮਜ਼ਲੂਮ ਨਾਲ ਧੱਕਾ ਹੁੰਦਾ ਦੇਖ ਆਪ ਮੁਹਾਰੇ ਹੀ ਆਪਣੇ ਸੰਗੀ ਸਾਥੀਆਂ ਸਮੇਤ ਜ਼ੁਲਮ ਦੇ ਵਿਰੁੱਧ ਜਾ ਖੜਨ ਵਾਲੇ ਸਾਥੀ ਦੇ ਸੰਸਾਰ ਤੋਂ ਤੁਰ ਜਾਣ ਨਾਲ ਦਿਲ ਨੂੰ ਗਹਿਰਾ ਸਦਮਾ ਪਹੁੰਚਿਆ।ਆਪਣੇ ਅਤੇ ਆਪਣੇ ਪਰਵਾਰ ਲਈ ਤਾਂ ਸਾਰੇ ਹੀ ਕਰਦੇ ਹਨ।ਪਰ ਦੂਜਿਆਂ ਲਈ ਆਪਣੇ ਘਰੋਂ ਦੁਪਹਿਰ ਦੀ ਰੋਟੀ ਲੜ ਬੰਨ ਰਾਤ ਤੱਕ ਕੰਮ ਕਰਨ ਦਾ ਨਾਂਅ ਹੀ ਪ੍ਰਿੰਸੀਪਲ ਪਿਆਰਾ ਸਿੰਘ ਸੀ। ਲੋਕ ਪੱਖੀ ਸੋਚ ਰੱਖਣ ਵਾਲੇ ਲੋਕਾਂ ਦੀ ਰੂਹ ਤੇ ਦਿਲ ਦੇ ਬਹੁਤ ਕਰੀਬ ਵੱਸੇ ਪ੍ਰਿੰਸੀਪਲ ਪਿਆਰਾ ਸਿੰਘ ਦਾ ਤੁਰ ਜਾਣਾ ਇਲਾਕੇ ਦੇ ਲੋਕਾਂ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਹੈ। ਸ਼ਬਦ ਹੈ ਤੋਂ ਸੀ ਲਿਖਣ ਲੱਗਿਆਂ ਅੱਖਾਂ ਨਮ ਹੋ ਰਹੀਆਂ ਹਨ ਅਤੇ ਦਿਲ ਰੋ ਰਿਹਾ ਹੈ। ਕੈਨੇਡਾ ਦੀ ਧਰਤੀ 'ਤੇ ਬੈਠਿਆਂ ਮੈਨੂੰ ਇੰਜ ਮਹਿਸੂਸ ਹੋ ਰਿਹਾ ਹੈ ਕਿ ਜਿਵੇਂ ਅੱਜ ਮਾਹਿਲਪੁਰ ਇਲਾਕੇ ਦੇ ਲੋਕ ਪੱਖੀ ਇਨਕਲਾਬੀ ਲੋਕਾਂ ਦੀ ਯੂਨੀਵਰਸਿਟੀ ਢਹਿ-ਢੇਰੀ ਹੋ ਗਈ ਹੋਵੇ।ਯਾਰਾਂ ਦੇ ਯਾਰ ਅਤੇ ਸਮੂਹ ਅਧਿਆਪਕ ਵਰਗ ਦੇ ਮਾਰਗ ਦਰਸ਼ਕ ਮਹਾਨ ਇਨਕਲਾਬੀ ਯੋਧੇ ਪ੍ਰਿੰਸੀਪਲ ਪਿਆਰਾ ਸਿੰਘ ਵਾਸੀ ਪਿੰਡ ਖੈਰੜ -ਅੱਛਰਵਾਲ ਬਲਾਕ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਬੀਤੇ ਦਿਨੀਂ ਨਾ ਮੁਰਾਦ ਬਿਮਾਰੀ ਕੈਂਸਰ ਨੇ ਨਿਗਲ ਲਿਆ।ਉਨ੍ਹਾਂ 19 ਜਨਵਰੀ 2026 ਨੂੰ ਪੀ ਜੀ ਆਈ ਚੰਡੀਗੜ੍ਹ ਵਿਖੇ ਅੰਤਿਮ ਸਾਹ ਲਏ।

ਅਤਿ ਗਰੀਬੀ ਦੀਆਂ ਹਾਲਤਾਂ ਵਿੱਚ ਸਰਦਾਰ ਪਿਆਰਾ ਸਿੰਘ ਬੀ. ਐਸ. ਸੀ., ਬੀ .ਐਡ ਦੀ ਪੜ੍ਹਾਈ ਕਰਨ ਉਪਰੰਤ ਸਾਲ 1978 ਵਿੱਚ ਸਰਕਾਰੀ ਨੌਕਰੀ ਦੀ ਪ੍ਰਾਪਤੀ ਲਈ ਬੇਰੋਜ਼ਗਾਰ ਅਧਿਆਪਕ ਯੂਨੀਅਨ ਵਿੱਚ ਸ਼ਾਮਲ ਹੋਏ।ਜਿੱਥੇ ਉਹਨਾਂ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਦਿਨ ਰਾਤ ਮਿਹਨਤ ਕਰਕੇ ਸੈਂਕੜੇ ਹੀ ਅਧਿਆਪਕਾਂ ਨੂੰ ਜਥੇਬੰਦੀ ਵਿੱਚ ਸ਼ਾਮਲ ਕਰਕੇ ਸੰਘਰਸ਼ ਨੂੰ ਸਿਖਰ 'ਤੇ ਪਹੁੰਚਾਇਆ। ਇਸੇ ਸੰਘਰਸ਼ ਸਦਕਾ ਉਹ ਸਿੱਖਿਆ ਵਿਭਾਗ ਵਿੱਚ ਬਤੌਰ ਸਾਇੰਸ ਮਾਸਟਰ ਭਰਤੀ ਹੋਏ।ਹੈਡ ਮਾਸਟਰ ਪ੍ਰਮੋਟ ਹੋਣ ਉਪਰੰਤ ਉਹ ਪ੍ਰਿੰਸੀਪਲ ਲੱਗਣ ਲਈ ਮੁਕਾਬਲੇ ਦੀ ਪ੍ਰੀਖਿਆ ਪਾਸ ਕਰਕੇ ਮਾਹਿਲਪੁਰ ਵਿੱਚ ਬਤੌਰ ਪ੍ਰਿੰਸੀਪਲ ਨਿਯੁਕਤ ਹੋਏ।ਸਰਕਾਰੀ ਨੌਕਰੀ ਦੇ ਨਾਲ ਪ੍ਰਿੰਸੀਪਲ ਦੇ ਅਹੁਦੇ 'ਤੇ ਹੁੰਦਿਆਂ ਹੋਇਆਂ ਵੀ ਉਹ ਅਧਿਆਪਕਾਂ ਦੀ ਹਰਮਨ ਪਿਆਰੀ ਜਥੇਬੰਦੀ ਗੌਰਮੈਂਟ ਟੀਚਰਜ ਯੂਨੀਅਨ ਦੇ ਜ਼ਿਲ੍ਹਾ ਅਤੇ ਸਟੇਟ ਪ੍ਰਧਾਨ ਰਹੇ। ਉਹਨਾਂ ਉਸ ਵੇਲੇ ਚੱਲ ਰਹੇ ਮੁਲਾਜ਼ਮ ਘੋਲਾਂ ਦੀ ਸ਼ਾਨਦਾਰ ਅਤੇ ਬੇਖੌਫ ਅਗਵਾਈ ਕੀਤੀ।ਜਿਸ ਕਰਕੇ ਉਹ ਉਸ ਸਮੇਂ ਦੀਆਂ ਸਰਕਾਰਾਂ ਦੀਆਂ ਅੱਖਾਂ ਵਿੱਚ ਰੋੜ ਵਾਂਗ ਰੜਕਦੇ ਰਹੇ।ਉਹਨਾਂ ਨੂੰ ਸਬਕ ਸਿਖਾਉਣ ਲਈ ਹਾਕਮ ਜਮਾਤਾਂ ਦੀ ਵੱਲੋਂ ਫਿਰੋਜ਼ਪੁਰ ਅਤੇ ਜ਼ਿਲ੍ਹਾ ਰੋਪੜ ਵਰਗੇ ਦੂਰ ਦੁਰਾਡੇ ਸਕੂਲਾਂ ਵਿੱਚ ਬਦਲ ਕੇ ਜਥੇਬੰਦਕ ਸੋਚ ਨਾਲੋਂ ਤੋੜਨ ਦੀਆਂ ਕੋਝੀਆਂ ਹਰਕਤਾਂ ਕੀਤੀਆਂ। ਪਰੰਤੂ ਲੋਕ ਹਿੱਤਾਂ ਨੂੰ ਪ੍ਰਣਾਏ ਸਰਦਾਰ ਪਿਆਰਾ ਸਿੰਘ ਅਡੋਲ ਰਹੇ ਅਤੇ ਸਗੋਂ ਪਹਿਲਾਂ ਨਾਲੋਂ ਵੀ ਜਿਆਦਾ ਮਜਬੂਤ ਅਤੇ ਦ੍ਰਿੜ੍ਹ ਇਰਾਦੇ ਨਾਲ ਮੁਲਾਜ਼ਮ ਹਿੱਤਾਂ ਦੀ ਅਗਵਾਈ ਕਰਦੇ ਰਹੇ ਅਤੇ ਸਾਲ 2005 ਵਿੱਚ ਉਹ ਜ਼ਿਲ੍ਹਾ ਸਿੱਖਿਆ ਅਫਸਰ ਬਣੇ।



ਉਨ੍ਹਾਂ ਅੰਦਰ ਕੰਮ ਕਰਨ ਦੀ ਸਮਰੱਥਾ ਦਾ ਇਸ ਗੱਲ ਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਇੱਕ ਵਾਰ ਮੈਂ ਸਰਸਰੀ ਜਿਹੀ ਗੱਲਬਾਤ ਕਰਦਿਆਂ ਉਹਨਾਂ ਨੂੰ ਸਵਾਲ ਕੀਤਾ ਕਿ ਪ੍ਰਧਾਨ ਜੀ ਤੁਸੀਂ ਇੱਕੋ ਸਮੇਂ ਤਿੰਨ ਜ਼ਿਲ੍ਹਿਆਂ ਦੇ ਜ਼ਿਲ੍ਹਾ ਸਿੱਖਿਆ ਅਫਸਰ ਅਤੇ ਗੌਰਮੈਂਟ ਟੀਚਰਜ ਯੂਨੀਅਨ ਦੀ ਅਗਵਾਈ ਕਰ ਰਹੇ ਹੋ, ਇਹ ਸਭ ਕੁਝ ਕਿਸ ਤਰ੍ਹਾਂ ਸੰਭਵ ਹੈ? ਤਾਂ ਉਹਨਾਂ ਹੱਸਦਿਆਂ ਹੋਇਆਂ ਜਵਾਬ ਦਿੱਤਾ ਕਿ ਅਵਤਾਰ ਸਿੰਘ ਤਿੰਨ ਜਿਲ੍ਹਿਆਂ ਦੀ ਤਾਂ ਕੀ ਮੈਨੂੰ ਤਾਂ ਜੇਕਰ ਸਾਰਾ ਪੰਜਾਬ ਹੀ ਸੰਭਾਲ ਦਿੱਤਾ ਜਾਵੇ ਤਾਂ ਮੈਂ ਸਾਰੇ ਪੰਜਾਬ ਦੀ ਸਿੱਖਿਆ ਜਿੰਮੇਵਾਰੀ ਲੈਣ ਲਈ ਤਿਆਰ ਹਾਂ ਕਹਿ ਕੇ ਹੈਰਾਨ ਕਰ ਦਿੱਤਾ।ਉਹ ਸਮੇਂ ਦੇ ਪਾਬੰਦ ਅਤੇ ਅਸੂਲਾਂ ਦੇ ਇੰਨੇ ਪੱਕੇ ਸਨ ਕਿ ਉਹਨਾਂ ਜ਼ਿੰਦਗੀ ਵਿੱਚ ਕਦੇ ਵੀ ਇਹਨਾਂ ਨਾਲ ਸਮਝੌਤਾ ਨਹੀਂ ਕੀਤਾ ਭਾਵੇਂ ਕਿ ਜਥੇਬੰਦਕ ਤੌਰ 'ਤੇ ਉਹ ਸਾਡੇ ਬਹੁਤ ਨੇੜੇ ਸਨ, ਪਰ ਜਿੱਥੇ ਅਸੂਲਾਂ ਦੀ ਗੱਲ ਹੁੰਦੀ ਸੀ ਉੱਥੇ ਉਹ ਸਭ ਲਈ ਬਰਾਬਰ ਸਨ। ਇੱਥੇ ਵਰ੍ਹਿਆਂ ਪਹਿਲਾਂ ਵਾਪਰੀ ਇੱਕ ਘਟਨਾ ਦਾ ਮੈਂ ਇੱਥੇ ਜਿਕਰ ਕਰਨਾ ਜਰੂਰੀ ਸਮਝਾਂਗਾ ਕਿ ਕਿਸੇ ਜਰੂਰੀ ਕੰਮ ਲਈ ਮੈਂ ਉਨ੍ਹਾ ਨੂੰ ਮਿਲਣ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਹਿਲਪੁਰ ਵਿਖੇ ਪਹੁੰਚਿਆ। ਦਫਤਰ ਦੇ ਬਾਹਰ ਬੈਠੇ ਸੇਵਾਦਾਰ ਨੇ ਦੱਸਿਆ ਕਿ ਪ੍ਰਿੰਸੀਪਲ ਸਾਹਿਬ ਇਸ ਵੇਲੇ ਕਲਾਸ ਵਿੱਚ ਆਪਣਾ ਪੀਰੀਅਡ ਲੈ ਰਹੇ ਹਨ ਤਾਂ ਮੈਂ ਉਹਨਾਂ ਨੂੰ ਮਿਲਣ ਲਈ ਕਲਾਸ ਵਿੱਚ ਹੀ ਜਾ ਪਹੁੰਚਿਆ ਅਤੇ ਜਦੋਂ ਮੈਂ ਕਲਾਸ ਵਿੱਚ ਅੰਦਰ ਗਿਆ ਤਾਂ ਉਹਨਾਂ ਨੇ ਮੈਨੂੰ ਮਿਲਣ ਤੋਂ ਸਾਫ ਇਨਕਾਰ ਕਰਦਿਆਂ ਕਹਿ ਦਿੱਤਾ ਕਿ ਬੱਚਿਆਂ ਨੂੰ ਪੜ੍ਹਾਉਂਦੇ ਸਮੇਂ ਲੱਗੇ ਪੀਰੀਅਡ ਵਿੱਚ ਮੈਂ ਕਦੇ ਵੀ ਕਿਸੇ ਸਾਥੀ ਨੂੰ ਨਹੀਂ ਮਿਲਿਆ। ਪਹਿਲਾਂ ਤਾਂ ਮੈਨੂੰ ਬਹੁਤ ਗੁੱਸਾ ਆਇਆ ਕਿ ਸਿਰਫ ਇੱਕ ਮਿੰਟ ਦੀ ਗੱਲਬਾਤ ਸੀ ਪਰ ਬਾਅਦ ਵਿੱਚ ਜਦੋਂ ਮੈਂ ਠੰਡੇ ਦਿਮਾਗ ਨਾਲ ਸੋਚਿਆ ਤਾਂ ਮੈਨੂੰ ਅਹਿਸਾਸ ਹੋਇਆ ਕਿ ਨਹੀਂ ਮੈਨੂੰ ਗੁੱਸਾ ਕਰਨ ਦੀ ਲੋੜ ਨਹੀਂ ਸਗੋਂ ਸਾਨੂੰ ਸਭ ਨੂੰ ਇਸੇ ਤਰ੍ਹਾਂ ਹੀ ਇੱਕ ਆਦਰਸ਼ ਅਧਿਆਪਕ ਬਣਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।

ਅੰਧ ਵਿਸ਼ਵਾਸ ਅਤੇ ਸਮਾਜਿਕ ਬੁਰਾਈਆਂ ਖਿਲਾਫ ਚੱਲਣ ਵਾਲੀ ਹਰੇਕ ਲਹਿਰ ਦੇ ਉਹ ਕੱਟੜ ਸਮਰਥਕ ਸਨ। ਜਿੱਥੇ ਉਹ ਜਬਰ ਅਤੇ ਜ਼ੁਲਮ ਦੇ ਖਿਲਾਫ ਲੋਹੇ ਦੀ ਲੱਠ ਬਣ ਕੇ ਖੜਦੇ ਰਹੇ ਉੱਥੇ ਨਾਲ ਦੀ ਨਾਲ ਹੀ ਇਨਸਾਨੀਅਤ ਦੇ ਪ੍ਰਤੀ ਉਹ ਬਹੁਤ ਹੀ ਨਰਮ ਦਿਲ ਅਤੇ ਭਾਵੁਕ ਹਿਰਦਾ ਰੱਖਦੇ ਸਨ।ਜਿਸ ਦਾ ਅੰਦਾਜ਼ਾ ਇਸ ਗੱਲ ਤੋਂ ਲੱਗਦਾ ਹੈ ਕਿ ਜਿੰਨ੍ਹਾ ਦਿਨਾਂ ਵਿੱਚ ਉਹ ਸਰਕਾਰੀ ਜਬਰ ਦਾ ਸ਼ਿਕਾਰ ਹੁੰਦਿਆਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਲਾ ਵਿਖੇ ਬਤੌਰ ਪ੍ਰਿੰਸੀਪਲ ਕੰਮ ਕਰਦੇ ਸਨ ਤਾਂ ਉਹਨਾਂ ਬੱਸ ਅੱਡੇ ਰੋਪੜ ਵਿੱਚ ਭਰੂਣ ਹੱਤਿਆ ਸੰਬੰਧੀ ਲੱਗਿਆ ਇੱਕ ਪੋਸਟਰ ਪੜ੍ਹਿਆ ਜਿਸ ਦੀ ਸ਼ਬਦਾਵਲੀ ਬਹੁਤ ਭਾਵੁਕ ਸੀ ਕਿ 'ਪਾਪਾ ਮੈਨੂੰ ਜੰਮਣ ਤੋਂ ਪਹਿਲਾਂ ਹੀ ਕੁੱਖ ਵਿੱਚ ਨਾ ਮਾਰਨਾ, ਨਾ ਪਾਪਾ ਨਾ, ਮੇਰੇ ਕੋਮਲ ਜਿਸਮ ਦੇ ਅੰਗਾਂ ਨੂੰ ਬੇਰਹਿਮ ਡਾਕਟਰਾਂ ਦੀਆਂ ਕੈਂਚੀਆਂ ਕੋਲੋਂ ਟੁਕੜੇ ਟੁਕੜੇ ਨਾ ਕਰਵਾਉਣਾ ਅਤੇ ਮੇਰੇ ਪਤਾਸਿਆਂ ਵਰਗੇ ਹੱਥਾਂ ਨੂੰ ਇੱਕ ਵਾਰ ਜ਼ਰੂਰ ਹੱਥਾਂ ਵਿੱਚ ਘੁੱਟ ਕੇ ਦੇਖ ਲੈਣਾ.....!' ਇਹ ਸਤਰਾਂ ਪੜ੍ਹਦਿਆਂ ਹੀ ਉਹਨਾਂ ਦੀਆਂ ਅੱਖਾਂ ਵਿੱਚੋਂ ਅਥਰੂ ਵਹਿਣ ਲੱਗੇ।ਉਹਨਾਂ ਉਸੇ ਵਕਤ ਉਸ ਪੋਸਟਰ ਨੂੰ ਆਪਣੇ ਬੈਗ ਵਿੱਚੋਂ ਇੱਕ ਪੇਪਰ ਕੱਢ ਕੇ ਉਸ ਉੱਪਰ ਉਤਾਰਿਆ ਅਤੇ 1000 ਪੇਪਰ ਛਪਵਾ ਕੇ ਸਾਨੂੰ ਮਾਹਿਲਪੁਰ ਬੁਲਾਇਆ ਅਤੇ ਕਿਹਾ ਕਿ ਸਾਥੀਓ ਇਹ 1000 ਪੇਪਰ ਮੈਂ ਵੱਖ-ਵੱਖ ਸਕੂਲਾਂ ਵਿੱਚ ਵੰਡ ਰਿਹਾ ਹਾਂ ਇਸ ਲਈ ਜੇਕਰ ਤੁਸੀਂ ਵੀ ਜਥੇਬੰਦੀ ਦੇ ਇਮਾਨਦਾਰ ਸਿਪਾਹੀ ਹੋ ਤਾਂ ਇਸ ਸਮਾਜਿਕ ਬੁਰਾਈ ਦੇ ਵਿਰੁੱਧ ਸਭ ਲਾਮਬੰਦ ਹੋਵੋ ਅਤੇ ਸਾਥੀਆਂ ਦੀ ਮੀਟਿੰਗ ਕਰਕੇ ਬਲਾਕ ਮਾਹਿਲਪੁਰ ਦੇ ਸਮੂਹ ਸਕੂਲਾਂ ਵਿੱਚ ਇਸ ਪੋਸਟਰ ਦੀ ਵੰਡ ਨੂੰ ਯਕੀਨੀ ਬਣਾਓ। ਜਿਸ 'ਤੇ ਅਮਲ ਕਰਦਿਆਂ ਅਸੀਂ ਸਭ ਸਾਥੀਆਂ ਨੇ ਮਿਲ ਕੇ ਗੌਰਮੈਂਟ ਟੀਚਰਜ ਯੂਨੀਅਨ ਬਲਾਕ ਮਾਹਿਲਪੁਰ ਵੱਲੋਂ ਉਸ ਵੇਲੇ ਜੋਰਾਂ 'ਤੇ ਚੱਲ ਰਹੀ ਭਰੂਣ ਹੱਤਿਆ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕੀਤੀ।

ਉਹਨਾਂ ਦੇ ਬਤੌਰ ਪ੍ਰਿੰਸੀਪਲ ਕਾਰਜ ਕਾਲ ਦੌਰ ਮਾਹਿਲਪੁਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਟੇਟ ਲੈਵਲ ਦੇ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦੇ ਆਯੋਜਨ ਹੁੰਦੇ ਰਹੇ, ਜਿੰਨ੍ਹਾਂ ਵਿੱਚ ਮਾਹਿਲਪੁਰ ਦੇ ਸਮੂਹ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੀਆਂ ਸ਼ਾਨਦਾਰ ਸੱਭਿਆਚਾਰਕ ਅਤੇ ਇਨਕਲਾਬੀ ਦੇਸ਼ ਭਗਤੀ ਦੀਆਂ ਝਲਕੀਆਂ ਦਾ ਪ੍ਰਦਰਸ਼ਨ ਦੇਖਣ ਨੂੰ ਮਿਲਦਾ ਰਿਹਾ।ਜਿਸ ਸਦਕਾ ਉਹਨਾਂ ਬਹੁਤ ਸਾਰੇ ਨਾਮਵਰ ਫੁੱਟਬਾਲ ਖਿਡਾਰੀ ਪੈਦਾ ਕੀਤੇ।ਜੋ ਅੱਜ ਵੀ ਦੇਸ਼ ਦੀਆਂ ਵੱਖ ਵੱਖ ਕਲੱਬਾਂ ਅਤੇ ਵਿਭਾਗਾਂ ਦੀਆਂ ਟੀਮਾਂ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਆਪਣੇ ਮਾਤਾ ਪਿਤਾ, ਸਕੂਲ ਅਤੇ ਇਲਾਕਾ ਮਾਹਿਲਪੁਰ ਦਾ ਨਾਂਅ ਰੌਸ਼ਨ ਕਰ ਰਹੇ ਹਨ।ਉਨ੍ਹਾ ਦੇ ਅਧਿਆਪਨ ਅਤੇ ਇਨਕਲਾਬੀ ਜੀਵਨ ਦੇ ਸਫ਼ਰ ਵਿੱਚ ਉਨ੍ਹਾਂ ਨੂੰ ਜੀਵਨ ਸਾਥਣ ਬੀਬੀ ਹਰਬੰਸ ਕੌਰ, ਪੁੱਤਰ, ਧੀਆਂ ਅਤੇ ਪੂਰੇ ਪਰਿਵਾਰ ਦਾ ਪੂਰਨ ਸਮਰਥਨ ਮਿਲਿਆ।ਸਾਨੂੰ ਉਂਗਲ ਫੜ ਕੇ ਤੋਰਨ ਵਾਲੇ ਸਾਥੀ, ਸਾਂਝੇ ਸੰਘਰਸ਼ਾਂ ਦੇ ਹਿਮਾਇਤੀ, ਇਲਾਕੇ ਮਾਹਿਲਪੁਰ ਦੇ ਹਰਮਨ ਪਿਆਰੇ ਮਿਲਾਪੜੇ ਸਿਰਕੱਢ ਨੇਤਾ, ਮਜ਼ਦੂਰ ਜਮਾਤ ਦੇ ਵੱਖ-ਵੱਖ ਵਰਗਾਂ ਦੀਆਂ ਜਥੇਬੰਦੀਆਂ ਉਸਾਰਨ ਵਾਲੇ ਸਿਰੜੀ ਯੋਧੇ, ਮਜ਼ਦੂਰ ਜਮਾਤ ਦੀ ਬੰਦ ਖ਼ਲਾਸੀ ਲਈ ਜਮਹੂਰੀ ਇਨਕਲਾਬੀ ਲਹਿਰ ਵਿੱਚ ਕੀਮਤੀ ਵਿਚਾਰਾਂ ਦਾ ਯੋਗਦਾਨ ਪਾਉਣ ਵਾਲੇ ਸੂਰਬੀਰ ਯੋਧੇ ਦੀ ਮਾਹਿਲਪੁਰ ਇਲਾਕੇ ਦੀ ਇਨਕਲਾਬੀ ਲਹਿਰ ਕਰਜ਼ਦਾਰ ਰਹੇਗੀ।ਉਨ੍ਹਾ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਇਨਕਲਾਬੀ ਮਾਰਕਸਵਾਦੀ ਪਾਰਟੀ ਆਫ ਇੰਡੀਆ ਨੂੰ ਖੜ੍ਹਾ ਕਰਨ ਵਿੱਚ ਵੱਡਾ ਯੋਗਦਾਨ ਪਾਇਆ।ਉਹ ਆਪਣੇ ਆਖਰੀ ਦਮ ਤੱਕ ਪੈਨਸ਼ਨਰ ਯੂਨੀਅਨ ਤਹਿਸੀਲ ਗੜ੍ਹਸ਼ੰਕਰ ਦੇ ਪ੍ਰਧਾਨ ਅਤੇ ਇਨਕਲਾਬੀ ਮਾਰਕਸਵਾਦੀ ਪਾਰਟੀ ਆਫ ਇੰਡੀਆ ਦੇ ਜ਼ਿਲ੍ਹਾ ਸਕੱਤਰ ਦੇ ਤੌਰ 'ਤੇ ਡਿਊਟੀ ਨਿਭਾਉਂਦਿਆਂ ਸਰਗਰਮ ਰਹੇ।

- ਅਵਤਾਰ ਲੰਗੇਰੀ

ਵਟਸਐਪ 91 9463260181

# ਆਜ਼ਾਦੀ ਸੰਗਰਾਮੀਆਂ ਦੇ ਸੁਪਨੇ ਪੂਰੇ...

(ਸਫ਼ਾ 4 ਦੀ ਬਾਕੀ)

ਵੱਡੀ ਗਿਣਤੀ ਸਰਕਾਰੀ ਵਿਭਾਗਾਂ ਵਿੱਚ ਹਜ਼ਾਰਾਂ ਰੈਗੂਲਰ ਅਸਾਮੀਆਂ ਖਾਲੀ ਰੱਖੀਆਂ ਜਾ ਰਹੀਆਂ ਜਾਂ ਖ਼ਤਮ ਹੀ ਕਰ ਦਿੱਤੀਆਂ ਗਈਆਂ। ਇਕ ਜਨਵਰੀ 2004 ਅਤੇ ਇਸ ਤੋਂ ਪਿੱਛੋਂ ਸਰਕਾਰੀ ਨੌਕਰੀ ਵਿੱਚ ਆਏ ਰੈਗੂਲਰ ਕੇਂਦਰੀ ਸਰਕਾਰੀ ਮੁਲਾਜ਼ਮਾਂ ਕੋਲੋਂ ਸੇਵਾ ਮੁਕਤੀ ਸਮੇਂ ਨਿਸ਼ਚਤ ਲਾਭਾਂ ਵਾਲੀ ਪੈਨਸ਼ਨ ਦਾ ਹੱਕ ਵੀ ਖ਼ਤਮ ਕੀਤਾ ਗਿਆ। ਜਿਨ੍ਹਾਂ ਨੀਤੀਆਂ ਕਾਰਨ ਹੀ ਦੇਸ਼ ਭਰ ਵਿੱਚ 2014 ਤੋਂ ਲੈ ਕੇ 2024 ਤੱਕ ਲੱਗਭੱਗ ਨੱਬੇ ਹਜ਼ਾਰ ਸਰਕਾਰੀ ਸਕੂਲ ਬੰਦ ਹੋ ਗਏ ਹਨ, ਅਤੇ ਸਰਕਾਰੀ ਹਸਪਤਾਲਾਂ ਵਿੱਚ ਵੀ ਪਬਲਿਕ ਪ੍ਰਾਈਵੇਟ ਪਾਰਟਨਰਸ਼ਿਪ ਰਾਹੀਂ ਅਤੇ ਪ੍ਰਾਈਵੇਟ ਬੀਮਾ ਕੰਪਨੀਆਂ ਰਾਹੀਂ ਜਨ ਸਮੂਹਾਂ ਦੇ ਬੀਮਾ ਕਰਨ ਦੀ ਨੀਤੀ ਰਾਹੀਂ ਸਿਹਤ ਖੇਤਰ ਦਾ ਵੀ ਪ੍ਰਾਈਵੇਟਕਰਨ ਹੋ ਰਿਹਾ ਹੈ। ਡਾਕਟਰਾਂ ਅਤੇ ਸਹਾਇਕ ਅਮਲੇ ਦੀਆਂ ਲੋੜ ਅਨੁਸਾਰ ਰੈਗੂਲਰ ਨਿਯੁਕਤੀਆਂ ਨਹੀਂ ਕੀਤੀਆਂ ਜਾ ਰਹੀਆਂ। ਖੇਤੀ ਖੇਤਰ ਵੀ ਅਜਿਹੇ ਹਮਲੇ 'ਤੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੀ ਨੀਤੀ ਲਿਆਂਦੀ ਜਾ ਰਹੀ ਹੈ। ਬੀਜ ਬਿੱਲ-2025 ਅਤੇ ਬਿਜਲੀ ਬਿੱਲ 2025 ਇਸ ਦੇ ਪੁਖ਼ਤਾ ਸਬੂਤ ਹਨ। ਇਸੇ ਨੀਤੀ ਅਧੀਨ ਟਰਾਂਸਪੋਰਟ ਅਤੇ ਬਿਜਲੀ ਵਿਭਾਗਾਂ ਦੇ ਕਾਰਪੋਰੇਟੀਕਰਨ ਨਾਲ ਦੇਸ਼ ਵਿੱਚ ਬੇਰੁਜ਼ਗਾਰੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਹੋ ਰਿਹਾ ਹੈ।

ਸੁਰਜੀਤ ਕੌਰ ਨੇ ਉਚੇਰੀ ਸਿੱਖਿਆ ਖੇਤਰ ਨਾਲ ਸੰਬੰਧਤ ਦੇਸ਼ ਦੀਆਂ ਕੇਂਦਰੀ ਅਤੇ ਸੂਬਾਈ ਯੂਨੀਵਰਸਿਟੀਆਂ ਵਿੱਚ ਅਧਿਆਪਕਾਂ ਦੀਆਂ 50 ਪ੍ਰਤੀਸ਼ਤ ਖਾਲੀ ਪਈਆਂ ਅਸਾਮੀਆਂ ਚਾਰ ਮਹੀਨਿਆਂ ਵਿੱਚ ਭਰਨ ਲਈ ਆਦੇਸ਼ ਦਿੱਤੇ ਹਨ, ਜਿਨ੍ਹਾਂ ਦਾ ਨੋਟਿਸ ਉੱਪਰ ਦੇਸ਼ ਅਨੁਸਾਰ ਸਿੱਖਿਆ ਅਤੇ ਸਿਹਤ ਸੇਵਾਵਾਂ ਵਰਗੇ ਖੇਤਰ ਹੀ ਗਦਰ ਪਾਰਟੀ ਦੇ ਆਗੂਆਂ ਨੇ 1913 ਵਿੱਚ ਲਿਆ ਸੀ। ਦੁੱਖ ਨਾਲ ਲਿਖਣਾ ਪੈਂਦਾ ਹੈ ਕਿ ਭਾਰਤ ਦੇ ਆਜ਼ਾਦੀ ਪ੍ਰਾਪਤੀ ਦੇ 79 ਸਾਲ ਅਤੇ ਸੰਵਿਧਾਨ ਲਾਗੂ ਹੋਣ ਦੇ 77 ਸਾਲਾਂ ਤੱਕ ਕਿਸੇ ਵੀ ਭਾਰਤੀ ਕੇਂਦਰੀ ਸਰਕਾਰ ਨੇ ਸਿੱਖਿਆ ਲਈ ਲੋੜੀਂਦੇ ਫੰਡ ਰਾਖਵੇਂ ਨਹੀਂ ਕੀਤੇ। ਭਾਰਤੀ ਸੰਵਿਧਾਨ ਦੇ ਨਿਰਦੇਸ਼ਕ ਸਿਧਾਂਤਾਂ ਦੀ ਵਿਵਸਥਾ ਅਨੁਸਾਰ ਭਾਰਤ ਦੇ 6-14 ਆਯੂ ਗਰੁੱਪ ਦੇ ਸਾਰੇ ਬੱਚਿਆਂ ਨੂੰ ਸੰਵਿਧਾਨ ਲਾਗੂ ਹੋਣ ਤੋਂ ਦਸ ਸਾਲਾਂ ਵਿੱਚ ਗੁਣਾਤਮਕ ਸਿੱਖਿਆ ਪ੍ਰਦਾਨ ਕੀਤੀ ਜਾਣੀ ਸੀ। ਜੋ ਅੱਜ ਤੱਕ ਨਹੀਂ ਹੋ ਸਕਿਆ। 1968 ਵਿੱਚ ਪਹਿਲੀ ਕੌਮੀ ਸਿੱਖਿਆ ਨੀਤੀ ਪਰਵਾਨ ਕਰਦੇ ਸਮੇਂ ਭਾਰਤੀ ਲੋਕ ਸਭਾ ਵਿੱਚ ਪਾਸ ਹੋਇਆ ਸੀ ਕਿ ਸਿੱਖਿਆ ਖੇਤਰ ਲਈ ਹਰ ਸਾਲ ਜੀ ਡੀ ਪੀ ਦਾ 6 ਪ੍ਰਤੀਸ਼ਤ ਰਾਖਵਾਂ ਕੀਤਾ ਜਾਵੇ। ਜੋ ਅੱਜ ਤੱਕ ਪੂਰਾ ਨਹੀਂ ਹੋ ਸਕਿਆ। ਇਹੀ ਹਾਲ ਸਿਹਤ ਖੇਤਰ ਦੇ ਬਜਟ ਦਾ ਹੈ। ਸਾਨੂੰ ਸਮਝਣਾ ਹੋਵੇਗਾ ਕਿ ਇਹ 1990-91 ਤੋਂ ਲਾਗੂ ਕੀਤੀਆਂ ਜਾ ਰਹੀਆਂ ਨਵ ਉਦਾਰਵਾਦੀ ਆਰਥਿਕ ਨੀਤੀਆਂ ਉਨ੍ਹਾਂ ਸਾਮਰਾਜਵਾਦੀ ਨੀਤੀਆਂ ਦਾ ਹੀ ਨਵਾਂ ਰੂਪ ਹੈ, ਜਿਨ੍ਹਾਂ ਵਿਰੁੱਧ ਸਾਡੇ ਮਹਾਨ ਦੇਸ਼ ਭਗਤ ਲੜੇ ਸਨ। ਵੱਡੀ ਲੋੜ ਹੈ ਇਹ ਨੀਤੀਆਂ ਨੂੰ ਰੱਦ ਕਰਕੇ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਨੂੰ ਕੇਂਦਰੀ ਬਿੰਦੂ ਮੰਨ ਕੇ ਇਹ ਆਰਥਿਕ ਨੀਤੀਆਂ ਬਣਾਈਆਂ ਜਾਣ, ਜਿਹੜੀਆਂ ਸਾਰੇ ਭਾਰਤੀ ਨਾਗਰਿਕਾਂ ਦੇ ਜੀਵਨ ਨੂੰ ਮਿਆਰੀ ਤੇ ਸਾਰਥਕ ਕਰਨ। ਸਾਡੀਆਂ ਸਰਕਾਰਾਂ ਦਾ ਵਿਕਸਤ ਅਤੇ ਆਤਮ-ਨਿਰਭਰ ਭਾਰਤ ਬਣਾਉਣ ਦਾ ਨਾਅਰਾ ਉਤਸ਼ਾਹ-ਪੂਰਵਕ ਹੈ। ਸਾਰੇ ਭਾਰਤੀ ਅਜਿਹਾ ਚਾਹੁੰਦੇ ਹਨ, ਪਰ ਸਥਿਤੀਆਂ ਮੰਗ ਕਰਦੀਆਂ ਹਨ ਅਤੇ ਸੰਘਰਸ਼ ਕਰਦੀਆਂ ਹਨ ਕਿ ਉੱਪਰ ਕੀਤੇ ਗਏ ਵਿਸ਼ਲੇਸ਼ਣ ਅਨੁਸਾਰ ਭਾਰਤੀ ਸੰਵਿਧਾਨ ਦੇ ਆਸ਼ਿਆਂ ਵੱਲੋਂ ਲਏ ਗਏ ਸੁਪਨੇ ਪੂਰੇ ਕਰਕੇ ਹੀ ਭਾਰਤ ਵਿਕਸਤ ਅਤੇ ਆਤਮ-ਨਿਰਭਰ ਭਾਰਤ ਬਣ ਸਕੇਗਾ।

# ਸੰਪਰਕ : 94177-51888

# ਕਟਾਰੂ ਚੱਕ ਨੇ ਸਰਹੱਦੀ ਖੇਤਰ ਅੰਦਰ ਤਿੰਨ ਵੱਡੀਆਂ ਸੜਕਾਂ ਦੇ ਕਰਵਾਏ ਨਿਰਮਾਣ ਕਾਰਜ ਸ਼ੁਰੂ



ਪਠਾਨਕੋਟ, (ਦਵਿੰਦਰ ਸਿੰਘ)-ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਹਲਕਾ ਭੋਆ ਨੂੰ ਇੱਕ ਵਾਰ ਫਿਰ ਵੱਡਾ ਤੋਹਫਾ ਦਿੱਤਾ ਗਿਆ ਹੈ। ਹਿੰਦ ਪਾਕ ਸਰਹੱਦ ਦੇ ਨਾਲ ਲੱਗਦੇ ਸਰਹੱਦੀ ਖੇਤਰ ਦੀਆਂ ਤਿੰਨ ਉਹ ਸੜਕਾਂ ਜਿਨ੍ਹਾਂ ਦੇ ਬਣਨ ਦੀ ਉਮੀਦ ਲੋਕ ਬਿਲਕੁਲ ਛੱਡ ਚੁੱਕੇ ਸਨ ਅਤੇ ਇਹ ਸੜਕਾਂ ਇਹਨਾਂ ਲੋਕਾਂ ਲਈ ਸੁਪਨਾ ਬਣ ਕੇ ਰਹਿ ਗਿਆ ਸੀ, ਅੱਜ ਇਸ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਏ ਜਾਣ ਅਤੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂ ਚੱਕ ਨੇ ਸਰਹੱਦੀ ਖੇਤਰ ਦੇ ਨਜ਼ਦੀਕ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਉਣ ਤੋਂ ਬਾਅਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਬਲੀ ਕੁਮਾਰ ਪ੍ਰਧਾਨ ਨਗਰ ਪੰਚਾਇਤ ਨਰੋਟ ਜੈਮਲ ਸਿੰਘ, ਖੁਸ਼ਬੀਰ ਕਾਟਲ, ਸਰਪੰਚ ਪਰਸ਼ੋਤਮ, ਸਰਪੰਚ ਬਮਿਆਲ ਮਨੀਸ਼ ਗੁਪਤਾ, ਬਲਾਕ ਸੰਮਤੀ ਮੈਂਬਰ ਰਮਨ ਡਿਗਰਾ, ਬਲਾਕ ਸੰਮਤੀ ਮੈਂਬਰ ਧਰਮਪਾਲ, ਸਰਪੰਚ ਸੰਦੀਪ ਮਨਵਾਲ, ਅਮਰਜੀਤ ਕੋਠੇ, ਸਰਪੰਚ ਜੋਗਿੰਦਰ ਖੋਜਕੀ ਚੱਕ, ਬਲਾਕ ਪ੍ਰਧਾਨ ਰਾਜੇਸ਼ ਕੋਟ ਭੱਟੀਆਂ, ਸਰਪੰਚ ਦਵਿੰਦਰ ਸਿੰਘ, ਕੌਂਸਲਰ ਅਨੂ ਸ਼ਰਮਾ, ਕੌਂਸਲਰ ਨਿਸ਼ਾ ਮਹਾਜਨ, ਕੌਂਸਲਰ ਰਾਮ ਪਿਆਰੀ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਅਤੇ ਮੁਹੱਲਾਵਾਸੀ ਵੀ ਹਾਜ਼ਰ ਸਨ।ਇਸ ਮੌਕੇ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਹੱਦੀ ਖੇਤਰ ਦੇ ਨਾਲ ਲੱਗਦੀਆਂ ਤਿੰਨ ਸੜਕਾਂ ਦੇ ਨਿਰਮਾਣ ਕਾਰਜ ਆਰੰਭ ਕਰਵਾਏ ਗਏ ਹਨ। ਉਹਨਾਂ ਦੱਸਿਆ ਕਿ ਅੱਜ ਬਲੱਗਣ ਤੋਂ ਕੋਠੇ ਦਨਵਾਲ ਤੋਂ ਲੈ ਕੇ ਕੋਠੇ ਪਿੰਡੀ ਅਤੇ ਭੰਮਿਆਲ ਤੋਂ ਕਨੂਆ ਤੱਕ ਨੂੰ ਜੋੜਨ ਵਾਲੀ ਸੜਕ ਜਿਸ ਦੀ ਲੰਬਾਈ ਕਰੀਬ ਪੰਜ ਕਿਲੋਮੀਟਰ ਦੇ ਕਰੀਬ ਹੈ, ਇਸ ਦੇ ਨਿਰਮਾਣ ਤੇ ਕਰੀਬ 1 ਕਰੋੜ ਰੁਪਏ ਖਰਚ ਕੀਤੇ ਜਾਣੇ ਹਨ।ਉਹਨਾਂ ਕਿਹਾ ਕਿ ਖੇਤਰ ਨਿਵਾਸੀਆਂ ਨੇ ਉਹਨਾਂ ਦੇ ਧਿਆਨ ਵਿੱਚ ਲਿਆਂਦਾ ਸੀ ਕਿ ਜਿਹੜੀਆਂ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਏ ਗਏ ਹਨ ਇਹ ਅੱਜ ਤੋਂ ਕਰੀਬ 20-22 ਸਾਲ ਪਹਿਲਾਂ ਬਣਾਈਆਂ ਗਈਆਂ ਸਨ ਅਤੇ ਉਸ ਤੋਂ ਬਾਅਦ ਕਿਸੇ ਨੇ ਵੀ ਇਹਨਾਂ ਸੜਕਾਂ ਦੇ ਨਵ ਨਿਰਮਾਣ ਬਾਰੇ ਨਹੀਂ ਸੋਚਿਆ। ਉਹਨਾਂ ਕਿਹਾ ਕਿ ਲੋਕਾਂ ਲਈ ਇਹ ਸੜਕਾਂ ਇੱਕ ਸੁਪਨਾ ਬਣ ਕੇ ਰਹਿ ਗਈਆਂ ਸਨ ਮੌਜੂਦਾ ਸਰਕਾਰ ਨੇ ਇਹਨਾਂ ਸੜਕਾਂ ਦੇ ਨਿਰਮਾਣ ਕਰਵਾ ਕੇ ਲੋਕਾਂ ਨੂੰ ਵੱਡੀ ਨਿਆਮਤ ਦਿੱਤੀ ਹੈ।ਕੈਬਨਿਟ ਮੰਤਰੀ ਪੰਜਾਬ ਨੇ ਕਿਹਾ 31 ਮਾਰਚ ਤੋਂ ਪਹਿਲਾ ਪਹਿਲਾ ਇਹਨਾਂ ਸਾਰੀਆਂ ਸੜਕਾਂ ਦਾ ਨਿਰਮਾਣ ਕਰਵਾ ਕੇ ਲੋਕਾਂ ਨੂੰ ਸਮਰਪਿਤ ਕੀਤੀਆਂ ਜਾਣਗੀਆਂ।

# ਯੁੱਧ ਨਸ਼ਿਆਂ ਵਿਰੁੱਧ ਨਸ਼ਾ ਮੁਕਤੀ ਯਾਤਰਾਵਾਂ ਨੂੰ ਮਿਲਿਆ ਭਰਵਾਂ ਸਮਰਥਨ




ਅੰਮ੍ਰਿਤਸਰ-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ 2.0 ਪਿੰਡਾਂ ਦੇ ਪਹਿਰੇਦਾਰ ਤਹਿਤ ਅਜਨਾਲਾ ਵਿਖੇ ਨਸ਼ਿਆਂ ਵਿਰੁੱਧ ਯਾਤਰਾ ਕੱਢੀ ਗਈ। ਇਸ ਯਾਤਰਾ ਦੀ ਅਗਵਾਈ ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨਸ਼ਿਆਂ ਦੇ ਨਾਲ ਨਾਲ ਗੈਂਗਸਟਰਾਂ ਦਾ ਵੀ ਖਾਤਮਾ ਕਰੇਗੀ। ਉਹਨਾਂ ਕਿਹਾ ਕਿ ਸਾਡੀ ਸਰਕਾਰ ਨੇ ਠਾਣ ਲਿਆ ਹੈ ਕਿ ਪੰਜਾਬ ਵਿੱਚ ਨਾ ਤਾਂ ਨਸ਼ਾ ਰਹਿਣ ਦੇਣਾ ਹੈ ਅਤੇ ਨਾ ਹੀ ਗੈਂਗਸਟਰਾਂ ਨੂੰ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚੱਲ ਰਹੀਆਂ ਇਹਨਾਂ ਯਾਤਰਾ ਵਿੱਚ ਲੋਕਾਂ ਵੱਲੋਂ ਭਰਵਾ ਹੁੰਗਾਰਾ ਦੇਖਣ ਨੂੰ ਮਿਲਿਆ । ਪਿਛਲੇ 10 ਤੋਂ 15 ਦਿਨਾਂ ਤੋਂ ਲਗਾਤਾਰ ਪੂਰੇ ਪੰਜਾਬ ਭਰ ਵਿੱਚ ਯੁੱਧ ਨਸ਼ਿਆਂ ਵਿਰੁੱਧ ਯਾਤਰਾਵਾਂ ਲਗਾਤਾਰ ਕੱਢੀਆਂ ਜਾ ਰਹੀਆਂ ਹਨ ਤਾਂ ਜੋ ਨਸ਼ੇ ਨੂੰ ਕਾਫੀ ਹੱਦ ਤੱਕ ਠੱਲ੍ਹ ਪਾਈ ਜਾ ਸਕੇ ਅਤੇ ਇਹਨੂੰ ਜੜ੍ਹੋਂ ਖਤਮ ਕੀਤਾ ਜਾ ਸਕੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਧਾਲੀਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਜੇ ਪੜਾਅ 'ਪਿੰਡ ਦੇ ਪਹਿਰੇਦਾਰ' ਦੀ ਸ਼ੁਰੂਆਤ ਹੋ ਚੁੱਕੀ ਹੈ।ਧਾਲੀਵਾਲ ਨੇ ਕਿਹਾ ਕਿ ਦੂਜੇ ਪੜਾਅ ਤਹਿਤ ਪੰਜਾਬ ਦੇ ਲਗਭਗ 15 ਹਜ਼ਾਰ ਪਿੰਡਾਂ ਅਤੇ ਵਾਰਡਾਂ ਵਿੱਚ ਪੈਦਲ ਯਾਤਰਾ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਨਸ਼ਿਆਂ ਦੇ ਖਿਲਾਫ਼ ਇਕਜੁੱਟ ਕੀਤਾ ਜਾ ਸਕੇ।ਸਰਕਾਰ ਵੱਲੋਂ ਪਿੰਡ ਦੇ ਪਹਿਰੇਦਾਰ ਬਣਨ ਲਈ 98991-00002 ਨੰਬਰ ਜਾਰੀ ਕੀਤਾ ਗਿਆ ਹੈ, ਜਿਸ 'ਤੇ ਮਿਸਡ ਕਾਲ ਦੇ ਕੇ ਲੋਕ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਕੁਲਦੀਪ ਸਿੰਘ ਧਾਲੀਵਾਲ ਨੇ ਭਰੋਸਾ ਜਤਾਇਆ ਪੰਜਾਬ ਸਰਕਾਰ ਦੀ ਮਜ਼ਬੂਤ ਕਾਰਗੁਜ਼ਾਰੀ ਸਦਕਾ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਜੇ ਪੜਾਅ ਤਹਿਤ ਅਗਲੇ ਛੇ ਮਹੀਨਿਆਂ ਵਿੱਚ ਪੰਜਾਬ ਨੂੰ ਪੂਰਨ ਤੌਰ 'ਤੇ ਨਸ਼ਾ ਮੁਕਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਹੋ ਰਹੇ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਮੋੜਨ ਲਈ ਪੰਜਾਬ ਸਰਕਾਰ ਵੱਲੋਂ ਸਕਿੱਲ ਡਿਵੈਲਪਮੈਂਟ ਪ੍ਰੋਗਰਾਮ ਚਲਾਏ ਜਾ ਰਹੇ ਹਨ। ਪਿੰਡ-ਪਿੰਡ ਖੇਡ ਮੈਦਾਨ ਅਤੇ ਲਾਇਬਰੇਰੀਆਂ ਤਿਆਰ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਨੌਜਵਾਨਾਂ ਨੂੰ ਸਕਾਰਾਤਮਕ ਵਾਤਾਵਰਨ ਅਤੇ ਰੁਜ਼ਗਾਰ ਦੇ ਮੌਕੇ ਮਿਲ ਸਕਣ। ਇਸ ਮੌਕੇ ਉਹਨਾਂ ਦੇ ਨਾਲ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਗੁਰਸ਼ਰਨ ਸਿੰਘ ਛੀਨਾ ਵੀ ਹਾਜ਼ਰ ਸਨ

# ਕਾਂਗਰਸ ਪਾਰਟੀ ਇੱਕਜੁੱਟ, 2027 'ਚ ਬਣੇਗੀ ਕਾਂਗਰਸ ਦੀ ਸਰਕਾਰ : ਕੱਕੜ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪੰਜਾਬ ਵਿੱਚ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੈ ਅਤੇ 2027 ਵਿੱਚ ਸ਼ਾਨਦਾਰ ਵਾਪਸੀ ਕਰ ਰਹੀ ਹੈ, ਜਿਸ ਤੋਂ ਆਪ ਸਰਕਾਰ ਅਤੇ ਦੂਸਰੀਆਂ ਵਿਰੋਧੀ ਪਾਰਟੀਆਂ ਪੂਰੀ ਤਰ੍ਹਾਂ ਘਬਰਾ ਗਈਆਂ ਹਨ। ਇਸ ਲਈ ਕਾਂਗਰਸ ਪਾਰਟੀ ਨੂੰ ਬਦਨਾਮ ਕਰਨ ਲਈ ਮਨਘੜਤ ਚਾਲਾਂ ਚੱਲ ਰਹੀਆਂ ਹਨ । ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਮੁੱਖ ਬੁਲਾਰਾ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਅਮਨਦੀਪ ਸਿੰਘ ਕੱਕੜ ਨੇ ਚੋਗਾਵਾਂ ਵਿਖੇ ਸੀਨੀਅਰ ਕਾਂਗਰਸੀ ਆਗੂ ਕੁਲਦੀਪ ਸਿੰਘ ਔਲਖ ਦੇ ਗ੍ਰਿਹ ਵਿਖੇ ਰੱਖੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 2027 ਵਿੱਚ ਕਾਂਗਰਸ ਪਾਰਟੀ ਦੀ ਸ਼ਾਨਦਾਰ ਵਾਪਸੀ ਅਤੇ ਆਪਣੀ ਸਰਕਾਰ ਨੂੰ ਜਾਂਦਿਆਂ ਵੇਖ ਕੇ ਘਬਰਾਈ ਆਪ ਸਰਕਾਰ ਨੇ ਆਪਣੇ ਆਖਰੀ ਸਾਲ ਵਿੱਚ ਰਿਉੜੀਆਂ ਵਾਂਗ ਚੇਅਰਮੈਨੀਆਂ ਵੰਡ ਦਿੱਤੀਆਂ। ਇਸ ਮੌਕੇ ਉਨ੍ਹਾਂ ਨਾਲ ਹਰਭੇਜ ਸਿੰਘ ਵਣੀਏਕੇ ਬਲਾਕ ਪ੍ਰਧਾਨ ਚੋਗਾਵਾਂ, ਕੁਲਦੀਪ ਸਿੰਘ ਔਲਖ , ਡਾ ਪ੍ਰਗਟ ਸਿੰਘ ਭੁੱਲਰ, ਗੁਰਜੰਟ ਸਿੰਘ ਕੋਹਾਲਾ, ਰਿੰਕੂ ਚੋਗਾਵਾਂ, ਨਿਰਵੈਲ ਸਿੰਘ ਚੋਗਾਵਾਂ, ਸ਼ਮਸ਼ੇਰ ਸਿੰਘ ਚੋਗਾਵਾਂ, ਬੰਟੀ ਚੋਗਾਵਾਂ, ਮੇਜਰ ਸਿੰਘ ਚੋਗਾਵਾਂ, ਜਿੰਦਰ ਲੋਪੋਕੇ, ਅਮਨ ਕੋਹਾਲਾ, ਸਰਪੰਚ ਸੋਨਾ ਸਿੱਧੂ ਬਲੱਗਣ, ਸਰਪੰਚ ਬੱਬੂ ਕਾਵੇਂ, ਨਰਿੰਦਰ ਸਿੰਘ ਹੇਤਮਪੁਰਾ, ਸੂਬਾ ਸਿੰਘ ਹੇਤਮਪੁਰਾ, ਗੁਰਪ੍ਰੀਤ ਸਿੰਘ ਚਵਿੰਡਾ, ਬਾਬਾ ਦਲਬੀਰ ਸਿੰਘ ਪੱਧਰੀ, ਦਿਲਬਾਗ ਸਿੰਘ ਖਿਆਲਾ, ਗੁਰਮੇਜ ਸਿੰਘ ਬਬਲਾ ਕੋਟਲਾ, ਹਰਜੀਤ ਸਿੰਘ ਕੋਟਲਾ, ਸਾਹਬੀ ਚੈਨਪੁਰ, ਬਲਦੇਵ ਸਿੰਘ ਮੰਝ, ਨਿਸ਼ਾਨ ਸਿੰਘ ਮੰਝ, ਗੁਰਜੰਟ ਸਿੰਘ ਮੁੱਧ, ਲੱਖਾ ਸਿੰਘ ਚੋਗਾਵਾਂ ਆਦਿ ਹਾਜ਼ਰ ਸਨ।

# ਨਿਹੰਗ ਬਾਣੇ 'ਚ ਦੋ ਨੌਜਵਾਨ ਗ੍ਰਿਫ਼ਤਾਰ, ਪਿਸਤੌਲ ਤੇ ਦੋ ਜ਼ਿੰਦਾ ਕਾਰਤੂਸ ਬਰਾਮਦ



ਨੂਰਪੁਰਬੇਦੀ (ਸੁਰਜੀਤ ਕਾਹਲੋਂ)-ਥਾਣਾ ਮੁਖੀ ਇੰਸਪੈਕਟਰ ਰੋਹਿਤ ਸ਼ਰਮਾ ਦੀਆਂ ਹਦਾਇਤਾਂ 'ਤੇ ਏ ਐੱਸ ਆਈ ਰਾਮ ਕੁਮਾਰ ਪੁਲਸ ਪਾਰਟੀ ਸਮੇਤ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਸਬੰਧੀ ਪਿੰਡ ਹਿਆਤਪੁਰ ਤੇ ਗੋਪਾਲਪੁਰ ਵੱਲ ਜਾ ਰਹੇ ਸਨ। ਰਾਤ ਕਰੀਬ 12:10 ਵਜੇ, ਪਿੰਡ ਹਿਆਤਪੁਰ ਨੇੜੇ ਬਾਗ ਦੇ ਕੋਲ ਗੋਪਾਲਪੁਰ ਸਾਈਡ ਤੋਂ ਇੱਕ ਮੋਟਰਸਾਈਕਲ ਆਉਂਦਾ ਦਿਖਾਈ ਦਿੱਤਾ, ਜਿਸ 'ਤੇ ਦੋ ਸਰਦਾਰ ਨਿਹੰਗ ਬਾਣੇ 'ਚ ਸਵਾਰ ਸਨ। ਪੁਲਸ ਪਾਰਟੀ ਨੂੰ ਦੇਖਦੇ ਹੀ ਦੋਵੇਂ ਵਿਅਕਤੀ ਘਬਰਾ ਕੇ ਮੋਟਰਸਾਈਕਲ ਮੋੜ ਕੇ ਵਾਪਸ ਜਾਣ ਲੱਗੇ, ਜਿਸ 'ਤੇ ਏ ਐੱਸ ਆਈ ਰਾਮ ਕੁਮਾਰ ਨੇ ਸ਼ੱਕ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦੇ ਹੋਏ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਉਨ੍ਹਾਂ ਨੂੰ ਕਾਬੂ ਕਰ ਲਿਆ। ਜਾਂਚ ਦੌਰਾਨ ਮੋਟਰਸਾਈਕਲ ਚਾਲਕ ਨੇ ਆਪਣਾ ਨਾਂਅ ਸਤਨਾਮ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਪਿੰਡ ਮੀਰਮੀਰਾ, ਥਾਣਾ ਸਿਟੀ ਫਤਿਹਗੜ੍ਹ ਸਾਹਿਬ, ਜ਼ਿਲ੍ਹਾ ਸ਼੍ਰੀ ਫਤਿਹਗੜ੍ਹ ਸਾਹਿਬ ਦੱਸਿਆ, ਜਦਕਿ ਪਿੱਛੇ ਬੈਠੇ ਵਿਅਕਤੀ ਨੇ ਆਪਣਾ ਨਾਂਅ ਸਿਕੰਦਰ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਭੇਲ, ਥਾਣਾ ਗੋਇੰਦਵਾਲ ਸਾਹਿਬ, ਜ਼ਿਲ੍ਹਾ ਤਰਨਤਾਰਨ ਸਾਹਿਬ ਦੱਸਿਆ। ਤਲਾਸ਼ੀ ਦੌਰਾਨ ਸਿਕੰਦਰ ਸਿੰਘ ਦੇ ਲੱਕ ਨਾਲ ਬੰਨੇ ਨੀਲੇ ਰੰਗ ਦੇ ਪਰਨੇ ਵਿਚੋਂ ਇੱਕ ਪਿਸਤੌਲ ਤੇ ਦੋ ਜ਼ਿੰਦਾ ਕਾਰਤੂਸ ਬਰਾਮਦ ਹੋਏ। ਇਸ ਸਬੰਧ ਵਿੱਚ ਥਾਣਾ ਨੂਰਪੁਰ ਬੇਦੀ ਵਿਖੇ ਮਾਮਲਾ ਦਰਜ ਕਰਕੇ ਦੋਵੇਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।ਪੁਲਸ ਅਧਿਕਾਰੀਆਂ ਮੁਤਾਬਕ ਦੋਵੇਂ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਹੈ ਤੇ ਅੱਗੇ ਦੀ ਜਾਂਚ ਜਾਰੀ ਹੈ।

# ਪੰਜਾਬ ਸਖੀ ਸ਼ਕਤੀ ਮੇਲਾ ਭਲਕੇ

ਜਲੰਧਰ (ਇਕਬਾਲ ਸਿੰਘ ਉਭੀ)-ਸਵੈ ਸਹਾਇਤਾ ਸਮੂਹਾਂ ਦੀਆਂ ਮੈਂਬਰਾਂ ਨੂੰ ਉਨ੍ਹਾਂ ਵੱਲੋਂ ਤਿਆਰ ਕੀਤੇ ਉਤਪਾਦਾਂ ਦੀ ਵਿਕਰੀ ਲਈ ਲੋੜੀਂਦਾ ਪਲੇਟਫਾਰਮ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 27 ਜਨਵਰੀ ਤੋਂ ਪੰਜਾਬ ਸਖੀ ਸ਼ਕਤੀ ਮੇਲਾ-2026 ਕਰਵਾਇਆ ਜਾ ਰਿਹਾ ਹੈ, ਜੋ ਕਿ 29 ਜਨਵਰੀ ਤੱਕ ਜਾਰੀ ਰਹੇਗਾ।ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਵਦੀਪ ਕੌਰ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਤਿੰਨ ਦਿਨਾਂ ਮੇਲਾ ਆਜੀਵਿਕਾ ਮਿਸ਼ਨ ਤਹਿਤ ਜ਼ਿਲ੍ਹਾ ਉਦਯੋਗ ਕੇਂਦਰ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਮੇਲਾ ਸਥਾਨਕ ਰੈੱਡ ਕਰਾਸ ਭਵਨ, ਲਾਜਪਤ ਨਗਰ ਵਿਖੇ ਲਗਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ ਸਵੈ ਸਹਾਇਤਾ ਸਮੂਹਾਂ ਦੀਆਂ ਮੈਂਬਰ ਮਹਿਲਾਵਾਂ ਵੱਲੋਂ ਤਿਆਰ ਕੀਤੇ ਗਏ ਸਾਮਾਨ, ਜਿਨ੍ਹਾਂ ਵਿੱਚ ਕੱਪੜੇ, ਆਰਟੀਫੀਸ਼ੀਅਲ ਜਿਊਲਰੀ, ਆਚਾਰ, ਮੁਰੱਬੇ, ਚਟਨੀਆਂ, ਜੂਟ ਦਾ ਸਾਮਾਨ, ਆਰਗੈਨਿਕ ਹਲਦੀ, ਸ਼ਹਿਦ, ਸਰ੍ਹੋਂ ਅਤੇ ਨਾਰੀਅਲ ਦਾ ਤੇਲ ਆਦਿ ਸ਼ਾਮਲ ਹੈ, ਦੇ ਸਟਾਲ ਲਗਾਏ ਜਾਣਗੇ।

# ਵਿਧਾਇਕ ਡਾ. ਸੁੱਖੀ ਦੇ ਪਿਤਾ ਚੌਧਰੀ ਰਾਮ ਕਿਸ਼ਨ ਦੀ ਅੰਤਿਮ ਅਰਦਾਸ ਮੌਕੇ ਸਮਾਗਮ




ਬੰਗਾ (ਅਵਤਾਰ ਕਲੇਰ)-ਹਲਕਾ ਬੰਗਾ ਤੋਂ ਵਿਧਾਇਕ ਡਾ: ਸੁਖਵਿੰਦਰ ਕੁਮਾਰ ਸੁੱਖੀ ਦੇ ਪਿਤਾ ਸਵਰਗਵਾਸੀ ਚੌਧਰੀ ਰਾਮ ਕਿਸ਼ਨ ਸਾਬਕਾ ਤਹਿਸੀਲਦਾਰ ਦੀ ਅੰਤਿਮ ਅਰਦਾਸ ਦਾਣਾ ਮੰਡੀ ਬੰਗਾ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਸਮਾਗਮ ਕਰਵਾਇਆ ਗਿਆ। ਇਸ ਮੌਕੇ ਧਾਰਮਿਕ ਰਸਮਾਂ ਤੋਂ ਬਾਅਦ ਸਮਾਗਮ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਦੁਬਾਰਾ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਅਰਦਾਸ ਉਪਰੰਤ ਚੌ. ਰਾਮ ਕਿਸ਼ਨ ਨੂੰ ਅੰਤਿਮ ਅਰਦਾਸ ਸਮਾਗਮਾਂ ਉਪਰੰਤ ਸ਼ਰਧਾਂਜਲੀ ਸਮਾਗਮ ਦੌਰਾਨ ਪ੍ਰਮੁੱਖ ਸ਼ਖ਼ਸ਼ੀਅਤਾਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਸਾਬਕਾ ਉੱਪ ਮੁੱਖ ਮੰਤਰੀ ਆਗੂ ਮਨੀਸ਼ ਸਿਸੋਦੀਆ, ਸੁਖਦੀਪ ਸਿੰਘ ਸ਼ੁਕਾਰ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਪ੍ਰਧਾਨ ਨਵਾਂਸ਼ਹਿਰ, ਬੀ ਐੱਸ ਪੀ ਪੰਜਾਬ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ, ਭਾਜਪਾ ਆਗੂ ਸੁਭਾਸ਼ ਸ਼ਰਮਾ, ਨਛੱਤਰ ਪਾਲ ਵਿਧਾਇਕ ਨਵਾਂਸ਼ਹਿਰ, ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼, ਆਮ ਆਦਮੀ ਪਾਰਟੀ ਪੰਜਾਬ ਪ੍ਰਧਾਨ ਅਮਨ ਅਰੋੜਾ, ਪੰਜਾਬ ਐੱਸ ਸੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਤੇ ਵੱਖ ਵੱਖ ਸ਼ਖਸੀਅਤਾਂ ਨੇ ਸ਼ਰਧਾਂਜਲੀ ਭੇਂਟ ਕੀਤੀਆਂ ਗਈਆਂ। ਵੱਖ ਵੱਖ ਬੁਲਾਰਿਆਂ ਨੇ ਚੌਧਰੀ ਰਾਮ ਕਿਸ਼ਨ ਦੀ ਸ਼ਖ਼ਸੀਅਤ ਤੇ ਉਨ੍ਹਾਂ ਵਲੋਂ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ। ਵੱਖ ਵੱਖ ਸੰਸਥਾਵਾਂ ਅਤੇ ਕਮੇਟੀਆਂ ਵਲੋਂ ਸ਼ੋਕ ਸੰਦੇਸ਼ ਭੇਜੇ ਗਏ।ਇਸ ਮੌਕੇ ਹਰਜੋਤ ਕੌਰ ਲੋਹਟੀਆ, ਪ੍ਰੇਮ ਸਿੰਘ ਚੰਦੂ ਮਾਜਰਾ, ਵਿਧਾਇਕ ਮਨਜੀਤ ਸਿੰਘ ਬ੍ਰਹਮਪੁਰ ਨਿਹਾਲ ਸਿੰਘ ਵਾਲਾ, ਕੁਲਵੰਤ ਸਿੰਘ ਪੰਡੋਰੀ ਹਲਕਾ ਵਿਧਾਇਕ ਮੈਹਤ ਕਲਾਂ, ਸੰਤੋਸ਼ ਕਟਾਰੀਆ ਬਲਾਚੌਰ, ਵਿਧਾਇਕ ਨਿਸ਼ਾਂਤ ਕੁਮਾਰ ਚੱਬੇਵਾਲ, ਡਾ. ਸ਼ਾਮ ਲਾਲ, ਐੱਸ ਡੀ ਐਮ ਵਿਪਨ ਭੰਡਾਰੀ ਬੰਗਾ, ਸੋਹਣ ਲਾਲ ਢੰਡਾ, ਕੁਲਜੀਤ ਸਿੰਘ ਸਰਹਾਲ, ਇੰਦਰਜੀਤ ਮਾਨ, ਪਵਨਜੀਤ ਸਿੱਧੂ, ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਕੁਲਬੀਰ ਕੌਰ, ਬਾਬਾ ਦਵਿੰਦਰ ਕੌੜਾ, ਜੀਤ ਸਿੰਘ ਭਾਟੀਆ ਐੱਮ ਸੀ ਬੰਗਾ, ਹਿੰਮਤ ਤੇਜਪਾਲ ਐੱਮ ਸੀ ਬੰਗਾ, ਜਸਵਿੰਦਰ ਸਿੰਘ ਮਾਨ ਐੱਮ ਸੀ ਬੰਗਾ, ਸ਼ਮਿੰਦਰ ਸਿੰਘ ਗਰਚਾ, ਸਤਨਾਮ ਸਿੰਘ ਹੇੜੀਆਂ, ਸਤਨਾਮ ਸਿੰਘ ਝਿੱਕਾ, ਵਿੱਕੀ ਖੌਸਲਾ, ਮੀਡੀਆ ਇੰਚਾਰਜ ਮਨਜੀਤ ਸਿੰਘ ਨਾਮਧਾਰੀ, ਸਹਾਇਕ ਇੰਚਾਰਜ ਖ਼ੁਸ਼ਵਿੰਦਰ ਸਿੰਘ, ਹਲਕਾ ਯੂਥ ਵਿੰਗ ਇੰਚਾਰਜ ਦਾਰਾ ਸਿੰਘ, ਹਲਕਾ ਇੰਚਾਰਜ ਮਹਿਲਾ ਵਿੰਗ ਗੁਰਪ੍ਰੀਤ ਕੌਰ, ਬਲਾਕ ਪ੍ਰਧਾਨ ਸੰਤੋਖ ਸਿੰਘ ਡੇਰਾ ਬਾਬਾ ਨਾਨਕ ਤੋਂ ਇਲਾਵਾ ਭਾਰੀ ਗਿਣਤੀ ਰਿਸ਼ਤੇਦਾਰ ਤੇ ਸੰਗਤਾਂ ਹਾਜ਼ਰ ਸਨ।

# ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕੁੱਟਮਾਰ ਕਰਨ ਦੇ ਦੋਸ਼ਾਂ ਤਹਿਤ 3 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਸ਼ਾਲਾ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਬਲਵਿੰਦਰ ਕੁਮਾਰ ਪੁੱਤਰ ਸ਼ਿਵਚਰਨ ਦਾਸ ਵਾਸੀ ਕਲੀਚਪੁਰ ਨੇ ਦੱਸਿਆ ਕਿ 12 ਜਨਵਰੀ ਨੂੰ ਰਾਤ 9 ਵਜੇ ਦੇ ਕਰੀਬ ਵਿਸ਼ਾਲ ਪੁੱਤਰ ਗੁਲਸ਼ਨ ਮਸੀਹ, ਜੋਤੀ ਮਸੀਹ ਪੁੱਤਰ ਗੁਲਜਾਰ ਮਸੀਹ ਵਾਸੀ ਕਲੀਚਪੁਰ ਥਾਣਾ ਪੁਰਾਣਾ ਸ਼ਾਲਾ, ਕੇਹਰ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਤਿੱਬੜ ਇਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਅਤੇ ਦਸਤੀ ਹਥਿਆਰਾਂ ਨਾਲ ਸਾਡੇ ਘਰ ਦੇ ਗੇਟ ਦੀ ਭੰਨ ਤੋੜ ਕਰਦੇ ਹੋਏ ਗਾਲੀ ਗਲੋਚ ਕਰਦੇ ਹੋਏ ਘਰ ਦਾਖਲ ਹੋ ਗਏ ਅਤੇ ਕੁੱਟਮਾਰ ਕੀਤੀ। ਪੁਰਾਣਾ ਸ਼ਾਲਾ ਪੁਲਸ ਨੇ ਕੁੱਟਮਾਰ ਕਰਨ ਵਾਲੇ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ। ਇਸੇ ਤਰ੍ਹਾਂ ਥਾਣਾ ਸਦਰ ਗੁਰਦਾਸਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅਮਨਦੀਪ ਸਿੰਘ ਪੁੱਤਰ ਸਲਵਿੰਦਰ ਸਿੰਘ ਵਾਸੀ ਚੱਗੂਵਾਲ ਨੇ ਦੱਸਿਆ ਕਿ ਮਿਤੀ 14 ਦਸੰਬਰ 2025 ਨੂੰ ਸ਼ਾਮ 4.30 ਵਜੇ ਦੇ ਕਰੀਬ ਉਹ ਆਪਣੇ ਘਰ ਦੇ ਗੇਟ ਦੇ ਬਾਹਰ ਖੜ੍ਹਾ ਸੀ ਕਿ ਰੋਹਿਤ ਪੁੱਤਰ ਵਿਜੇ ਕੁਮਾਰ, ਮੋਹਨ ਲਾਲ ਪੁੱਤਰ ਕਰਤਾਰ ਚੰਦ ਵਾਸੀ ਚੱਗੂਵਾਲ ਨੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਜ਼ਖ਼ਮੀ ਕਰ ਦਿੱਤਾ। ਪੀੜਤ ਨੂੰ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਦਾਖਲ ਕਰਵਾਇਆ ਗਿਆ ਹੈ। ਪੁਲਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਮਲਟੀਪਰਪਜ਼ ਸਪੋਰਟਸ ਸਟੇਡੀਅਮ ਲਮੀਣੀ 'ਚ ਮਨਾਇਆ ਜਾਵੇਗਾ ਗਣਤੰਤਰ ਦਿਵਸ



ਪਠਾਨਕੋਟ (ਦਵਿੰਦਰ ਸਿੰਘ)-ਜ਼ਿਲ੍ਹਾ ਪਠਾਨਕੋਟ ਅੰਦਰ ਮਨਾਏ ਜਾ ਰਹੇ 77ਵੇਂ ਗਣਤੰਤਰ ਦਿਵਸ ਦਾ ਜ਼ਿਲ੍ਹਾ ਪੱਧਰੀ ਸਮਾਗਮ ਸਬੰਧੀ ਸਥਾਨਕ ਮਲਟੀਪਰਪਜ਼ ਸਪੋਰਟਸ ਸਟੇਡੀਅਮ, ਲਮੀਣੀ (ਪਠਾਨਕੋਟ) ਵਿਖੇ ਫੁੱਲ ਡ੍ਰੈਸ ਰਿਹਰਸਲ ਕੀਤੀ ਗਈ। ਇਸ ਮੌਕੇ ਡਾ. ਪੱਲਵੀ ਡਿਪਟੀ ਕਮਿਸਨਰ ਪਠਾਨਕੋਟ ਬਤੌਰ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਅਤੇ ਤਿਰੰਗਾ ਲਹਿਰਾ ਕੇ ਪ੍ਰੇਡ ਦਾ ਨਿਰੀਖਣ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਲਜਿੰਦਰ ਸਿੰਘ ਢਿੱਲੋਂ ਐਸ.ਐਸ.ਪੀ. ਪਠਾਨਕੋਟ, ਸੰਜੀਵ ਸਰਮਾ ਵਧੀਕ ਡਿਪਟੀ ਕਮਿਸਨਰ ( ਜ), ਜਸਵੰਤ ਸਿੰਘ ਵਧੀਕ ਡਿਪਟੀ ਕਮਿਸ਼ਨਰ ਵਿਕਾਸ, ਰਾਕੇਸ਼ ਮੀਨਾ ਐਸ.ਡੀ.ਐਮ. ਪਠਾਨਕੋਟ, ਵਿਕਰਮਜੀਤ ਸਹਾਇਕ ਕਮਿਸ਼ਨਰ ਜਰਨਲ, ਅਰਸ਼ਦੀਪ ਸਿੰਘ ਆਰ.ਟੀ.ਓ. ਪਠਾਨਕੋਟ, ਸੰਜੀਵ ਪਠਾਨੀਆ ਡੀ.ਆਰ.ਓ.ਪਠਾਨਕੋਟ, ਕਮਲਜੀਤ ਕੌਰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ/ਐਲੀਮੈਂਟਰੀ, ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਅਰੁਣ ਕੁਮਾਰ ਜਿਲ੍ਹਾ ਸਿੱਖਿਆ ਖੇਡ ਕੋਆਰਡੀਨੇਟਰ, ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ। ਇਸ ਮੌਕੇ ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਸਥਾਨਕ ਮਲਟੀਪਰਪਜ਼ ਸਪੋਰਟਸ ਸਟੇਡੀਅਮ, ਲਮੀਣੀ (ਪਠਾਨਕੋਟ) ਵਿਖੇ ਗਣਤੰਤਰ ਦਿਵਸ ਸਮਾਗਮ ਦੀ ਫੁੱਲ ਡ੍ਰੈਸ ਰਿਹਰਸਲ ਦਾ ਜਾਇਜ਼ਾ ਲਿਆ । ਉਨ੍ਹਾਂ ਦੱਸਿਆ ਕਿ ਜਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਪਠਾਨਕੋਟ ਦੇ ਸਥਾਨਕ ਮਲਟੀਪਰਪਜ ਸਪੋਰਟਸ ਸਟੇਡੀਅਮ, ਲਮੀਣੀ (ਪਠਾਨਕੋਟ) ਵਿਖੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਗਣਤੰਤਰਤਾ ਦਿਵਸ ਸਮਾਰੋਹ ਦੌਰਾਨ ਯੋਗਾ, ਪੀ.ਟੀ. ਸ਼ੋਅ ਅਤੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਜਾਵੇਗਾ। ਮਾਰਚ ਪਾਸਟ ਦੌਰਾਨ ਪੰਜਾਬ ਪੁਲਸ (ਪੁਰਸ਼), ਪੰਜਾਬ ਪੁਲਸ (ਮਹਿਲਾ), ਪੰਜਾਬ ਹੋਮ ਗਾਰਡ, ਵੱਖ ਵੱਖ ਸਕੂਲਾਂ ਤੋਂ ਐਨ.ਸੀ.ਸੀ. ਕੈਡਿਟਾਂ ਦੀਆਂ ਟੁਕੜੀਆਂ, ਜਵਾਹਰ ਨਵੋਦਿਆ ਵਿਦਿਆਲਿਆ ਨਾਜੋਚੱਕ ਦੇ ਵਿਦਿਆਰਥੀ ਆਦਿ ਵੱਲੋਂ ਭਾਗ ਲਿਆ ਜਾਵੇਗਾ।

# ਹੈਰੋਇਨ ਤੇ ਡਰੱਗ ਮਨੀ ਸਮੇਤ ਵਿਅਕਤੀ ਕਾਬੂ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਤਿੱਬੜ ਦੇ ਏ.ਐਸ.ਆਈ. ਗੁਰਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨੇ ਗਸ਼ਤ ਦੌਰਾਨ ਪੁਲ ਨਹਿਰ ਬੱਬੇਹਾਲੀ ਤੋਂ ਰੋਹਿਤ ਉਰਫ ਰੋਤਾ ਪੁੱਤਰ ਰਾਜ ਕੁਮਾਰ ਵਾਸੀ ਪਾਹੜਾ ਨੂੰ ਸ਼ੱਕ ਦੇ ਆਧਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 20 ਗ੍ਰਾਮ ਹੈਰੋਇਨ ਅਤੇ ਪਜਾਮੇ ਦੀ ਸੱਜੀ ਜੇਬ ਵਿੱਚੋਂ 1020 ਰੁਪਏ ਡਰੱਗ ਮਨੀ ਬਰਾਮਦ ਹੋਈ ਹੈ। ਪੁਲਸ ਨੇ ਰੋਹਿਤ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਇਸ਼ੂਪਾਲ ਚੌਧਰੀ ਦੀ ਤਰੁਣ ਚੁੱਘ ਨਾਲ ਮੁਲਾਕਾਤ



ਨੂਰਪੁਰਬੇਦੀ, (ਸੁਰਜੀਤ ਕਾਹਲੋਂ)-ਹਲਕਾ ਰੂਪਨਗਰ ਤੋਂ ਸਰਗਰਮ ਨੌਜਵਾਨ ਭਾਜਪਾ ਆਗੂ ਇਸ਼ੂਪਾਲ ਚੌਧਰੀ ਵੱਲੋਂ ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨਾਲ ਕੀਤੀ ਗਈ ਮੁਲਾਕਾਤ ਸਿਆਸੀ ਗਲਿਆਰਿਆਂ ਵਿੱਚ ਅਹਿਮ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਇਸ ਮੁਲਾਕਾਤ ਨੂੰ ਸੰਗਠਨਕ ਦ੍ਰਿਸ਼ਟੀਕੋਣ ਤੋਂ ਕਾਫ਼ੀ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ।ਮੁਲਾਕਾਤ ਦੌਰਾਨ ਦੇਸ਼ ਦੇ ਮੌਜੂਦਾ ਰਾਜਨੀਤਿਕ ਹਾਲਾਤ, ਰਾਸ਼ਟਰਵਾਦ, ਵਿਕਸਿਤ ਭਾਰਤ ਦੇ ਸੰਕਲਪ ਤੇ ਭਾਜਪਾ ਦੀ ਭਵਿੱਖੀ ਰਣਨੀਤੀ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਗੱਲ 'ਤੇ ਵੀ ਜ਼ੋਰ ਦਿੱਤਾ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਨੌਜਵਾਨਾਂ ਦੀ ਭੂਮਿਕਾ ਪਾਰਟੀ ਲਈ ਕਿੰਨੀ ਅਹਿਮ ਹੈ। ਇਸ ਮੌਕੇ ਤਰੁਣ ਚੁੱਘ ਨੇ ਕਿਹਾ ਕਿ ਨੌਜਵਾਨ ਵਰਗ ਹੀ ਭਾਰਤ ਦੇ ਭਵਿੱਖ ਦੀ ਅਸਲੀ ਤਾਕਤ ਹੈ ਅਤੇ ਭਾਜਪਾ ਨੌਜਵਾਨਾਂ ਨੂੰ ਨਾਲ ਜੋੜ ਕੇ ਦੇਸ਼ ਨੂੰ ਵਿਕਸਿਤ ਭਾਰਤ ਦੇ ਟੀਚੇ ਵੱਲ ਅੱਗੇ ਵਧਾ ਰਹੀ ਹੈ। ਉਨ੍ਹਾਂ ਇਸ਼ੂਪਾਲ ਚੌਧਰੀ ਵੱਲੋਂ ਹਲਕੇ ਵਿੱਚ ਕੀਤੇ ਜਾ ਰਹੇ ਸੰਗਠਨਾਤਮਕ ਕੰਮਾਂ ਦੀ ਸ਼ਲਾਘਾ ਕਰਦਿਆਂ ਹੋਰ ਜੋਸ਼ ਤੇ ਮਜ਼ਬੂਤੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।

# ਪੰਜਾਬ ਇਸਤਰੀ ਸਭਾ ਵੱਲੋਂ ਮਨਰੇਗਾ ਵਰਕਰਾਂ ਦੀ ਵਰਕਸ਼ਾਪ 'ਚ ਸ਼ਮੂਲੀਅਤ



ਅੰਮ੍ਰਿਤਸਰ-ਸਿਵਲ ਸੁਸਾਇਟੀ ਆਰਗੇਨਾਈਜੇਸ਼ਨ, ਕਾਂਗਰਸ ਅਤੇ ਐਨ ਐਫ ਆਈ ਡਬਲਿਊ ਨੇ ਮਿਲ ਕੇ ਇੱਕ ਵਿਸ਼ਾਲ ਇਕੱਠ ਦਿੱਲੀ ਵਿੱਚ ਜਵਾਹਰ ਭਵਨ ਵਿਖੇ 22 ਜਨਵਰੀ ਨੂੰ ਕੀਤਾ ਜਿਸ ਵਿੱਚ ਸਾਰੇ ਦੇਸ਼ ਵਿੱਚੋਂ ਐਨ ਆਫ ਆਈ ਡਬਲਿਊ ਦੀ ਅਗਵਾਈ ਵਿੱਚ ਮਨਰੇਗਾ ਵਰਕਰਸ ਯੂਨੀਅਨ ਨੇ ਹਿੱਸਾ ਲਿਆ।ਪੰਜਾਬ ਇਸਤਰੀ ਸਭਾ ਵੱਲੋਂ 18 ਮੈਂਬਰਾਂ ਦਾ ਜੱਥਾ ਜਥੇਬੰਦੀ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ ਦੀ ਅਗਵਾਈ ਵਿੱਚ ਦਿੱਲੀ ਵਿਖੇ ਪਹੁੰਚਿਆ ।ਮਨਰੇਗਾ ਵਰਕਰਜ਼ ਫਰੀਦਕੋਟ ਦੀ ਅਗਵਾਈ ਮਨਜੀਤ ਕੌਰ ਅਤੇ ਫਾਜ਼ਿਲਕਾ ਜਥੇ ਦੀ ਅਗਵਾਈ ਨੈਸ਼ਨਲ ਕੌਂਸਲ ਮੈਂਬਰ ਹਰਜੀਤ ਕੌਰ ਢੰਡੀਆਂ ਨੇ ਕੀਤੀ।ਇਸ ਵਰਕਸ਼ਾਪ ਵਿੱਚ ਮਨਰੇਗਾ ਐਕਟ ਨੂੰ ਬਦਲਣ ਅਤੇ ਇੱਕ ਤਰ੍ਹਾਂ ਨਾਲ ਖਤਮ ਕਰਨ ਦੀ ਸਾਜਿਸ਼ ਬਾਰੇ ਦੱਸਿਆ ਗਿਆ ।ਮਨਰੇਗਾ ਦਾ ਸਿਰਫ ਨਾਂਅ ਹੀ ਨਹੀਂ ਬਦਲਿਆ ਜਾ ਰਿਹਾ ਬਲਕਿ ਉਸ ਦਾ ਸਾਰਾ ਸਰੂਪ ਹੀ ਇਸ ਢੰਗ ਨਾਲ ਬਦਲਿਆ ਜਾ ਰਿਹਾ ਹੈ ਕਿ ਇਸ ਦੀ ਮੂਲ ਭਾਵਨਾ ਖਤਮ ਕਰਕੇ ਇਸ ਐਕਟ ਨੂੰ ਖਤਮ ਕਰ ਦਿੱਤਾ ਜਾਵੇ ਅਤੇ ਲੱਖਾਂ ਹੀ ਲੋਕਾਂ ਨੂੰ ਜਿਹੜੇ ਕਿ ਇਸ ਦੇ ਸਿਰ 'ਤੇ ਆਪਣੀ ਦੋ ਵਕਤ ਦੀ ਰੋਟੀ ਕਮਾ ਰਹੇ ਹਨ, ਬੇਰੁਜ਼ਗਾਰ ਕਰ ਦਿੱਤਾ ਜਾਵੇ ।ਇਹ ਲੋਕ ਜਿਹੜੇ ਕਿ ਪਹਿਲਾਂ ਹੀ ਬਹੁਤ ਗਰੀਬ ਹਨ ਮਨਰੇਗਾ ਦੇ ਕਮਜ਼ੋਰ ਹੋਣ ਨਾਲ ਇਹਨਾਂ ਉੱਤੇ ਹੋਰ ਆਫਤ ਆ ਪਵੇਗੀ।ਇਸ ਇਕੱਠ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਕਾਂਗਰਸ ਪ੍ਰਧਾਨ ਮਲਿਕ ਅਰਜਨ ਖੜਗੇ, ਸੀ ਪੀ ਆਈ ਦੇ ਕੌਮੀ ਸਕੱਤਰੇਤ ਮੈਂਬਰ ਰਾਮ ਕ੍ਰਿਸ਼ਨ ਪਾਂਡੇ ਅਤੇ ਅਰੁਨਾ ਆਸਿਫ ਅਲੀ ਜੋ ਕਿ ਸਿਵਲ ਸੁਸਾਇਟੀਜ਼ ਔਰਗਨਾਈਜੇਸ਼ਨ ਦੇ ਬਾਨੀ ਵੀ ਹਨ ਤੇ ਜਿਨ੍ਹਾਂ ਨੇ ਐਨ ਐਫ ਆਈ ਡਬਲਿਊ ਦੀ ਅਗਵਾਈ ਕੀਤੀ ਸੀ ।ਇਹਨਾਂ ਆਗੂਆਂ ਨੇ ਇਹ ਵਾਅਦਾ ਨਰੇਗਾ ਕਾਮਿਆਂ ਨਾਲ ਕੀਤਾ ਕਿ ਮਨਰੇਗਾ ਨੂੰ ਬਚਾਉਣ ਲਈ ਉਹ ਆਪਣੀ ਪੂਰੀ ਤਾਕਤ ਝੋਕ ਦੇਣਗੇ ਪ੍ਰੰਤੂ ਇਸ ਸੰਘਰਸ਼ ਵਿੱਚ ਮਨਰੇਗਾ ਵਰਕਰਜ਼ ਦਾ ਯੋਗਦਾਨ ਬਹੁਤ ਜ਼ਰੂਰੀ ਹੈ ।ਉਹਨਾਂ ਨੂੰ ਵੱਡੀ ਗਿਣਤੀ ਵਿੱਚ ਸੜਕਾਂ 'ਤੇ ਆਉਣਾ ਪਵੇਗਾ ਅਤੇ ਆਪਣੇ ਹੱਕਾਂ ਦੀ ਰਾਖੀ ਕਰਨੀ ਪਵੇਗੀ । ਆਗੂਆਂ ਨੇ ਕਿਹਾ ਕਿ ਪਹਿਲਾਂ ਪੰਚਾਇਤਾਂ ਨੂੰ ਤੇ ਬੀ ਡੀ ਪੀ ਓ ਨੂੰ ਕੰਮ ਦੇਣ ਦੀ ਕਾਨੂੰਨੀ ਗਾਰੰਟੀ ਸੀ ਤੇ ਹੁਣ ਕੇਂਦਰ ਸਰਕਾਰ ਦੁਆਰਾ ਚੁਣੇ ਹੋਏ ਪਿੰਡ ਵਿੱਚ ਕੰਮ ਮਿਲੇਗਾ। ਪਹਿਲਾਂ ਨਰੇਗਾ ਮਜ਼ਦੂਰ ਸਾਲ ਵਿੱਚ ਜਦੋਂ ਮਰਜ਼ੀ ਕੰਮ ਲੈ ਸਕਦਾ ਸੀ, ਹੁਣ ਫਸਲਾਂ ਦੀ ਕਟਾਈ ਤੇ ਗਹਾਈ ਵੇਲੇ ਨਹੀਂ ਲੈ ਸਕਦਾ। ਪਹਿਲਾਂ ਨਰੇਗਾ ਦੇ ਕੰਮ ਦੀ ਦਿਹਾੜੀ ਕਾਨੂੰਨ ਰਾਹੀਂ ਘੱਟੋ ਘੱਟ ਨਿਸਚਤ ਕੀਤੀ ਹੋਈ ਸੀ। ਹੁਣ ਇਹ ਧਾਰਾ ਵੀ ਖ਼ਤਮ ਕਰ ਦਿੱਤੀ ਗਈ ਹੈ। ਹੋਰ ਵੀ ਨਰੇਗਾ ਕੰਮਾਂ ਵਿੱਚ ਬਦਲਾਅ ਕਰਕੇ ਨਰੇਗਾ ਕਾਨੂੰਨ ਨੂੰ ਬਹੁਤ ਕਮਜ਼ੋਰ ਕਰ ਦਿੱਤਾ ਗਿਆ ਹੈ।ਪੰਜਾਬ ਇਸਤਰੀ ਸਭਾ ਦੇ ਮਨਰੇਗਾ ਵਰਕਰਜ਼ ਦਿੱਲੀ ਵਰਕਸ਼ਾਪ ਤੋਂ ਬਹੁਤ ਉਤਸ਼ਾਹ ਲੈ ਕੇ ਆਏ ਹਨ ਅਤੇ ਪੰਜਾਬ ਇਸਤਰੀ ਸਭਾ ਹਮੇਸ਼ਾ ਉਹਨਾਂ ਦੇ ਨਾਲ ਖੜ੍ਹੀ ਹੋਵੇਗੀ ਅਤੇ ਸਰਕਾਰ ਵੱਲੋਂ ਚਲਾਏ ਜਾ ਰਹੇ ਬੇਰੁਜ਼ਗਾਰੀ ਦੇ ਕੁਹਾੜੇ ਦਾ ਡਟ ਕੇ ਟਾਕਰਾ ਕੀਤਾ ਜਾਵੇਗਾ।


## ਪੀ .ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ (ਸੰਗਰੂਰ)

Ph. No. 94630-15097, ਈਮੇਲ: gsss.mehlan.sgr24@gmail.com
ਪੱਤਰ ਨੰ: PMS -Expo 377/26    ਮਿਤੀ 24-01-2026

### ਵਿਸ਼ਾ- ਸ਼ੌਰਟ ਟੈਂਡਰ ਨੋਟਿਸ

ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਪੀ ਐਮ ਸ੍ਰੀ ਸ. ਸ. ਸ. ਸ. ਮਹਿਲਾਂ (ਸੰਗਰੂਰ) ਦੇ 50 ਵਿਦਿਆਰਥੀਆਂ ਅਤੇ 2ਅਧਿਆਪਕਾਂ ਦਾ Exposure Visit ਲਈ ਟੂਰ ਜੈਪੁਰ ਵਿਖੇ ਲੈ ਕੇ ਜਾਣ ਦੀ ਪ੍ਰਵਾਨਗੀ ਮਿਲੀ ਹੈ।ਇਸ ਵਿੱਚ ਵਿਦਿਆਰਥੀਆਂ ਨੂੰ ਸਕੂਲ ਤੋਂ ਲੈ ਕੇ ਜੈਪੁਰ ਲਿਜਾਣ, ਉਥੇ ਵੱਖ-ਵੱਖ ਥਾਵਾਂ 'ਤੇ ਘੁੰਮਾਉਣ, ਦਿਖਾਉਣ, ਪੰਜ ਦਿਨਾਂ ਦੀ ਵਧੀਆ ਹੋਟਲਾਂ ਵਿੱਚ ਰਿਹਾਇਸ਼, ਚੰਗਾ ਖਾਣਾ, ਉਥੇ ਦੀਆਂ ਟੂਰਿਸਟ ਥਾਵਾਂ 'ਤੇ ਲੱਗਣ ਵਾਲੀਆਂ ਟਿਕਟਾਂ ਦਾ ਖਰਚਾ ਅਤੇ ਵਾਪਸੀ ਸਕੂਲ ਤੱਕ ਛੱਡਣ ਦਾ ਪੂਰਨ ਤੌਰ 'ਤੇ ਖਰਚਾ (ਸਮੇਤ ਜੀ. ਐਸ. ਟੀ.) ਸ਼ਾਮਲ ਹੈ। ਦਿਲਚਸਪੀ ਰੱਖਣ ਵਾਲੀਆਂ ਵਪਾਰਕ ਸੰਸਥਾਵਾਂ ਨੂੰ ਮਿਤੀ 29-01-2026 ਨੂੰ ਸਵੇਰੇ 10 ਵਜੇ ਸਕੂਲ ਵਿੱਚ ਕੁਟੇਸ਼ਨਾਂ ਸਮੇਤ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ।

ਪ੍ਰਿੰਸੀਪਲ,
ਪੀ ਐਮ ਸ੍ਰੀ ਸ ਸ ਸ ਸ ਸਕੂਲ ਮਹਿਲਾਂ (ਸੰਗਰੂਰ)

## ਕਲਾਸੀਫਾਈਡ ਇਸ਼ਤਿਹਾਰ

### Change of Name

I, hitherto known as Narinder Kumar S/o Sudesh Kumar R/o H.No. WQ 339, Basti Sheikh, Jalandhar, Punjab-144002 have changed my name and shall hereafter be known as Narinder Suri.

I, Shipu S/O Subhash, R/o House No-46275, Street No-3, Tibba Road, Guru Gobind Singh Nagar, Basti Jodhewal, Ludhiana, Punjab-141007, have changed my name and shall hereafter be Known as Shiva Gor.

I, Dinesh Kumar S/O Ashok Kumar, R/o B-34, Street No-02, Jassian Road, Haibowal Kalan, Gaganpreet Vihar, Ludhiana, Punjab-141001, have changed my name and shall hereafter be Known as Danish.

I Deepika Gupta W/o Ankur Garg R/o Flat No-A/2, Floor No-2, G.N.B Enclave, Near Pathankot Bypass Road, Opposite Janta Hospital, Jalandhar have changed my name from Deepika Garg to Deepika Gupta.

I, Pargat Singh S/O Amrik Singh Village And Post - Bakhshiwal, Gurdaspur, Punjab Pin- Code-143520. Declare That My Given Name As Pargat And My Surname As Singh.

### ਆਮ ਸੂਚਨਾ

ਮੈਂ, ਦਿਲਬਾਗ ਸਿੰਘ ਪੁੱਤਰ ਬੂਆ ਸਿੰਘ ਵਾਸੀ ਸ੍ਰੀਹਰਗੋਬਿੰਦਪੁਰ ਤਹਿਸੀਲ ਬਟਾਲਾ ਜਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾ ਕਿ ਮੇਰੀ ਮਾਲਕੀ ਦਾ ਇੱਕ ਰਿਹਾਇਸ਼ੀ ਮਕਾਨ ਆਲਾ ਦੁਆਲਾ ਚੜਦਾ ਗਲੀ ਰਸਤਾ ਹੈ ਲੈਹਦਾ ਹਰਜਿੰਦਰ ਸਿੰਘ ਦੀ ਮਾਲਕੀ ਪਹਾੜ ਲਖਬੀਰ ਸਿੰਘ ਦੀ ਮਾਲਕੀ ਹੈ ਦੱਖਣ ਦੁਕਾਨ ਗੁਰਨਾਮ ਸਿੰਘ ਦੀ ਮਾਲਕੀ ਹੈ ਜਿਸਦਾ ਪਰਾਪਰਟੀ ਨੰਬਰ ਬੀ 10-0096 ਹੈ ਜਿਸ ਵਿਚ ਬਿਜਲੀ ਦਾ ਕੁਨੈਕਸ਼ਨ ਖਾਤਾ ਨੰਬਰ ਜੀ 71 ਸੀ ਐੱਫ 669711 ਐੱਚ ਲੱਗਾ ਹੈ ਮੈਂ ਆਪਣਾ ਮਕਾਨ ਆਪਣੇ ਪੁੱਤਰ ਜਸਵੰਤ ਸਿੰਘ ਪੁੱਤਰ ਦਿਲਬਾਗ ਸਿੰਘ ਪੁੱਤਰ ਬੂਆ ਸਿੰਘ ਦੇ ਨਾਮ 'ਤੇ ਟਰਾਸਫਰ ਕਰ ਰਿਹਾ ਹੈ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾ ਉਹ ਆਪਣਾ ਇਤਰਾਜ਼ 10 ਦਿਨ ਦੇ ਅੰਦਰ ਅੰਦਰ ਸਬ-ਰਜਿਸਟਰਾਰ ਦਫਤਰ ਹਰਗੋਬਿੰਦਪੁਰ ਵਿਖੇ ਇਤਰਾਜ ਪੇਸ਼ ਕਰ ਸਕਦਾ ਹੈ ਬਾਅਦ ਵਿਚ ਕੋਈ ਸੁਣਵਾਈ ਨਹੀ ਹੋਵੇਗੀ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: XII AP38220-X (C.A. No. 3004472022), 10.00 ਬੀ ਐੱਚ ਪੀ, ਜੋ ਕਿ ਸ੍ਰੀ ਤਸਵਿੰਦਰ ਸਿੰਘ ਪੁੱਤਰ ਸ੍ਰੀ ਪ੍ਰੀਤਮ ਸਿੰਘ ਵਾਸੀ ਪਿੰਡ ਰਹੀਮਪੁਰ, ਜ਼ਿਲ੍ਹਾ ਜਲੰਧਰ ਦੇ ਨਾਂਅ 'ਤੇ ਚੱਲ ਰਿਹਾ ਹੈ। ਇਹ ਕੁਨੈਕਸ਼ਨ ਪਿੰਡ ਉੱਗੀ-1, ਜ਼ਿਲ੍ਹਾ ਜਲੰਧਰ ਵਿਚ ਮੌਜੂਦ ਹੈ। ਇਹੀ ਕੁਨੈਕਸ਼ਨ ਸ੍ਰੀ ਜਸਵਿੰਦਰ ਸਿੰਘ ਪੁੱਤਰ ਸ੍ਰੀ ਗੁਰਦੇਵ ਸਿੰਘ ਵਾਸੀ ਪਿੰਡ ਰਹੀਮਪੁਰ ਜ਼ਿਲ੍ਹਾ ਜਲੰਧਰ ਨੇ ਆਪਣੇ ਨਾਂਅ 'ਤੇ ਕਰਵਾਉਣ ਲਈ ਦਰਖਾਸਤ ਇਸ ਦਫ਼ਤਰ ਵਿਖੇ ਪੇਸ਼ ਕੀਤੀ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਆਪਣਾ ਇਤਰਾਜ਼ਨਾਮਾ ਇਸ ਨੋਟਿਸ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨਹਸਤਾਖਰਕਰਤਾ ਨੂੰ ਇਸ ਦਫ਼ਤਰ ਵਿਚ ਜਮ੍ਹਾਂ ਕਰਵਾਓ ਜੀ। ਸਹਾਇਕ ਕਾਰਜਕਾਰੀ ਇੰਜੀ. (ਵੰਡ), ਉਪ ਮੰਡਲ ਕਾਲਾ ਸੰਘਿਆਂ। ਪੀ ਐੱਸ ਪੀ ਸੀ ਐੱਲ

### Change of Name

I, hitherto known as Ritu W/o Narinder Suri R/o H.No. WQ-339, Basti Sheikh, Jalandhar, Punjab-144002 have changed my name and shall hereafter be known as Ritu Suri.

### ਬੇਦਖਲੀ ਨੋਟਿਸ

ਮੈਂ, ਗੁਰਚਰਨ ਸਿੰਘ ਪੁੱਤਰ ਜੀਵਾ ਸਿੰਘ, ਪਿੰਡ ਜੱਖਲਾਂ, ਤਹਿਸੀਲ ਧੂਰੀ (ਸੰਗਰੂਰ) ਪੰਜਾਬ, ਭਾਰਤ ਆਪਣੇ ਲੜਕੇ ਮੇਜਰ ਸਿੰਘ, ਨੂੰਹ ਹਰਜਿੰਦਰ ਕੌਰ, ਪੋਤਰੀ ਸੁਖਮਨਪ੍ਰੀਤ ਕੌਰ ਅਤੇ ਪੋਤਰੇ ਕਰਨਸ਼ੇਰ ਸਿੰਘ ਗਿੱਲ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ, ਕੰਵਲਜੀਤ ਸਿੰਘ ਭਾਟੀਆ ਪੁੱਤਰ ਤਰਲੋਕ ਸਿੰਘ ਭਾਟੀਆ ਵਾਸੀ ਫਲੈਟ ਨੰ: 78, ਬੀ-ਬਲੋਕ, ਨਕੋਦਰ ਰੋਡ ਨੇੜੇ ਵਡਾਲਾ ਚੌਂਕ, ਸਿਲਵਰ ਰੈਜੀਡੈਂਸੀ, ਖੁਰਲਾ ਕਿੰਗਰਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਰਿੰਦਰ ਸਿੰਘ ਭਾਟੀਆ ਅਤੇ ਉਸਦੀ ਪਤਨੀ ਮਨਦੀਪ ਕੌਰ ਭਾਟੀਆ ਵਾ ਇਨ੍ਹਾਂ ਦੇ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਸਬੰਧ/ਤਲਕ ਵਾਸਤਾ ਨਹੀਂ ਹੈ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੋਨੀਆ ਪਤਨੀ ਸ੍ਰੀ ਰਾਜਾ ਵਾਸੀ ਭੂਲਰ ਰੋਡ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਅੰਜਲੀ (ਕੁਆਰੀ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ ਸ਼ਿਵ ਕੁਮਾਰ ਪੁੱਤਰ ਰਾਮ ਲਾਲ, ਵਾਸੀ ਮਕਾਨ ਨੰਬਰ 173, ਨੇੜੇ ਸਿੰਘ ਸਭਾ ਗੁਰਦੁਆਰਾ, ਪਿੰਡ ਤੇ ਡਾਕਖਾਨਾ ਲੱਧੇਵਾਲੀ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਿਤੇਸ਼ ਕੁਮਾਰ ਅਤੇ ਉਸਦੀ ਪਤਨੀ ਮਹਿਕ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

ਮੈਂ, ਜਗਤਾਰ ਸਿੰਘ ਪੁੱਤਰ ਜੀਤ ਸਿੰਘ ਵਾਸੀ ਰਾਊਕੇ ਕਲਾਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਭਗਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ, ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗਾ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਤਹਿਸੀਲਦਾਰ ਮੂਨਕ ਜ਼ਿਲ੍ਹਾ ਸੰਗਰੂਰ

ਵਿਸ਼ਾ:- ਤਕਸੀਮ ਕੇਸ ਪਿੰਡ ਹਮੀਰਗੜ੍ਹ, ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ।

ਧਿਰਾਂ:- ਪਰਮਜੀਤ ਸਿੰਘ ਪੁੱਤਰ ਮਲੂਕ ਸਿੰਘ ਪੁੱਤਰ ਜੱਸਾ ਸਿੰਘ 2. ਸ਼ੇਰ ਸਿੰਘ ਪੁੱਤਰ ਮਲੂਕ ਸਿੰਘ ਪੁੱਤਰ ਜੱਸਾ ਸਿੰਘ ਵਾਸੀਆਨ ਹਮੀਰਗੜ੍ਹ, ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ। .......ਸਾਇਲ

ਬਨਾਮ

1. ਸੁੱਖਾ ਸਿੰਘ ਉਰਫ ਕਾਹਲਾ ਸਿੰਘ ਪੁੱਤਰ ਜੱਸਾ ਸਿੰਘ 2. ਗੁਰਪ੍ਰੀਤ ਸਿੰਘ ਪੁੱਤਰ ਸੁੱਖਾ ਸਿੰਘ ਉਰਫ ਕਾਹਲਾ ਸਿੰਘ ਪੁੱਤਰ ਜੱਸਾ ਸਿੰਘ 3. ਰਵਿੰਦਰ ਸਿੰਘ ਉਰਫ ਜਤਿੰਦਰ ਸਿੰਘ ਪੁੱਤਰ ਸੁੱਖਾ ਸਿੰਘ ਉਰਫ ਕਾਹਲਾ ਸਿੰਘ 4. ਅਮਰਜੀਤ ਕੌਰ ਵਿਧਵਾ ਅਨੂਪ ਸਿੰਘ 5. ਸੁਖਵੀਰ ਕੌਰ ਪੁੱਤਰੀ ਅਨੂਪ ਸਿੰਘ ਪੁੱਤਰ ਜੱਸਾ ਸਿੰਘ 08. ਅਮਨਦੀਪ ਸਿੰਘ ਪੁੱਤਰ ਸਮਸ਼ੇਰ ਸਿੰਘ 09. ਜਰਨੈਲ ਸਿੰਘ ਪੁੱਤਰ ਟੇਕ ਸਿੰਘ 10. ਜਗਦੀਸ਼ ਸਿੰਘ ਪੁੱਤਰ ਵਜੀਰ ਸਿੰਘ 11. ਜਗਸੀਰ ਸਿੰਘ ਪੁੱਤਰ ਬਲਦੇਵ ਸਿੰਘ 12. ਜਗਤਾਰ ਸਿੰਘ ਪੁੱਤਰ ਸਮਸ਼ੇਰ ਸਿੰਘ 13. ਕੁਲਵਿੰਦਰ ਕੌਰ ਪਤਨੀ ਸੁਪਿੰਦਰ ਸਿੰਘ ਪੁੱਤਰ ਜਸਪਾਲ ਸਿੰਘ 14. ਜੀਵਨ ਸਿੰਘ ਪੁੱਤਰ ਸੁਰਜੀਤ ਸਿੰਘ 15. ਪ੍ਰੇਮ ਲਤਾ ਪਤਨੀ ਫਕੀਰ ਚੰਦ ਪੁੱਤਰ ਚੂਹੜ ਰਾਮ ਵਾਸੀਆਨ ਹਮੀਰਗੜ੍ਹ, ਤਹਿਸੀਲ ਮੂਨਕ 16. ਰਵਿੰਦਰ ਕੌਰ ਪਤਨੀ ਲਖਵਿੰਦਰ ਸਿੰਘ ਪੁੱਤਰ ਸੀਤਾ ਸਿੰਘ ਵਾਸੀ ਲਹਿਰਾ, ਤਹਿਸੀਲ ਲਹਿਰਾ, ਜ਼ਿਲ੍ਹਾ ਸੰਗਰੂਰ। .......ਮਸੂਲਾਨ

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ ਉੱਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 04.02.26 ਨੂੰ ਸਵੇਰੇ 11:00 ਵਜੇ ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦਾਇਲਾ ਨੂੰ ਵਿਦਿਤ (ਸੂਚਿਤ) ਕੀਤਾ ਜਾਂਦਾ ਹੈ ਕਿ ਉਕਤ ਤਾਰੀਖ ਪੇਸ਼ੀ 'ਤੇ ਆਪ ਜਾਂ ਵਕੀਲ ਰਾਹੀਂ ਅਦਾਲਤ ਵਿੱਚ ਪੇਸ਼ ਹੋਣ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਇਹ ਇਸ਼ਤਿਹਾਰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਮਿਤੀ 14.01.2026 ਨੂੰ ਜਾਰੀ ਕੀਤਾ ਗਿਆ।

ਨੰਬਰ 5PL-1-26/ ਰੀਡਰ-1    ਮਿਤੀ 14-01-2026
ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਤਹਿਸੀਲਦਾਰ ਮੂਨਕ

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਗੁਰਚਰਨ ਸਿੰਘ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ/ਦੋਮ, ਫਗਵਾੜਾ, ਜ਼ਿਲ੍ਹਾ ਕਪੂਰਥਲਾ

ਸੁਰਿੰਦਰ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਨਰੰਜਨ ਸਿੰਘ, ਵਾਸੀ ਪਿੰਡ ਚੱਕ ਪ੍ਰੇਮਾ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ।

ਬਨਾਮ ਆਮ ਜਨਤਾ

ਵਿਸ਼ਾ: ਰਿਕਾਰਡ ਮਾਲ ਵਿੱਚ ਨਾਂਅ ਦੀ ਦਰੁਸਤੀ ਕਰਨ ਸਬੰਧੀ।

ਸ੍ਰੀ ਸੁਰਿੰਦਰ ਸਿੰਘ ਪੁੱਤਰ ਲਛਮਣ ਸਿੰਘ ਵਾਸੀ ਪਿੰਡ ਚੱਕ ਪ੍ਰੇਮਾ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ ਨੇ ਦਰਖਾਸਤ ਰਾਹੀਂ ਬੇਨਤੀ ਕੀਤੀ ਹੈ ਕਿ ਉਸ ਦੇ ਦਸਤਾਵੇਜ਼ਾਂ ਵਿੱਚ ਉਸ ਦਾ ਨਾਂਅ ਸੁਰਿੰਦਰ ਸਿੰਘ ਪੁੱਤਰ ਲੱਛਮਣ ਸਿੰਘ ਪੁੱਤਰ ਨਰੰਜਣ ਸਿੰਘ ਦਰਜ ਹੈ ਅਤੇ ਉਸ ਦੀ ਭੈਣ ਦਾ ਨਾਂਅ ਸੁਰਿੰਦਰ ਕੌਰ ਪੁੱਤਰੀ ਲੱਛਮਣ ਸਿੰਘ ਪੁੱਤਰ ਨਰੰਜਣ ਸਿੰਘ ਦਰਜ ਹੈ, ਜਦਕਿ ਰਿਕਾਰਡ ਮਾਲ ਪਿੰਡ ਚੱਕ ਪ੍ਰੇਮਾ, ਤਹਿਸੀਲ ਫਗਵਾੜਾ, ਵਿੱਚ ਸਲਿੰਦਰ ਸਿੰਘ ਪੁੱਤਰ ਲੱਛਮਣ ਸਿੰਘ ਪੁੱਤਰ ਨਰੰਜਨ ਸਿੰਘ ਅਤੇ ਸਲਿੰਦਰ ਕੌਰ ਪੁੱਤਰੀ ਲੱਛਮਣ ਸਿੰਘ ਪੁੱਤਰ ਨਰੰਜਣ ਸਿੰਘ ਦਰਜ ਹੈ। ਬੇਨਤੀ ਕੀਤੀ ਕਿ ਰਿਕਾਰਡ ਮਾਲ ਪਿੰਡ ਚੱਕ ਪ੍ਰੇਮਾ ਵਿੱਚ ਉਸ ਦੇ ਅਤੇ ਉਸ ਦੀ ਭੈਣ ਦੇ ਨਾਂਅ ਦੀ ਦਰੁਸਤੀ ਕਰਦੇ ਹੋਏ ਸਲਿੰਦਰ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਨਰੰਜਨ ਸਿੰਘ ਅਤੇ ਸਲਿੰਦਰ ਕੌਰ ਪੁੱਤਰੀ ਲਛਮਣ ਸਿੰਘ ਪੁੱਤਰ ਨਰੰਜਨ ਸਿੰਘ ਦੀ ਬਜਾਏ ਸੁਰਿੰਦਰ ਸਿੰਘ ਪੁੱਤਰ ਲੱਛਮਣ ਸਿੰਘ ਪੁੱਤਰ ਨਰੰਜਣ ਸਿੰਘ ਅਤੇ ਉਸ ਦੀ ਭੈਣ ਦਾ ਨਾਂਅ ਸੁਰਿੰਦਰ ਕੌਰ ਪੁੱਤਰੀ ਲੱਛਮਣ ਸਿੰਘ ਪੁੱਤਰ ਨਰੰਜਣ ਸਿੰਘ ਦਰੁਸਤ ਕੀਤਾ ਜਾਵੇ।

ਇਸ ਇਸ਼ਤਿਹਾਰ ਰਾਹੀਂ ਹਰ ਆਮ ਵਾ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਿਕਾਰਡ ਮਾਲ ਵਾਕਿਆ ਪਿੰਡ ਚੱਕ ਪ੍ਰੇਮਾ, ਤਹਿਸੀਲ ਫਗਵਾੜਾ ਵਿੱਚ ਸਲਿੰਦਰ ਸਿੰਘ ਪੁੱਤਰ ਲੱਛਮਣ ਸਿੰਘ ਪੁੱਤਰ ਨਰੰਜਨ ਸਿੰਘ ਅਤੇ ਸਲਿੰਦਰ ਕੌਰ ਪੁੱਤਰੀ ਲਛਮਣ ਸਿੰਘ ਪੁੱਤਰ ਨਰੰਜਨ ਸਿੰਘ ਦੀ ਬਜਾਏ ਸੁਰਿੰਦਰ ਸਿੰਘ ਪੁੱਤਰ ਲੱਛਮਣ ਸਿੰਘ ਪੁੱਤਰ ਨਰੰਜਣ ਸਿੰਘ ਅਤੇ ਸੁਰਿੰਦਰ ਕੌਰ ਪੁੱਤਰੀ ਲਛਮਣ ਸਿੰਘ ਪੁੱਤਰ ਨਰੰਜਣ ਦੇ ਨਾਂਅ ਦੀ ਦਰੁਸਤੀ ਕਰਨ ਵਿੱਚ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਖੁਦ, ਅਸਾਲਤਨ/ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਮਿਤੀ 06-02- 2026 ਨੂੰ ਹਾਜ਼ਰ ਹੋ ਕਰ ਆਪਣਾ ਪੱਖ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਉਕਤ ਅਨੁਸਾਰ ਰਿਕਾਰਡ ਮਾਲ ਵਿੱਚ ਕੁਲਵਿੰਦਰ ਕੌਰ ਤਬਦੀਲਨਾਮਾ ਕੁਲਵੰਤਰ ਕੌਰ ਪਤਨੀ ਅਜੀਤ ਸਿੰਘ ਪੁੱਤਰ ਰਤਨ ਸਿੰਘ ਦੇ ਨਾਂਅ ਦੀ ਦਰੁਸਤੀ ਕਰਨ ਹਿੱਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਇਸ਼ਤਿਹਾਰ ਅੱਜ ਮਿਤੀ 22-01-2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਨੰਬਰ : 229/ਰੀਡਰ-2 ਮਿਤੀ : 22/01/2026
ਸਹੀ/-ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ/ਦੋਮ, ਫਗਵਾੜਾ।

26-Jan-PAGE--8.qxd 1/25/2026 9:46 PM Page 1



## ਟਰੈਕਟਰ ਮਾਰਚ ਸਫਲ ਬਣਾਇਆ ਜਾਵੇ : ਰਜਿੰਦਰ ਰਾਣਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਵੱਲੋਂ 26 ਜਨਵਰੀ ਨੂੰ ਜ਼ਿਲ੍ਹਾ ਕਪੂਰਥਲਾ ਹੈਡਕੁਆਰਟਰ ਤੇ ਤਹਿਸੀਲ ਪੱਧਰ ਤੇ ਟਰੈਕਟਰ ਮਾਰਚ ਕੇਂਦਰ ਸਰਕਾਰ ਦੀਆਂ ਨਿਜੀਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ,ਲਿਖਣ,ਬੋਲਣ , ਵਿਚਾਰ ਪ੍ਰਗਟ ਕਰਨ ਦੇ ਸੰਵਿਧਾਨਕ ਅਧਿਕਾਰਾਂ ਤੇ ਕੇਂਦਰ ਸਰਕਾਰ ਦੀਆਂ ਹੋਰ ਜਮਹੂਰੀ ਅਧਿਕਾਰਾਂ ਦੀ ਰਾਖੀ ਲਈ ਲੋਕ ਮਾਰਚ ਸੰਯੁਕਤ ਕਿਸਾਨ ਮੋਰਚਾ ਕਪੂਰਥਲਾ ਵਿੱਚ ਸ਼ਾਮਿਲ ਸਾਰੀਆਂ ਕਿਸਾਨ ਤੇ ਮਜ਼ਦੂਰ ਮੁਲਾਜ਼ਮ ਤੇ ਪੈਨਸ਼ਨਰ ਐਸੋਸੀਏਸ਼ਨਾ, ਪੇਂਡੂ ਖੇਤ ਮਜ਼ਦੂਰ ਜਥੇਬੰਦੀਆਂ ਦੇ ਆਗੂ ਤੇ ਵਰਕਰਾਂ ਵੱਲੋਂ ਦਾਣਾ ਮੰਡੀ ਸੁਲਤਾਨਪੁਰ ਲੋਧੀ ਤੇ ਕਪੂਰਥਲਾ ਵਿਖੇ ਵਿਸ਼ਾਲ ਟਰੈਕਟਰ ਮਾਰਚ ਕੱਢਿਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਯੁੰਕਤ ਕਿਸਾਨ ਮੋਰਚਾ ਦੇ ਆਗੂ ਐਡ ਰਜਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚਾ ਵੱਲੋਂ ਦੇਸ਼ ਭਰ ਵਿਚ 26 ਜਨਵਰੀ ਗਣਤੰਤਰ ਦਿਵਸ ਦੇ ਮੌਕੇ ਦੁਪਹਿਰ ਨੂੰ ਅਧਿਕਾਰਤ (ਸਰਕਾਰੀ ) ਗਣਤੰਤਰ ਪਰੇਡ ਨੂੰ ਪ੍ਰਭਾਵਿਤ ਕੀਤੇ ਬਿਨਾਂ, ਲੋਕ ਮਾਰਚ ਆਯੋਜਿਤ ਕੀਤੇ ਜਾਣੇ ਹਨ। ਕੇਂਦਰ ਸਰਕਾਰ ਵੱਲੋਂ ਥੋਪੇ ਜਾ ਰਹੇ ਨਵੇਂ ਫੈਸਲੇ ਨੂੰ ਵਾਪਸ ਕਰਵਾਉਣ ਤੇ ਮੁੱਖ ਮੰਗਾਂ ਐੱਮ ਐੱਸ ਪੀ ਤੇ ਖ਼ਰੀਦ ਦੀ ਗਰੰਟੀ ਦਾ ਕਾਨੂੰਨ, ਬਿਜਲੀ ਬਿੱਲ 2025 ਵਾਪਸ ਲਉ, ਬੀਜ ਬਿਲ 2025 ਰੱਦ ਕਰੋ, ਪ੍ਰੀ ਪੇਡ ਮੀਟਰ ਨਹੀਂ, 4 ਲੇਬਰ ਕੋਡ ਰੱਦ ਕਰੋ, ਖੇਤੀ ਫਸਲਾਂ ਵਿਚ ਮੁਕਤ ਵਪਾਰ ਨਹੀਂ ਕਾਰਪੋਰੇਟ ਕੰਪਨੀਆਂ, ਮਲਟੀ ਨੈਸ਼ਨਲ ਕੰਪਨੀਆਂ ਦਾ ਦਾਖ਼ਲਾ ਨਹੀਂ, ਖੁਦਕਸ਼ੀਆਂ ਰੋਕਣ ਲਈ ਕਿਸਾਨਾਂ, ਬੇਜ਼ਮੀਨੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕਰੋ, ਪਹਿਲਾਂ ਮਨੋਰੇਗਾ ਬਹਾਲ ਕਰੋ, ਖੇਤੀ ਲਈ ਬਿਨਾਂ ਵਿਆਜ ਕਰਜ਼ੇ ਦਾ ਪ੍ਰਬੰਧ ਕਰੋ,ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਫ਼ਸਲਾਂ , ਮਨੁੱਖੀ ਜਾਨਾਂ, ਪਸ਼ੂਆਂ ਦਾ, ਘਰਾਂ ਦਾ ਪੂਰਾ ਮੁਆਵਜ਼ਾ ਦਿਉ, ਕਿਸਾਨ ਦੀ ਮਰਜ਼ੀ ਬਿਨਾਂ ਜ਼ਮੀਨ ਐਕਵਾਇਰ ਨਾਂ ਹੋਵੇ ,ਕਿਸਾਨੀ ਮੰਗਾਂ ਤੇ ਮਨੁੱਖੀ ਅਧਿਕਾਰ,ਲਿਖਣ, ਬੋਲਣ ਵਿਚਾਰ ਪ੍ਰਗਟ ਕਰਨ ਤੇ ਹੋਰ ਜਮਹੂਰੀ ਅਧਿਕਾਰਾਂ ਲਈ ਵਿਸ਼ਾਲ ਲੋਕ ਮਾਰਚ ਵਿੱਚ ਸ਼ਾਮਿਲ ਹੋਣ ਲਈ ਹੁੰਮ ਹੁੰਮਾ ਕੇ ਪੁਜੋ।



## ਜੂਡੋ ਚੈਂਪੀਅਨਸ਼ਿਪ 'ਚ ਐੱਲ ਪੀ ਯੂ ਨੇ 13 ਤਗਮੇ ਜਿੱਤੇ

ਜਲੰਧਰ (ਸ਼ੈਲੀ ਐਲਬਰਟ)-ਸ਼ਾਨਦਾਰ ਪ੍ਰਦਰਸ਼ਨ ਅਤੇ ਮਿਸਾਲੀ ਅਗਵਾਈ ਦਾ ਪ੍ਰਦਰਸ਼ਨ ਕਰਦੇ ਹੋਏ, ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ, ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ਼ ਦੀ ਨੌਰਥ ਈਸਟ ਜ਼ੋਨ ਇੰਟਰ-ਯੂਨੀਵਰਸਿਟੀ ਜੂਡੋ ਚੈਂਪੀਅਨਸ਼ਿਪ ਵਿੱਚ ਪੁਰਸ਼ਾਂ ਤੇ ਮਹਿਲਾਵਾਂ ਦੋਵਾਂ ਸ਼੍ਰੇਣੀਆਂ ਵਿੱਚ ਓਵਰਆਲ ਚੈਂਪੀਅਨ ਬਣ ਕੇ ਉਭਰੀ, ਜਿਸ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਮਜ਼ਬੂਤ ? ਮੌਜੂਦਗੀ ਦੀ ਪੁਸ਼ਟੀ ਕੀਤੀ। ਪ੍ਰਭਾਵਸ਼ਾਲੀ ਪ੍ਰਦਰਸ਼ਨ ਦੇ ਨਤੀਜੇ ਵਜੋਂ ਛੇ ਸੋਨੇ, ਪੰਜ ਚਾਂਦੀ ਅਤੇ ਦੋ ਕਾਂਸੀ ਸਮੇਤ 13 ਤਗਮਿਆਂ ਦੀ ਪ੍ਰਭਾਵਸ਼ਾਲੀ ਗਿਣਤੀ ਹਾਸਿਲ ਹੋਈ, ਕਿਉਂਕਿ ਐੱਲ ਪੀ ਯੂ ਦੇ ਜੂਡੋ ਐਥਲੀਟਾਂ ਨੇ ਕਈ ਭਾਰ ਸ਼੍ਰੇਣੀਆਂ ਵਿੱਚ ਪ੍ਰਤੀਯੋਗੀਆਂ ਨੂੰ ਹਰਾ ਕੇ ਪੁਰਸ਼ਾਂ ਤੇ ਮਹਿਲਾਵਾਂ ਦੋਵਾਂ ਸ਼੍ਰੇਣੀਆਂ ਵਿੱਚ ਚੋਟੀ ਦੇ ਸਥਾਨ ਪ੍ਰਾਪਤ ਕੀਤੇ।ਐੱਲ ਪੀ ਯੂ ਕੈਂਪਸ ਵਿੱਚ ਆਯੋਜਿਤ ਇਸ ਵੱਕਾਰੀ ਚੈਂਪੀਅਨਸ਼ਿਪ ਨੇ ਦਿੱਲੀ, ਹਰਿਆਣਾ, ਜੰਮੂ ਤੇ ਕਸ਼ਮੀਰ, ਮਨੀਪੁਰ, ਚੰਡੀਗੜ੍ਹ, ਅਤੇ ਉੱਤਰੀ ਅਤੇ ਉੱਤਰ-ਪੂਰਬੀ ਰਾਜਾਂ ਦੇ ਕੁਝ ਸਭ ਤੋਂ ਵਧੀਆ ਨੌਜਵਾਨ ਜੂਡੋ ਐਥਲੀਟ ਇਕੱਠੇ ਹੋਏ।ਟੂਰਨਾਮੈਂਟ ਵਿੱਚ ਲਗਭਗ 60 ਯੂਨੀਵਰਸਿਟੀਆਂ ਨੇ ਹਿੱਸਾ ਲਿਆ, ਜਿਸ ਵਿੱਚ 280 ਪੁਰਸ਼ ਤੇ 252 ਔਰਤਾਂ ਨੇ ਕਈ ਭਾਰ ਵਰਗਾਂ ਵਿੱਚ ਹਿੱਸਾ ਲਿਆ, ਜੋ ਕਿ ਦੇਸ਼ ਵਿੱਚ ਵਧ ਰਹੇ ਯੂਨੀਵਰਸਿਟੀ-ਪੱਧਰੀ ਜੂਡੋ ਮੁਕਾਬਲੇ ਨੂੰ ਦਰਸਾਉਂਦਾ ਹੈ।ਪੂਰੇ ਟੂਰਨਾਮੈਂਟ ਦੌਰਾਨ ਆਪਣੇ ਤਕਨੀਕੀ ਹੁਨਰ ਤੇ ਅਨੁਸ਼ਾਸਨ ਦਾ ਪ੍ਰਦਰਸ਼ਨ ਕਰਦੇ ਹੋਏ, ਐੱਲ ਪੀ ਯੂ ਦੇ ਜੂਡੋ ਐਥਲੀਟਾਂ ਨੇ ਮੁਕਾਬਲਿਆਂ ਵਿੱਚ ਦਬਦਬਾ ਬਣਾਇਆ ਅਤੇ ਪੁਰਸ਼ ਅਤੇ ਮਹਿਲਾ ਦੋਵਾਂ ਸ਼੍ਰੇਣੀਆਂ ਵਿੱਚ ਚੈਂਪੀਅਨਸ਼ਿਪ ਖਿਤਾਬ ਜਿੱਤੇ। ਇਸ ਪ੍ਰਭਾਵਸ਼ਾਲੀ ਪ੍ਰਦਰਸ਼ਨ ਦੇ ਨਾਲ, ਐਲਪੀਯੂ ਦੇ ਸਾਰੇ ਪੁਰਸ਼ ਅਤੇ ਮਹਿਲਾ ਐਥਲੀਟਾਂ ਨੇ ਹੁਣ ਆਲ ਇੰਡੀਆ ਇੰਟਰ-ਯੂਨੀਵਰਸਿਟੀ ਜੂਡੋ ਚੈਂਪੀਅਨਸ਼ਿਪ ਲਈ ਸਫਲਤਾਪੂਰਵਕ ਕੁਆਲੀਫਾਈ ਕਰ ਲਿਆ ਹੈ, ਜੋ ਕਿ ਯੂਨੀਵਰਸਿਟੀ ਦੇ ਖੇਡ ਪ੍ਰੋਗਰਾਮ ਲਈ ਇੱਕ ਮਹੱਤਵਪੂਰਨ ਮੀਲ ਪੱਥਰ ਹੈ।



## ਹਾਈਕਮਾਂਡ ਵੱਲੋ ਦਿੱਤੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਵਾਂਗੀ : ਲੋਹਟੀਆ



**ਬੰਗਾ (ਅਵਤਾਰ ਕਲੇਰ)**-ਹਰਜੋਤ ਕੌਰ ਲੋਹਟੀਆ ਕੋਆਰਡੀਨੈਂਟਰ ਇਸਤਰੀ ਵਿੰਗ ਦੋਆਬਾ ਜ਼ੋਨ ਨੂੰ ਪਾਰਟੀ ਅੰਦਰ ਨਿਭਾਈਆ ਜਾ ਰਹੀਆਂ ਸੇਵਾਵਾਂ ਨੂੰ ਦੇਖਦੇ ਹੋਏ ਪਾਰਟੀ ਹਾਈਕਮਾਂਡ ਵੱਲੋ ਉਨ੍ਹਾਂ ਨੂੰ ਐੱਸ ਸੀ ਕਮਿਸ਼ਨ ਵਾਈਸ ਚੇਅਰਪਰਸਨ ਨਿਯੁਕਤ ਕੀਤਾ ਹੈ। ਹਰਜੋਤ ਕੌਰ ਲੋਹਟੀਆ ਨੇ ਆਪਣੀ ਨਿਯੁਕਤੀ ਤੇ ਪਾਰਟੀ ਹਾਈਕਮਾਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋ ਜੋ ਉਨ੍ਹਾਂ ਨੂੰ ਨਵੀ ਜ਼ਿੰਮੇਵਾਰੀ ਦਿੱਤੀ ਗਈ ਹੈ ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਤੇ ਪਾਰਟੀ ਨੂੰ ਹੋਰ ਮਜਬੂਤ ਕਰਨ ਲਈ ਸੂਬੇ ਅੰਦਰ ਦਿਨ ਰਾਤ ਮਿਹਨਤ ਕਰਨਗੇ। ਮੈਡਮ ਹਰਜੋਤ ਕੌਰ ਲੋਹਟੀਆ ਦੇ ਵਾਈਸ ਚੇਅਰਪਰਸਨ ਐੱਸ ਸੀ ਕਮਿਸ਼ਨ ਬਣਨ ਤੇ ਹਲਕਾ ਬੰਗਾ ਦੇ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਵਰਕਰਾਂ ਵੱਲੋ ਸਿਰੋਪਾ ਪਾ ਕੇ ਸਨਮਾਨਤ ਕੀਤਾ। ਇਸ ਮੌਕੇ ਹਲਕਾ ਬੰਗਾ ਮੀਡੀਆ ਇੰਚਾਰਜ ਮਨਜੀਤ ਸਿੰਘ ਨਾਮਧਾਰੀ, ਸਤਨਾਮ ਸਿੰਘ ਝਿੱਕਾ,ਹਰਜੀਤ ਸਿੰਘ, ਜਸਕਵਰਦੀਪ ਸਿੰਘ, ਬਲਵੀਰ ਰਾਮ, ਚਮਨ ਲਾਲ, ਰਾਮਪਾਲ ਸਿੰਘ ਹਾਜ਼ਰ ਸ਼ਨ।

## ਮੁੱਖ ਮੰਤਰੀ ਸਿਹਤ ਬੀਮਾ ਕਾਰਡ ਲਈ ਵੱਖ-ਵੱਖ ਥਾਈਂ ਰਜਿਸਟ੍ਰੇਸ਼ਨ ਜਾਰੀ : ਸਿਵਲ ਸਰਜਨ

**ਮੁਹਾਲੀ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਬੀਮਾ ਕਾਰਡ ਲਈ ਪੰਜੀਕਰਣ ਦਾ ਕੰਮ ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਜ਼ੋਰ-ਸ਼ੋਰ ਨਾਲ ਚੱਲ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਅਮਨਦੀਪ ਕੌਰ ਨੇ ਦਸਿਆ ਕਿ ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਤਹਿਤ ਹਰ ਪੰਜਾਬ ਵਾਸੀ ਦਾ ਸਿਹਤ ਕਾਰਡ ਬਣਾਇਆ ਜਾਣਾ ਹੈ। ਇਸ ਯੋਜਨਾ ਤਹਿਤ ਹਰ ਪਰਿਵਾਰ ਦਾ ਸਾਲ ਦਾ 10 ਲੱਖ ਰੁਪਏ ਤਕ ਦਾ ਸਿਹਤ ਬੀਮਾ ਕੀਤਾ ਜਾਵੇਗਾ। ਕਾਰਡ ਧਾਰਕ ਪਰਵਾਰ ਦੇ ਕਿਸੇ ਵੀ ਜੀਅ ਨੂੰ ਸਰਕਾਰੀ ਜਾਂ ਸੂਚੀਬੱਧ ਨਿੱਜੀ ਹਸਪਤਾਲ ਵਿਚ ਦਾਖ਼ਲ ਹੋਣ 'ਤੇ ਉਸ ਦਾ 10 ਲੱਖ ਰੁਪਏ ਤਕ ਦਾ ਡਾਕਟਰੀ ਇਲਾਜ ਬਿਲਕੁਲ ਮੁਫ਼ਤ ਹੋਵੇਗਾ। ਮਰੀਜ਼ ਨੂੰ ਆਪਣੇ ਕੋਲੋਂ ਕੋਈ ਪੈਸਾ ਨਹੀਂ ਦੇਣਾ ਪਵੇਗਾ।ਡਾ. ਸੰਗੀਤਾ ਜੈਨ ਨੇ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ ਦੀ ਅਗਵਾਈ ਹੇਠ ਜ਼ਿਲ੍ਹੇ ਵਿਚ ਵੱਖ-ਵੱਖ ਥਾਈਂ ਖੁੱਲ੍ਹੇ ਹੋਏ ਕਾਮਨ ਸਰਵਿਸ ਸੈਂਟਰਾਂ ਵਿਚ ਇਹ ਕਾਰਡ ਬਣਾਉਣ ਲਈ ਪੰਜੀਕਰਣ ਦਾ ਕੰਮ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਹਸਪਤਾਲ ਮੋਹਾਲੀ ਵਿਚ ਵੀ ਪੰਜੀਕਰਣ ਦਾ ਕੰਮ ਸ਼ੁਰੂ ਹੋ ਗਿਆ ਹੈ।

## ਅੰਤਰਰਾਸ਼ਟਰੀ ਸਿੱਖਿਆ ਦਿਵਸ ਮਨਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਕਾਲਜ ਦੇ ਐਜੂਕੇਸ਼ਨ ਵਿਭਾਗ ਵਲੋਂ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ 'ਅੰਤਰਰਾਸ਼ਟਰੀ ਸਿੱਖਿਆ ਦਿਵਸ' ਮਨਾਇਆ ਗਿਆ। ਇਸ ਮੌਕੇ ਐਜੂਕੇਸ਼ਨ ਵਿਭਾਗ ਵਲੋਂ ਇੰਟਰ ਕਲਾਸ ਕੁਇਜ਼ ਮੁਕਾਬਲੇ ਕਰਵਾਏ ਗਏ ਜਿਸ ਵਿਚ ਬੀ ਏ ਬੀ ਐੱਡ ਤੇ ਬੀ ਐੱਸ ਸੀ ਬੀ ਐੱਡ ਦੀਆਂ ਵਿਦਿਆਰਥਣਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਮੁਕਾਬਲੇ ਵਿਚ ਚੌਥੇ ਸਾਲ ਦੀਆਂ ਵਿਦਿਆਰਥਣਾਂ ਮਨੀਸ਼ਾ, ਲਵਪ੍ਰੀਤ ਤੇ ਪ੍ਰਿਆ ਨੇ ਪਹਿਲਾ ਸਥਾਨ, ਤੀਜੇ ਸਾਲ ਦੀਆਂ ਵਿਦਿਆਰਥਣਾਂ ਭਵਿਆ, ਬੰਦਨਾ ਤੇ ਨਵਲੀਨ ਨੇ ਦੂਜਾ ਸਥਾਨ ਤੇ ਭਾਗ ਪਹਿਲਾ ਦੀਆਂ ਗੁਰਿੰਦਰ ਕੌਰ, ਪੱਲਵੀ ਬੰਗਾ, ਬਰਿਕਸ਼ਾ ਦੇਵੀ ਤੇ ਅਮਨਪ੍ਰੀਤ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸੰਬੋਧਨ ਕਰਦਿਆਂ ਜ਼ਿੰਦਗੀ ਵਿਚ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੰਦਿਆ ਵਿਦਿਆਰਥੀਆਂ ਨੂੰ ਚੰਗੀ ਸਿੱਖਿਆ ਪ੍ਰਾਪਤ ਕਰਕੇ ਆਪਣੇ ਜੀਵਨ ਨੂੰ ਸਫ਼ਲ ਬਣਾਉਣ ਲਈ ਪ੍ਰੇਰਿਤ ਕੀਤਾ ਤੇ ਅਵੱਲ ਰਹੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ। ਇਸ ਮੌਕੇ ਵਿਭਾਗ ਵਲੋਂ ਡਾ. ਸੰਘਾ ਗੁਰਬਖਸ਼ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਅੰਤਰਰਾਸ਼ਟਰੀ ਸਿੱਖਿਆ ਦਿਵਸ ਸਬੰਧੀ ਵਿਚਾਰ ਰੱਖੇ। ਇਸ ਮੌਕੇ ਪ੍ਰੋ. ਲਖਵਿੰਦਰਜੀਤ ਕੌਰ, ਪ੍ਰੋ. ਕੰਵਰ ਕੁਲਵੰਤ ਸਿੰਘ, ਡਾ. ਅਰਵਿੰਦਰ ਕੌਰ, ਡਾ. ਸੰਘਾ ਗੁਰਬਖਸ਼ ਕੌਰ, ਡਾ. ਨਰੇਸ਼ ਕੁਮਾਰੀ, ਪ੍ਰੋ. ਕਿਰਨਜੋਤ ਕੌਰ, ਡਾ. ਅਰਵਿੰਦਰ ਸਿੰਘ, ਪ੍ਰੋ. ਨਰਿੰਦਰ ਕੌਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਅਮਨਦੀਪ ਹਾਜ਼ਰ ਸਨ।



## ਕੈਬਨਿਟ ਮੰਤਰੀ ਨੇ ਮੁੱਖ ਮੰਤਰੀ ਸਿਹਤ ਯੋਜਨਾ ਸੰਬੰਧੀ ਸਲਿੱਪਾਂ ਵੰਡੀਆਂ

**ਜਲੰਧਰ, (ਸੁਰਿੰਦਰ ਕੁਮਾਰ)**

ਸਥਾਨਕ ਜਲੰਧਰ'ਚ ਚੱਲਦੀਆਂ ਜਨਤਕ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸ਼ਨੀਵਾਰ ਨੂੰ ਰਾਜ ਦੇ ਮਹੱਤਵਪੂਰਨ ਸਿਹਤ ਬੀਮਾ ਪ੍ਰੋਗਰਾਮ ਦੀ ਸ਼ੁਰੂਆਤ ਵਜੋਂ ਸ਼ਹਿਰ ਵਿੱਚ ਲਾਭਪਾਤਰੀਆਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਲਈ ਸਲਿੱਪਾਂ ਦੀ ਵੰਡ ਕੀਤੀ।ਇਸ ਮੌਕੇ ਲੋਕਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿਸਨੇ ਅਜਿਹੀ ਵਿਲੱਖਣ ਅਤੇ ਗਤੀਸ਼ੀਲ ਸਿਹਤ ਬੀਮਾ ਯੋਜਨਾ ਲਾਗੂ ਕੀਤੀ ਹੈ, ਜਿਸ ਦਾ ਉਦੇਸ਼ ਹਰੇਕ ਨਾਗਰਿਕ ਨੂੰ 10 ਲੱਖ ਰੁਪਏ ਤੱਕ ਦੀ ਗੁਣਵੱਤਾਪੂਰਣ ਅਤੇ ਮੁਫ਼ਤ ਡਾਕਟਰੀ ਸੁਵਿਧਾ ਪ੍ਰਦਾਨ ਕਰਨਾ ਹੈ। ਉਨ੍ਹਾਂ ਇਸ ਪਹਿਲਕਦਮੀ ਨੂੰ ਪੰਜਾਬ ਸਰਕਾਰ ਵੱਲੋਂ ਇੱਕ 'ਵੱਡਾ ਤੋਹਫ਼ਾ' ਦੱਸਿਆ ਤਾਂ ਕਿ ਵਿੱਤੀ ਤੰਗੀ ਕਾਰਨ ਕੋਈ ਵੀ ਪਰਿਵਾਰ ਇਲਾਜ ਤੋਂ ਵਾਂਝਾ ਨਾ ਰਹਿ ਜਾਵੇ।ਸ੍ਰੀ ਭਗਤ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰੇਕ ਯੋਗ ਨਿਵਾਸੀ ਨੂੰ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸੁਵਿਧਾ ਮਿਲੇਗੀ। ਇਲਾਜ ਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਸਹਿਣ ਕੀਤਾ ਜਾਵੇਗਾ।



## ਲਿੰਕ ਸੜਕਾਂ ਦੀ ਮਾੜੀ ਹਾਲਤ ਤੋਂ ਲੋਕ ਪਰੇਸ਼ਾਨ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਹਲਕਾ ਗੜ੍ਹਸ਼ੰਕਰ ਇਲਾਕੇ ਦੀਆਂ ਸੜਕਾਂ ਦੀ ਗੱਲ ਕੀਤੀ ਜਾਵੇ ਤਾਂ ਬਹੁਤੀਆਂ ਸੜਕਾਂ ਨੇ ਵੱਡੇ ਵੱਡੇ ਟੋਇਆਂ ਦਾ ਰੂਪ ਧਾਰਨ ਕਰ ਲਿਆ ਹੈ ਜਿੱਥੇ ਦੇ ਪਈਆ ਵਾਹਨਾਂ ਦਾ ਲੰਘਣਾ ਵੀ ਔਖਾ ਹੋਇਆ ਪਿਆ ਹੈ। ਗੜ੍ਹਸ਼ੰਕਰ ਦੇ ਕਈ ਪਿੰਡਾਂ ਦੀਆਂ ਸੜਕਾਂ ਵਿੱਚ ਥੋੜੇ ਮੀਂਹ ਨਾਲ ਹੀ ਪਾਣੀ ਖੜਾ ਹੋ ਜਾਂਦਾ ਹੈ ਕਿ ਉਥੋਂ ਕਈ ਦਿਨ ਰਾਹਗੀਰਾਂ ਦਾ ਲੰਘਣਾ ਕਾਫੀ ਔਖਾ ਹੋ ਜਾਂਦਾ ਹੈ ਤੇ ਖਾਸ ਕਰਕੇ ਸਕੂਲਾਂ ਕਾਲਜਾਂ ਵਿੱਚ ਪਿੰਡਾਂ ਜਾ ਰਹੇ ਬੱਚਿਆਂ ਨੂੰ ਸਾਈਕਲ ਤੇ ਲੰਘਣਾ ਬਹੁਤ ਹੀ ਔਖਾ ਹੁੰਦਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਕਾਂਗਰਸੀ ਆਗੂ ਸ਼ਰਿਤਾ ਸ਼ਰਮਾ ਨੇ ਕਿਹਾ ਹੈ ਕਿ ਪਿੰਡਾਂ ਚੋਂ ਦੂਜੇ ਪਿੰਡਾਂ ਨੂੰ ਜਾਣਾ ਜਾਂ ਸਕੂਲਾਂ ਵਿੱਚ ਜਾਣਾ ਵਾਲੇ ਬੱਚਿਆਂ ਨੂੰ ਅਨੇਕਾਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਮੰਗ ਕੀਤੀ ਕਿ ਇਹਨਾਂ ਸੜਕਾਂ ਦਾ ਜਲਦ ਹੀ ਨਵੀਕਰਨ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਆਉਣ ਜਾਣ ਦੀ ਕੋਈ ਪਰੇਸ਼ਾਨੀ ਨਾ ਹੋਵੇ।


## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਗਣਤੰਤਰ ਦਿਵਸ ਮਨਾਇਆ



**ਕਪੂਰਥਲਾ, (ਰਮੀ)** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ 'ਚ ਗਣਤੰਤਰ ਦਿਵਸ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇੰਜ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਤੇ ਪ੍ਰਸ਼ਾਸਕ ਸਕੂਲ ਇੰਜ. ਨਿਮਰਤਾ ਕੌਰ ਉਚੇਚੇ ਤੌਰ 'ਤੇ ਸਮਾਗਮ ਵਿੱਚ ਸ਼ਾਮਲ ਹੋਏ। ਸਕੂਲ 'ਚ ਸਪੈਸ਼ਲ ਅਸੈਂਬਲੀ ਕਰਵਾਈ ਗਈ। ਦਸਵੀਂ ਜਮਾਤ ਦੀ ਵਿਦਿਆਰਥਣ ਨਵਲੀਨ ਕੌਰ ਨੇ ਆਪਣੀ ਸਪੀਚ ਰਾਹੀਂ ਵਿਦਿਆਰਥੀਆਂ ਨੂੰ ਗਣਤੰਤਰ ਦਿਵਸ ਸੰਬੰਧੀ ਰੂਬਰੂ ਕਰਵਾਇਆ ਅਤੇ ਵਿਦਿਆਰਥਣ ਮਨਪ੍ਰੀਤ ਕੌਰ ਨੇ ਗਣਤੰਤਰ ਦਿਵਸ ਸਬੰਧੀ ਕਵਿਤਾ ਦਾ ਉਚਾਰਨ ਕੀਤਾ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਤੇ ਦੇਸ਼ ਭਗਤੀ ਨਾਲ ਸੰਬੰਧਿਤ ਗੀਤਾਂ 'ਤੇ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਕੇ.ਜੀ ਵਿੰਗ ਦੇ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਮਾਰਚ ਪਾਸਟ ਕੀਤਾ ਗਿਆ। ਸਕੂਲ ਦੀ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ, ਇੰਜ. ਸਵਰਨ ਸਿੰਘ, ਡਾਇਰੈਕਟਰ ਇੰਜ. ਹਰਨਿਆਮਤ ਕੌਰ, ਪ੍ਰਸ਼ਾਸਕ ਇੰਜ. ਨਿਮਰਤਾ ਕੌਰ ਤੇ ਪ੍ਰਿੰਸੀਪਲ ਡਿੰਪਲ ਸ਼ਰਮਾ ਨੇ ਵਿਦਿਆਰਥੀਆਂ ਅਤੇ ਸਕੂਲ ਸਟਾਫ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ।

## ਗਣਤੰਤਰ ਦਿਵਸ ਮੌਕੇ ਪੁਲਸ ਵੱਲੋਂ ਚੈਕਿੰਗ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਗਣਤੰਤਰ ਦਿਵਸ ਮੌਕੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ ਪੁਲਸ ਪੂਰੀ ਤਰ੍ਹਾਂ ਸਤਰਕ ਹੈ ਤੇ ਥਾਂ ਥਾਂ ਚੈਕਿੰਗ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਚੌਕੀ ਇੰਚਾਰਜ ਜਸਮੇਰ ਸਿੰਘ ਨੇ ਦੱਸਿਆ ਕਿ ਗਣਤੰਤਰ ਦਿਵਸ ਮੌਕੇ ਗੁਰਦੁਆਰਾ ਸਾਹਿਬਾਨ ਦੀਆਂ ਸਰਾਵਾਂ ਸਮੇਤ ਹੋਟਲਾਂ ਢਾਬਿਆਂ ਤੇ ਹੋਰ ਰੈਣ ਬਸੇਰਿਆਂ ਦੀ ਪੂਰੀ ਚੈਕਿੰਗ ਕੀਤੀ ਗਈ ਤਾਂ ਜੋ ਕੋਈ ਸ਼ੱਕੀ ਵਿਅਕਤੀ ਇੱਥੇ ਨਾ ਠਹਿਰਿਆ ਹੋਵੇ। ਉਹਨਾਂ ਕਿਹਾ ਕਿ ਕਿਸੇ ਤਰ੍ਹਾਂ ਦੀ ਇਤਰਾਜ਼ਯੋਗ ਵਸਤੂ ਜਾਂ ਗਲਤ ਤਰੀਕੇ ਨਾਲ ਰਹਿ ਰਹੇ ਵਿਅਕਤੀਆਂ ਦੀ ਜਾਣਕਾਰੀ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਬੱਸ ਅੱਡੇ ਰੇਲਵੇ ਸਟੇਸ਼ਨ ਤੇ ਹੋਰ ਭੀੜ ਵਾਲੀਆਂ ਥਾਵਾਂ ਤੇ ਵੀ ਨਿਗਰਾਨੀ ਵਧਾ ਦਿੱਤੀ ਗਈ ਹੈ।



## ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ 29 ਨੂੰ ਸਜਾਇਆ ਜਾਵੇਗਾ

**ਮਹਿਤਿਆਣਾ (ਜਗਤਾਰ ਸਿੰਘ ਭੁੱਲਰ)**- ਇਤਿਹਾਸਿਕ ਪਿੰਡ ਭੁੱਗਰਨੀ ਵਿਖੇ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਤੇ ਸਮੂਹ ਨਗਰ ਨਿਵਾਸੀ, ਐਨ ਆਰ ਆਈ ਵੀਰਾਂ, ਗੁਰੂ ਹਰਿ ਰਾਇ ਨੌਜਵਾਨ ਸਭਾ ਭੁੱਗਰਨੀ, ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਦਾ 396ਵਾਂ ਪ੍ਰਕਾਸ਼ ਪੁਰਬ 31 ਜਨਵਰੀ ਨੂੰ ਸ਼ਰਧਾ ਭਾਵਨਾ ਨਾਲ ਮਨਾਏ ਜਾ ਰਹੇ ਹਨ। ਇਸ ਮੌਕੇ ਗੁਰਦੁਆਰਾ ਸਾਹਿਬ ਜੀ ਦੇ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮੁਤਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪ੍ਰਕਾਸ਼ ਪੁਰਬ ਮੌਕੇ ਸਮੂਹ ਨਿਵਾਸੀਆਂ ਦੇ ਸਹਿਯੋਗ ਨਾਲ 29 ਜਨਵਰੀ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 31 ਜਨਵਰੀ ਨੂੰ ਪ੍ਰਕਾਸ਼ ਪੁਰਬ ਮੌਕੇ ਸੰਪਟ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ।ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸੰਤ ਮਹਾਂਪੁਰਸ਼,ਪੰਥ ਪ੍ਰਸਿੱਧ, ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਪੁੱਜ ਰਹੀਆਂ ਹਨ। ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

## ਏ ਜੀ ਆਈ ਗਲੋਬਲ ਸਕੂਲ 'ਚ ਗਣਤੰਤਰ ਦਿਵਸ ਮਨਾਇਆ

**ਜਲੰਧਰ (ਰਾਜੇਸ਼ ਥਾਪਾ)**-ਏ ਜੀ ਆਈ ਗਲੋਬਲ ਸਕੂਲ ਵਿੱਚ ਭਾਰਤ ਦਾ 76ਵਾਂ ਗਣਤੰਤਰ ਦਿਵਸ ਬੜੇ ਉਤਸ਼ਾਹ ਤੇ ਦੇਸ਼ਭਗਤੀ ਨਾਲ ਮਨਾਇਆ ਗਿਆ। ਸਕੂਲ ਦਾ ਸਾਰਾ ਮਾਹੌਲ ਰਾਸ਼ਟਰੀ ਭਾਵਨਾ ਨਾਲ ਭਰਿਆ ਹੋਇਆ ਸੀ।ਸਮਾਰੋਹ ਦੀ ਸ਼ੁਰੂਆਤ ਰਾਸ਼ਟਰੀ ਝੰਡਾ ਲਹਿਰਾਉਣ ਅਤੇ ਰਾਸ਼ਟਰਗਾਨ ਨਾਲ ਹੋਈ। ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਗੀਤ, ਨ੍ਰਿਤ, ਭਾਸ਼ਣ ਅਤੇ ਨਾਟਕ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਆਜ਼ਾਦੀ ਸੈਨਾਨੀਆਂ ਦੀ ਕੁਰਬਾਨੀ ਅਤੇ ਸੰਵਿਧਾਨ ਦੀ ਮਹੱਤਤਾ ਦਰਸਾਈ ਗਈ।ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਨੇ ਕਿਹਾ ਕਿ ਸੰਵਿਧਾਨ ਸਾਨੂੰ ਅਨੁਸ਼ਾਸਨ, ਬਰਾਬਰੀ ਤੇ ਇਕ ਦੂਜੇ ਦੀ ਇੱਜ਼ਤ ਕਰਨਾ ਸਿਖਾਉਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।ਡਾਇਰੈਕਟਰ ਹਰਲੀਨ ਮੋਹੰਤੀ ਨੇ ਵਿਦਿਆਰਥੀਆਂ ਨੂੰ ਨਿਆਂ, ਬਰਾਬਰੀ ਤੇ ਇਮਾਨਦਾਰੀ ਦੇ ਰਾਹ 'ਤੇ ਚੱਲਣ ਲਈ ਉਤਸ਼ਾਹਿਤ ਕੀਤਾ ਅਤੇ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸਲਾਹਣਾ ਕੀਤੀ।ਪ੍ਰਿੰਸਿਪਲ ਆਰਤੀ ਸ਼ਰਮਾ ਨੇ ਵਿਦਿਆਰਥੀਆਂ ਨੂੰ ਮੇਹਨਤ, ਅਨੁਸ਼ਾਸਨ ਅਤੇ ਦੇਸ਼ਭਗਤੀ ਨਾਲ ਅੱਗੇ ਵਧਣ ਲਈ ਕਿਹਾ।ਅੰਤ ਵਿੱਚ ਸਭ ਨੇ ਦੇਸ਼ ਦੀ ਸੇਵਾ ਕਰਨ ਦੀ ਸਹੁੰ ਲਈ।




## ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੀ ਨੈਸ਼ਨਲ ਕਨਵੈਨਸ਼ਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਦੇਸ਼ ਦੇ ਕੇਂਦਰੀ ਤੇ ਰਾਜ ਸਰਕਾਰਾਂ ਦੇ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੀ18ਵੀਂ ਨੈਸ਼ਨਲ ਕਨਵੈਨਸ਼ਨ ਦੇ ਕੌਮੀ ਪ੍ਰਧਾਨ ਸੁਭਾਸ਼ ਲਾਂਭਾਂ, ਜਨਰਲ ਸਕੱਤਰ ਕੁਮਾਰ,ਵਿੱਤ ਸਕੱਤਰ ਸ਼ਸ਼ੀ ਕਾਂਤ ਦੀ ਅਗਵਾਈ ਹੇਠ ਸਿਰੜੀ ਮਹਾਰਾਸ਼ਟਰ ਵਿਖੇ ਹੋਈ ਜਿਸ ਵਿੱਚ ਅਫ਼ਰੀਕਾ ਦੇ ਮਜ਼ਦੂਰ ਆਗੂ ਪ੍ਰਧਾਨ ਡੇਸਮੁਡ ਮਲੱਥਾ, ਵਿਸ਼ਵ ਵਪਾਰ ਸੰਗਠਨ ਟਰੇਡ ਯੂਨੀਅਨ ਦੇ ਜਨਰਲ ਸਕੱਤਰ ਜੌਂਅਲਾ ਸਫੇਥਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਕਾਨਫਰੰਸ ਦੇ ਦੂਸਰੇ ਦਿਨ ਜਿੱਥੇ ਜਨਰਲ ਸਕੱਤਰ ਦੀ ਰਿਪੋਰਟ ਪੇਸ਼ ਕੀਤੀ ਗਈ ਉੱਥੇ ਹੀ ਵੱਖ-ਵੱਖ ਰਾਜਾਂ ਦੇ ਆਗੂਆਂ ਵੱਲੋਂ ਆਪਣੇ ਰਾਜ ਦੀ ਵਰਕ ਰਿਪੋਰਟ ਪੇਸ਼ ਕੀਤੀ ਗਈ। ਜਿਸ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਸ ਫੈਡਰੇਸ਼ਨ ਵੱਲੋਂ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਸਾਥੀ ਤੀਰਥ ਸਿੰਘ ਬਾਸੀ ਵੱਲੋਂ ਪੰਜਾਬ ਅੰਦਰ ਕੀਤੇ ਗਏ ਸੰਘਰਸ਼ਾਂ ਤੇ ਸਰਕਾਰ ਦੀਆਂ ਨੀਤੀਆਂ ਸਬੰਧੀ ਵਰਕਰ ਰਿਪੋਰਟ ਨੂੰ ਵਿਸਥਾਰ ਵਿੱਚ ਪੇਸ਼ ਕੀਤਾ ਗਿਆ। ਇਸ ਉਪਰੰਤ ਜਨਰਲ ਸਕੱਤਰ ਵੱਲੋਂ ਰਿਪੋਰਟ ਪੇਸ਼ ਕੀਤੀ ਗਈ। ਕਾਰਵਾਈ ਰਿਪੋਰਟ ਤੇ ਵੱਖ ਵੱਖ ਰਾਜਾਂ ਦੇ ਡੈਲੀਗੇਟਾਂ ਵੱਲੋਂ ਬਹਿਸ ਵਿੱਚ ਹਿੱਸਾ ਲਿਆ ਗਿਆ। ਜਿਸ ਵਿੱਚ ਪੰਜਾਬ ਵੱਲੋਂ ਪੰਜਾਬ ਸੁਬਾਰਡੀਨੇਟ ਸਰਵਿਸਿਸ ਫੈਡਰੇਸ਼ਨ ਦੇ ਆਗੂ ਇੰਦਰਜੀਤ ਵਿਰਦੀ, ਰਾਣੋਖੇੜੀ ਗਿਲਾਂ ਵੱਲੋਂ ਰਿਪੋਰਟ ਤੇ ਬਹਿਸ ਵਿੱਚ ਹਿੱਸਾ ਲਿਆ ਗਿਆ। ਇਸ ਦੇ ਨਾਲ ਹੀ ਪੇਸ਼ ਕੀਤੇ ਗਏ ਮਤਿਆਂ ਦੇ ਤਹਿਤ ਪ ਸ ਸ ਫ ਦੇ ਸੂਬਾ ਵਿੱਤ ਸਕੱਤਰ ਸਾਥੀ ਗੁਰਦੀਪ ਸਿੰਘ ਬਾਜਵਾ ਵੱਲੋਂ ਕਿਸਾਨ ਬਚਾਓ ਦੇਸ਼ ਬਚਾਓ ਸਬੰਧੀ ਮਤਾ ਪੇਸ਼ ਕੀਤਾ ਗਿਆ ਜਿਸ ਨੂੰ ਪੂਰੇ ਹਾਊਸ ਵੱਲੋਂ ਨਾਰਿਆਂ ਦੀ ਗੂੰਜ ਵਿੱਚ ਪਾਸ ਕਰ ਦਿੱਤਾ ਗਿਆ। ਇਸ ਮੌਕੇ ਪੰਜਾਬ ਤੋਂ ਪ ਸ ਸ ਫ 1406-22-ਬੀ ਚੰਡੀਗੜ੍ਹ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ, ਸੂਬਾ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸੂਬਾ ਪ੍ਰੈੱਸ ਸਕੱਤਰ ਇੰਦਰਜੀਤ ਸਿੰਘ ਵਿਰਦੀ, ਸਹਾਇਕ ਪ੍ਰੈਸ ਸਕੱਤਰ ਗੁਰਦੇਵ ਸਿੰਘ ਸਿੱਧੂ, ਗੁਰਵਿੰਦਰ ਸਿੰਘ ਚੰਡੀਗੜ੍ਹ, ਮਨੋਹਰ ਲਾਲ ਸ਼ਰਮਾ, ਵੀਰਇੰਦਰਜੀਤ ਸਿੰਘ ਪੁਰੀ, ਰਾਮ ਲੁਭਾਇਆ ਦਵੇਦੀ, ਬਲਵਿੰਦਰ ਸਿੰਘ ਭੁੱਟੋ, ਗੁਰਪ੍ਰੀਤ ਸਿੰਘ ਮਕੀਮਪੁਰ, ਰਾਣੋ ਖੇੜੀ ਗਿੱਲਾ, ਗੁਰਵਿੰਦਰ ਸਿੰਘ ਚੰਡੀਗੜ੍ਹ, ਅਨਿਲ ਕੁਮਾਰ, ਬਲਜਿੰਦਰ ਸਿੰਘ,ਕਰਮ ਸਿੰਘ, ਪੁਸ਼ਪਿੰਦਰ ਕੁਮਾਰ ਪਿੰਕੀ, ਰਾਜਿੰਦਰ ਸਿੰਘ ਰਾਜਨ, ਸੰਜੀਵ ਕੁਮਾਰ, ਅਮਨਦੀਪ ਸਿੰਘ, ਸੁਖਦੇਵ ਸਿੰਘ ਚੰਗਾਲੀਵਾਲਾ, ਲਖਵਿੰਦਰ ਸਿੰਘ ਖ਼ਾਨਪੁਰ, ਦਰਸ਼ਨ ਸਿੰਘ ਚੀਮਾ, ਫ਼ਕੀਰ ਸਿੰਘ ਟਿੱਬਾ, ਬੱਗਾ ਸਿੰਘ, ਸ਼ਵਿੰਦਰ ਭੱਟੀ, ਹੀਰਾ ਸਿੰਘ ਭੱਟੀ, ਪ੍ਰਭਜੋਤ ਕੌਰ, ਸੰਦੀਪ ਕੌਰ, ਬੇਬੀ ਅਬਰੋਲ, ਰਾਣੋ ਖੇੜੀ ਗਿੱਲਾਂ, ਰੁਪਿੰਦਰ ਕੌਰ ਰਾਮਪੁਰਾ, ਕੁਲਦੀਪ ਸਿੰਘ ਕੌੜਾ, ਰਤਨ ਸਿੰਘ ਗੁਰਾਇਆ ਆਦਿ ਤੋਂ ਇਲਾਵਾਂ ਦੇਸ਼ ਦੇ ਵੱਖ ਵੱਖ 24 ਸੂਬਿਆਂ ਦੇ 800 ਡੈਲੀਗੇਟ ਸਿਰੜੀ ਮਹਾਰਾਸ਼ਟਰ ਕੌਮੀ ਕਾਨਫਰੰਸ ਵਿਚ ਸ਼ਾਮਿਲ ਹੋਏ।

## ਵੇਦ ਪ੍ਰਕਾਸ਼ ਕ੍ਰਿਪਾਲ ਨਮਿਤ ਅੰਤਿਮ ਅਰਦਾਸ ਤੇ ਰਸਮ ਪਗੜੀ 29 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਐਡਵੋਕੇਟ ਪੰਕਜ ਕ੍ਰਿਪਾਲ ਦੇ ਪਿਤਾ ਵੇਦ ਪ੍ਰਕਾਸ਼ ਕ੍ਰਿਪਾਲ ਪੀ. ਏ.ਐਸ. ਜੋ ਕਿ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ। ਉਹਨਾਂ ਨਮਿਤ ਅੰਤਿਮ ਅਰਦਾਸ ਤੇ ਰਸਮ ਪਗੜੀ 29 ਜਨਵਰੀ ਨੂੰ ਸ਼੍ਰੀ ਵਿਸ਼ਵਕਰਮਾ ਮੰਦਿਰ ਆਨੰਦਪੁਰ ਸਾਹਿਬ ਰੋਡ ਗੜ੍ਹਸ਼ੰਕਰ ਵਿਖੇ ਦੁਪਹਿਰ 1 ਤੋਂ 2 ਵਜੇ ਬਾਅਦ ਦੁਪਹਿਰ ਕੀਤੀ ਜਾਵੇਗੀ। ਐਡਵੋਕੇਟ ਪੰਕਜ ਕ੍ਰਿਪਾਲ ਤੇ ਉਹਨਾਂ ਦੇ ਸਮੂਹ ਪਰਵਾਰ ਨਾਲ ਵੱਖ- ਵੱਖ ਰਾਜਨੀਤਿਕ, ਧਾਰਮਿਕ, ਸਮਾਜਿਕ ਜਥੇਬੰਦੀਆਂ ਦੇ ਆਗੂਆਂ ਸਮੇਤ ਗੜ੍ਹਸ਼ੰਕਰ ਅਤੇ ਇਲਾਕਾ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਵਰਨਣਯੋਗ ਹੈ ਕਿ ਪਹਿਲਾਂ ਇਹ ਸਮਾਗਮ 27 ਜਨਵਰੀ ਦਾ ਰੱਖਿਆ ਗਿਆ ਸੀ ਪਰ ਕੁਝ ਕਾਰਨਾਂ ਕਰਕੇ ਹੁਣ ਇਹ ਸਮਾਗਮ 29 ਜਨਵਰੀ ਨੂੰ ਕੀਤਾ ਜਾ ਰਿਹਾ ਹੈ।



## ਵੋਟਰ ਦਿਵਸ ਮਨਾਇਆ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਕਾਲਜ ਆਫ ਨਰਸਿੰਗ ਇੰਸਟੀਚਿਊਟ ਟਾਂਡਾ ਵਿੱਚ ਵੋਟਰ ਦਿਵਸ ਮਨਾਇਆ ਗਿਆ।ਸੰਸਥਾ ਦੇ ਚੇਅਰ ਪਰਸਨ ਪ੍ਰਦੀਪ ਕੌਰ, ਐੱਮ ਡੀ ਵਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਮੈਨੇਜਰ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਰੇਨੂ ਬਾਲਾ ਦੀ ਅਗਵਾਈ ਵਿੱਚ ਮਨਾਏ ਗਏ ਵੋਟਰ ਦਿਵਸ ਦੌਰਾਨ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਨੂੰ ਵੱਖ ਵੱਖ ਮਾਹਿਰਾਂ ਤੇ ਕਾਲਜ ਪ੍ਰਬੰਧਕਾਂ ਵੱਲੋਂ ਵੋਟਰ ਦਿਵਸ ਸਬੰਧੀ ਜਾਗਰੂਕ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦੇ ਹੋਏ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਕਿਹਾ ਕਿ ਵੋਟਰ ਦਿਵਸ ਸਮੁੱਚੇ ਭਾਰਤ ਵਿੱਚ ਲੋਕਾਂ ਨੂੰ ਵੋਟਾਂ ਬਣਾਉਣ ਤੇ ਵੋਟਾਂ ਪਾਉਣ ਦੇ ਸੰਬੰਧ ਵਿੱਚ ਜਾਗਰੂਕ ਕਰਨ ਲਈ ਰਾਸ਼ਟਰੀ ਪੱਧਰ ਤੇ ਮਨਾਇਆ ਜਾਂਦਾ ਹੈ।ਉਹਨਾਂ ਕਿਹਾ ਕਿ ਸਾਨੂੰ ਇਸ ਦਿਨ ਤੇ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਜਦੋਂ ਵੀ ਵੋਟਾਂ ਦਾ ਸਮਾਂ ਹੋਵੇ ਤਾਂ ਅਸੀਂ ਵੱਧ ਚੜ੍ਹ ਕੇ ਲੋਕਤੰਤਰ ਦੇ ਤਿਉਹਾਰ ਵਿੱਚ ਹਿੱਸਾ ਲਈਏ। ਇਸ ਮੌਕੇ ਵੋਟਰ ਦਿਵਸ ਨੂੰ ਲੈ ਕੇ ਵਿਦਿਆਰਥਣਾ ਦੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ ਤੇ ਜੇਤੂ ਰਹੀਆਂ ਵਿਦਿਆਰਥਣਾਂ ਨੂੰ ਪ੍ਰਬੰਧਕਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਲਵਲੀ ਸੈਣੀ , ਦਲਜਿੰਦਰ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਕਸ਼ਮੀਰ ਕੌਰ, ਪ੍ਰਿਯੰਕਾ, ਆਰਤੀ ਟਾਂਡਾ ,ਰਮਨਦੀਪ ਕੌਰ, ਜਸਲੀਨ ਕੌਰ ਤੋਂ ਇਲਾਵਾ ਨਰਸਿੰਗ ਕਾਲਜ ਦੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।




## 'ਗੋਲਡ ਮੈਡਲ ਦਾ ਦਹੇਜ' ਦੀ ਵਿਸ਼ੇਸ਼ ਸਕ੍ਰੀਨਿੰਗ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**-ਐੱਸ ਟੀ ਸੀ, ਬੀ ਐੱਸ ਐੱਫ. ਖੜਕਾਂ ਦੇ ਏ.ਵੀ. ਹਾਲ ਵਿੱਚ ਅਸ਼ੋਕ ਪੁਰੀ ਦੁਆਰਾ ਨਿਰਦੇਸ਼ਿਤ ਤੇ ਅਵਿਨਾਸ਼ ਰਾਏ ਖੰਨਾ ਦੁਆਰਾ ਲਿਖੀ ਲਘੂ ਫਿਲਮ 'ਗੋਲਡ ਮੈਡਲ ਦਾ ਦਹੇਜ' ਦੀ ਇੱਕ ਵਿਸ਼ੇਸ਼ ਸਕ੍ਰੀਨਿੰਗ ਆਯੋਜਿਤ ਕੀਤੀ ਗਈ। ਚਾਰੂ ਧਵਜ ਅਗਰਵਾਲ, ਇੰਸਪੈਕਟਰ ਜਨਰਲ, ਬੀ ਐੱਸ ਐੱਫ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਾਮਲ ਹੋਏ, ਜਿਨ੍ਹਾਂ ਨੇ ਸਮੂਹ ਅਧਿਕਾਰੀਆਂ, ਅਧੀਨ ਅਧਿਕਾਰੀਆਂ, ਜਵਾਨਾਂ ਤੇ ਵੱਡੀ ਗਿਣਤੀ ਵਿੱਚ ਟ੍ਰੇਨੀਆਂ ਦੇ ਨਾਲ ਇਹ ਸਕ੍ਰੀਨਿੰਗ ਦੇਖੀ। ਇਹ ਲਘੂ ਫਿਲਮ, ਜੋ ਦਾਜ ਦੀ ਕੁਰੀਤੀ ਦੇ ਖਿਲਾਫ ਇੱਕ ਸਖ਼ਤ ਸਮਾਜਿਕ ਸੰਦੇਸ਼ ਦਿੰਦੀ ਹੈ ਤੇ ਮਹਿਲਾ ਸਸ਼ਕਤੀਕਰਨ ਤੇ ਗੌਰਵ ਦੇ ਮੁੱਲਾਂ ਨੂੰ ਉਤਸ਼ਾਹਿਤ ਕਰਦੀ ਹੈ, ਦਰਸ਼ਕਾਂ ਦੁਆਰਾ ਬਹੁਤ ਦਿਲਚਸਪੀ ਤੇ ਸ਼ਲਾਘਾ ਨਾਲ ਦੇਖੀ ਗਈ। ਸਕ੍ਰੀਨਿੰਗ ਦਾ ਉਦੇਸ਼ ਕਰਮਚਾਰੀਆਂ ਤੇ ਟ੍ਰੇਨੀਆਂ ਨੂੰ ਸਮਾਜਿਕ ਜ਼ਿੰਮੇਵਾਰੀਆਂ ਤੇ ਸਮਾਜ ਵਿੱਚੋਂ ਸਮਾਜਿਕ ਬੁਰਾਈਆਂ ਨੂੰ ਖਤਮ ਕਰਨ ਦੀ ਲੋੜ ਪ੍ਰਤੀ ਜਾਗਰੂਕ ਕਰਨਾ ਸੀ। ਸਕ੍ਰੀਨਿੰਗ ਤੋਂ ਬਾਅਦ ਸਭਾ ਨੂੰ ਸੰਬੋਧਨ ਕਰਦਿਆਂ, ਇੰਸਪੈਕਟਰ ਜਨਰਲ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਤੇ ਨਿੱਜੀ ਤੇ ਪੇਸ਼ੇਵਰ ਜੀਵਨ ਦੋਵਾਂ ਵਿੱਚ ਅਜਿਹੇ ਸਾਰਥਕ ਸੰਦੇਸ਼ਾਂ ਨੂੰ ਅਪਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਟ੍ਰੇਨੀਆਂ ਤੇ ਕਰਮਚਾਰੀਆਂ ਨੂੰ ਸਮਾਜ ਵਿੱਚ ਸਮਾਜਿਕ ਤਬਦੀਲੀ ਦੇ ਦੂਤ ਵਜੋਂ ਕੰਮ ਕਰਨ ਲਈ ਵੀ ਉਤਸ਼ਾਹਿਤ ਕੀਤਾ। ਪ੍ਰੋਗਰਾਮ ਦਾ ਸਮਾਪਨ ਇੱਕ ਸਕਾਰਾਤਮਕ ਅਤੇ ਵਿਚਾਰ-ਉਤੇਜਕ ਮਾਹੌਲ ਨਾਲ ਹੋਇਆ, ਜਿਸ ਨੇ ਹਾਜ਼ਰ ਸਾਰੇ ਲੋਕਾਂ 'ਤੇ ਡੂੰਘੀ ਛਾਪ ਛੱਡੀ।



## ਸਕੇਪ ਸਾਹਿਤਕ ਸੰਸਥਾ ਵੱਲੋਂ ਕਰਮਜੀਤ ਸਿੰਘ ਸੰਧੂ ਦੀ ਯਾਦ 'ਚ ਸ਼ੋਕ ਸਮਾਗਮ



**ਫਗਵਾੜਾ, (ਡਾ. ਰਮਨ)**

ਸਕੇਪ ਸਾਹਿਤਕ ਸੰਸਥਾ, ਫਗਵਾੜਾ ਦੇ ਬਹੁਤ ਹੀ ਸੁਹਿਰਦ ਮੈਂਬਰ ਕਰਮਜੀਤ ਸਿੰਘ ਸੰਧੂ, ਜੋ ਕਿ ਮਿਤੀ 18 ਜਨਵਰੀ ਨੂੰ ਸਦੀਵੀਂ ਵਿਛੋੜਾ ਦੇ ਗਏ ਸਨ-ਦੀ ਯਾਦ ਵਿੱਚ ਇੱਕ ਸ਼ੋਕ ਸਮਾਗਮ ਕੀਤਾ ਗਿਆ। ਇਸ ਸੰਖੇਪ ਪਰ ਭਰਵੇਂ ਸਮਾਗਮ ਵਿੱਚ ਬੋਲਦਿਆਂ ਸੰਸਥਾ ਦੇ ਸਰਪ੍ਰਸਤ ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਨੇ ਦੱਸਿਆ ਕਿ ਕਰਮਜੀਤ ਸਿੰਘ ਸੰਧੂ ਸੱਚੀ ਗੱਲ ਬੜੀ ਬੇਬਾਕੀ ਨਾਲ ਕਹਿੰਦੇ ਸਨ। ਉਹ ਗ਼ਰੀਬ-ਗੁਰਬੇ ਨਾਲ਼ ਹਮਦਰਦੀ ਰੱਖਦੇ ਸਨ ਤੇ ਲੋਕ ਭਲਾਈ ਦੇ ਕੰਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਂਦੇ ਸਨ। ਸੰਸਥਾ ਦੇ ਪ੍ਰਧਾਨ ਰਵਿੰਦਰ ਚੋਟ ਨੇ ਕਰਮਜੀਤ ਸਿੰਘ ਸੰਧੂ ਦੀ ਸਾਹਿਤਕ ਪੱਖ 'ਤੇ ਰੋਸ਼ਨੀ ਪਾਈ। ਸਭਾ ਦੇ ਮੀਤ ਪ੍ਰਧਾਨ ਪਰਵਿੰਦਰਜੀਤ ਸਿੰਘ ਨੇ ਦੱਸਿਆ ਕਿ ਕਰਮਜੀਤ ਸਿੰਘ ਇਸ ਸੰਸਥਾ ਨਾਲ 2015 ਤੋਂ ਜੁੜੇ ਹੋਏ ਸਨ। ਇਸ ਸੰਖੇਪ ਸਮਾਗਮ ਵਿੱਚ ਅਸ਼ੋਕ ਟਾਂਡੀ, ਮਨਦੀਪ ਸਿੰਘ, ਸੁਖਦੇਵ ਗੰਢਵਾਂ, ਬਲਦੇਵ ਰਾਜ ਕੋਮਲ, ਕਮਲੇਸ਼ ਸੰਧੂ, ਮਨੋਜ ਫਗਵਾੜਵੀ ਨੇ ਵੀ ਉਹਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

## ਗੁਰੂ ਰਵਿਦਾਸ ਮਹਾਰਾਜ ਦੇ ਜਨਮ ਦਿਹਾੜੇ ਸੰਬੰਧੀ ਪ੍ਰਭਾਤ ਫੇਰੀ ਕੱਢੀ

**ਨੂਰਪੁਰ ਬੇਦੀ (ਜਗਤਾਰ ਜੱਗੀ)**

ਬਲਾਕ ਦੇ ਪਿੰਡ ਜੇਤੇਵਾਲ ਵਿਖੇ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਿਸ ਦੇ ਸੰਬੰਧ ਵਿੱਚ ਸਮੂਹ ਸੰਗਤਾਂ ਵੱਲੋਂ ਪ੍ਰਭਾਤ ਫੇਰੀਆਂ ਦੀ ਲੜੀ ਸ਼ੁਰੂ ਕਰ ਦਿੱਤੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸੁਖਦੇਵ ਸਿੰਘ ਅਤੇ ਜਸਵਿੰਦਰ ਜੱਸੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਤੇ ਪ੍ਰਭਾਤ ਫੇਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ, ਜਿਸ ਦਾ ਇਲਾਕਾ ਨਿਵਾਸੀ ਸਮੂਹ ਸੰਗਤਾਂ ਵਲੋਂ ਭਰਭੂਰ ਸਵਾਗਤ ਕੀਤਾ ਗਿਆ। ਇਸ ਮੌਕੇ ਸੁਖਦੇਵ ਸਿੰਘ, ਮਨਿਦਰ , ਜਾਸਵਿੰਦਰ ਜੱਸੀ, ਮੰਗੂ ਰਾਮ, ਲਵਪ੍ਰੀਤ, ਗਗਨਦੀਪ, ਪ੍ਰੀਤ ਮਨੀ ਦਵਿੰਦਰ, ਸਮੇਤ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।




## ਸਰਫੇਸ ਵਾਟਰ ਪ੍ਰੋਜੈਕਟ 'ਚ ਦੇਰੀ ਲਈ ਐੱਲ ਐਂਡ ਟੀ ਨੂੰ 7.5 ਕਰੋੜ ਜੁਰਮਾਨਾ

**ਜਲੰਧਰ, (ਸੁਰਿੰਦਰ ਕੁਮਾਰ)**

ਸਰਫੇਸ ਵਾਟਰ ਪ੍ਰੋਜੈਕਟ ਦੇ ਮੁਕੰਮਲ ਹੋਣ ਵਿੱਚ ਹੋ ਰਹੀ ਦੇਰੀ, ਜਿਸ ਕਰਕੇ ਸ਼ਹਿਰ ਵਿੱਚ ਸੜਕਾਂ ਪੁੱਟੀਆਂ ਹੋਣ ਕਾਰਨ ਲੋਕਾਂ ਨੂੰ ਅਸੁਵਿਧਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਦਾ ਗੰਭੀਰ ਨੋਟਿਸ ਲੈਂਦਿਆਂ ਕਾਰਜਕਾਰੀ ਏਜੰਸੀ ਮੈ/ਸ ਲਾਰਸਨ ਐਂਡ ਟਰਬੋ ਲਿਮਟਿਡ ਨੂੰ 7.5 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਹੈ। ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਵੱਲੋਂ ਇਸ ਪ੍ਰਾਜੈਕਟ ਵਿਚ ਬੇਲੋੜੀ ਦੇਰੀ ਕਰਨ ਲਈ ਸਬੰਧਿਤ ਵਿਭਾਗ ਨੂੰ ਕਾਰਜਕਾਰੀ ਏਜੰਸੀ ਖਿਲਾਫ਼ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ, ਜਿਸ ਤੋਂ ਬਾਅਦ ਇਹ ਜੁਰਮਾਨਾ ਲਗਾਇਆ ਗਿਆ ਹੈ। ਉਨ੍ਹਾਂ ਸਪਸ਼ਟ ਕਿਹਾ ਕਿ ਇਸ ਵਿੱਚ ਹੁਣ ਕਿਸੇ ਵੀ ਪ੍ਰਕਾਰ ਦੀ ਬੇਲੋੜੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਤਾੜਨਾ ਕੀਤੀ ਕਿ ਜੇਕਰ ਨਿਰਧਾਰਿਤ ਸਮਾਂ ਸੀਮਾ ਦੀ ਪਾਲਣਾ ਨਾ ਕੀਤੀ ਗਈ ਤਾਂ ਕਾਰਜਕਾਰੀ ਏਜੰਸੀ ਖਿਲਾਫ਼ ਹੋਰ ਸਖ਼ਤ ਕਾਰਵਾਈ ਆਰੰਭੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਦੇ ਇਸੇ ਸਾਲ ਮੁਕੰਮਲ ਹੋਣ ਦੀ ਉਮੀਦ ਹੈ ਤੇ ਉਨ੍ਹਾਂ ਜਲੰਧਰ ਸਮਾਰਟ ਸਿਟੀ ਮਿਸ਼ਨ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਧਾਰਿਤ ਸਮਾਂ ਸੀਮਾ ਅਤੇ ਕੰਮ ਦੇ ਮਿਆਰ ਦੋਵਾਂ ਦੀ ਬਾਰੀਕੀ ਨਾਲ ਨਿਗਰਾਨੀ ਕੀਤੀ ਜਾਵੇ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਫਰਵਰੀ ਦੇ ਅਖੀਰ ਤੱਕ ਬਿਟੂਮਨ ਪਲਾਂਟ ਚਾਲੂ ਹੁੰਦੇ ਹੀ ਕੰਮ ਪੂਰੀ ਤੇਜ਼ੀ ਨਾਲ ਸ਼ੁਰੂ ਹੋਣਾ ਚਾਹੀਦਾ ਹੈ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ 70 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਣ ਵਾਲੇ ਬਰਲਟਨ ਪਾਰਕ ਸਪੋਰਟਸ ਹੱਬ ਪ੍ਰਾਜੈਕਟ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ ਗਿਆ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ 15 ਅਗਸਤ 2026 ਤੱਕ ਮੁਕੰਮਲ ਹੋਣ ਦਾ ਟੀਚਾ ਹੈ। ਲੰਮਾ ਪਿੰਡ-ਜੰਡੂ ਸਿੰਘਾ ਰੋਡ ਨੂੰ ਚਹੁੰ ਮਾਰਗੀ ਕਰਨ ਦੇ ਪ੍ਰਾਜੈਕਟ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਨੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਬਕਾਇਆ ਰਹਿੰਦੇ ਕੰਮ ਵਿੱਚ ਲਿਆਉਣ ਤੇ ਇਸ ਨੂੰ ਸਮੇਂ ਸਿਰ ਮੁਕੰਮਲ ਕਰਨ ਦੀ ਹਦਾਇਤ ਕੀਤੀ।

## ਰਣਜੀਤ ਸਿੰਘ ਖੁਰਾਣਾ ਬਣੇ ਇੰਡਸਟ੍ਰੀਜ਼ ਤੇ ਵਪਾਰ ਵਿੰਗ ਕੋਰ ਕਮੇਟੀ ਦੇ ਮੈਂਬਰ

**ਫਗਵਾੜਾ (ਡਾ. ਰਮਨ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਉਦਯੋਗ ਤੇ ਵਪਾਰ ਵਿੰਗ ਦੇ ਪ੍ਰਧਾਨ ਅਤੇ ਪਾਰਟੀ ਦੇ ਖਜਾਨਚੀ ਐਨ.ਕੇ.ਸ਼ਰਮਾ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਉਦਯੋਗ ਅਤੇ ਵਪਾਰ ਵਿੰਗ ਦੀ ਕੋਰ ਕਮੇਟੀ ਦਾ ਐਲਾਨ ਕੀਤਾ ਹੈ ਜਿਸ 'ਚ ਸ਼੍ਰੋਮਣੀ ਅਕਾਲੀ ਦਲ (ਬ) ਦੇ ਵਿਧਾਨਸਭਾ ਹਲਕਾ ਫਗਵਾੜਾ ਦੇ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਸਾਬਕਾ ਡਿਪਟੀ ਮੇਅਰ ਫਗਵਾੜਾ ਨੂੰ ਵੀ ਬਤੌਰ ਕੋਰ ਕਮੇਟੀ ਮੈਂਬਰ ਸ਼ਾਮਲ ਕੀਤਾ ਗਿਆ ਹੈ। ਉਹਨਾਂ ਇਸ ਨਵੇਂ ਵਿੰਗ ਦੀ ਕੋਰ ਕਮੇਟੀ 'ਚ ਮੈਂਬਰ ਨਾਮਜਦ ਕੀਤੇ ਜਾਣ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਦਲਜੀਤ ਸਿੰਘ ਚੀਮਾ, ਪਾਰਟੀ ਦੇ ਖਜਾਨਚੀ ਤੇ ਉਦਯੋਗ ਤੇ ਵਪਾਰ ਵਿੰਗ ਦੇ ਪ੍ਰਧਾਨ ਐੱਨ.ਕੇ. ਸ਼ਰਮਾ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਜੋ ਜਿੰਮੇਵਾਰੀ ਉਹਨਾਂ ਨੂੰ ਦਿੱਤੀ ਗਈ ਹੈ, ਉਸਨੂੰ ਉਹ ਪੂਰੀ ਤਨਦੇਹੀ ਦੇ ਨਾਲ ਨਿਭਾਉਣਗੇ।



## ਡਾ. ਸੁੱਖੀ ਦੇ ਪਿਤਾ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਡਾ. ਸੁੱਖਵਿੰਦਰ ਕੁਮਾਰ ਸੁੱਖੀ ਐਮ ਐਲ ਏ ਦੇ ਪਿਤਾ ਰਿਟਾ: ਤਹਿਸੀਲਦਾਰ ਚੌਧਰੀ ਰਾਮ ਕ੍ਰਿਸ਼ਨ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕੀਤਾ ਗਿਆ।ਮਹੱਲਾ ਵਾਸੀਆਂ ਦਾ ਕਹਿਣਾ ਸੀ ਕਿ ਉਹਨਾਂ ਨੇ ਸਵ: ਚੌਧਰੀ ਰਾਮ ਕ੍ਰਿਸ਼ਨ ਦੇ ਜੀਵਨ ਨੂੰ ਬਹੁਤ ਨਜ਼ਦੀਕ ਤੋਂ ਵੇਖਿਆ ਹੋਇਆ ਹੈ।ਉਹ ਕਹਿਣੀ 'ਤੇ ਕਰਨੀ ਦੇ ਧੰਨੀ ਸਨ ਤੇ ਹਮੇਸ਼ਾ ਲੋੜਵੰਦਾਂ ਦੀ ਬਾਂਹ ਫੜਨ ਵਾਲ਼ੀ ਸ਼ਖ਼ਸੀਅਤ ਸਨ।ਸਰਕਾਰੀ ਨੌਕਰੀ ਕਰਦਿਆਂ ਜਿੱਥੇ ਉਹਨਾਂ ਸਮਾਜ ਦੀ ਸੇਵਾ ਕੀਤੀ ਉੱਥੇ ਆਪਣੇ ਬੱਚਿਆਂ ਨੂੰ ਉੱਚ ਵਿਦਿਆ ਦੀ ਪ੍ਰਾਪਤੀ ਲਈ ਯੋਗ ਅਗਵਾਈ ਤੇ ਮਦੱਦ ਕੀਤੀ ਅਤੇ ਉੱਚੇ ਅਹੁਦਿਆਂ 'ਤੇ ਸਥਾਪਿਤ ਕੀਤਾ।ਮਹੱਲਾ ਵਾਸੀਆਂ ਵਿੱਚ ਡਾ. ਐਸ ਕੇ ਸੂਦਨ, ਡਾ. ਸ਼ਾਲਿਨੀ ਸੂਦਨ, ਬਲਦੇਵ ਕ੍ਰਿਸ਼ਨ, ਮੈਡਮ ਊਸ਼ਾ, ਜੇ.ਐਸ.ਗਿੱਦਾ, ਦਲਜੀਤ ਸਿੰਘ, ਅਵਿਨਾਸ਼ ਕੁਮਾਰ, ਲਖਵਿੰਦਰ ਸਿੰਘ ਲੱਖਾ, ਰਣਜੀਤ ਕੌਰ, ਜਸਬੀਰ ਕੌਰ ਕਰਵਲ, ਗੁਰਮੀਤ ਕੌਰ, ਰਾਜਿੰਦਰ ਕੌਰ ਗਿੱਦਾ, ਪਲਵਿੰਦਰ ਕੌਰ ਬਡਵਾਲ਼, ਸਤਿੰਦਰਪਾਲ ਕੌਰ, ਕੀਰਤੀ ਅਵਿਨਾਸ਼,ਰਾਕੇਸ਼ ਬੱਕੀ,ਅੰਨੂ, ਧਰਮਵੀਰ ਚੋਪੜਾ, ਰਮਨ ਚੋਪੜਾ ਤੇ ਰਾਣਾ ਪ੍ਰਤਾਪ ਤੇ ਮਹੱਲਾ ਵਾਸੀਆਂ ਨੇ ਪ੍ਰੀਵਾਰ ਨਾਲ਼ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ।

## ਕੈਸ਼ਲੈੱਸ ਸਿਹਤ ਯੋਜਨਾ ਫੈਸਲੇ ਦਾ ਡਾ. ਵਿਪਨ ਪਚਨੰਗਲ ਨੇ ਕੀਤਾ ਧੰਨਵਾਦ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਦੇ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈਸ ਸਿਹਤ ਯੋਜਨਾ ਲਾਂਚ ਕਰਨ ਦਾ ਵੱਡਾ ਐਲਾਨ ਕੀਤਾ ਗਿਆ ਹੈ।ਇਸ ਇਤਿਹਾਸਕ ਯੋਜਨਾ ਨਾਲ ਪੰਜਾਬ ਦੇ ਹਰ ਵਰਗ ਦੇ ਨਾਗਰਿਕਾਂ ਨੂੰ ਬਿਨਾਂ ਕਿਸੇ ਵਿੱਤੀ ਬੋਝ ਦੇ ਉੱਚ-ਮਿਆਰੀ ਇਲਾਜ ਦੀ ਸਹੂਲਤ ਮਿਲੇਗੀ। ਡਾਕਟਰ ਵਿਪਨ ਕੁਮਾਰ ਪਚਨੰਗਲ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਨੇ ਮੁੱਖ ਮੰਤਰੀ ਸਾਹਿਬ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਹ ਯੋਜਨਾ ਆਮ ਆਦਮੀ ਪਾਰਟੀ ਸਰਕਾਰ ਦੀ ਲੋਕ-ਹਿਤੈਸ਼ੀ ਸੋਚ ਨੂੰ ਦਰਸਾਉਂਦੀ ਹੈ।ਉਨ੍ਹਾਂ ਕਿਹਾ ਕਿ ਸਿਹਤ ਖੇਤਰ ਵਿੱਚ ਇਹ ਕਦਮ ਗਰੀਬ ਅਤੇ ਮੱਧ ਵਰਗ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਕੈਸ਼ਲੈਸ ਯੋਜਨਾ ਨਾਲ ਪੰਜਾਬ ਵਾਸੀਆਂ ਨੂੰ ਇਲਾਜ ਲਈ ਕਿਸੇ ਵੀ ਤਰ੍ਹਾਂ ਦੀ ਵਿੱਤੀ ਚਿੰਤਾ ਨਹੀਂ ਰਹੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦਾ ਮਕਸਦ ਇੱਕ ਐਸਾ ਪੰਜਾਬ ਬਣਾਉਣਾ ਹੈ, ਜਿੱਥੇ ਕੋਈ ਵੀ ਵਿਅਕਤੀ ਪੈਸਿਆਂ ਦੀ ਕਮੀ ਕਾਰਨ ਇਲਾਜ ਤੋਂ ਵਾਂਝਾ ਨਾ ਰਹੇ।



## ਮਨਰੇਗਾ ਨੂੰ ਖਤਮ ਕਰਨ ਦੀ ਸਾਜ਼ਿਸ਼ ਕਦੇ ਕਾਮਯਾਬ ਨਹੀਂ ਹੋਣ ਦਿਆਂਗੇ : ਬਲਬੀਰ ਸਿੱਧੂ



**ਮੋਹਾਲੀ (ਗੁਰਜੀਤ ਬਿੱਲਾ)**- ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਸਿਹਤ ਮੰਤਰੀ ਪੰਜਾਬ ਬਲਬੀਰ ਸਿੱਧੂ ਨੇ ਮਨਰੇਗਾ ਬਚਾਓ ਸੰਗਰਾਮ ਦੇ ਤਹਿਤ ਪਿੰਡ ਕੁਰੜਾ, ਮੋਟੇ ਮਾਜਰਾ, ਤੰਗੋਰੀ, ਕੁਰੜੀ, ਸ਼ੇਖਣ ਮਾਜਰਾ, ਨਾਗਰੀ ਅਤੇ ਗੀਗੇ ਮਾਜਰਾ ਵਿੱਚ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨਾਲ ਅਹਿਮ ਮੀਟਿੰਗਾਂ ਕਰਦਿਆਂ ਇੱਕ ਵਿਸ਼ਾਲ ਜਾਗਰੂਕਤਾ ਮੁਹਿੰਮ ਚਲਾਈ।ਇਨ੍ਹਾਂ ਮੀਟਿੰਗਾਂ ਦੌਰਾਨ ਕੇਂਦਰ ਦੀ ਮੋਦੀ ਸਰਕਾਰ ਦੀ ਮਜ਼ਦੂਰ ਵਿਰੋਧੀ, ਕਿਸਾਨ ਵਿਰੋਧੀ ਅਤੇ ਗਰੀਬ ਵਿਰੋਧੀ ਨੀਤੀਆਂ ਦੀ ਤਿੱਖੀ ਨਿੰਦਾ ਕੀਤੀ ਗਈ।ਬਲਬੀਰ ਸਿੱਧੂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਨਰੇਗਾ ਸਕੀਮ ਦੇ ਫੰਡ ਪਹਿਲਾਂ ਜਾਣ-ਬੁੱਝ ਕੇ ਰੋਕੇ ਗਏ ਸਨ, ਤਾਂ ਜੋ ਇਸ ਲੋਕ-ਹਿੱਤ ਯੋਜਨਾ ਨੂੰ ਹੌਲੀ-ਹੌਲੀ ਖਤਮ ਕੀਤਾ ਜਾ ਸਕੇ। ਇਸਦਾ ਸਿੱਧਾ ਨੁਕਸਾਨ ਪਿੰਡਾਂ ਦੇ ਗਰੀਬ ਮਜ਼ਦੂਰਾਂ, ਦਲਿਤਾਂ, ਔਰਤਾਂ ਅਤੇ ਨਿਰਭਰ ਪਰਿਵਾਰਾਂ ਨੂੰ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਗਰੀਬਾਂ ਅਤੇ ਮਜ਼ਦੂਰ ਵਰਗ ਦੀ ਲਾਈਫਲਾਈਨ ਹੈ, ਪਰ ਕੇਂਦਰ ਦੀ ਭਾਜਪਾ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਗਰੀਬਾਂ ਦੇ ਹੱਕਾਂ 'ਤੇ ਡਾਕਾ ਮਾਰ ਰਹੀ ਹੈ। ਜਿਸਨੂੰ ਕਾਂਗਰਸ ਪਾਰਟੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ।ਇਸ ਮੌਕੇ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਵੀ ਕੇਂਦਰ ਸਰਕਾਰ ਦੀ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਗਟ ਕੀਤਾ ਅਤੇ ਮਨਰੇਗਾ ਨੂੰ ਬਚਾਉਣ ਲਈ ਕਾਂਗਰਸ ਪਾਰਟੀ ਦੇ ਸੰਘਰਸ਼ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨ ਦਾ ਐਲਾਨ ਕੀਤਾ।

## ਕੌਮੀ ਸੜਕ ਸੁਰੱਖਿਆ ਅਭਿਆਨ ਤਹਿਤ ਜਾਗਰੂਕਤਾ ਸੈਮੀਨਾਰ

**ਮੋਹਾਲੀ, (ਗੁਰਜੀਤ ਬਿੱਲਾ)**-ਟ੍ਰੈਫਿਕ ਪੁਲਿਸ ਮੋਹਾਲੀ ਵੱਲੋਂ ਕੌਮੀ ਰਾਸ਼ਟਰੀ ਸੜਕ ਸੁਰੱਖਿਆ ਅਭਿਆਨ (2026) 'ਜ਼ੀਰੋ ਮੌਤ ਰਹਿਤ ਪ੍ਰਣਾਲੀ' ਯੋਜਨਾ ਤਹਿਤ ਮਿਤੀ ਪਹਿਲੀ ਜਨਵਰੀ ਤੋਂ 31 ਜਨਵਰੀ ਤੱਕ ਜ਼ਿਲ੍ਹਾ ਐੱਸ ਏ ਐੱਸ ਨਗਰ ਵਿੱਚ ਚਲਾਏ ਜਾ ਰਹੇ ਜਾਗਰੂਕਤਾ ਅਭਿਆਨ ਦੀ ਲੜੀ ਵਿੱਚ ਕਰਨੈਲ ਸਿੰਘ ਉਪ ਕਪਤਾਨ ਪੁਲਿਸ ਟ੍ਰੈਫਿਕ, ਜ਼ਿਲ੍ਹਾ ਐੱਸ ਏ ਐੱਸ ਨਗਰ ਵੱਲੋਂ ਮੋਹਾਲੀ ਸ਼ਹਿਰ ਦੇ ਵੱਖ-ਵੱਖ ਚੌਕਾਂ ਵਿੱਚ ਅਵੋਇਡ ਐਕਸੀਡੈਂਟ ਐੱਨ ਜੀ ਓ ਦੇ ਪ੍ਰਧਾਨ ਹਰਪ੍ਰੀਤ ਸਿੰਘ ਤੇ ਗੁਰਬਿੰਦਰ ਕੌਰ (ਦਫ਼ਤਰ ਬਾਲ ਸੁਰੱਖਿਆ ਅਧਿਕਾਰੀ, ਜ਼ਿਲ੍ਹਾ ਐਸ.ਏ.ਐਸ. ਨਗਰ) ਦੇ ਸਹਿਯੋਗ ਨਾਲ ਆਉਣ-ਜਾਣ ਵਾਲੇ ਵਾਹਨ ਚਾਲਕਾਂ ਤੇ ਆਮ ਜਨਤਾ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕੀਤਾ ਗਿਆ।ਇਸ ਦੌਰਾਨ ਸਕੂਲੀ ਬੱਸਾਂ ਦੇ ਪਿੱਛੇ ਚਿਤਾਵਨੀ ਸਟਿੱਕਰ ਲਗਾਏ ਗਏ, ਜਿਨ੍ਹਾਂ 'ਤੇ ਲਿਖਿਆ ਸੀ ਕਿ ਬੱਚੇ ਚੜ੍ਹਾਉਣ ਜਾਂ ਉਤਾਰਨ ਦੌਰਾਨ ਸਕੂਲ ਬੱਸ ਨੂੰ ਓਵਰਟੇਕ ਕਰਨਾ ਸਖ਼ਤ ਮਨ੍ਹਾਂ ਹੈ।




## ਰਾਸ਼ਟਰੀ ਵੋਟਰ ਦਿਵਸ ਸੰਬੰਧੀ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ ਬਾਰੇ ਕੀਤਾ ਜਾਗਰੂਕ



**ਫਗਵਾੜਾ ( ਡਾ. ਰਮਨ)**- ਨੈਸ਼ਨਲ ਵੋਟਰ ਦਿਵਸ ਸਬੰਧੀ ਰਾਮਗੜ੍ਹੀਆ ਸੀਨੀਅਰ ਸੈਕੰਡਰੀ ਸਕੂਲ ਸਤਨਾਮਪੁਰਾ ਵਿਖੇ ਮਾਈ ਇੰਡੀਆ ਮਾਈ ਵੋਟ ਹੈ ਜੋ ਹਰ ਨਾਗਰਿਕ ਦੀ ਵੋਟ ਦੀ ਮਹੱਤਤਾ ਨੂੰ ਉਜਾਗਰ ਕਰਦੀ ਹੈ ਥੀਮ ਤਹਿਤ ਵੋਟਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਹਰਦੀਪ ਕੌਰ ਨੇ ਦੱਸਿਆ ਕਿ ਰਾਸ਼ਟਰੀ ਵੋਟਰ ਦਿਵਸ ਹਰ ਸਾਲ 25 ਜਨਵਰੀ ਨੂੰ ਮਨਾਇਆ ਜਾਂਦਾ ਹੈ ਜੋ ਭਾਰਤ ਦੇ ਚੋਣ ਕਮਿਸ਼ਨ ਦੇ ਸਥਾਪਨਾ ਦਿਵਸ ਨੂੰ ਦਰਸਾਉਂਦਾ ਹੈ। ਇਸ ਦਿਨ ਦਾ ਮੁੱਖ ਉਦੇਸ਼ ਵੋਟਰਾਂ ਨੂੰ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਬੀ ਐਲ ਓ ਸੁਖਵਿੰਦਰ ਸਿੰਘ, ਬੀ ਐਲ ਓ ਦੀਪ ਲਾਲ, ਰੇਸ਼ਮ ਲਾਲ, ਸ਼ਾਮ ਰਾਜ਼, ਸਰਵਣ ਸਿੰਘ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਮੌਜੂਦ ਸਨ। ਇਸ ਮੌਕੇ ਵਿਦਿਆਰਥੀਆਂ ਨੂੰ ਵੋਟ ਪਾਉਣ ਲਈ ਸੋਹ ਵੀ ਚੁਕਾਈ ਗਈ।

26 Jan Page 9.qxd 1/25/2026 9:50 PM Page 1



# ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਟਰੈਕਟਰ ਪਰੇਡ 'ਚ ਲੋਕਾਂ ਨੂੰ ਸ਼ਾਮਲ ਹੋਣ ਦਾ ਦਿੱਤਾ ਸੱਦਾ

**ਸ੍ਰੀ ਆਨੰਦਪੁਰ ਸਾਹਿਬ** : ਇੱਥੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਜੈਮਲ ਸਿੰਘ ਭੜੀ ਦੇ ਗ੍ਰਹਿ ਵਿਖੇ ਹੋਈ।ਜਿਸ ਵਿੱਚ ਸੰਯੁਕਤ ਕਿਸਾਨ ਮੋਰਚਾ



ਦੇ ਸੱਦੇ 'ਤੇ 26 ਜਨਵਰੀ ਨੂੰ ਕੀਤੀ ਜਾ ਰਹੇ ਟਰੈਕਟਰ ਮਾਰਚ ਨੂੰ ਸਫ਼ਲ ਕਰਨ ਦਾ ਕੀਤਾ ਫ਼ੈਸਲਾ ਕੀਤਾ ਗਿਆ।ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਦੱਸਿਆ ਕਿ 26 ਜਨਵਰੀ ਨੂੰ ਗਣਤੰਤਰ ਦਿਵਸ ਦੇ ਮੌਕੇ ਦੇਸ਼ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਟਰੈਕਟਰ ਪਰੇਡ ਕੀਤੀ ਜਾ ਰਹੀ ਹੈ। ਜਿਸ ਵਿੱਚ ਮੁੱਖ ਤੌਰ 'ਤੇ ਕਿਸਾਨਾਂ ਦੀਆਂ ਭਖਦੀਆਂ ਮੰਗਾਂ ਨੂੰ ਕੇਂਦਰ ਤੇ ਪੰਜਾਬ ਸਰਕਾਰ ਗੰਭੀਰਤਾ ਨਾਲ ਨਹੀਂ ਲੈ ਰਹੀ ਹੈ। ਆਪਣੇ ਚਹੇਤੇ ਪੂੰਜੀਪਤੀ ਤੇ ਕਾਰਪੋਰੇਟ ਘਰਾਣਿਆਂ ਨੂੰ ਖ਼ੁਸ਼ ਕਰਨ 'ਤੇ ਲੱਗੀ ਹੋਈ ਹੈ। ਆਗੂਆਂ ਕਿਹਾ ਕਿ ਕਿਸਾਨੀ ਮੰਗਾਂ ਸਾਰੀਆਂ ਫਸਲਾਂ 'ਤੇ ਸੀ 2 ਪਲੱਸ 50 ਪ੍ਰਤੀਸ਼ਤ ਤੇ ਐਮ ਐਸ ਪੀ ਦਾ ਕਾਨੂੰਨ ਬਣਾਇਆ ਜਾਵੇ, ਮਨਰੇਗਾ ਨੂੰ ਖਤਮ ਕਰਕੇ ਨਵਾਂ ਮਜ਼ਦੂਰ ਵਿਰੋਧੀ ਕਾਨੂੰਨ ਵੀ ਬੀ ਜੀ ਰਾਮ ਜੀ ਨੂੰ ਰੱਦ ਕੀਤਾ ਜਾਵੇ, ਬਿਜਲੀ ਸੋਧ ਬਿੱਲ 2025 ਰੱਦ ਕੀਤਾ ਜਾਵੇ, ਬੀਜ ਬਿੱਲ 2025 ਰੱਦ ਕੀਤਾ ਜਾਵੇ, ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਅਮਰੀਕਾ ਨਾਲ ਕੀਤੇ ਜਾ ਰਹੇ ਸਮਝੌਤੇ ਰੱਦ ਕੀਤੇ ਜਾਣ। ਇਸ ਸਬੰਧ ਵਿੱਚ ਸਾਰੇ ਦੇਸ਼ ਦੇ ਅੰਦਰ ਗਣਤੰਤਰ ਦਿਵਸ ਦੇ ਮੌਕੇ 26 ਜਨਵਰੀ ਨੂੰ ਟਰੈਕਟਰ ਪਰੇਡ ਕੀਤੀ ਜਾ ਰਹੀ ਹੈ। ਇਸ ਮੀਟਿੰਗ ਵਿੱਚ ਕਿਸਾਨ ਜਥੇਬੰਦੀਆਂ ਨੇ ਫੈਸਲਾ ਕੀਤਾ ਕਿ 11 ਵਜੇ ਸ੍ਰੀ ਅਨੰਦਪੁਰ ਸਾਹਿਬ ਦੇ ਪੰਜ ਪਿਆਰਾ ਪਾਰਕ ਵਿੱਚ ਇਕੱਠੇ ਹੋ ਕੇ ਪਿੰਡ ਢੇਰ ਤੱਕ ਟਰੈਕਟਰ ਪਰੇਡ ਕੀਤੀ ਜਾਵੇਗੀ। ਇਲਾਕੇ ਦੇ ਕਿਸਾਨਾਂ ਮਜ਼ਦੂਰਾਂ ਨੂੰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ।ਅੱਜ ਦੀ ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਨਿਰਪੱਖ ਪੱਤਰਕਾਰਤਾ ਖਿਲਾਫ ਦਰਜ ਕੀਤੇ ਪਰਚਿਆਂ ਦੀ ਵੀ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਿਆ ਕੀਤੀ ਗਈ। ਪੱਤਰਕਾਰਾਂ 'ਤੇ ਦਰਜ ਪਰਚੇ ਰੱਦ ਕੀਤੇ ਜਾਣ।ਅੱਜ ਦੀ ਇਸ ਮੀਟਿੰਗ ਵਿੱਚ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਨਰਿੰਦਰ ਸਿੰਘ ਮਾਵੀ, ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਦੇ ਜ਼ਿਲ੍ਹਾ ਆਗੂ ਦਵਿੰਦਰ ਨੰਗਲੀ, ਰਾਮਪਾਲ ਤਾਰਾਪੁਰ, ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਜੈਮਲ ਸਿੰਘ ਭੜੀ, ਪ੍ਰਿੰਸ ਬੱਦਲ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਮਾਸਟਰ ਕਿਰਪਾਲ ਸਿੰਘ ਭੱਟੋਂ, ਕਿਰਤੀ ਕਿਸਾਨ ਮੋਰਚਾ ਦੇ ਆਗੂ ਅਮਰੀਕ ਸਿੰਘ ਬੇਲਾ ਰਾਮਗੜ੍ਹ ਤੋਂ ਇਲਾਵਾ ਮਹਿੰਦਰ ਸਿੰਘ ਸੰਗਤਪੁਰ, ਤਰਸੇਮ ਲਾਲ ਸੁਖਸਾਲ, ਇੰਦਰਜੀਤ ਸਿੰਘ ਫੌਜੀ, ਸੂਬੇਦਾਰ ਗੁਰਨਾਮ ਸਿੰਘ ਭੰਗਲ, ਗੁਲਜਾਰ ਸਿੰਘ ਨੰਗਲੀ ਵੀ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਗਣਤੰਤਰ ਦਿਵਸ ਸਮਾਗਮ ਲਈ ਫੁੱਲ ਡਰੈੱਸ ਰਿਹਰਸਲ ਦਾ ਨਿਰੀਖਣ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਦੇਸ਼ ਦੇ 77ਵੇਂ ਗਣਤੰਤਰ ਦਿਵਸ ਦੇ ਮੱਦੇਨਜ਼ਰ ਸਥਾਨਕ ਆਈ.ਟੀ.ਆਈ ਗਰਾਊਂਡ ਵਿਖੇ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਫੁੱਲ ਡਰੈੱਸ ਰਿਹਰਸਲ ਕੀਤੀ ਗਈ, ਜਿਸ ਦਾ ਨਿਰੀਖਣ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਕੀਤਾ ਗਿਆ।ਗਣਤੰਤਰ ਦਿਵਸ ਦੀ ਫੁੱਲ ਡਰੈੱਸ ਰਿਹਰਸਲ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਕੌਮੀ ਝੰਡਾ ਵੀ ਲਹਿਰਾਇਆ ਗਿਆ। ਇਸ ਉਪਰੰਤ ਉਨ੍ਹਾਂ ਨੇ ਐਸ.ਐਸ.ਪੀ ਤੁਸ਼ਾਰ ਗੁਪਤਾ ਸਮੇਤ ਪਰੇਡ ਵਿੱਚ ਸ਼ਾਮਲ ਟੁਕੜੀਆਂ ਦਾ ਨਿਰੀਖਣ ਕੀਤਾ। ਪਰੇਡ ਕਮਾਂਡਰ ਦੀ ਅਗਵਾਈ ਹੇਠ ਮਾਰਚ ਪਾਸਟ ਵਿੱਚ ਸ਼ਾਮਲ ਪੰਜਾਬ ਪੁਲਸ (ਪੁਰਸ਼ ਤੇ ਮਹਿਲਾ) ਟੁਕੜੀਆਂ ਤੋਂ ਇਲਾਵਾ ਜਵਾਹਰ ਨਵੋਦਿਆ ਵਿਦਿਆਲਿਆ, ਪੋਜੇਵਾਲ, ਕੈਂਬਰਿਜ ਇੰਟਰਨੈਸ਼ਨਲ ਸਕੂਲ ਕਰੀਹਾ, ਕਿਰਪਾਲ ਸਾਗਰ ਅਕੈਡਮੀ ਦਰਿਆਪੁਰ ਅਤੇ ਸਾਂਝ ਕੇਂਦਰ (ਸਟੂਡੈਂਟ ਪੁਲਸ ਕੈਡਿਟ) ਦੇ ਵਿਦਿਆਰਥੀਆਂ ਨੇ ਮੁੱਖ ਮਹਿਮਾਨ ਨੂੰ ਸਲਾਮੀ ਦਿੱਤੀ ਜਦਕਿ ਕੇ.ਸੀ. ਪਬਲਿਕ ਸਕੂਲ ਨਵਾਂਸ਼ਹਿਰ ਦੇ ਵਿਦਿਆਰਥੀਆਂ ਨੇ ਬੈਂਡ ਰਾਹੀਂ ਮਨਮੋਹਕ ਧੁਨਾਂ ਵਜਾਈਆਂ। ਫੁੱਲ ਡਰੈਸ ਰਿਹਰਸਲ ਦੌਰਾਨ ਸ.ਐਮ ਦੀ ਯੋਗਸ਼ਾਲਾ ਰਾਹੀਂ ਯੋਗਾ ਟ੍ਰੇਨਰਾਂ ਅਤੇ ਵਿਦਿਆਰਥੀਆਂ ਨੇ ਯੋਗ ਦੀ ਮਹੱਤਤਾ ਅਤੇ ਯੋਗਾ ਨਾਲ ਸਿਹਤਮੰਦ ਜੀਵਨ ਦਾ ਸੰਦੇਸ਼ ਦਿੱਤਾ। ਪੀ.ਐਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੰਗੜੋਆ ਅਤੇ ਸਰਕਾਰ ਪਬਲਿਕ ਸਕੂਲ ਜਾਡਲਾ ਦੇ ਵਿਦਿਆਰਥੀਆਂ ਨੇ ਕੋਰੀਓਗ੍ਰਾਫੀ ਅਤੇ ਗੁਰੂ ਰਾਮਦਾਸ ਇੰਟਰਨੈਸ਼ਨਲ ਪਬਲਿਕ ਸਕੂਲ ਮੱਲਪੁਰ ਦੇ ਵਿਦਿਆਰਥੀਆਂ ਨੇ ਮਾਰਸ਼ਲ ਖੇਡ ਗਤਕੇ ਦੀ ਪੇਸ਼ਕਾਰੀ ਕੀਤੀ। ਸੇਂਟ ਸੋਲਜਰ ਸੀਨੀਅਰ ਸੈਕੰਡਰੀ ਸਕੂਲ ਕੁਲਾਮ ਦੀਆਂ ਵਿਦਿਆਰਥਣਾਂ ਦੇ ਪੰਜਾਬ ਦਾ ਲੋਕ ਨਾਚ ਗਿੱਧਾ ਅਤੇ ਸ਼ਿਵਾਲਿਕ ਪਬਲਿਕ ਸਕੂਲ ਨਵਾਂਸ਼ਹਿਰ ਦੇ ਵਿਦਿਆਰਥੀਆਂ ਨੇ ਭੰਗੜੇ ਦੀ ਪੇਸ਼ਕਾਰੀ ਕੀਤੀ। ਗੁਰੂ ਰਾਮਦਾਸ ਇੰਟਰਨੈਸ਼ਨਲ ਪਬਲਿਕ ਸਕੂਲ ਮੱਲਪੁਰ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਗਾਨ ਗਾਇਆ। ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਨੂੰ ਅੰਤਿਮ ਰੂਪ ਦੇਣ ਲਈ ਗਰਾਊਂਡ ਵਿੱਚ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਬੁਲਾਈ। ਉਨ੍ਹਾਂ ਸਮੁੱਚੇ ਸੁਚਾਰੂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੰਦਿਆਂ ਦੱਸਿਆ ਕਿ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਤੇ ਖੋਜ ਅਤੇ ਚੋਣਾਂ ਮੰਤਰੀ ਡਾ. ਬਲਬੀਰ ਸਿੰਘ 26 ਜਨਵਰੀ ਨੂੰ 77ਵੇਂ ਗਣਤੰਤਰ ਦਿਵਸ ਮੌਕੇ ਖਟਕੜ ਕਲਾਂ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਅਤੇ ਹੋਰਨਾਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ, ਉਪਰੰਤ ਆਈ.ਟੀ.ਆਈ ਗਰਾਊਂਡ ਵਿਖੇ ਕੌਮੀ ਝੰਡਾ ਲਹਿਰਾਉਣਗੇ।ਉਨ੍ਹਾਂ ਦੱਸਿਆ ਕਿ ਦੇਸ਼ ਭਗਤੀ 'ਤੇ ਅਧਾਰਿਤ ਵੰਨਗੀਆਂ ਦੀ ਪੇਸ਼ਕਾਰੀ ਤੋਂ ਇਲਾਵਾ ਵੱਖ-ਵੱਖ ਸਕੀਮਾਂ ਅਤੇ ਕਾਰਜਾਂ ਨੂੰ ਦਰਸਾਉਂਦੀਆਂ ਵਿਭਾਗਾਂ ਦੀਆਂ ਝਾਕੀਆਂ ਵੀ ਪ੍ਰੋਗਰਾਮ ਦਾ ਹਿੱਸਾ ਹੋਣਗੀਆਂ। ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਸਾਰੇ ਸਬੰਧਤ ਵਿਭਾਗਾਂ ਨੂੰ ਗਣਤੰਤਰ ਦਿਵਸ ਸਮਾਰੋਹ ਨੂੰ ਬੇਮਿਸਾਲ ਬਣਾਉਣ ਲਈ ਸੁਹਿਰਦ ਯਤਨ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਇਸ ਸ਼ਾਨਦਾਰ ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਪਣੀਆਂ ਡਿਊਟੀਆਂ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਤਾਕੀਦ ਕੀਤੀ।

# ਬਸੰਤ ਪੰਚਮੀ ਦਾ ਤਿਉਹਾਰ ਮਨਾਇਆ

**ਜਲੰਧਰ (ਇਕਬਾਲ ਸਿੰਘ ਉਭੀ)** ਸਥਾਨਕ ਆਈ ਵੀ ਵਰਲਡ ਪਲੇਅ ਸਕੂਲ, ਸਿਵਲ ਲਾਈਨਜ਼ ਵਿਖੇ ਛੋਟੇ ਵਿਦਿਆਰਥੀਆਂ ਨਾਲ ਬਸੰਤ ਪੰਚਮੀ ਦਾ ਤਿਉਹਾਰ ਸਕੂਲ ਦੇ ਪ੍ਰਬੰਧਨ ਦੀ ਮਹਾਨ ਮਾਰਗਦਰਸ਼ਨ ਵਿੱਚ ਮਨਾਇਆ ਗਿਆ।ਜਿਸ ਵਿੱਚ ਚੇਅਰਮੈਨ ਸੰਦੀਪ ਕੁਮਾਰ ਵਾਸਲ, ਵਾਈਸ ਪ੍ਰੈਜ਼ੀਡੈਂਟ ਸ੍ਰੀਮਤੀ ਏਨਾ ਵਾਸਲ, ਸੀ ਈ ਓ ਰਘਵ ਵਾਸਲ, ਡਾਇਰੈਕਟਰ ਸ੍ਰੀਮਤੀ ਅਦਿਤੀ ਵਾਸਲ, ਪ੍ਰਿੰਸੀਪਲ ਸ੍ਰੀਮਤੀ ਸੰਦੀਪ ਚੌਹਾਨ ਅਤੇ ਹੈੱਡਮਿਸਟਰ ਸ੍ਰੀਮਤੀ ਸ਼ੇਫਾਲੀ ਸ਼ਰਮਾ ਸ਼ਾਮਲ ਸਨ।ਇਸ ਮੌਕੇ ਕੈਂਪਸ ਨੂੰ ਪੀਲੇ ਗੇਂਦੇ ਦੇ ਫੁੱਲਾਂ ਨਾਲ ਸਜਾਇਆ ਗਿਆ ਅਤੇ ਕਲਾ ਦੀ ਦੇਵੀ ਦੇ ਸਨਮਾਨ ਵਾਸਤੇ, ਸਕੂਲ ਨੇ ਸਿਤਾਰ ਦੀ ਲਾਈਵ ਪ੍ਰਫਾਰਮੈਂਸ ਦਾ ਪ੍ਰਬੰਧ ਕੀਤਾ ਜੋ ਸ਼ਾਂਤਮਈ ਪਿਛੋਕੜ ਦਿੰਦਾ ਹੈ।ਇਸ ਸਮਾਗਮ ਦੀ ਸ਼ੁਰੂਆਤ ਪ੍ਰਾਰਥਨਾ ਸਮਾਰੋਹ ਨਾਲ ਹੋਈ ਜਿਸ ਵਿੱਚ ਬੱਚਿਆਂ ਨੇ ਦੇਵੀ ਸਰਸਵਤੀ ਨੂੰ ਪੀਲੇ ਫੁੱਲਾਂ ਅਤੇ ਮਿਠਾਈਆਂ ਚੜ੍ਹਾਈਆਂ।ਇਸ ਮੌਕੇ ਚੇਅਰਮੈਨ ਸੰਦੀਪ ਕੁਮਾਰ ਵਾਸਲ, ਵਾਈਸ ਪ੍ਰੈਜ਼ੀਡੈਂਟ ਸ੍ਰੀਮਤੀ ਏਨਾ ਵਾਸਲ, ਸੀਈਓ ਰਘਵ ਵਾਸਲ, ਡਾਇਰੈਕਟਰ ਸ੍ਰੀਮਤੀ ਅਦਿਤੀ ਵਾਸਲ, ਪ੍ਰਿੰਸੀਪਲ ਸ੍ਰੀਮਤੀ ਸੰਦੀਪ ਚੌਹਾਨ ਅਤੇ ਸ੍ਰੀਮਤੀ ਸ਼ੇਫਾਲੀ ਸ਼ਰਮਾ ਸ਼ਾਮਲ ਸਨ।

# ਸੜਕ ਸੁਰੱਖਿਆ ਫੋਰਸ ਤੇ ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ ਨੇ ਲਗਾਇਆ ਜਾਗਰੂਕ ਕੈਂਪ



**ਫਿਲੌਰ (ਨਿਰਮਲ)** ਸੜਕ ਸੁਰੱਖਿਆ ਫੋਰਸ ਅਤੇ ਸ੍ਰੀ ਦਸ਼ਮੇਸ਼ ਕਾਨਵੈਂਟ ਹਾਈ ਸਕੂਲ ਅੱਟੀ ਵੱਲੋਂ ਇੱਕ ਸੜਕ ਸੁਰੱਖਿਆ ਹਫਤੇ ਅਧੀਨ ਇੱਕ ਜਾਗਰੂਕ ਕੈਂਪ ਲਗਾਇਆ ਗਿਆ। ਇਸ ਕੈਂਪ 'ਚ ਏ ਐਸ ਆਈ ਜਸਵਿੰਦਰ ਸਿੰਘ, ਏ ਐਸ ਆਈ ਸਰਬਜੀਤ ਸਿੰਘ, ਮੈਡਮ ਨਿਸ਼ਾ ਅਤੇ ਸਕੂਲ ਪ੍ਰਬੰਧਕ ਚਰਨਜੀਤ ਸਿੰਘ ਨੇ ਬੱਚਿਆਂ ਨੂੰ ਧੁੰਦ ਅਤੇ ਰਾਤ ਸਮੇਂ ਕਿਸ ਤਰ੍ਹਾਂ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਹੈ, ਸਬੰਧੀ ਜਾਣਕਾਰੀ ਦਿੱਤੀ ਗਈ। ਸੜਕ ਸੁਰੱਖਿਆ ਫੋਰਸ ਦੀ ਟੀਮ ਵੱਲੋਂ 18 ਸਾਲ ਤੋਂ ਘੱਟ ਉਮਰ ਵਾਲੇ ਬੱਚਿਆਂ ਨੂੰ ਵਾਹਨ ਨਾ ਚਲਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਸੜਕ ਸੁਰੱਖਿਆ ਫੋਰਸ ਅਤੇ ਸਕੂਲ ਵੱਲੋਂ ਵੱਖ-ਵੱਖ ਵਾਹਨਾਂ ਨੂੰ ਰਿਫਲੈਕਟਰ ਸਟਿਕਰ ਲਗਾਏ ਗਏ। ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਵਾਹਨ ਚਾਲਕਾਂ ਸਕੂਲ ਡਰਾਈਵਰਾਂ ਅਤੇ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਟਰੈਫਿਕ ਨਿਯਮਾਂ ਨੂੰ ਚੰਗੀ ਤਰ੍ਹਾਂ ਪਾਲਣਾ ਕਰਨ ਤਾਂ ਜੋ ਕੀਮਤੀ ਮਨੁੱਖੀ ਜਾਨਾਂ ਜੋ ਅਣਗਹਿਲੀ ਕਾਰਨ ਹਾਦਸਿਆਂ ਦਾ ਸ਼ਿਕਾਰ ਹੁੰਦੀਆਂ ਹਨ ਤੋ ਬਚਿਆ ਜਾ ਸਕੇ। ਇਸ ਮੌਕੇ ਸਕੂਲ ਐਮ ਡੀ ਸੁਖਦੀਪ ਸਿੰਘ ਸਕੂਲ ਸਟਾਫ ਡਰਾਈਵਰ ਤਰਸੇਮ ਲਾਲ, ਅਵਤਾਰ ਸਿੰਘ, ਅਸ਼ੋਕ ਕੁਮਾਰ, ਰਵਿੰਦਰ , ਰਾਜਾ, ਵਰਿੰਦਰ ਸਮਰਾ ਅਤੇ ਹੋਰ ਹਾਜ਼ਰ ਸਨ।

# ਸਾਹਿਤ ਵਿਚਾਰਾਂ ਦੀ ਦਿਸ਼ਾ ਬਦਲਣ ਦੇ ਸਮਰੱਥ ਹੁੰਦਾ : ਇੰਜੀ. ਜਸਵੀਰ ਮੋਰੋਂ

**ਬੰਗਾ (ਅਵਤਾਰ ਕਲੇਰ)**- ਵਿਵੇਕ ਵਿਕਾਸ ਲਹਿਰ ਪੰਜਾਬ ਮੁੱਖ ਦਫਤਰ ਬੰਗਾ ਵੱਲੋਂ ਗਿਆਨ ਵੰਡਣ ਦੀ ਮੁਹਿੰਮ ਮੁਫ਼ਤ ਪੁਸਤਕਾਂ ਰਾਹੀਂ ਸ਼ੁਰੂ ਕੀਤੀ ਹੋਈ ਹੈ। ਇਸ ਲੜੀ ਤਹਿਤ ਸੰਸਥਾ ਵਲੋਂ ਸੋਲ੍ਹਵਾਂ ਸਮਾਗਮ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਸੱਲ੍ਹ ਕਲਾਂ ਵਿਖੇ ਕੀਤਾ ਗਿਆ। ਇੰਜੀ. ਜਸਵੀਰ ਸਿੰਘ ਮੋਰੋਂ ਨੇ ਦੱਸਿਆ ਕਿ ਕਿਤਾਬਾਂ ਵੰਡਣ ਦਾ ਸਿਲਸਿਲਾ ਗਣਤੰਤਰ ਦਿਵਸ ਨੂੰ ਸਮਰਪਿਤ ਸਮਾਗਮ ਕਰਕੇ ਜਨਵਰੀ 2025 ਨੂੰ ਬੇਗੋਵਾਲ ਤੋਂ ਸ਼ੁਰੂ ਕੀਤਾ ਗਿਆ ਸੀ। ਹੁਣ ਤੱਕ ਲਗਭਗ ਇੱਕ ਲੱਖ ਰੁਪਏ ਦੇ ਮੁੱਲ ਦੀਆਂ ਕਿਤਾਬਾਂ ਮੁਫ਼ਤ ਵੰਡੀਆਂ ਗਈਆਂ ਹਨ। ਸੰਸਥਾ ਪੁਸਤਕ ਸਭਿਆਚਾਰ ਪੈਦਾ ਕਰਨ ਲਈ ਯਤਨਸ਼ੀਲ ਹੈ। ਸਾਹਿਤ ਵਿਚਾਰਾਂ ਦੀ ਦਿਸ਼ਾ ਬਦਲਣ ਦੇ ਸਮਰੱਥ ਹੁੰਦਾ ਹੈ। ਚੰਗੀਆਂ ਕਿਤਾਬਾਂ ਚੰਗਾ ਮਾਹੌਲ ਸਿਰਜਣ ਵਿੱਚ ਸਾਕਾਰਾਤਮਕ ਭੂਮਿਕਾ ਨਿਭਾਉਂਦੀਆਂ ਹਨ। ਡਿਜੀਟਲ ਜ਼ਮਾਨੇ ਵਿੱਚ ਵੀ ਕਿਤਾਬਾਂ ਦੀ ਅਹਿਮੀਅਤ ਬਣੀ ਹੋਈ ਹੈ ਤੇ ਰਹੇਗੀ। ਇਸ ਮੌਕੇ ਸਕੂਲ ਇੰਚਾਰਜ ਸੁਰਿੰਦਰ ਕੌਰ, ਜਸਵੀਰ ਕੌਰ, ਸਰਬਜੀਤ ਕੌਰ, ਚਰਨਜੀਤ ਸੱਲ੍ਹਾਂ ਪੱਤਰਕਾਰ,ਕਮਲੇਸ਼ ਕੌਰ, ਇੰਦਰਜੀਤ ਕੌਰ, ਅਮਰੀਕ ਕੌਰ ਆਦਿ ਹਾਜ਼ਰ ਸਨ। ਅਧਿਆਪਕਾ ਸੁਰਿੰਦਰ ਕੌਰ ਨੇ ਵਿਵੇਕ ਵਿਕਾਸ



ਲਹਿਰ ਬੰਗਾ ਵੱਲੋਂ ਸ਼ੁਰੂ ਕੀਤੀ ਗਈ ਮੁਫਤ ਕਿਤਾਬਾਂ ਵੰਡਣ ਦੀ ਇਸ ਨਵੀਂ ਪਿਰਤ ਦੀ ਸ਼ਲਾਘਾ ਕੀਤੀ ਅਤੇ ਸਭਨਾਂ ਦਾ ਧੰਨਵਾਦ ਕੀਤਾ। ਸਮਾਗਮ ਦੇ ਅੰਤ ਵਿੱਚ ਸਮੂਹ ਵਿਦਿਆਰਥੀਆਂ ਨੂੰ ਗਿਆਨ ਵਿਗਿਆਨ ਨਾਲ ਸੰਬੰਧਤ ਮੁਫ਼ਤ ਕਿਤਾਬਾਂ ਵੰਡੀਆਂ ਗਈਆਂ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦੀਵਾਨ ਹਾਲ ਦਾ ਲੈਂਟਰ ਪਾਇਆ

**ਮੋਹਾਲੀ (ਗੁਰਜੀਤ ਬਿੱਲਾ)** ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਬ੍ਰਹਮਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੇ ਆਸ਼ੀਰਵਾਦ ਸਦਕਾ ਦੀਵਾਨ ਹਾਲ ਦਾ ਲੈਂਟਰ ਪਾਇਆ ਗਿਆ। ਇਸ ਕਾਰਜ ਦੀ ਅਰੰਭਤਾ ਲਈ ਸਵੇਰੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਲੈਂਟਰ ਦੀ ਅਰੰਭਤਾ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਹਰਜਿੰਦਰ ਸਿੰਘ, ਸਤਵਿੰਦਰ ਸਿੰਘ



ਸੋਢੀ ਨੇ ਦੱਸਿਆ ਕਿ ਆਧੁਨਿਕ ਸਹੂਲਤਾਂ ਵਾਲਾ ਇਹ ਦੀਵਾਨ ਹਾਲ ਬੇਸਮੈਂਟ ਸਮੇਤ 160 ਫੁੱਟ ਲੰਬਾਈ, 135 ਫੁੱਟ ਚੌੜਾਈ ਅਤੇ 35 ਫੁੱਟ ਉਚਾਈ ਵਾਲਾ ਬਣਵਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰਬੰਧਕ ਕਮੇਟੀ ਤੋਂ ਇਲਾਵਾ ਪਿੰਡ ਅਤੇ ਇਲਾਕੇ ਦੇ ਪਤਵੰਤੇ ਸਜੱਣ ਅਤੇ ਕਈ ਉਘੇ ਸਿਆਸੀ ਆਗੂ ਹਾਜ਼ਰ ਸਨ। ਮਿਠਾਈਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਆਧੁਨਿਕ ਸਹੂਲਤਾਂ ਵਾਲੀ 7 ਮੰਜ਼ਿਲਾ ਕਾਰ ਪਾਰਕਿੰਗ ਦੀ ਉਸਾਰੀ ਦੀ ਸੇਵਾ ਪ੍ਰਬੰਧਕ ਕਮੇਟੀ ਵੱਲੋ ਸਮੂਹ ਸੰਗਤ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਵਿੱਚ ਆਧੁਨਿਕ ਸਹੂਲਤਾਂ ਵਾਲੇ ਬਹੁਮੰਜ਼ਿਲੀ ਲੰਗਰ ਹਾਲ ਦੀ ਉਸਾਰੀ ਦਾ ਕੰਮ ਵੀ ਜਲਦ ਸ਼ੁਰੂ ਕਰਵਾਇਆ ਜਾ ਰਿਹਾ ਹੈ ।

# ਸੇਂਟ ਸੋਲਜਰ ਗਰੁੱਪ ਨੇ ਮਨਾਇਆ ਰਾਸ਼ਟਰੀ ਬਾਲੜੀ ਦਿਵਸ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਰਾਸ਼ਟਰੀ ਬਾਲੜੀ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਅਤੇ ਲੜਕੀਆਂ ਲਈ ਸਮਾਨਤਾ, ਮਾਣ ਅਤੇ ਸਸ਼ਕਤੀਕਰਨ ਦਾ ਇੱਕ ਮਜ਼ਬੂਤ ਸੰਦੇਸ਼ ਦਿੱਤਾ। ਇਹ ਪ੍ਰੋਗਰਾਮ ਸਮਾਜ ਵਿੱਚ ਲੜਕੀਆਂ ਨੂੰ ਸਿੱਖਿਆ ਦੇਣ, ਸੁਰੱਖਿਅਤ ਕਰਨ ਅਤੇ ਉਨ੍ਹਾਂ ਨੂੰ ਉੱਚਾ ਚੁੱਕਣ ਦੇ ਮਹੱਤਵ ਬਾਰੇ ਜਾਗਰੂਕਤਾ ਫੈਲਾਉਣ ਲਈ ਆਯੋਜਿਤ ਕੀਤਾ ਗਿਆ। ਇਸ ਮੌਕੇ ਅਧਿਆਪਕਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੜਕੀਆਂ ਨਾ ਸਿਰਫ਼ ਪਰਵਾਰਾਂ ਦੀ ਰੀੜ੍ਹ ਦੀ ਹੱਡੀ ਹਨ, ਸਗੋਂ ਬਰਾਬਰ




ਮੌਕੇ ਮਿਲਣ 'ਤੇ ਰਾਸ਼ਟਰ ਨਿਰਮਾਣ ਵਿੱਚ ਵੀ ਮੁੱਖ ਯੋਗਦਾਨ ਪਾਉਂਦੀਆਂ ਹਨ। 'ਲੜਕੀ ਬਚਾਓ, ਬੱਚੀ ਨੂੰ ਸਿੱਖਿਅਤ ਕਰੋ' ਦਾ ਸੁਨੇਹਾ ਦੇਣ ਲਈ ਸਲੋਗਨ ਲਿਖਣਾ, ਪੋਸਟਰ ਬਣਾਉਣਾ ਅਤੇ ਰੋਲ ਪਲੇਅ ਵਰਗੀਆਂ ਕਈ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਗਰੁੱਪ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਪ੍ਰੋਗਰਾਮ ਨੂੰ ਸਾਰਥਕ ਬਣਾਉਣ ਲਈ ਵਿਦਿਆਰਥੀਆਂ ਅਤੇ ਸਟਾਫ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਸਰਕਾਰ ਦੀ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਲੋਕਾਂ ਲਈ ਰਾਹਤ ਭਰਿਆ ਉਪਰਾਲਾ : ਰਾਣਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਸਰਕਾਰ ਦੀ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਲੋਕਾਂ ਲਈ ਰਾਹਤ ਭਰਿਆ ਉਪਰਾਲਾ ਹੈ।ਇਹਨਾਂ ਵਿਚਾਰਾ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ, ਜੇ ਸਰਕਾਰ ਨੇ ਇਸ ਸਕੀਮ ਨੂੰ ਸਹੀ ਢੰਗ ਨਾਲ ਲਾਗੂ ਕੀਤਾ ਤਾਂ ਲੋਕਾਂ ਨੂੰ ਇਲਾਜ ਕਰਵਾਉਣ ਵਿੱਚ ਆਉਣ ਦੀਆਂ ਆਰਥਿਕ ਮੁਸ਼ਕਲਾਂ ਤੋਂ ਛੁਟਕਾਰਾ ਮਿਲੇਗਾ।ਸਾਥੀ ਰਾਣਾ ਨੇ ਸਪੱਸ਼ਟ ਕੀਤਾ ਕਿ ਉਕਤ ਸਕੀਮ ਪੰਜਾਬ ਸਰਕਾਰ ਦੀ ਹੈ ਨਾ ਕਿ ਆਮ ਆਦਮੀ ਪਾਰਟੀ ਦੀ।ਉਹਨਾਂ ਕਿਹਾ ਕਿ ਸਰਕਾਰ ਇਸ ਬੀਮਾ ਸਕੀਮ ਬਾਰੇ ਲੋਕਾਂ ਨੂੰ ਵਿਸਤਰਤ ਜਾਣਕਾਰੀ ਦੇਵੇ ਕਿਉਂਕਿ ਅੱਜ ਤੱਕ ਇਹ ਸਾਫ ਨਹੀਂ ਹੈ ਕਿ 10 ਲੱਖ ਰੁਪਏ ਦਾ ਬੀਮਾ ਲਾਭ ਪੂਰੇ ਪਰਵਾਰ ਨੂੰ ਮਿਲੇਗਾ ਜਾਂ ਹਰ ਜੀਅ ਨੂੰ ਮਿਲੇਗਾ। ਉਹਨਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਨਵੀਂ ਬੀਮਾ ਸਕੀਮ ਲਈ ਬਜਟ ਵਿੱਚ ਪੂਰਾ ਪੈਸਾ ਸੁਰੱਖਿਅਤ ਰੱਖੇ ਤਾਂ ਕੇ ਲੋਕਾਂ ਨੂੰ ਅਮਲੀ ਤੌਰ 'ਤੇ ਫਾਇਦਾ ਹੋਵੇ।ਇਸ ਮੌਕੇ ਉਨ੍ਹਾਂ ਨਾਲ ਕਰਨੈਲ ਸਿੰਘ ਭੱਲਾ, ਰਾਣਾ ਮੋਹਰ, ਪਰਮਜੀਤ ਸਿੰਘ ਅਤੇ ਤੇਜਾ ਰਾਮ ਵੀ ਸਨ।

# ਲਾਇਨਜ਼ ਕਲੱਬ ਬੰਗਾ ਸਿਮਰਨ ਦੀ ਮੀਟਿੰਗ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਲਾਇਨਜ਼ ਕਲੱਬ ਬੰਗਾ ਸਿਮਰਨ ਦੀ ਆਫੀਸ਼ਲ ਮੀਟਿੰਗ ਮੁੱਖ ਮਹਿਮਾਨ ਡਿਸਟ੍ਰਿਕ ਗਵਰਨਰ ਵੀ ਐਮ ਗੋਇਲ ਦੀ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਚਾਰਟਰ ਪ੍ਰਧਾਨ ਲਾਇਨ ਮੀਨੂੰ ਭੁੱਟਾ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਦੀ ਸ਼ੁਰੂਆਤ ਪਹਿਲੇ ਉਪ ਪ੍ਰਧਾਨ ਪ੍ਰੀਆ ਚੋਪੜਾ ਵਲੋਂ ਪ੍ਰਾਥਨਾ ਅਤੇ ਰਾਸ਼ਟਰੀ ਗੀਤ ਨਾਲ ਕੀਤੀ। ਦੂਜੇ ਉਪ ਪ੍ਰਧਾਨ ਹਰਨੇਕ ਸਿੰਘ ਵਲੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ।ਜਨਰਲ ਸਕੱਤਰ ਵਨੀਤਾ ਕੁਮਾਰੀ ਵਲੋਂ ਅਪਣੇ ਜੁਲਾਈ 2025 ਤੋਂ ਲੈ ਕੇ ਹੁਣ ਤੱਕ ਕੀਤੇ ਗਏ ਸਮਾਜ ਸੇਵਾ ਦੇ ਕਾਰਜਾ ਦੀ ਸੈਕਟਰੀ ਰਿਪੋਰਟ ਪੇਸ਼ ਕੀਤੀ ਗਈ।ਚਾਰਟਰ ਪ੍ਰਧਾਨ ਲਾਇਨ ਮੀਨੂੰ ਭੁੱਟਾ ਵੱਲੋਂ ਸਾਰੇ ਹੀ ਕਲੱਬ ਮੈਂਬਰਾਂ ਦਾ ਮੀਟਿੰਗ ਵਿੱਚ ਪਹੁੰਚਣ ਦਾ ਧੰਨਵਾਦ ਕੀਤਾ। ਡਿਸਟ੍ਰਿਕ ਗਵਰਨਰ ਵੀ ਐਮ ਗੋਇਲ ਵਲੋਂ ਦੱਸਿਆ ਗਿਆ ਕਿ ਇੰਟਰਨੈਸ਼ਨਲ ਵੱਲੋਂ ਕੁਲ 8 ਵੱਖ ਵੱਖ ਸਮਾਜ ਸੇਵਾ ਦੇ ਗਲੋਬਲ ਟਾਰਗੇਟ ਦਿੱਤੇ ਗਏ। ਡਿਸਟ੍ਰਿਕ ਗਵਰਨਰ ਵੀ ਐਮ ਗੋਇਲ ਵਲੋਂ ਪ੍ਰਧਾਨ ਮੀਨੂੰ ਭੁੱਟਾ ਦੀ ਲਾਇਨਜ਼ ਕਲੱਬ ਨਾਲ ਸਬੰਧਤ ਲਗਨ ਅਤੇ ਸਮਾਜ ਸੇਵਾ ਦੇ ਕੰਮ ਕਰਨ ਦੀ ਲਗਨ ਨੂੰ ਦੇਖਦਿਆਂ ਹੋਏ ਮੀਟਿੰਗ ਵਿੱਚ ਸ਼ਾਮਲ 2026-27 ਦੇ ਡਿਸਟ੍ਰਿਕ ਗਵਰਨਰ ਜੀ ਐਸ ਭਾਟੀਆ ਨੂੰ ਸਪਾਰਸ਼ ਕੀਤੀ ਕਿ ਮੀਨੂੰ ਭੁੱਟਾ ਨੂੰ 2026-27 ਦੀ ਜੋਨ ਚੇਅਰਪਰਸਨ ਬਣਾਇਆ ਜਾਵੇ ਅਤੇ ਇਨ੍ਹਾ ਨੂੰ 4 ਤੋਂ 5 ਵੱਖ ਵੱਖ ਕਲੱਬਾਂ ਦੀ ਜ਼ੁੰਮੇਵਾਰੀ ਦਿੱਤੀ ਜਾਵੇ ਤਾਂ ਜੋ ਸਾਰੀਆਂ ਕਲੱਬਾਂ ਗਲੋਬਲ ਟਾਰਗੇਟ ਪੂਰਾ ਕਰ ਸਕਣ। 2026-27 ਦੇ ਡਿਸਟ੍ਰਿਕ ਗਵਰਨਰ ਜੀ ਐਸ ਭਾਟੀਆ ਵਲੋਂ ਮੀਟਿੰਗ ਵਿੱਚ ਸ਼ਾਮਲ ਰੀਜਨ ਚੇਅਰਮੈਨ ਕੁਲਦੀਪ ਭੂਸ਼ਨ ਖੰਨਾ, ਜੋਨ ਚੇਅਰਮੈਨ ਐਡਵੋਕੇਟ ਕਮਲਜੀਤ ਸਿੰਘ ਭਾਟੀਆ, ਜੋਨ ਚੇਅਰਮੈਨ ਧਰਮਿੰਦਰ ਸਿੰਘ ਅਤੇ ਡਿਸਟ੍ਰਿਕ ਡਿਪਟੀ ਗਵਰਨਰ ਸੁਖਵਿੰਦਰ ਸਿੰਘ ਵੱਲੋਂ ਮੀਨੂੰ ਭੁੱਟਾ ਨੂੰ 2026-27 ਦੀ ਜੋਨ ਚੇਅਰਪਰਸਨ ਬਣਾਉਣ ਦੀ ਸਹਿਮਤੀ ਮੰਗੀ ਗਈ ਅਤੇ ਇਨ੍ਹਾ ਸਾਰੇਆਂ ਵਲੋਂ ਵੀ ਸਹਿਮਤੀ ਜਤਾਈ ਗਈ, ਜਿਸ ਤੋਂ ਬਾਅਦ ਜੀ ਐਸ ਭਾਟੀਆ ਵਲੋਂ ਵੀ ਮੀਨੂੰ ਭੁੱਟਾ ਨੂੰ 2026-27 ਦੀ ਜੋਨ ਚੇਅਰਪਰਸਨ ਘੋਸ਼ਿਤ ਕੀਤਾ ਗਿਆ।

# ਮੁੱਖ ਮੰਤਰੀ ਸਿਹਤ ਬੀਮਾ ਕਾਰਡ ਲਈ ਪੰਜੀਕਰਣ ਵੱਖ-ਵੱਖ ਥਾਈਂ ਜਾਰੀ

**ਮੋਹਾਲੀ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਬੀਮਾ ਕਾਰਡ ਲਈ ਪੰਜੀਕਰਣ ਦਾ ਕੰਮ ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਜ਼ੋਰ-ਸ਼ੋਰ ਨਾਲ ਚੱਲ ਰਿਹਾ ਹੈ। ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਅਮਨਦੀਪ ਕੌਰ ਨੇ ਦੱਸਿਆ ਕਿ ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਤਹਿਤ ਹਰ ਪੰਜਾਬ ਵਾਸੀ ਦਾ ਸਿਹਤ ਕਾਰਡ ਬਣਾਇਆ ਜਾਣਾ ਹੈ। ਇਸ ਯੋਜਨਾ ਤਹਿਤ ਹਰ ਪਰਵਾਰ ਦਾ ਸਾਲ ਦਾ 10 ਲੱਖ ਰੁਪਏ ਤਕ ਦਾ ਸਿਹਤ ਬੀਮਾ ਕੀਤਾ ਜਾਵੇਗਾ। ਕਾਰਡ ਧਾਰਕ ਪਰਵਾਰ ਦੇ ਕਿਸੇ ਵੀ ਜੀਅ ਨੂੰ ਸਰਕਾਰੀ ਜਾਂ ਸੂਚੀਬੱਧ ਨਿੱਜੀ ਹਸਪਤਾਲ ਵਿਚ ਦਾਖ਼ਲ ਹੋਣ 'ਤੇ ਉਸ ਦਾ 10 ਲੱਖ ਰੁਪਏ ਤਕ ਦਾ ਡਾਕਟਰੀ ਇਲਾਜ ਬਿਲਕੁਲ ਮੁਫ਼ਤ ਹੋਵੇਗਾ। ਡਾ. ਸੰਗੀਤਾ ਜੈਨ ਨੇ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ ਦੀ ਅਗਵਾਈ ਹੇਠ ਜ਼ਿਲ੍ਹੇ ਵਿਚ ਵੱਖ-ਵੱਖ ਥਾਈਂ ਖੁੱਲ੍ਹੇ ਹੋਏ ਕਾਮਨ ਸਰਵਿਸ ਸੈਂਟਰਾਂ ਵਿਚ ਇਹ ਕਾਰਡ ਬਣਾਉਣ ਲਈ ਪੰਜੀਕਰਣ ਦਾ ਕੰਮ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਜ਼ਿਲ੍ਹਾ




ਹਸਪਤਾਲ ਮੋਹਾਲੀ ਵਿਚ ਵੀ ਪੰਜੀਕਰਣ ਦਾ ਕੰਮ ਸ਼ੁਰੂ ਹੋ ਗਿਆ ਹੈ। ਕਾਫ਼ੀ ਗਿਣਤੀ ਵਿਚ ਲੋਕ ਆ ਕੇ ਪੰਜੀਕਰਣ ਕਰਵਾ ਰਹੇ ਹਨ। ਉਨ੍ਹਾਂ ਦਸਿਆ ਕਿ ਜ਼ਿਲ੍ਹਾ ਹਸਪਤਾਲ ਵਿਚ ਸਭ ਤੋਂ ਪਹਿਲਾ ਸਫ਼ਲ ਪੰਜੀਕਰਣ ਦਵਿੰਦਰਪਾਲ ਸਿੰਘ ਦਾ ਹੋਇਆ ਹੈ, ਜਿਨ੍ਹਾਂ ਦੀ ਉਮਰ 60 ਸਾਲ ਹੈ ਅਤੇ ਉਹ ਮੋਹਾਲੀ ਸ਼ਹਿਰ ਦੇ ਰਹਿਣ ਵਾਲੇ ਹਨ। ਉਨ੍ਹਾਂ ਦਸਿਆ ਕਿ ਇਨ੍ਹਾਂ ਨੂੰ ਕੁੱਝ ਹੀ ਦਿਨਾਂ ਵਿਚ ਕਾਰਡ ਮਿਲ ਜਾਵੇਗਾ। ਉਨ੍ਹਾਂ ਕਿਹਾ ਕਿ ਸਿਹਤ ਕਾਰਡ ਬਣਾਉਣ ਦਾ ਚਾਹਵਾਨ ਵਿਅਕਤੀ ਪੰਜਾਬ ਦਾ ਵਸਨੀਕ ਹੋਣਾ ਚਾਹੀਦਾ ਹੈ। ਪੰਜੀਕਰਣ ਵਾਸਤੇ ਪਰਿਵਾਰ ਦੇ ਸਾਰੇ ਜੀਆਂ ਦਾ ਆਧਾਰ ਕਾਰਡ ਅਤੇ ਬਾਲਗਾਂ ਦਾ ਵੋਟਰ ਕਾਰਡ ਲੋੜੀਂਦਾ ਹੈ। ਪੰਜੀਕਰਣ ਸਫ਼ਲਤਾਪੂਰਵਕ ਹੋਣ ਦੇ ਕੁੱਝ ਦਿਨਾਂ ਬਾਅਦ ਵਿਅਕਤੀ ਨੂੰ ਸਿਹਤ ਬੀਮਾ ਕਾਰਡ ਪ੍ਰਾਪਤ ਹੋ ਜਾਵੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਰ ਪਰਵਾਰ ਸਿਹਤ ਬੀਮਾ ਕਾਰਡ ਬਣਵਾਏ ਅਤੇ ਪੰਜਾਬ ਸਰਕਾਰ ਦੁਆਰਾ ਦਿਤੀ ਜਾ ਰਹੀ ਇਸ ਬੇਮਿਸਾਲ ਸਹੂਲਤ ਦਾ ਫ਼ਾਇਦਾ ਲਵੇ। ਇਸ ਮੌਕੇ ਜ਼ਿਲ੍ਹਾ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਐਚ.ਐਸ.ਚੀਮਾ ਅਤੇ ਡਾ. ਪਰਮਿੰਦਰਜੀਤ ਸਿੰਘ, ਮੈਡੀਕਲ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਨਵਦੀਪ ਸੈਣੀ, ਆਰਥੋ ਸਰਜਨ ਡਾ. ਅਨੁਪਮ, ਐਪੀਡੀਮੋਲੋਜਿਸਟ ਡਾ. ਹਰਮਨਦੀਪ ਕੌਰ, ਡਾ. ਪਰਮਿੰਦਰ ਸੰਧੂ ਆਦਿ ਹਾਜ਼ਰ ਸਨ।

# ਨਨਕਾਣਾ ਸਾਹਿਬ ਸਕੂਲ 'ਚ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)**- ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਬੜੀ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪੂਰਾ ਸਕੂਲ ਬਸੰਤ ਦੀ ਰੰਗਤ ਵਿੱਚ ਰੰਗਿਆ ਹੋਇਆ ਨਜ਼ਰ ਆਇਆ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੀਲੇ ਪਹਿਰਾਵੇ ਪਾ ਕੇ ਇਸ ਤਿਉਹਾਰ ਨੂੰ ਖੁਸ਼ੀ ਨਾਲ ਮਨਾਇਆ। ਮੁੱਖ ਮਹਿਮਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਵਿਸ਼ੇਸ਼ ਮਹਿਮਾਨ ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਗਵਰਨਿੰਗ ਕੌਂਸਲ, ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਨੇ ਆਪਣੀ ਸਤਿਕਾਰਯੋਗ ਹਾਜ਼ਰੀ ਨਾਲ ਸਮਾਗਮ ਦੀ ਸ਼ਾਨ ਵਧਾਈ।ਵਿਦਿਆਰਥੀਆਂ ਵੱਲੋਂ ਬਸੰਤ ਪੰਚਮੀ ਦੀ ਮਹੱਤਤਾ ਨੂੰ ਦਰਸਾਉਂਦਾ ਵਿਸ਼ੇਸ਼ ਸਮਾਗਮ ਪੇਸ਼ ਕੀਤਾ ਗਿਆ, ਜਿਸ ਵਿੱਚ ਕਵਿਤਾਵਾਂ, ਭਾਸ਼ਣ ਆਦਿ ਸ਼ਾਮਲ ਸਨ। ਬੱਚਿਆਂ ਦੀ ਪ੍ਰਸਤੁਤੀ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਮਾਣਯੋਗ ਮਹਿਮਾਨਾਂ ਨੇ ਬਸੰਤ ਪੰਚਮੀ ਦੇ ਦਿਹਾੜੇ ਦੀ ਵਧਾਈ ਦਿੱਤੀ। ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੀ ਵਧਾਈ ਦਿੱਤੀ।

# ਦ ਨੋਬੇਲ ਸਕੂਲ 'ਚ ਗਣਤੰਤਰ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ



**ਕਰਤਾਰਪੁਰ (ਹਰਮੇਸ਼ ਦੱਤ)**

ਦ ਨੋਬੇਲ ਸਕੂਲ ਵਿਖੇ ਗਣਤੰਤਰ ਦਿਵਸ ਬੜੇ ਉਤਸ਼ਾਹ, ਮਾਣ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਵਿਹੜੇ ਵਿੱਚ ਝੰਡਾ ਲਹਿਰਾਉਣ ਨਾਲ ਹੋਈ, ਜਿਸ ਦੀ ਰਸਮ ਸਕੂਲ ਦੇ ਚੇਅਰਮੈਨ ਪ੍ਰੋ: ਸੀ ਐਲ ਕੋਛੜ, ਮੈਨੇਜਿੰਗ ਡਾਇਰੈਕਟਰ ਇੰਜੀਨੀਅਰ ਕੁਮਾਰ ਸ਼ਿਵ ਕੋਛੜ, ਡਾਇਰੈਕਟਰ ਮੈਮ ਸਰੋਜ ਸ਼ਰਮਾ, ਪ੍ਰਿੰਸੀਪਲ ਮੈਡਮ ਰਵਿੰਦਰ ਕੌਰ ਵੱਲੋਂ ਕੀਤੀ ਗਈ। ਇਸ ਮੌਕੇ ਸਟਾਫ ਦੇ ਮੈਂਬਰ ਨੀਰੂ ਮੈਮ ਛੇਵੀਂ ਦੇ ਵਿਦਿਆਰਥੀ ਏਕਮ ਕੌਰ ਦੁਆਰਾ ਕਵਿਤਾ ਗਾਈ ਗਈ। ਇਸ ਤੋਂ ਬਾਅਦ ਰਾਸ਼ਟਰੀ ਗੀਤ ਗਾਇਆ ਗਿਆ।ਇਸ ਸ਼ੁਭ ਮੌਕੇ ਸਕੂਲ ਦੇ ਚੇਅਰਮੈਨ ਪ੍ਰੋ: ਸੀ ਐਲ ਕੋਛੜ ਅਤੇ ਸਮੂਹ ਸਟਾਫ਼ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ। ਸਕੂਲ ਦੇ ਚੇਅਰਮੈਨ ਸਰ ਨੇ ਵਿਦਿਆਰਥੀਆਂ ਨੂੰ ਸੰਵਿਧਾਨ ਦੇ ਮਹੱਤਵਪੂਰਨ ਧਾਰਾਵਾਂ ਦੀ ਜਾਣਕਾਰੀ ਵੀ ਦਿੱਤੀ।

# ਹੁਸ਼ਿਆਰਪੁਰ ਬਸਪਾ ਮੀਟਿੰਗ 'ਚ ਪਿੰਡ-ਪਿੰਡ ਕੇਡਰ ਮਜ਼ਬੂਤ ਕਰਨ ਦਾ ਸੱਦਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਅਤੇ ਕੇਂਦਰੀ ਇੰਚਾਰਜ (ਬੀ.ਐਸ.ਪੀ. ਚੰਡੀਗੜ੍ਹ) ਵੱਲੋਂ ਅੱਜ ਹੁਸ਼ਿਆਰਪੁਰ ਵਿਖੇ ਵਿਧਾਨ ਸਭਾ ਦੇ ਵੱਖ-ਵੱਖ ਹਲਕਿਆਂ ਦੀਆਂ ਕਮੇਟੀਆਂ ਨਾਲ ਇੱਕ ਵਿਸ਼ੇਸ਼ ਸੰਗਠਨਾਤਮਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ



ਉਦੇਸ਼ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ ਅਤੇ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨਾ ਸੀ।ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਪੰਜਾਬ ਦੇ ਗੰਭੀਰ ਮੁੱਦਿਆਂ ਤੇ ਪਾਰਟੀ ਆਗੂਆਂ ਨੇ ਸੂਬੇ ਵਿੱਚ ਫੈਲੀ ਅਰਾਜਕਤਾ, ਨਸ਼ਿਆਂ ਅਤੇ ਬੇਰੁਜ਼ਗਾਰੀ 'ਤੇ ਚਿੰਤਾ ਪ੍ਰਗਟ ਕਰਦਿਆਂ ਪੰਜਾਬ ਸੰਭਾਲੋ ਮੁਹਿੰਮ ਨੂੰ ਤੇਜ਼ ਕਰਨ ਦਾ ਐਲਾਨ ਕੀਤਾ। ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣ ਲਈ ਚਾਹ 'ਤੇ ਚਰਚਾ ਪ੍ਰੋਗਰਾਮ ਉਲੀਕਿਆ ਗਿਆ ਹੈ। ਇਸ ਰਾਹੀਂ ਬਸਪਾ ਦੀਆਂ ਨੀਤੀਆਂ ਅਤੇ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਫਲਸਫੇ ਨੂੰ ਘਰ-ਘਰ ਪਹੁੰਚਾਇਆ ਜਾਵੇਗਾ।ਹਰੇਕ ਪਿੰਡ ਅਤੇ ਸ਼ਹਿਰਾਂ ਦੇ ਮਹੱਲਿਆਂ ਵਿੱਚ ਬਸਪਾ ਦੇ ਮਜ਼ਬੂਤ ਯੂਨਿਟ ਬਣਾਉਣ ਲਈ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ ਤਾਂ ਜੋ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਇੱਕ ਵੱਡੀ ਤਾਕਤ ਵਜੋਂ ਉਭਰ ਸਕੇ।ਕਰੀਮਪੁਰੀ ਨੇ ਕਿਹਾ ਸਾਡਾ ਨਿਸ਼ਾਨਾ ਹਰ ਪਿੰਡ ਵਿੱਚ ਬਸਪਾ ਦਾ ਝੰਡਾ ਬੁਲੰਦ ਕਰਨਾ ਅਤੇ ਦੱਬੇ-ਕੁਚਲੇ ਲੋਕਾਂ ਦੀ ਆਵਾਜ਼ ਨੂੰ ਵਿਧਾਨ ਸਭਾ ਤੱਕ ਪਹੁੰਚਾਉਣਾ ਹੈ। ਪੰਜਾਬ ਦੇ ਮੌਜੂਦਾ ਹਾਲਾਤ ਵਿੱਚ ਸਿਰਫ਼ ਬਸਪਾ ਹੀ ਇੱਕ ਬਦਲ ਪੇਸ਼ ਕਰ ਸਕਦੀ ਹੈ। ਮੀਟਿੰਗ ਦੇ ਅੰਤ ਵਿੱਚ ਸਮੂਹ ਹਲਕਾ ਇੰਚਾਰਜਾਂ ਅਤੇ ਕਮੇਟੀ ਮੈਂਬਰਾਂ ਨੂੰ ਕਿਹਾ ਗਿਆ ਕਿ ਉਹ ਤੁਰੰਤ ਆਪਣੇ-ਆਪਣੇ ਖੇਤਰਾਂ ਵਿੱਚ ਜਾ ਕੇ ਜਨਤਕ ਰਾਬਤਾ ਮੁਹਿੰਮ ਸ਼ੁਰੂ ਕਰਨ। ਇਸ ਮੌਕੇ ਪੰਜਾਬ ਇੰਚਾਰਜ ਗੁਰਨਾਮ ਚੌਧਰੀ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ਼ ਸਕੱਤਰ ਪੰਜਾਬ, ਸਟੇਟ ਸੈਕਟਰੀ ਸੁਖਦੇਵ ਬਿੱਟਾ, ਜ਼ਿਲ੍ਹਾ ਪ੍ਰਧਾਨ ਦਲਜੀਤ ਰਾਏ, ਜ਼ਿਲ੍ਹਾ ਜਨਰਲ ਸਕੱਤਰ ਐਡਵੋਕੇਟ ਧਰਮਿੰਦਰ ਦਾਦਰਾ, ਵਿਧਾਨ ਸਭਾ ਪ੍ਰਧਾਨ ਸੁਰਜੀਤ ਮਹਿਮੀ ਅਤੇ ਹੋਰ ਆਗੂ ਹਾਜ਼ਰ ਸਨ।

# 52ਵਾਂ ਖ਼ੂਨਦਾਨ ਕੈਂਪ ਲਗਾਇਆ



**ਆਦਮਪੁਰ (ਪਰਮਜੀਤ ਸਿੰਘ)**-ਬੀਤੇ ਦਿਨੀਂ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਸਾਹਿਬ ਪਿੰਡ ਡਰੋਲੀ ਕਲਾਂ ਆਦਮਪੁਰ ਦੁਆਬਾ ਵਿੱਖੇ ਧੰਨ ਧੰਨ ਸ਼ਹੀਦ ਬਾਬਾ ਮੱਤੀ ਸਾਹਿਬ ਦੇ ਸ਼ਹੀਦੀਂ ਸਮਾਗਮਾਂ ਨੂੰ ਬੜੀ ਹੀ ਚੜ੍ਹਦੀਕਲਾ ਨਾਲ ਮਨਾਉਂਦਿਆਂ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੀ ਯੋਗ ਅਗਵਾਈ ਵਿੱਚ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ. ਪੰਜਾਬ ਪਿੰਡ ਡਰੋਲੀ ਕਲਾਂ ਦੀ ਸਮੁੱਚੀ ਟੀਮ ਦੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ, ਸੈਕਟਰੀ ਮਨਪ੍ਰੀਤ ਸਿੰਘ ਧੀਰੋਵਾਲ, ਸਰਪੰਚ ਸੁੱਖੀ ਦਾਊਦਪੁਰੀਆ, ਸੇਵਾਦਾਰ ਵੀਰ ਟੋਨੀ ਕੰਦੋਲਾ, ਸਰਪੰਚ ਰਛਪਾਲ ਸਿੰਘ, ਸਰਪੰਚ ਬਿੱਲੂ ਕਾਲਰਾ ਦੀ ਦੇਖ ਰੇਖ ਹੇਠ ਲਗਵਾਇਆ ਗਿਆ। ਇਸ ਦੌਰਾਨ ਤਹਿਸੀਲ ਸਹਿਬਾਨ ਐਸ ਡੀ ਓ ਆਦਮਪੁਰ, ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦੇ ਨਾਲ ਨਾਲ ਹੋਰ ਬਹੁਤ ਸਾਰੀਆਂ ਨਾਮਵਰ ਸ਼ਖ਼ਸੀਅਤਾਂ ਗੁਰੂ ਘਰ ਨਤਮਸਤਿਕ ਹੋਈਆਂ।

# ਫਾਟਕਾਂ ਵਿਚਕਾਰ ਇੱਟਾਂ ਨਾਲ ਭਰੀ ਟਰਾਲੀ ਫਸੀ

**ਫਿਲੌਰ, (ਨਿਰਮਲ)** - ਫਿਲੌਰ ਦੇ ਰੇਲਵੇ ਫਾਟਕਾਂ 'ਤੇ ਉਸ ਸਮੇਂ ਹਲਚਲ ਮਚ ਗਈ ਜਦੋਂ ਇੱਟਾਂ ਨਾਲ ਭਰੀ ਇੱਕ ਟਰੈਕਟਰ-ਟਰਾਲੀ ਫਾਟਕਾਂ ਦੇ ਵਿਚਕਾਰ ਫਸ ਗਈ। ਟਰੈਕਟਰ-ਟਰਾਲੀ ਦੇ ਡਰਾਈਵਰ ਸੰਜੇ ਨੇ ਦੱਸਿਆ ਕਿ ਉਹ ਇੱਕ ਨਿੱਜੀ ਇੱਟ ਭੱਠੇ ਤੋਂ ਇੱਟਾਂ ਭਰ ਕੇ ਨੂਰਮਹਿਲ ਰੋਡ ਵੱਲ ਜਾ ਰਿਹਾ



ਸੀ।ਭਾਰੀ ਮੀਂਹ ਕਾਰਨ ਮਿੱਟੀ ਪੋਲੀ ਹੋਣ ਨਾਲ ਫਾਟਕਾਂ ਦੇ ਨਜ਼ਦੀਕ ਟਰਾਲੀ ਦਾ ਪਹੀਆ ਮਿੱਟੀ ਵਿੱਚ ਧੱਸ ਗਿਆ, ਜਿਸ ਕਾਰਨ ਟਰਾਲੀ ਵਿਚਕਾਰ ਹੀ ਅਟਕ ਗਈ।ਘਟਨਾ ਦੌਰਾਨ ਦੋਵਾਂ ਪਾਸਿਆਂ ਤੋਂ ਆ ਰਹੀਆਂ ਰੇਲਗੱਡੀਆਂ ਨੂੰ ਸਾਵਧਾਨੀ ਵਜੋਂ ਹੌਲੀ ਗਤੀ ਨਾਲ ਲੰਘਾਇਆ ਗਿਆ। ਮੌਕੇ 'ਤੇ ਹੈਡਰਾ ਕਰੇਨ ਦੀ ਮਦਦ ਨਾਲ ਟਰਾਲੀ ਨੂੰ ਬਾਹਰ ਕੱਢ ਲਿਆ ਗਿਆ, ਜਿਸ ਨਾਲ ਕਿਸੇ ਵੀ ਵੱਡੇ ਹਾਦਸੇ ਤੋਂ ਬਚਾਅ ਹੋ ਗਿਆ।

# ਪ੍ਰਕਾਸ਼ ਦਿਹਾੜੇ 'ਤੇ ਰਿਲੀਜ਼ ਹੋਵੇਗੀ ਪੁਸਤਕ 'ਬੱਚਿਆਂ ਦੇ ਪ੍ਰੇਰਨਾਸਰੋਤ ਕ੍ਰਾਂਤੀਕਾਰੀ ਸਤਿਗੁਰੂ ਰਵਿਦਾਸ ਮਹਾਰਾਜ'

**ਅਲਾਵਲਪੁਰ (ਮਦਨ ਬੰਗੜ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 649ਵੇਂ ਪ੍ਰਕਾਸ਼ ਦਿਹਾੜੇ 'ਤੇ ਅਨੇਕਾਂ ਪੁਸਤਕਾਂ ਦੇ ਰਚੇਤਾ, ਬਹੁਜਨ ਚਿੰਤਕ ਪ੍ਰਸਿੱਧ ਲੇਖਕ ਤੇ ਗੀਤਕਾਰ ਰਾਜੇਸ਼ ਭਬਿਆਣਾ ਆਪਣੀ ਨਵੀਂ ਪੁਸਤਕ 'ਬੱਚਿਆਂ ਦੇ ਪ੍ਰੇਰਨਾ ਸਰੋਤ ਕ੍ਰਾਂਤੀਕਾਰੀ ਸਤਿਗੁਰੂ ਰਵਿਦਾਸ ਮਹਾਰਾਜ ਜੀ' ਲੈ ਕੇ ਹਾਜ਼ਰ ਹੋ ਰਿਹਾ ਹੈ। ਇਹ ਪੁਸਤਕ ਛੋਟੇ ਬੱਚਿਆਂ ਨੂੰ ਮਿਸ਼ਨ ਨਾਲ ਜੋੜਨ ਲਈ ਤਿਆਰ ਕੀਤੀ ਗਈ ਹੈ ਸੋ ਸਲਾਹੁਣਯੋਗ ਹੈ । ਇਹ ਪੁਸਤਕ ਜਿੱਥੇ ਸਤਿਗੁਰੂ ਰਵਿਦਾਸ ਮਹਾਰਾਜ ਦੇ ਬੇਗ਼ਮਪੁਰੇ ਦੇ ਫਲਸਫੇ ਤੋਂ ਜਾਣੂ ਕਰਵਾਉਂਦੀ ਹੈ ਉੱਥੇ ਹੀ ਆਪਸੀ ਪਿਆਰ ਸਾਂਝੀਵਾਲਤਾ ਅਤੇ ਭਾਈਚਾਰਕ ਸਾਂਝ ਦਾ ਸੁਨੇਹਾ ਵੀ ਦਿੰਦੀ ਹੈ । ਪੁਸਤਕ ਵਿੱਚ ਲੇਖਕ ਨੇ ਵਹਿਮਾਂ ਭਰਮਾਂਠ, ਪਖੰਡਾਂ ਨੂੰ ਸਿਰੇ ਤੋਂ ਨਕਾਰਿਆ ਹੈ ।ਬੱਚਿਆਂ ਦੇ ਪ੍ਰੇਰਨਾ ਸਰੋਤ ਕ੍ਰਾਂਤੀਕਾਰੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਹਰ ਇਨਸਾਨ ਨੂੰ ਜਾਤ-ਪਾਤ, ਊਚ-ਨੀਚ, ਭੇਦ-ਭਾਵ ਤੋਂ ਉੱਪਰ ਉੱਠ ਕੇ ਇਨਸਾਨੀਅਤ ਵਾਲਾ ਜੀਵਨ ਬਤੀਤ ਕਰਨਾ ਸਿਖਾਉਂਦੇ ਹਨ। ਇਹ ਪੁਸਤਕ ਮਾਨਵਤਾਵਾਦੀ ਸੋਚ ਅਤੇ ਜਨ ਜਾਗ੍ਰਿਤੀ ਦਾ ਹੋਕਾ ਲਾਉਂਦੀ ਹੈ। ਉਮੀਦ ਹੈ ਲੇਖਕ ਦੀਆਂ ਪਹਿਲੀਆਂ ਪੁਸਤਕਾਂ ਵਾਂਗ ਇਹ ਪੁਸਤਕ ਵੀ ਅਮਿੱਟ ਛਾਪ ਛੱਡੇਗੀ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਰਾਸ਼ਟਰੀ ਬਾਲੜੀ ਦਿਵਸ ਮਨਾਇਆ

**ਨਵਾਂਸ਼ਹਿਰ (ਮਨੋਜ ਲਾਡੀ)**- ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ. ਏ. ਐਸ. ਨਗਰ ਤੋਂ ਪ੍ਰਾਪਤ ਦਿਸ਼ਾ ਨਿਰਦੇਸ਼ਾ ਅਤੇ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਮਿਸ ਪ੍ਰਿਆ ਸੂਦ ਦੀਆਂ ਹਦਾਇਤਾਂ ਤਹਿਤ ਮਾਣਯੋਗ ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ, ਕਾਨੂੰਨੀ ਸੇਵਾਵਾਂ ਅਥਾਰਟੀ ਸ਼ਹੀਦ ਭਗਤ ਸਿੰਘ ਡਾ. ਅਮਨਦੀਪ ਦੀ ਅਗਵਾਈ ਹੇਠ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਿਤੀ 24 ਜਨਵਰੀ ਨੂੰ ਸਰਕਾਰੀ ਸਕੂਲ




ਪਿੰਡ ਮੁਬਾਰਕਪੁਰ ਵਿਖੇ ਰਾਸ਼ਟਰੀ ਬਾਲੜੀ ਦਿਵਸ ਮਨਾਇਆ ਗਿਆ ਅਤੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ । ਇਸ ਤੋਂ ਇਲਾਵਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਚਲਾਏ ਜਾ ਰਹੇ ਕਾਨੂੰਨੀ ਸਹਾਇਤਾ ਕਲੀਨਿਕ ਪਿੰਡ ਕਜਲਾ, ਪਿੰਡ ਕਾਠਗੜ੍ਹ, ਪਿੰਡ ਭੰਗਲ ਕਲਾਂ ਅਤੇ ਐਮ ਪਬਲਿਕ ਸਕੂਲ ਰਾਹੋਂ, ਆਂਗਨਵਾੜੀ ਸੈਂਟਰ ਮੁਹੱਲਾ ਸਰਾਫਾਂ ਰਾਹੋਂ ਵਿਖੇ ਜਾਗਰੂਕਤਾ ਸੈਮੀਨਾਰ ਆਯੋਜਿਤ ਕੀਤੇ ਗਏ। ਇਸ ਮੌਕੇ ਦਫਤਰ ਦੇ ਪੈਨਲ ਐਡਵੋਕੇਟ ਐਮ.ਪੀ. ਨਈਅਰ ਅਤੇ ਪੈਰਾ ਲੀਗਲ ਵਲੰਟੀਅਰਜ਼ ਦੇਸ ਰਾਜ ਬਾਲੀ, ਪਰਮਜੀਤ ਕੌਰ, ਜਸਵਿੰਦਰ ਕੌਰ, ਅਵਤਾਰ ਚੰਦ ਚੁੰਬਰ, ਬਲਦੇਵ ਭਾਰਤੀ ਅਤੇ ਮਿਸ ਸਿਮਰਨ ਜੋਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਅਤੇ ਆਮ ਲੋਕਾਂ ਨੂੰ ਦੱਸਿਆ ਕਿ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ. ਏ. ਐਸ. ਨਗਰ ਤੋਂ ਪ੍ਰਾਪਤ ਦਿਸ਼ਾ ਨਿਰਦੇਸ਼ਾ ਤਹਿਤ ਅੱਜ ਰਾਸ਼ਟਰੀ ਬਾਲੜੀ ਦਿਵਸ ਮਨਾ ਰਹੇ ਅਤੇ ਜਾਗਰੂਕਤਾ ਪ੍ਰੋਗਰਾਮ ਕਰ ਰਹੇ ਹਾਂ । ਉਹਨ੍ਹਾਂ ਵੱਲੋ ਦੱਸਿਆ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਦਾ ਮੁੱਖ ਮਨੋਰਥ ਆਮ ਲੋਕਾਂ ਵਿੱਚ ਬਾਲ ਵਿਆਹ ਦੀ ਮਨਾਹੀ ਅਤੇ ਰੋਕਥਾਮ ਬਾਰੇ ਕਾਨੂੰਨੀ ਜਾਗਰੂਕਤਾ ਪੈਦਾ ਕਰਨਾ, ਬਾਲ ਵਿਆਹ ਦੇ ਕਾਨੂੰਨ ਸਬੰਧੀ, ਸਮਾਜਿਕ ਅਤੇ ਸਿਹਤ ਨਤੀਜਿਆਂ ਬਾਰੇ ਭਾਈਚਾਰਿਆਂ ਨੂੰ ਜਾਗਰੂਕਤ ਕਰਨਾ ਹੈ । ਇਸ ਤੋਂ ਇਲਾਵਾ ਬਾਲੜੀ ਦਿਵਸ ਦੀ ਮਹੱਤਤਾ ਅਤੇ ਬੱਚੀਆਂ ਨਾਲ ਸੰਬੰਧਿਤ ਕਾਨੂੰਨਾਂ ਅਤੇ ਭਲਾਈ ਸਕੀਮਾਂ ਸਬੰਧੀ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਆਮ ਲੋਕਾਂ ਨੂੰ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪ੍ਰਦਾਨ ਵੱਖ ਵੱਖ ਸਕੀਮਾਂ ਬਾਰੇ, ਮੁਫਤ ਕਾਨੂੰਨੀ ਸੇਵਾਵਾਂ ਬਾਰੇ, ਟੋਲ ਫਰੀ ਨੰਬਰ 15100 ਅਤੇ ਹੋਰ ਸਰਕਾਰ ਦੀਆਂ ਬੇਟੀਆਂ ਲਈ ਭਲਾਈ ਸਕੀਮਾਂ ਬੇਟੀ ਬਚਾਓ ਬੇਟੀ ਪੜ੍ਹਾਓ, ਸੁਕੰਨਿਆ ਸਮ੍ਰਿੱਧੀ ਯੋਜਨਾ, ਪੋਸ਼ਣ ਅਭਿਆਨ/ਮਿਸ਼ਨ ਪੋਸ਼ਣ 2.0, ਲੜਕੀਆਂ ਦੀ ਸਿੱਖਿਆ, ਸਿਹਤ ਅਤੇ ਭਲਾਈ ਲਈ ਰਾਜ-ਵਿਸ਼ੇਸ਼ ਯੋਜਨਾਵਾਂ ਬਾਰੇ ਜਾਗਰੂਕ ਕੀਤਾ ਗਿਆ ।

# ਚਾਂਦੀ ਰਾਮ ਦੀ ਬਰਸੀ ਮਨਾਈ

**ਆਦਮਪੁਰ (ਪਰਮਜੀਤ ਸਿੰਘ)**- ਪੰਜਾਬੀ ਸੰਗੀਤ ਜਗਤ ਦੇ ਬ੍ਰਹਿਮੰਡ ਵਿੱਚ ਧਰੁਵ ਤਾਰੇ ਵਾਂਗ ਅਮਿੱਟ ਸ਼ਾਨਦਾਰ ਗੌਰਵਮਈ ਹੋਂਦ ਸਥਾਪਤ ਕਰਨ ਵਾਲੇ ਮਹਾਨ ਧੰਨੰਤਰ ਗਾਇਕ ਅਤੇ ਗੀਤਕਾਰ ਸਤਿਕਾਰਯੋਗ ਮਰਹੂਮ ਚਾਂਦੀ ਰਾਮ ਚਾਂਦੀ ਦੀ ਬਰਸੀ ਮਰਹੂਮ ਚਾਂਦੀ ਰਾਮ ਚਾਂਦੀ ਸੱਭਿਆਚਾਰਕ ਮੰਚ ਵਲੋਂ ਪ੍ਰਸਿੱਧ ਲੋਕ ਗਾਇਕ ਪਾਲ ਪੰਜਾਬੀ ਦੀ ਅਗਵਾਈ ਵਿੱਚ ਪੰਜਾਬੀ ਭਵਨ ਲੁਧਿਆਣਾ ਵਿਖੇ ਮਨਾਈ ਗਈ ਹੈ।ਇਸ ਸਮਾਗਮ ਵਿੱਚ ਪੰਜਾਬੀ ਸੰਗੀਤ ਉਦਯੋਗ ਦੀ ਸੀਨੀਅਰ ਸਿਰਮੌਰ ਵਿਸ਼ਵ ਪ੍ਰਸਿੱਧ ਫਿਲਮੀ ਗਾਇਕਾ ਸਤਿਕਾਰਯੋਗ ਰਣਜੀਤ ਕੌਰ ਨੂੰ ਮਰਹੂਮ ਗਾਇਕਾ ਸਤਿਕਾਰਯੋਗ ਸ਼ਾਂਤੀ ਦੇਵੀ ਪੁਰਸਕਾਰ ਨਾਲ ਨਿਵਾਜਿਆ ਗਿਆ । ਇਸ ਬਰਸੀ ਦਾ ਅਗਾਜ਼ ਡਾ. ਗੁਲਜਾਰ ਸਿੰਘ ਪੰਧੇਰ ਜਨਰਲ ਸਕੱਤਰ ਪੰਜਾਬੀ ਸਾਹਿਤ ਐਕਡਮੀ ਲੁਧਿਆਣਾ ਨੇ ਕੀਤਾ । ਮੰਚ ਦੀ ਸ਼ੁਰੂਆਤ ਸੁਆਗਤੀ ਭਾਸ਼ਣ ਮੇਲੇ ਦੇ ਸਰਪ੍ਰਸਤ ਸੁਰਿੰਦਰ ਸੇਠੀ ਚੇਅਰਮੈਨ ਪੰਜਾਬੀ ਵਿਰਾਸਤ ਸਭਿਆਚਾਰ ਮੰਚ ਨੇ ਕੀਤਾ । ਇਸ ਮੌਕੇ ਸੰਗੀਤਕ ਮੰਚ ਦੀ ਆਰੰਭਤਾ ਉਸਤਾਦ ਮਰਹੂਮ ਚਾਂਦੀ ਰਾਮ ਚਾਂਦੀ ਦੇ ਸ਼ਗਿਰਦ ਗਾਇਕ ਮਿੱਠਾ ਸਿੰਘ ਨੇ ਮਾਣਮੱਤੀ ਸ਼ਰਧਾਂਜਲੀ ਦੇ ਕੇ ਕੀਤੀ। ਵਿਸ਼ਵ ਪ੍ਰਸਿੱਧ



ਕਵਿੱਤਰੀ ਅਤੇ ਸਾਹਿਤਕਾਰ ਸਤਿਕਾਰਯੋਗ ਬਲਜੀਤ ਘੋਲੀਆ ਨੇ ਚਾਂਦੀ ਰਾਮ ਚਾਂਦੀ ਦੀ ਜੀਵਨੀ 'ਤੇ ਪਰਚਾ ਪੜ੍ਹ ਕੇ ਸਭ ਨੂੰ ਗਮਗੀਨ ਕਰ ਦਿੱਤਾ । ਗਾਇਕਾ ਬੀਬੀ ਰਣਜੀਤ ਕੌਰ ਨੇ ਕਿਹਾ ਕਿ ਮੈਂ ਇਸ ਹਰਮਨ ਪਿਆਰੀ ਦੋਗਾਨਿਆਂ ਦੀ ਸੁਪਰਹਿੱਟ ਜੋੜੀ ਨੂੰ ਬਚਪਨ ਵਿੱਚ ਸੁਣ ਕੇ ਗਾਉਂਦੀ ਰਹੀ ਹਾਂ । ਮੁੱਖ ਮਹਿਮਾਨ ਨੇਤਾ ਜੀ ਸੌਂਧੀ ਨੇ ਰਣਜੀਤ ਕੌਰ ਦੇ ਚਰਨ ਬੰਦਨਾ ਕਰਕੇ ਸਤਿਕਾਰ ਸਹਿਤ ਨਿਵਾਜਿਆ ।ਇਸ ਮੌਕੇ ਸਾਹਿਤਕਾਰ ਅਤੇ ਗੀਤਕਾਰ ਹਰਦਿਆਲ ਸਿੰਘ ਬੂਹੀ ਵਲੋਂ ਮਾਰਕੀਟ ਵਿੱਚ ਆਈਆਂ ਪੁਸਤਕਾਂ ਦੀ ਪ੍ਰਦਰਸ਼ਨੀ ਲਗਾਈ ਗਈ । ਇਸ ਦੇ ਨਾਲ ਹੀ ਗੋਰਾ ਢੇਸੀ ਦਾ ਵੀ ਸ਼ਿਰਕਤ ਕਰਨ 'ਤੇ ਵਿਸ਼ੇਸ਼ ਸਨਮਾਨ ਪੁਰਸਕਾਰ ਭੇਟ ਕੀਤਾ ਹੈ। ਇਸ ਸਮਾਗਮ 'ਚ ਉਸਤਾਦ ਚਾਂਦੀ ਰਾਮ ਚਾਂਦੀ ਦੇ ਸਪੁੱਤਰ ਸੰਜੀਵ ਚਾਂਦੀ ਅਤੇ ਨੂੰਹ ਰਾਣੀ ਵੀ ਪਧਾਰੇ । ਗੁਰਬਖਸ਼ ਸਿੰਘ ਸੂਬਾ ਜ਼ਿਲਾ ਜੰਗਲਾਤ ਅਫਸਰ ਜਲੰਧਰ ਵਿਸ਼ੇਸ਼ ਤੌਰ 'ਤੇ ਸ਼ਿਕਰਤ ਕਰਨ ਲਈ ਪੁਹੰਚੇ ।ਠੇਕੇਦਾਰ ਰਾਜ ਕੁਮਾਰ ਬਲਾਚੌਰ ਵਾਲੇ ਸਮਾਜ ਸੇਵੀ ਆਪਣੇ ਪਰਵਾਰ ਸਮੇਤ ਪੁਹੰਚੇ। ਸਭਿਆਚਾਰ ਦੇ ਸੀਨੀਅਰ ਪ੍ਰਤੀਨਿਧੀ ਸੁਰਿੰਦਰ ਸੇਠੀ ਨੇ ਕਿਹਾ ਕਿ ਵਾਅਦਾ ਕਰੋ ਇਹ ਮੇਲਾ ਤੁਸੀਂ ਹੋਰ ਉੱਚੀਆ ਬੁਲੰਦੀਆਂ ਤੱਕ ਲੈ ਜਾਵੋਗੇ। ਉਸਤਾਦ ਚਾਂਦੀ ਰਾਮ ਦੇ ਸ਼ਗਿਰਦ ਭਾਈ ਰੌਸ਼ਨ ਸਾਗਰ ਨੇ ਮੰਚ 'ਤੇ ਸੇਠੀ ਦੀ ਤੰਦਰੁਸਤੀ ਦੀ ਕਾਮਨਾ ਕਰਨ ਲਈ ਸਭ ਨੂੰ ਬੇਨਤੀ ਕੀਤੀ । ਮੰਚ ਵਲੋ ਸਭ ਦਾ ਵਡੇਰਾ ਸੁਆਗਤ ਅਤੇ ਵਿਸ਼ੇਸ਼ ਸਨਮਾਨ ਕੀਤਾ ਹੈ । ਲੋਕ ਗਾਇਕ ਸੁਖ ਚਮਕੀਲਾ, ਲੋਕ ਗਾਇਕ ਜਸਵੀਰ ਜੱਸ ਅਤੇ ਭਾਈ ਰੌਸ਼ਨ ਸਾਗਰ ਇਸ ਬਰਸੀ ਵਿੱਚ ਸਹਿਯੋਗ ਕਰਨ ਵਿੱਚ ਨਜ਼ਰ ਆਏ । ਇਹ ਸਮੇ ਮੰਚ ਸੰਚਾਲਨ ਗੁਰਮੇਲ ਸਿੰਘ ਮੇਲ ਸਿਆੜ ਨੇ ਕੀਤਾ । ਉਸਤਾਦ ਚਾਂਦੀ ਰਾਮ ਚਾਂਦੀ ਦੇ ਸ਼ਗਿਰਦਾਂ ਆਪਣੇ ਮੁਰਸ਼ਦ ਨੂੰ ਗੀਤ ਗਾ ਕੇ ਸ਼ਰਧਾਂਜਲੀ ਭੇਟ ਕੀਤੀ । ਅਮਿੱਟ ਪੈੜਾ ਛੱਡਦਾ ਹੋਇਆ ਇਹ ਸ਼ਾਨਦਾਰ ਸਮਾਗਮ ਸਮਾਪਤ ਹੋਇਆ।

26-Jan-PAGE-10-Majha-26.qxd 1/25/2026 9:40 PM Page 1



# ਕਿਸਾਨ ਅੰਦੋਲਨ ਦੇ ਇਤਿਹਾਸਕ ਦਿਹਾੜੇ ਨੂੰ ਸਮਰਪਤ ਟਰੈਕਟਰ ਮਾਰਚ



ਅਜਨਾਲਾ (ਸੁਖਜਿੰਦਰ ਸਿੰਘ ਰਾਜੂ)-ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਵਿਆਪੀ ਸੱਦੇ 'ਤੇ ਕਿਸਾਨ ਮੋਰਚੇ ਦੀ ਪੰਜਵੀਂ ਵਰ੍ਹੇਗੰਢ 'ਤੇ ਆਰ.ਐਸ.ਐਸ.-ਬੀ ਜੇ ਪੀ ਦੀ ਮੋਦੀ ਸਰਕਾਰ ਵੱਲੋਂ ਕਿਸਾਨ-ਮਜ਼ਦੂਰ ਵਿਰੋਧੀ ਲਿਆਂਦੇ ਗਏ ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ 2025 ਨੂੰ ਵਾਪਸ ਕਰਵਾਉਣ ਅਤੇ ਲੇਬਰ ਵਿਰੋਧੀ ਚਾਰ ਕੋਡਾਂ ਰੱਦ ਕਰਾਉਣ ਤੇ ਇਸ ਤਰ੍ਹਾਂ ਮਨਰੇਗਾ ਸਕੀਮ ਦਾ ਮੂਲ ਰੂਪ ਬਹਾਲ ਕਰਾਉਣ ਲਈ ਲੋਕ ਸਮਰਥਨ ਜੁਟਾਉਣ ਲਈ ਜਿਹੜਾ ਪਿੰਡ ਪਿੰਡ ਟਰੈਕਟਰ ਮਾਰਚ 26 ਜਨਵਰੀ ਨੂੰ ਕੀਤਾ ਜਾ ਰਿਹਾ ਹੈ ਉਸ ਦੀਆਂ ਤਿਆਰੀਆਂ ਲੱਗਭਗ ਮੁਕੰਮਲ ਹੋ ਗਈਆਂ ਹਨ। ਅਜਿਹੀ ਜਾਣਕਾਰੀ ਪਿੰਡਾਂ ਵਿੱਚੋਂ ਪ੍ਰਾਪਤ ਹੋਈਆਂ ਰਿਪੋਰਟਾਂ ਦੇ ਅਧਾਰ 'ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਅਜਨਾਲਾ ਵਿਖੇ ਕਿਸਾਨਾਂ ਮਜ਼ਦੂਰਾਂ ਦੀ ਲਖਬੀਰ ਸਿੰਘ ਤੇੜਾਂ ਦੀ ਪ੍ਰਧਾਨਗੀ ਵਿੱਚ ਵਿਸ਼ੇਸ਼ ਬੁਲਾਈ ਗਈ ਇਕੱਤਰਤਾ ਵਿੱਚ ਬੋਲਦਿਆਂ ਦੱਸਿਆ ਕਿ ਦਿੱਲੀ ਕਿਸਾਨ ਮੋਰਚੇ ਵੇਲੇ ਜਿਹੜੇ ਤਿੰਨ ਕਿਸਾਨ ਵਿਰੋਧੀ ਕਾਲੇ ਕਾਨੂੰਨ ਰੱਦ ਕਰਵਾਏ ਸਨ, ਇਹ ਬਿੱਲ ਤੇ ਕਾਨੂੰਨ ਉਹਨਾਂ ਨਾਲੋਂ ਵੀ ਵੱਧ ਧਰਤੀ ਤੇ ਕਿਸਾਨ ਮਜ਼ਦੂਰ ਵਿਰੋਧੀ ਹਨ। ਬਿਜਲੀ ਬਿੱਲ ਕਾਨੂੰਨ ਬਣਨ ਨਾਲ ਬਿਜਲੀ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਜਾਵੇਗੀ, ਬੀਜ ਬਿੱਲ ਪਾਸ ਹੋਣ ਨਾਲ ਸਾਰੇ ਦੇਸ਼ ਦੀ ਖੇਤੀ ਬਾੜੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗੀ। ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਮਜ਼ਦੂਰਾਂ ਨੇ ਆਪਣਾ ਖੂਨ ਡੋਲ੍ਹ ਕੇ ਪਿਛਲੇ ਸੌ ਸਾਲਾਂ ਵਿੱਚ ਜਿਹੜੇ ਮਜ਼ਦੂਰ ਪੱਖੀ 29 ਕਾਨੂੰਨ ਬਣਵਾਏ ਸਨ ਉਹ ਤੋੜ ਦਿੱਤੇ ਗਏ ਹਨ ਤੇ ਮਜ਼ਦੂਰਾਂ ਦੀ ਦਿਹਾੜੀ 12 ਘੰਟੇ ਕਰ ਦਿੱਤੀ ਗਈ ਹੈ। ਅਜਿਹਾ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਇਸ ਸਮੇਂ ਦਿਹਾਤੀ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਸ਼ੀਤਲ ਸਿੰਘ ਤਲਵੰਡੀ ਨੇ ਕਿਹਾ ਕਿ ਜਿਹੜਾ ਪੇਂਡੂ ਖੇਤਰਾਂ 'ਚ ਥੋੜ੍ਹਾ ਬਹੁਤਾ ਮਨਰੇਗਾ ਸਕੀਮ ਹੇਠ ਗਰੀਬਾਂ ਮਜ਼ਦੂਰਾਂ ਨੂੰ ਰੁਜ਼ਗਾਰ ਮਿਲਦਾ ਸੀ ਉਹ ਵੀ ਲੋਕ ਵਿਰੋਧੀ ਮੋਦੀ ਸਰਕਾਰ ਵੱਲੋਂ ਸਵਰੂਪ ਬਦਲਣ ਨਾਲ ਮਜ਼ਦੂਰਾਂ ਵਿੱਚ ਭਾਰੀ ਗੁੱਸਾ ਪਾਇਆ ਜਾ ਰਿਹਾ ਹੈ। ਮਜ਼ਦੂਰ ਤਾਂ ਮੰਗ ਕਰ ਰਹੇ ਹਨ ਕਿ ਮਨਰੇਗਾ ਸੌ ਦਿਨ ਦੀ ਬਜਾਏ ਸਾਰਾ ਸਾਲ ਚਲਾਈ ਜਾਵੇ ਤੇ 700 ਰੁਪਏ ਦਿਹਾੜੀ ਦਿੱਤੀ ਜਾਵੇ। ਇਸ ਮੌਕੇ ਸਮੂਹ ਬੁਲਾਰਿਆਂ ਨੇ ਪ੍ਰਣ ਲਿਆ ਕਿ ਉਹ ਉਕਤ ਚਾਰੇ ਕਨੂੰਨ ਜਿਨਾ ਚਿਰ ਰੱਦ ਬਹਾਲ ਨਹੀਂ ਹੁੰਦੇ ਓਨਾ ਚਿਰ ਉਹ ਸੰਘਰਸ਼ ਦੇ ਮੈਦਾਨ ਵਿੱਚ ਡਟੇ ਰਹਿਣਗੇ। ਇਸ ਮੀਟਿੰਗ ਦੀ ਉਸ ਵੇਲੇ ਮਹਾਨਤਾ ਵੱਧ ਗਈ ਜਦੋਂ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਕਾਰਜਪ੍ਰਣਾਲੀ ਤੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਪਣੇ ਸਾਥੀਆਂ ਸਮੇਤ ਹੋਰ ਜਥੇਬੰਦੀ ਛੱਡ ਕੇ ਆਏ ਰਵਿੰਦਰ ਸਿੰਘ ਮਲਕਪੁਰ ਨੂੰ ਸਿਰੋਪੇ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਤਰਸੇਮ ਸਿੰਘ ਕਾਮਲਪੁਰਾ, ਰੇਸ਼ਮ ਸਿੰਘ ਅਜਨਾਲਾ, ਰਸ਼ਪਾਲ ਸਿੰਘ ਸਾਹੋਵਾਲ, ਜੰਗ ਬਹਾਦਰ ਸਿੰਘ ਮਟੀਆਂ, ਬਲਕਾਰ ਸਿੰਘ ਜੋਸ਼, ਬਲਤੇਜ ਸਿੰਘ ਦਿਆਲਪੁਰਾ, ਅਮਰਜੀਤ ਸਿੰਘ ਤੇ ਧਰਮ ਸਿੰਘ ਹਰੜ ਖੁਰਦ, ਜਗਤਾਰ ਸਿੰਘ ਉਮਰਪੁਰਾ, ਕੁਲਦੀਪ ਸਿੰਘ ਅਜਨਾਲਾ, ਦਲਬੀਰ ਸਿੰਘ ਛੀਨਾ ਤੇ ਹਰਜਿੰਦਰ ਸਿੰਘ ਛੀਨਾ ਰਾਏਪੁਰ ਖੁਰਦ, ਜੱਗਾਪ੍ਰੀਤ ਸਿੰਘ ਜੋਸ਼ ਮੁਹਾਰ, ਹਰਨੇਕ ਸਿੰਘ ਨੇਪਾਲ ਆਦਿ ਨੇ ਵੀ ਆਪਣੇ ਵਿਚਾਰ ਰੱਖਦਿਆਂ ਨਵੇਂ ਸਾਥੀਆਂ ਨੂੰ ਜੀ ਆਇਆਂ ਕਿਹਾ।

# ਸ਼ੇਰੋਂ ਖੰਡ ਮਿੱਲ ਕਾਰਪੋਰੇਟ ਘਰਾਣਿਆਂ ਦੇ ਹੱਥਾਂ 'ਚ ਨਹੀਂ ਜਾਣ ਦੇਵਾਂਗੇ: ਸਿੱਕੀ, ਪੱਖੋਕੇ



ਝਬਾਲ (ਹਰਜਿੰਦਰ ਸਿੰਘ ਸੋਨੀ)- ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਅਤੇ ਸੂਬਾ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਨੇ ਕਿਹਾ ਕਿ ਸ਼ੇਰੋਂ ਖੰਡ ਮਿੱਲ ਵਿੱਚ 60 ਪ੍ਰਤੀਸ਼ਤ ਹਿੱਸਾ ਕਿਸਾਨਾਂ ਦਾ ਹੈ। ਦੋਵਾਂ ਆਗੂਆਂ ਨੇ ਕਿਹਾ ਕਿ ਕਾਰਪੋਰੇਟ ਘਰਾਣਿਆਂ ਹੱਥਾਂ 'ਚ ਨਹੀਂ ਦੇਣ ਦਿੱਤਾ ਜਾਵੇਗਾ।ਸਰਕਾਰ ਦੇ ਇਹ ਮਨਸੂਬੇ ਕਾਮਯਾਬ ਨਹੀਂ ਹੋਣ ਦੇਵਾਂਗੇ ਭਾਵੇਂ ਸਾਨੂੰ ਇਸ ਲਈ ਕੁਝ ਵੀ ਕਰਨਾ ਪਵੇ। ਆਮ ਜਿਹੀ ਗੱਲ ਮਨਾਉਣ ਲਈ ਹਰ ਵਰਗ ਨੂੰ ਧਰਨੇ ਲਾਉਣੇ ਪੈ ਰਹੇ ਹਨ, ਹਰ ਰੋਜ਼ ਗੁੰਡਾਗਰਦੀ ਹੋ ਰਹੀ ਹੈ ਲੋਕ 2027 ਦੀ ਉਡੀਕ ਬੜੀ ਬੇਸਬਰੀ ਨਾਲ ਕਰ ਰਹੇ ਹਨ। ਸਾਡੀ ਸਰਕਾਰ ਆਉਣ 'ਤੇ ਲੋਕਾਂ ਦੇ ਸਭ ਮਸਲੇ ਹੱਲ ਕੀਤੇ ਜਾਣਗੇ, ਜਨਤਾ ਦੀ ਸੁਰੱਖਿਆ ਯਕੀਨੀ ਬਣਾਈ ਜਾਵੇਗੀ ਹਰ ਇੱਕ ਵਿਅਕਤੀ ਦੇ ਮਸਲੇ ਹੱਲ ਕੀਤੇ ਜਾਣਗੇ।ਇਸ ਮੌਕੇ ਰਣਜੀਤ ਸਿੰਘ ਪੀ ਏ ਸਿੱਕੀ ਸਾਹਿਬ, ਕੁਲਦੀਪ ਸਿੰਘ ਨੰਬਰਦਾਰ ਪੱਖੋਕੇ, ਕਿਸ਼ਨ ਸਿੰਘ ਪੱਖੋਕੇ, ਪ੍ਰਗਟ ਸਿੰਘ ਪੱਖੋਕੇ, ਕੰਵਰ ਸਿੰਘ ਪੱਖੋਕੇ, ਹਰਮੇਸ਼ ਸਿੰਘ, ਹਰਦੀਪ ਸਿੰਘ ਦੀਪੂ ਪੱਖੋਕੇ, ਮਲਕੀਤ ਸਿੰਘ ਪੱਖੋਕੇ,ਯੁਵਰਾਜ ਸਿੰਘ ਬਾਠ, ਕੇਵਲ ਸਿੰਘ ਬਾਠ, ਸੁਬੇਗ ਸਿੰਘ ਮਾਲਚੱਕ, ਪ੍ਰਭਜੀਤ ਸਿੰਘ ਦੁੱਗਲਵਾਲ, ਪ੍ਰਮਜੀਤ ਕੌਰ ਧੂੰਦਾ, ਸ਼ੇਰ ਸਿੰਘ ਸੰਘਾ ਆਦਿ ਹਾਜ਼ਰ ਸਨ।

# ਮਿਡ ਡੇ ਮੀਲ ਵਰਕਰਾਂ ਵੱਲੋਂ ਧਰਨਾ 30 ਨੂੰ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) - ਮਿਡ ਡੇ ਮੀਲ ਵਰਕਰਜ਼ ਯੂਨੀਅਨ (ਸੀਟੂ) ਦੀ ਅੰਮ੍ਰਿਤਸਰ ਇਕਾਈ ਦੀ ਮੀਟਿੰਗ ਗੁਰਮੀਤ ਕੌਰ ਦੀ ਪ੍ਰਧਾਨਗੀ ਹੇਠ ਸੀਟੂ ਦਫ਼ਤਰ ਪੁਤਲੀਘਰ ਵਿਚ ਹੋਈ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਸੂਬਾਈ ਜਨਰਲ ਸਕੱਤਰ ਸੁਮਨ ਰਾਣੀ ਨੇ ਦੱਸਿਆ ਕਿ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਕਰਕੇ ਭੰਡਾਰੀ ਪੁਲ ਅੰਮ੍ਰਿਤਸਰ 'ਤੇ ਵਿਸ਼ਾਲ ਇਕੱਠ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਵੱਲੋਂ ਸਰਕਾਰੀ ਹਾਈ ਸਕੂਲ ਜਾਫਰਕੋਟ ਅਜਨਾਲਾ ਦੀ ਮੁੱਖ ਅਧਿਆਪਕਾ ਵਿਰੁੱਧ ਕਥਿਤ ਤੌਰ 'ਤੇ ਦਰੱਖ਼ਤ ਵੱਢ ਕੇ ਵੇਚਣ, ਫੰਡਾਂ ਵਿਚ ਹੇਰਾਫੇਰੀ ਤੇ ਮਿਡ ਡੇ ਮੀਲ ਵਰਕਰਾਂ ਨੂੰ ਨਜਾਇਜ਼ ਤੰਗ ਕਰਨ ਦੀਆਂ ਸ਼ਿਕਾਇਤਾਂ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਉਨ੍ਹਾਂ ਨੂੰ ਬਚਾਉਣ ਲਈ ਲਗਾਤਾਰ ਟਾਲਮਟੋਲ ਕਰਕੇ ਪੜਤਾਲੀਆ ਕਮੇਟੀ ਤੋਂ ਰਿਪੋਰਟ ਵੀ ਨਹੀਂ ਲਈ ਜਾ ਰਹੀ। ਇਸ ਲਈ ਜਥੇਬੰਦੀ ਨੇ ਫੈਸਲਾ ਕੀਤਾ ਹੈ ਕਿ 30 ਜਨਵਰੀ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਦੇ ਦਫ਼ਤਰ ਸਾਹਮਣੇ ਵਿਸ਼ਾਲ ਰੈਲੀ ਕਰਕੇ ਰੋਸ ਦਾ ਪ੍ਰਗਟਾਵਾ ਕੀਤਾ ਜਾਵੇਗਾ। ਜੇਕਰ ਫਿਰ ਵੀ ਕੋਈ ਕਾਰਵਾਈ ਨਾ ਕੀਤੀ ਗਈ ਤਾਂ ਵਰਕਰਾਂ ਨੂੰ ਨਾਲ ਲੈ ਕੇ ਲਗਾਤਾਰ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਸੀਟੂ ਦੇ ਜਨਰਲ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ, ਮੀਤ ਪ੍ਰਧਾਨ ਚਰਨਜੀਤ ਮਜੀਠਾ ਤੇ ਕਿਰਪਾ ਰਾਮ ਵੀ ਹਾਜ਼ਰ ਸਨ।

# ਡੇਰਾ ਬਾਬਾ ਨਾਨਕ ਪੁਲਸ ਵੱਲੋਂ ਫਲੈਗ ਮਾਰਚ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਐਸਐਸਪੀ ਪੁਲਿਸ ਜ਼ਿਲ੍ਹਾ ਬਟਾਲਾ ਅਧੀਨ ਆਉਂਦੇ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਦੀ ਪੁਲਿਸ ਵੱਲੋਂ ਸਭ ਡਵੀਜ਼ਨ ਪੱਧਰ 'ਤੇ ਮਨਾਏ ਜਾ ਰਹੇ 26 ਜਨਵਰੀ ਗਣਤੰਤਰ ਦਿਵਸ ਮੌਕੇ ਸੁਰੱਖਿਆ ਦੇ ਮੱਦੇਨਜ਼ਰ ਡੀ ਐਸ ਪੀ ਜੋਗਾ ਸਿੰਘ ਦੀ ਅਗਵਾਈ ਹੇਠ ਕਸਬੇ ਦੇ ਵੱਖ-ਵੱਖ ਬਾਜ਼ਾਰਾਂ ਅਤੇ ਸਰਕੂਲਰ ਰੋਡ 'ਤੇ ਫਲੈਗ ਮਾਰਚ ਕੱਢਿਆ ਗਿਆ। ਇਹ ਫਲੈਗ ਮਾਰਚ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਤੋਂ ਸ਼ੁਰੂ ਹੋ ਕੇ ਦੇਸ ਡੇਰਗਾ ਮਾਰਗ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਚੌਕ ਅਤੇ ਮੇਨ ਬਾਜ਼ਾਰ ਤੋਂ ਹੁੰਦਾ ਹੋਇਆ ਡੀ ਐਸ ਪੀ ਦਫ਼ਤਰ ਵਿਖੇ ਖ਼ਤਮ ਹੋਇਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਐਸ ਪੀ ਜੋਗਾ ਸਿੰਘ ਨੇ ਕਿਹਾ ਕਿ ਸਭ ਡਵੀਜ਼ਨ ਪੱਧਰ 'ਤੇ ਡੇਰਾ ਬਾਬਾ ਨਾਨਕ ਦੀ ਦਾਣਾ ਮੰਡੀ ਵਿਖੇ ਮਨਾਏ ਜਾ ਰਹੇ 26 ਜਨਵਰੀ ਗਣਤੰਤਰ ਦਿਵਸ ਮੌਕੇ ਪੁਲਿਸ ਵੱਲੋਂ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ । ਇਸ ਮੌਕੇ ਅਸ਼ੋਕ ਕੁਮਾਰ ਸ਼ਰਮਾ ਐਸ ਐਚ ਓ ਪੁਲਿਸ ਥਾਣਾ ਡੇਰਾ ਬਾਬਾ ਨਾਨਕ ,ਗੁਰਦਰਸ਼ਨ ਸਿੰਘ ਕੰਗ ਐਸ ਐਚ ਓ ਪੁਲਿਸ ਥਾਣਾ ਕਰਤਾਰਪੁਰ ਕੋਰੀਡੋਰ,ਕੰਵਲਪ੍ਰੀਤ ਸਿੰਘ ਐਸ ਐਚ ਓ ਪੁਲਿਸ ਥਾਣਾ ਕੋਟਲੀ ਸੂਰਤ ਮੱਲੀ,ਸਬ ਇੰਸਪੈਕਟਰ ਕੈਲਾਸ਼ ਚੰਦਰ ਸ਼ਰਮਾ ,ਸਬ ਇੰਸਪੈਕਟਰ ਇਕਬਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮ ਹਾਜ਼ਰ ਸਨ ।

## ਜੇ ਆਰ ਐੱਸ ਡੀ ਏ ਵੀ ਪਬਲਿਕ ਸਕੂਲ 'ਚ ਮਨਾਈ ਬਸੰਤ ਪੰਚਮੀ




ਝਬਾਲ (ਹਰਜਿੰਦਰ ਸਿੰਘ ਸੋਨੀ)-ਜੇ. ਆਰ. ਐੱਸ. ਡੀਏਵੀ ਪਬਲਿਕ ਸਕੂਲ ਝਬਾਲ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਬੜੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਭਾਸ਼ਣ, ਗੀਤ, ਕਵਿਤਾਵਾਂ ਅਤੇ ਨਾਟਕ ਪੇਸ਼ ਕਰਕੇ ਸਭ ਨੂੰ ਮੰਤਰਮੁਗਧ ਕਰ ਦਿੱਤਾ ਗਿਆ।ਸਕੂਲ ਦੇ ਮੁੱਖ ਅਧਿਆਪਕ ਅਸ਼ਵਨੀ ਕੁਮਾਰ ਨੇ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਅਤੇ ਮਾਂ ਸਰਸਵਤੀ ਤੋਂ ਗਿਆਨ, ਵਿੱਦਿਆ ਅਤੇ ਸਦਬੁੱਧੀ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।ਇਸ ਦੇ ਨਾਲ ਹੀ ਉਨ੍ਹਾਂ ਨੇ ਬੱਚਿਆਂ ਨੂੰ ਵੀਰ ਹਕੀਕਤ ਰਾਏ ਦੇ ਬਲਿਦਾਨ ਬਾਰੇ ਵੀ ਜਾਣੂ ਕਰਵਾਇਆ।ਇਸ ਸਮਾਰੋਹ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਭਾਰਤੀ ਸੱਭਿਆਚਾਰ ਅਤੇ ਪਰੰਪਰਾਵਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।

## ਜਸਕਰਨ ਪੰਜਾਬ ਦੀ ਝਾਕੀ ਨੂੰ ਰਿਪ੍ਰਜ਼ੈਂਟ ਕਰੇਗਾ



ਬਿਆਸ (ਪਰਮਜੀਤ ਸਿੰਘ ਰੱਖੜਾ) ਹਲਕਾ ਬਾਬਾ ਬਕਾਲਾ ਸਾਹਿਬ ਦਾ ਨੌਜਵਾਨ ਜਸਕਰਨ ਸਿੰਘ ਖਾਲਸਾ ਗਣਤੰਤਰ ਦਿਵਸ ਮੌਕੇ ਲਾਲ ਕਿਲ੍ਹੇ ਵਿੱਚ ਪੰਜਾਬ ਦੀ ਝਾਕੀ ਨੂੰ ਰਿਪ੍ਰਜ਼ੈਂਟ ਕਰਦਾ ਦਿਖਾਈ ਦੇਵੇਗਾ। ਇੱਥੋਂ ਨੇੜਲੇ ਪਿੰਡ ਵਜ਼ੀਰ ਭੁੱਲਰ ਦਾ ਜਸਕਰਨ ਸਿੰਘ ਖਾਲਸਾ ਪੁੱਤਰ ਸਤਨਾਮ ਸਿੰਘ, ਜੋ ਕਿ ਖਾਲਸਾ ਕਾਲਜ ਜਲੰਧਰ ਤੋਂ ਐੱਮ ਏ ਪੋਲੀਟੀਕਲ ਸਾਇੰਸ ਕਰ ਰਿਹਾ ਹੈ, ਗਣਤੰਤਰ ਦਿਵਸ ਵਿੱਚ [illegible] ਲਾਲ ਕਿਲ੍ਹੇ ਅੰਦਰ ਦਿਖਾਈ ਜਾਣ ਵਾਲੀ ਪੰਜਾਬ ਦੀ ਝਾਕੀ ਵਿੱਚ ਮੁੱਖ ਤੌਰ ਉੱਤੇ ਦਿਖਾਈ ਦੇਵੇਗਾ। ਪਰਵਾਰ, ਪਿੰਡ ਵਾਸੀਆਂ ਅਤੇ ਹਲਕੇ ਨੂੰ ਬੇਹੱਦ ਮਾਣ ਹੈ ਕਿ ਉਹਨਾਂ ਦਾ ਪੁੱਤ ਤਿਉਹਾਰ ਵਾਂਗ ਮਨਾਏ ਜਾਣ ਵਾਲੇ ਗਣਤੰਤਰ ਦਿਹਾੜੇ 'ਤੇ ਪੰਜਾਬ ਨੂੰ ਰੀਪ੍ਰਜ਼ੈਂਟ ਕਰਨ ਜਾ ਰਿਹਾ ਹੈ।

## 'ਮਨ ਕੀ ਬਾਤ' ਦਾ ਚੁੱਘ ਦੇ ਦਫ਼ਤਰ 'ਚ ਸਿੱਧਾ ਪ੍ਰਸਾਰਨ




ਛੇਹਰਟਾ, (ਮਨੋਜ ਕੁਮਾਰ) - ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰਸਿੱਧ ਰੇਡੀਓ ਪ੍ਰੋਗਰਾਮ 'ਮਨ ਕੀ ਬਾਤ' ਦਾ ਸਿੱਧਾ ਪ੍ਰਸਾਰਣ ਲਾਹੌਰੀ ਗੇਟ ਸਥਿਤ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਦੇ ਦਫ਼ਤਰ ਵਿਚ ਉਤਸ਼ਾਹ ਤੇ ਰਾਸ਼ਟਰੀ ਭਾਵਨਾ ਨਾਲ ਸੁਣਿਆ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਸੀਨੀਅਰ ਭਾਜਪਾ ਆਗੂ ਪ੍ਰਦੀਪ ਸਰੀਨ ਨੇ ਕੀਤੀ। ਇਸ ਮੌਕੇ ਨਗਰ ਨਿਗਮ ਵਿਚ ਭਾਜਪਾ ਕੌਂਸਲਰ ਦਲ ਦੀ ਉਪ ਨੇਤਾ ਕੀਰਤੀ ਅਰੋੜਾ ਨੇ ਕਿਹਾ ਕਿ ਜਾਗਰੂਕ ਵੋਟਰ ਹੀ ਮਜ਼ਬੂਤ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਹਨ। ਜ਼ਿਲ੍ਹਾ ਮੀਤ ਪ੍ਰਧਾਨ ਸਰਬਜੀਤ ਸਿੰਘ ਸ਼ੰਟੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਦੇਸ਼ ਦੇ ਨੌਜਵਾਨਾਂ ਨੂੰ ਇਨੋਵੇਸ਼ਨ, ਸਟਾਰਟ-ਅੱਪ ਤੇ ਆਤਮਨਿਰਭਰ ਭਾਰਤ ਦੀ ਦਿਸ਼ਾ ਵਿਚ ਅੱਗੇ ਵਧਣ ਦਾ ਸਪਸ਼ਟ ਮਾਰਗ ਦਿਖਾਇਆ। ਇਸ ਮੌਕੇ ਤਰੁਣ ਚੁੱਘ ਦੇ ਦਫ਼ਤਰ ਸਕੱਤਰ ਰਾਜੇਸ਼ ਮਹਿਤਾ, ਸਾਬਕਾ ਕੌਂਸਲਰ ਲਵਿੰਦਰ ਬੰਟੀ, ਭਾਜਪਾ ਆਗੂ ਤਰਵਿੰਦਰ ਬਿੱਲਾ, ਸਾਬਕਾ ਮੰਡਲ ਪ੍ਰਧਾਨ ਸ਼ੰਕਰ ਲਾਲ, ਵਿਸ਼ਾਲ ਸ਼ੂਰ, ਮੰਡਲ ਜਨਰਲ ਸਕੱਤਰ ਸੁਨੀਲ ਸਹਿਗਲ, ਅਸ਼ੋਕ ਮਨਚੰਦਾ, ਹੈਪੀ ਨਈਅਰ, ਪ੍ਰਦੀਪ ਖੰਨਾ, ਅਸ਼ੋਕ ਸੋਨੀ, ਤਰੁਣ ਅਰੋੜਾ, ਸਾਬਕਾ ਜ਼ਿਲ੍ਹਾ ਸਕੱਤਰ ਅਮਰੇਸ਼ ਕਪੂਰੀਆ, ਅਰੁਣ ਖੰਨਾ, ਵਿਕਰਮ, ਦਵਿੰਦਰ ਬਾਬਾ, ਲੱਛਮਣ ਕਪੂਰ, ਬਲਕਾਰ ਸਿੰਘ ਸੋਹਲ, ਰਾਜ ਕੁਮਾਰ ਬਿੱਟੂ, ਲਲਿਤ ਸੇਠ, ਅਮੀਰ ਚੰਦ ਸੋਢੀ, ਦਿਲਬਾਗ ਰਾਏ ਸ਼ਰਮਾ, ਬਲਦੇਵ ਰਾਜ ਸ਼ਰਮਾ, ਪਵਨ ਬੱਸੀ, ਸੁਰਿੰਦਰ ਮੋਹਨ ਬਾਵਾ, ਮਹਿਲਾ ਮੋਰਚਾ ਦੇ ਮਨਜੀਤ ਚੰਢੋਕ, ਚੰਦਰ ਪ੍ਰਭਾ, ਵਰਿਆਮ ਸਿੰਘ ਬਿੱਟੂ, ਸਤੀਸ਼ ਅਰੋੜਾ, ਸਿਯਾਂਸ਼ ਸੂਰੀ, ਵਰੁਣ ਅਗਰਵਾਲ, ਕਵਿਸ਼ ਕਪੂਰੀਆ, ਰਾਘਵ ਖੋਸਲਾ, ਸੰਯਮ ਕੁਮਾਰ, ਕਾਰਤਿਕ ਮਹਾਜਨ, ਸੁਰਿੰਦਰ ਮਹਿਰਾ, ਨਿਖਿਲ ਨੇਤਰਪਾਲ, ਬਖਸ਼ੀਸ਼ ਸਿੰਘ, ਅਸ਼ੋਕ ਕੁਮਾਰ, ਵਰਿੰਦਰ ਕੁਮਾਰ, ਧਰਮਿੰਦਰ, ਵਿਵੇਕ ਡੋਗਰਾ, ਰਾਜੇਸ਼ ਸ਼ਰਮਾ, ਮੇਜਰ ਸਿੰਘ ਰਿੰਪਾ, ਗਰੀਬ ਦਾਸ, ਸਤਵੰਤ ਸਿੰਘ, ਚੰਦਰ ਮੋਹਨ ਸੇਠ, ਕਰਨ ਕਪੂਰੀਆ, ਜੀਵਨ ਕੁਮਾਰ, ਸੰਨੀ, ਸੁਭਾਸ਼ ਭਗਤ, ਪ੍ਰਵੇਸ਼ ਭਗਤ, ਸ਼ਿਵਚਰਨ ਮਹਿਰਾ ਆਦਿ ਹਾਜ਼ਰ ਸਨ।

## ਰਮਨ ਬਹਿਲ ਨੇ ਚਾਰ ਗਾਵਾਂ ਦੀ ਹੋਈ ਮੌਤ ਦਾ ਲਿਆ ਜਾਇਜ਼ਾ



ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ ਦੇ ਹਲਕਾ ਇੰਚਾਰਜ ਰਮਨ ਬਹਿਲ ਨੇ ਪਿੰਡ ਜੋੜਾ ਛੱਤੜਾਂ ਵਿਖੇ ਕਿਸਾਨ ਹੀਰਾ ਸਿੰਘ ਪੁੱਤਰ ਦਰਸ਼ਨ ਸਿੰਘ ਦੀਆਂ ਚਾਰ ਗਾਵਾਂ ਦੀ ਤੂੜੀ ਖਾਣ ਤੋਂ ਬਾਅਦ ਹੋਈ ਮੌਤ ਦਾ ਮੌਕੇ 'ਤੇ ਜਾ ਕੇ ਜਾਇਜ਼ਾ ਲਿਆ ਤੇ ਪੀੜਤ ਕਿਸਾਨ ਦੀ ਸੰਭਵ ਸਹਾਇਤਾ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਰਮਨ ਬਹਿਲ ਨੇ ਦੱਸਿਆ ਕਿ ਪਿੰਡ ਜੋੜਾ ਛੱਤੜਾਂ ਦੇ ਕਿਸਾਨ ਹੀਰਾ ਸਿੰਘ ਦੀਆ ਚਾਰ ਗਾਵਾਂ ਦੇ ਮਰਨ ਦੀ ਖ਼ਬਰ ਮਿਲਦਿਆਂ ਹੀ ਉਹ ਤੁਰੰਤ ਪੀੜਤ ਕਿਸਾਨ ਕੋਲ ਪਹੁੰਚੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਨ੍ਹਾਂ ਦੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਨਾਲ ਗੱਲਬਾਤ ਹੋਈ ਹੈ ਅਤੇ ਪੀੜਤ ਲੋੜਵੰਦ ਕਿਸਾਨ ਦੀਆਂ ਬਾਕੀ ਗਾਵਾਂ ਦੀ ਸਿਹਤ ਸੰਭਾਲ ਲਈ ਰੈੱਡ ਕਰਾਸ ਰਾਹੀ ਮੁਫ਼ਤ ਇਲਾਜ ਕਰਵਾਇਆ ਜਾ ਰਿਹਾ ਹੈ ਅਤੇ ਪੀੜਤ ਲੋੜਵੰਦ ਮਿਹਨਤੀ ਕਿਸਾਨ ਦੀ ਹਰ ਸੰਭਵ ਸਹਾਇਤਾ ਕੀਤੀ ਜਾਵੇਗੀ।

## ਬਾਬਾ ਦਯਾ ਸਿੰਘ ਦੀ ਬਰਸੀ ਮੌਕੇ ਧਾਰਮਿਕ ਮੁਕਾਬਲੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸੱਚਖੰਡ ਵਾਸੀ ਸੰਤ ਬਾਬਾ ਦਯਾ ਸਿੰਘ ਦੀ ਬਾਰ੍ਹਵੀਂ ਬਰਸੀ ਮੌਕੇ ਸੰਤ ਬਾਬਾ ਅਵਤਾਰ ਸਿੰਘ ਵੱਲੋਂ ਗੁਰਦੁਆਰਾ ਸ੍ਰੀ ਛਾਉਣੀ ਸਾਹਿਬ ਨਗਰ ਸੁਰਸਿੰਘ ਵਿਖੇ ਕਰਵਾਏ ਧਾਰਮਿਕ ਮੁਕਾਬਲਿਆਂ ਵਿੱਚ ਭਾਗ ਲੈ ਕੇ ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਭਿੱਖੀਵਿੰਡ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਭਾਸ਼ਣ ਮੁਕਾਬਲੇ 'ਚ ਗੁਰਕਮਲ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ। ਕਵਿਤਾ ਮੁਕਾਬਲੇ ਵਿੱਚ ਹਰਮਨਦੀਪ ਕੌਰ ਨੇ ਤੀਸਰਾ ਤੇ ਦੁਮਾਲਾ ਸਜਾਉਣ ਮੁਕਾਬਲੇ ਵਿੱਚ ਜਸਕੀਰਤ ਕੌਰ ਨੇ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਕਵੀਸ਼ਰੀ ਮੁਕਾਬਲੇ ਵਿੱਚ ਗੁਰਨੂਰ ਸਿੰਘ, ਗੁਰਵੀਰ ਸਿੰਘ ਅਤੇ ਜਸ਼ਨਪ੍ਰੀਤ ਸਿੰਘ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਬਾਬਾ ਅਵਤਾਰ ਸਿੰਘ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ। ਸਕੂਲ ਦੇ ਚੇਅਰਪ੍ਰਸਨ ਮਨਪ੍ਰੀਤ ਕੌਰ ਨੇ ਜੇਤੂ ਵਿਦਿਆਰਥੀਆਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਵਿਦਿਆਰਥੀਆਂ ਦੀ ਵਿਲੱਖਣ ਪ੍ਰਾਪਤੀ 'ਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਅਧਿਆਪਕਾਂ ਅਤੇ ਮਾਪਿਆਂ ਦੀ ਵੀ ਸ਼ਲਾਘਾ ਕੀਤੀ।ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਉੱਚੇ ਮੁਕਾਮ ਹਾਸਲ ਕਰਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

## ਮਿਡ-ਡੇ ਮੀਲ ਵਰਕਰਜ਼ ਯੂਨੀਅਨ ਨੇ ਕੈਬਨਿਟ ਮੰਤਰੀ ਭੁੱਲਰ ਨੂੰ ਸੌਂਪਿਆ ਮੰਗ ਪੱਤਰ



ਪੱਟੀ (ਬਲਦੇਵ ਸਿੰਘ ਸੰਧੂ)- ਮਿਡ ਡੇ ਮੀਲ ਵਰਕਰ ਯੂਨੀਅਨ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੀ ਵਿਸ਼ਾਲ ਰੈਲੀ ਮਨਜੀਤ ਕੌਰ ਦੀ ਪ੍ਰਧਾਨਗੀ ਹੇਠ ਸਿਵਲ ਹਸਪਤਾਲ ਪੱਟੀ ਵਿਖੇ ਹੋਈ । ਇਸ ਰੈਲੀ ਨੂੰ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀ ਜ਼ਿਲ੍ਹਾ ਸਕੱਤਰ ਰਣਜੀਤ ਕੌਰ, ਇਸਤਰੀ ਮੁਕਤੀ ਮੋਰਚੇ ਦੀ ਜ਼ਿਲ੍ਹਾ ਸਕੱਤਰ ਨਰਿੰਦਰ ਕੌਰ, ਨਿਰਮਾਣ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਧਰਮ ਸਿੰਘ ਪੱਟੀ, ਪੈਨਸ਼ਨਰ ਯੂਨੀਅਨ ਦੇ ਆਗੂ ਜਗਤਾਰ ਸਿੰਘ ਆਸਲ ਨੇ ਸੰਬੋਧਨ ਕੀਤਾ। ਰੈਲੀ ਉਪਰੰਤ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਉਹਨਾਂ ਦੇ ਗ੍ਰਹਿ ਵਿਖੇ ਮੰਗ ਪੱਤਰ ਦਿੱਤਾ ਗਿਆ । ਜਿਸ ਵਿੱਚ ਮੰਗ ਕੀਤੀ ਗਈ ਕਿ ਮਿਡ ਡੇ ਮੀਲ ਅਤੇ ਸਫਾਈ ਸੇਵਕ ਵਰਕਰਾਂ ਦਾ ਮਿਹਨਤਾਨਾ ਦੁੱਗਣਾ ਕੀਤਾ ਜਾਵੇ, 5 ਲੱਖ ਰੁਪਏ ਦਾ ਮੁਫਤ ਬੀਮਾ ਕੀਤਾ ਜਾਵੇ, ਮਿਡ ਡੇ ਮੀਲ ਵਰਕਰਾਂ ਨੂੰ ਵਰਦੀਆਂ ਦਿੱਤੀਆਂ ਜਾਣ, ਵਾਧੂ ਕੰਮ ਦੇ ਵਾਧੂ ਪੈਸੇ ਦਿੱਤੇ ਜਾਣ।


ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਵਿਸ਼ਵਾਸ ਦਿਵਾਇਆ ਕਿ ਤੁਹਾਡੀਆਂ ਮੰਗਾਂ ਜਾਇਜ਼ ਹਨ ਤੁਹਾਡਾ ਮੰਗ ਪੱਤਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਤੁਰੰਤ ਭੇਜ ਦਿੱਤਾ ਜਾਵੇਗਾ । ਇਸ ਵਿੱਚ ਹੋਰਨਾਂ ਤੋਂ ਇਲਾਵਾ ਬੇਅੰਤ ਕੌਰ, ਅਮਨਦੀਪ ਕੌਰ, ਪਰਵੀਨ ਕੌਰ, ਰਜਵੰਤ ਕੌਰ, ਕੁਲਵੰਤ ਕੌਰ, ਵੀਨਾ ਰਾਣੀ, ਸਿਮਰਨਜੀਤ ਕੌਰ, ਸਰਬਜੀਤ ਕੌਰ ਕੱਚਾ ਪੱਕਾ, ਸਰਬਜੀਤ ਕੌਰ ਆਸਲ, ਅਮਨਦੀਪ ਕੌਰ ਮਨਜਿੰਦਰ ਕੌਰ ਹਰੀਕੇ, ਗੁਰਜੀਤ ਕੌਰ, ਬਲਵਿੰਦਰ ਕੌਰ, ਜਸਵੰਤ ਸਿੰਘ, ਰਾਜ ਸਿੰਘ ਆਦਿ ਹਾਜ਼ਰ ਸਨ।

## ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਜ਼ਿਲ੍ਹਾ ਤਰਨ ਤਾਰਨ 'ਚ ਰਜਿਸਟ੍ਰੇਸ਼ਨ ਮੁਹਿੰਮ ਜਾਰੀ




ਪੱਟੀ,(ਬਲਦੇਵ ਸਿੰਘ ਸੰਧੂ ) - ਟਰਾਂਸਪੋਰਟ ਤੇ ਜੇਲ੍ਹਾਂ ਬਾਰੇ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਪੱਟੀ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਮੁਹਿੰਮ ਨੂੰ ਲਗਾਤਰ ਜਾਰੀ ਹੈ। ਕੈਬਨਿਟ ਮੰਤਰੀ ਵੱਲੋਂ ਪੱਟੀ ਸ਼ਹਿਰ ਅਤੇ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਸਿਹਤ ਕਾਰਡ ਜਾਰੀ ਕਰਨ ਵਾਲੇ ਕੇਂਦਰਾਂ ਦਾ ਉਦਘਾਟਨ ਕੀਤਾ ਜਾ ਰਿਹਾ ਹੈ। ਇਹ ਯੋਜਨਾ ਸੂਬੇ ਦੇ ਹਰ ਮੂਲ ਨਿਵਾਸੀ ਨੂੰ ਯੂਨੀਵਰਸਲ ਹੈਲਥ ਕਵਰੇਜ ਪ੍ਰਦਾਨ ਕਰਦੀ ਹੈ। ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਬਾਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਹੁਣ ਰਾਜ ਦੇ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ ਅਤੇ ਸਮਾਜ ਦੇ ਆਰਥਿਕ ਤੌਰ 'ਤੇ ਗਰੀਬ ਵਰਗ ਦੇ ਲੋਕ ਹੁਣ ਨਿੱਜੀ ਹਸਪਤਾਲਾਂ ਵਿੱਚ ਵੀ ਇਲਾਜ ਲੈ ਸਕਣਗੇ। ਭੁੱਲਰ ਨੇ ਅੱਗੇ ਕਿਹਾ ਕਿ ਇਸ ਯੋਜਨਾ ਅਧੀਨ ਸਾਰੀਆਂ ਦਵਾਈਆਂ ਦੇ ਨਾਲ-ਨਾਲ ਡਾਇਗਨੌਸਟਿਕ ਟੈਸਟ ਵੀ ਮੁਫ਼ਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਤਹਿਤ ਨਾਗਰਿਕਾਂ ਨੂੰ ਆਰਥੋਪੈਡਿਕਸ, ਜਨਰਲ ਮੈਡੀਸਨ, ਕਾਰਡੀਓਲੋਜੀ, ਨਿਊਰੋਲੋਜੀ, ਨੈਫਰੋਲੋਜੀ, ਯੂਰੋਲੋਜੀ, ਓਨਕੋਲੋਜੀ ਅਤੇ ਹੋਰ ਉੱਨਤ ਮੈਡੀਕਲ ਸ਼੍ਰੇਣੀਆਂ ਵਿੱਚ ਵਿਸ਼ੇਸ਼ ਇਲਾਜ ਸੇਵਾਵਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਦਾ ਇਹ ਇਤਿਹਾਸਕ ਕਦਮ ਸੂਬੇ ਦੇ ਲੋਕਾਂ ਨੂੰ ਮਿਆਰੀ ਤੇ ਮੁਫ਼ਤ ਮੈਡੀਕਲ ਸੇਵਾਵਾਂ ਦੇਣ ਵਿੱਚ ਅਹਿਮ ਸਾਬਤ ਹੋਵੇਗਾ।

## ਹਰ ਪਰਵਾਰ ਨੂੰ ਮਿਲੇਗਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ : ਗਿੱਲ




ਮਜੀਠਾ (ਸੋਇਮ ਆਨੰਦ)-ਹਲਕਾ ਇੰਚਾਰਜ ਆਮ ਆਦਮੀ ਪਾਰਟੀ ਤਲਬੀਰ ਸਿੰਘ ਗਿੱਲ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 22 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ। ਜਿਸ ਅਧੀਨ ਪੰਜਾਬ ਦੇ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈਸ਼ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਹੀਂ ਰੱਖੀ ਗਈ ਅਤੇ ਪਹਿਲੀ ਵਾਰ ਕਿਸੇ ਸਰਕਾਰ ਵੱਲੋਂ ਰਾਜ ਦੇ ਸਾਰੇ ਸਰਕਾਰੀ ਮੁਲਾਜ਼ਮਾਂ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਹਿਲੀਆਂ ਸਰਕਾਰਾਂ ਵੱਲੋਂ ਚਲਾਈਆਂ ਸਿਹਤ ਯੋਜਨਾਵਾਂ ਵਿੱਚ ਕੇਵਲ 5 ਲੱਖ ਰੁਪਏ ਤੱਕ ਦੀ ਕਵਰੇਜ ਮਿਲਦੀ ਸੀ, ਪਰ ਮਾਨ ਸਰਕਾਰ ਨੇ ਇਤਿਹਾਸਕ ਫੈਸਲਾ ਲੈਂਦੇ ਹੋਏ ਇਸ ਸੀਮਾ ਨੂੰ ਦੁਗਣਾ ਕਰਕੇ 10 ਲੱਖ ਰੁਪਏ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਹੱਕ ਸੂਬੇ ਦੇ ਹਰ ਨਾਗਰਿਕ ਨੂੰ ਹੋਵੇਗਾ ਅਤੇ ਕਿਸੇ ਵੀ ਪਰਵਾਰ ਨੂੰ ਇਸ ਦੇ ਲਾਭ ਤੋਂ ਬਾਹਰ ਨਹੀਂ ਰੱਖਿਆ ਜਾਵੇਗਾ ਅਤੇ ਇਸ ਯੋਜਨਾ ਤਹਿਤ ਸਰਕਾਰੀ ਅਤੇ ਪ੍ਰਾਈਵੇਟ ਦੋਵੇਂ ਪ੍ਰਕਾਰ ਦੇ ਹਸਪਤਾਲਾਂ ਵਿੱਚ ਇਲਾਜ ਕਰਵਾਇਆ ਜਾ ਸਕੇਗਾ।

## ਗਣਤੰਤਰ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ



ਬਟਾਲਾ, (ਡਾ. ਮਲਵਿੰਦਰ ਸਿੰਘ)-ਬਟਾਲਾ ਵਿਖੇ 26 ਜਨਵਰੀ ਨੂੰ ਸਵੇਰੇ 10 ਵਜੇ ਗਣਤੰਤਰ ਦਿਵਸ ਸਮਾਗਮ ਨੂੰ ਪੂਰੇ ਉਤਸ਼ਾਹ ਨਾਲ ਮਨਾਉਣ ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ।ਸਰਕਾਰੀ ਬਹੁ-ਤਕਨੀਕੀ ਕਾਲਜ ਬਟਾਲਾ ਦੇ ਰਾਜੀਵ ਗਾਂਧੀ ਸਟੇਡੀਅਮ ਵਿਖੇ ਗਣਤੰਤਰ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਕੀਤੀ ਗਈ।ਫੁੱਲ ਡਰੈੱਸ ਰਿਹਰਸਲ ਦੌਰਾਨ ਤਹਿਸੀਲਦਾਰ ਅਰਜਨ ਸਿੰਘ ਗਰੇਵਾਲ ਨੇ ਕੌਮੀ ਝੰਡਾ ਲਹਿਰਾਇਆ। ਐੱਸਆਈ ਸਕੱਤਰ ਸਿੰਘ ਵੱਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ।ਪਰੇਡ ਕਮਾਂਡਰ ਐੱਸਆਈ ਸਕੱਤਰ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਸ ਦੇ ਜਵਾਨਾਂ, ਮਹਿਲਾ ਪਲਟੂਨ, ਪੰਜਾਬ ਹੋਮਗਾਰਡ ਅਤੇ ਐੱਨਸੀਸੀ ਕੈਡਿਟਾਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ।ਤਹਿਸੀਲਦਾਰ ਅਰਜਨ ਸਿੰਘ ਗਰੇਵਾਲ ਨੇ ਦੱਸਿਆ ਕਿ ਬਟਾਲਾ ਗਣਤੰਤਰ ਦਿਵਸ ਮੌਕੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਗੁਰਮੰਦਰ ਸਿੰਘ ਐੱਸਡੀਐੱਮ ਬਟਾਲਾ ਅਦਾ ਕਰਨਗੇ। ਰਿਹਰਸਲ ਉਪਰੰਤ ਤਹਿਸੀਲਦਾਰ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ ਗਈ। ਇਸ ਮੌਕੇ ਐੱਸਪੀਡੀ ਸੰਦੀਪ ਕੁਮਾਰ ਵਡੇਰਾ, ਡੀਐੱਸਪੀ ਤੇਜਿੰਦਰਪਾਲ ਸਿੰਘ ਗੁਰਾਇਆ, ਐੱਸਐੱਚਓ ਪ੍ਰਭਜੋਤ ਸਿੰਘ, ਐੱਸਐੱਚਓ ਨਿਰਮਲ ਸਿੰਘ, ਟ੍ਰੈਫਿਕ ਇੰਚਾਰਜ ਸੁਰਿੰਦਰ ਸਿੰਘ ਗੋਰਾਇਆ, ਡਾ. ਪਰਮਜੀਤ ਸਿੰਘ ਕਲਸੀ, ਸ਼ਸ਼ੀ ਭੂਸ਼ਣ ਵਰਮਾ, ਸੁਪਰਡੈਂਟ ਸੁੰਦਰ ਸ਼ਰਮਾ, ਰਾਜਵਿੰਦਰ ਸਿੰਘ, ਲਖਬੀਰ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਵਿਰਦੀ ਦੇ ਮੋਢਿਆਂ 'ਤੇ ਪਈ ਬੀ ਸੀ ਵਿੰਗ ਦੇ ਸੈਕਟਰੀ ਦੀ ਵੱਡੀ ਜ਼ਿੰਮੇਵਾਰੀ



ਬਿਆਸ (ਰੱਖੜਾ) ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਦੇ ਖਾਸਮਖਾਸ ਅਤੇ ਬੁੱਢਾ ਥੇਹ ਤੋਂ ਆਗੂ ਸੰਦੀਪ ਸਿੰਘ ਵਿਰਦੀ ਦੇ ਮੋਢਿਆਂ 'ਤੇ ਵੱਡੀ ਜ਼ਿੰਮੇਵਾਰੀ ਆਮ ਆਦਮੀ ਪਾਰਟੀ ਵੱਲੋਂ ਦਿੱਤੀ ਗਈ ਹੈ। ਸੰਦੀਪ ਸਿੰਘ ਵਿਰਦੀ ਨੂੰ ਬੀ ਸੀ ਵਿੰਗ ਪੰਜਾਬ ਦੇ ਸਟੇਟ ਸੈਕਟਰੀ ਦਾ ਅਹੁਦਾ ਦੇ ਕੇ ਨਿਵਾਜਿਆ ਗਿਆ ਹੈ।

ਇਸ ਮੌਕੇ ਵਿਰਦੀ ਨੇ ਗੱਲਬਾਤ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ,ਪੰਜਾਬ ਸੂਬਾ ਪ੍ਰਧਾਨ ਅਮਨ ਅਰੋੜਾ, ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਅਤੇ ਜ਼ਿਲ੍ਹਾ ਪ੍ਰਧਾਨ ਗੁਰਪ੍ਰਤਾਪ ਸਿੰਘ ਸੰਧੂ ਦਾ ਧੰਨਵਾਦ ਕੀਤਾ।

## ਈ ਟੀ ਓ ਨੇ ਜੰਡਿਆਲਾ ਗੁਰੂ ਵਿਖੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਪਿੰਡ ਵਾਸੀਆਂ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਜੰਡਿਆਲਾ ਗੁਰੂ ਵਿਖੇ 2 ਕਰੋੜ 65 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਸਮੇਂ ਕੀਤਾ।ਈ.ਟੀ.ਓ ਨੇ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਅਧੀਨ 40 ਲੱਖ ਰੁਪਏ ਦੀ ਲਾਗਤ ਨਾਲ ਬਾਗ ਵਾਲਾ ਖੂਹ ਵਿਖੇ ਇੰਟਰਲਾਕਿੰਗ ਟਾਈਲਾਂ ਅਤੇ ਸੀਵਰੇਜ ਦਾ ਕੰਮ, 80.40 ਲੱਖ ਰੁਪਏ ਦੀ ਲਾਗਤ ਨਾਲ ਬਾਬਾ ਦੀਪ ਸਿੰਘ ਕਾਲੋਨੀ ਵਿਖੇ ਇੰਟਲਾਕਿੰਗ ਟਾਈਲਾਂ ਦਾ ਕੰਮ, 99.90 ਲੱਖ ਰੁਪਏ ਦੀ ਲਾਗਤ ਨਾਲ ਐਵਰਗਰੀਨ ਕਾਲੋਨੀ ਦੀਆਂ ਇੰਟਰਾਲਿੰਕਗ ਟਾਈਲਾਂ ਅਤੇ ਸੀਵਰੇਜ ਦਾ ਕੰਮ, 15 ਲੱਖ ਰੁਪਏ ਦੀ ਲਾਗਤ ਨਾਲ ਸਤਗੁਰੂ ਇਨਕਲੇਵ ਦੇ ਰਸਤੇ ਦੀਆਂ ਇੰਟਰਲਾਕਿੰਗ ਟਾਈਲਾਂ ਅਤੇ 30 ਲੱਖ ਰੁਪਏ ਦੀ ਲਾਗਤ ਨਾਲ ਧੀਰੇ ਕੋਰਟ ਰੋਡ ਤੇ ਸੀਤਾ ਕਾਲੋਨੀ ਵਿਖੇ ਇੰਟਰਲਾਕਿੰਗ ਟਾਈਲਾਂ ਦਾ ਕੰਮ ਦਾ ਉਦਘਾਟਨ ਕੀਤਾ। ਉਨਾਂ ਕਿਹਾ ਕਿ ਵਿਕਾਸ ਕਾਰਜਾਂ ਵਿਚ ਕਿਸੇ ਕਿਸਮ ਦੀ ਢਿੱਲਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਈ.ਟੀ.ਓ. ਨੇ ਪ੍ਰੈਸ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਜਿਸ ਨੇ ਹਰੇਕ ਸੂਬਾ ਵਾਸੀ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ ਅਤੇ ਮੁਫ਼ਤ ਬੱਸ ਯਾਤਰਾ ਦੀ ਗਰੰਟੀ ਦਿੱਤੀ ਹੈ।

## ਵਿਰਾਸਤ ਸੰਭਾਲ ਕਮੇਟੀ ਵੱਲੋਂ ਉੱਘੇ ਨਾਟਕਕਾਰ ਜਤਿੰਦਰ ਬਰਾੜ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਭਾਅ ਜੀ ਗੁਰਸ਼ਰਨ ਸਿੰਘ ਵਿਰਾਸਤ ਸੰਭਾਲ ਕਮੇਟੀ ਨੇ ਉੱਘੇ ਨਾਟਕਕਾਰ ਅਤੇ ਪੰਜਾਬ ਨਾਟਸ਼ਾਲਾ ਦੇ ਸੰਸਥਾਪਕ ਜਤਿੰਦਰ ਬਰਾੜ ਦੇ ਦੇਹਾਂਤ 'ਤੇ ਡਾਢੇ ਦੁੱਖ ਦਾ ਇਜ਼ਹਾਰ ਕਰਦਿਆਂ ਇਸ ਨੂੰ ਪੰਜਾਬ ਅਤੇ ਕੌਮੀ ਲੋਕ ਪੱਖੀ ਰੰਗਮੰਚ ਅਤੇ ਜਮਹੂਰੀ ਲਹਿਰ ਦੇ ਖੇਤਰ ਵਿੱਚ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਅਤੇ ਇਸ ਦੁੱਖ ਦੀ ਘੜੀ ਵਿੱਚ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।ਵਿਰਾਸਤੀ ਕਮੇਟੀ ਦੇ ਕਨਵੀਨਰਾਂ ਡਾ.ਪਰਮਿੰਦਰ ਅਤੇ ਕੇਵਲ ਧਾਲੀਵਾਲ ਤੋਂ ਇਲਾਵਾ ਡਾ. ਨਵਸ਼ਰਨ, ਡਾ. ਅਤੁਲ, ਡਾ.ਅਰੀਤ, ਅਮੋਲਕ ਸਿੰਘ, ਜਸਵੰਤ ਜੱਸ, ਸੁਮੀਤ ਅੰਮ੍ਰਿਤਸਰ, ਰਮੇਸ਼ ਯਾਦਵ, ਯਸ਼ਪਾਲ ਝਬਾਲ, ਗੁਰਬਚਨ ਸਿੰਘ, ਐਡਵੋਕੇਟ ਅਮਰਜੀਤ ਬਾਈ ਅਤੇ ਡਾ.ਕਸ਼ਮੀਰ ਸਿੰਘ ਨੇ ਪਰਵਾਰ ਨਾਲ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਜਤਿੰਦਰ ਬਰਾੜ ਨੇ ਗੁਰਸ਼ਰਨ ਭਾਅ ਜੀ ਤੋਂ ਵਿਗਿਆਨਕ ਸੇਧ ਲੈਂਦੇ ਹੋਏ ਆਪਣੀ ਖਾਲਸਾ ਕਾਲਜ ਦੇ ਸਾਹਮਣੇ ਵਾਲੀ ਫੈਕਟਰੀ ਨੂੰ ਪੰਜਾਬ ਨਾਟਸ਼ਾਲਾ ਦੇ ਆਧੁਨਿਕ ਥੀਏਟਰ ਵਿੱਚ ਤਬਦੀਲ ਕਰਕੇ ਰੰਗਮੰਚ ਦੇ ਵਿਕਾਸ ਪ੍ਰਤੀ ਆਪਣੀ ਸਮਰਪਤ ਭਾਵਨਾ ਨੂੰ ਸਥਾਪਿਤ ਕੀਤਾ।ਜਮਹੂਰੀ ਚਿੰਤਕ ਡਾ.ਪਰਮਿੰਦਰ, ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਅਤੇ ਮਨੁੱਖੀ ਹੱਕਾਂ ਦੀ ਨਾਮਵਰ ਕਾਰਕੁੰਨ ਡਾ.ਨਵਸ਼ਰਨ ਨੇ ਦੱਸਿਆ ਕਿ ਜਤਿੰਦਰ ਬਰਾੜ ਨੇ ਆਪਣੇ ਲਿਖੇ ਕਈ ਮਹੱਤਵਪੂਰਨ ਨਾਟਕਾਂ ਦੇ ਸੈਂਕੜੇ ਸ਼ੋਅ ਕਰਕੇ ਰੰਗਮੰਚ ਦੇ ਖੇਤਰ ਵਿੱਚ ਆਪਣੀ ਕਲਾ ਦਾ ਲੋਹਾ ਮਨਵਾਇਆ ਅਤੇ ਗੁਰਸ਼ਰਨ ਭਾਅ ਜੀ ਵਾਂਗ ਨਾਟਕਾਂ ਰਾਹੀਂ ਲੋਕਾਂ ਨੂੰ ਆਪਣੇ ਜਮਹੂਰੀ ਹੱਕਾਂ ਦੀ ਰਾਖੀ ਲਈ ਸੰਘਰਸ਼ ਕਰਨ ਅਤੇ ਲੋਕ ਪੱਖੀ ਸਮਾਜਿਕ, ਸੱਭਿਆਚਾਰਕ ਅਤੇ ਸਿਆਸੀ ਤਬਦੀਲੀ ਦਾ ਸਪੱਸ਼ਟ ਸੁਨੇਹਾ ਦਿੱਤਾ। ਉਨ੍ਹਾਂ ਨੇ ਦੇਸ਼ ਵਿਦੇਸ਼ ਦੇ ਰੰਗਮੰਚ ਦੇ ਵੱਖ ਵੱਖ ਗਰੁੱਪਾਂ ਅਤੇ ਟੀਮਾਂ ਨੂੰ ਪੰਜਾਬ ਨਾਟ ਸ਼ਾਲਾ ਵਿੱਚ ਆਪਣੀ ਨਾਟਕੀ ਪ੍ਰਤਿਭਾ ਵਿਖਾਉਣ ਦੇ ਮੌਕੇ ਪ੍ਰਦਾਨ ਕੀਤੇ ਜਿਨ੍ਹਾਂ ਵਿੱਚੋਂ ਕਈ ਅਦਾਕਾਰਾਂ ਨੇ ਫਿਲਮ ਉਦਯੋਗ ਵਿੱਚ ਨਾਮਣਾ ਵੀ ਖੱਟਿਆ। ਉਨ੍ਹਾਂ ਦੱਸਿਆ ਕਿ ਬਰਾੜ ਨੇ ਪੰਜਾਬ ਨਾਟਸ਼ਾਲਾ ਦੇ ਥੀਏਟਰ ਨੂੰ ਉਤਰੀ ਭਾਰਤ ਦੀ ਪਹਿਲੀ ਰੀਵੋਲਵਿੰਗ ਸਟੇਜ ਅਤੇ ਹੋਰ ਆਧੁਨਿਕ ਤਕਨੀਕੀ ਉਪਕਰਨਾਂ ਨਾਲ ਲੈਸ ਕਰਕੇ ਪੰਜਾਬੀ ਰੰਗਮੰਚ ਨੂੰ ਕੌਮੀ ਤੇ ਕੌਮਾਂਤਰੀ ਪੱਧਰ ਦੇ ਰੰਗਮੰਚ ਦੇ ਹਾਣ ਦਾ ਬਣਾਇਆ ਅਤੇ ਪਿਛਲੇ 28 ਸਾਲ ਤੋਂ ਪੰਜਾਬ ਨਾਟਸ਼ਾਲਾ ਵਿੱਚ ਦਰਸ਼ਕਾਂ ਨੂੰ ਹਰ ਸ਼ਨੀਵਾਰ ਅਤੇ ਐਤਵਾਰ ਨਾਟਕਾਂ ਦੇ ਲਗਾਤਾਰ ਸ਼ੋਅ ਵਿਖਾ ਕੇ ਰੰਗ ਮੰਚ ਦੀ ਲਗਾਤਾਰਤਾ ਅਤੇ ਸਾਰਥਿਕਤਾ ਬਹਾਲ ਰੱਖੀ।


## ਬਾਬਾ ਦੀਪ ਸਿੰਘ ਸਕੂਲ 'ਚ ਮਨਾਇਆ ਗਣਤੰਤਰ ਦਿਵਸ




ਕਲਾਨੌਰ (ਮਨਦੀਪ ਕੋਹਲੀ)- ਪੂਰੇ ਭਾਰਤ ਵਿੱਚ ਆਜ਼ਾਦੀ ਦਾ 77ਵਾਂ ਗਣਤੰਤਰ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸੇ ਸੰਬੰਧ ਵਿੱਚ ਕਲਾਨੌਰ ਗੁਰਦਾਸਪੁਰ ਰੋਡ ਤੇ ਪਿੰਡ ਸੰਗਤਪੁਰ ਸਥਿਤ ਬਾਬਾ ਦੀਪ ਸਿੰਘ ਜੀ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਵਿੱਚ ਵੀ ਆਜ਼ਾਦੀ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸਕੂਲ ਪ੍ਰਿੰਸੀਪਲ ਜਸਬੀਰ ਸਿੰਘ ਸੋਢੀ ਅਤੇ ਪ੍ਰਿੰਸੀਪਲ ਮੈਡਮ ਸੋਨੀਆ ਸੋਢੀ ਦੀ ਸੁਚੱਜੀ ਅਗਵਾਈ ਹੇਠ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਸੰਬੰਧਿਤ ਗੀਤ, ਕਵਿਤਾਵਾਂ, ਕੋਰਿਓ ਗ੍ਰਾਫੀ, ਸੋਲੋ ਡਾਂਸ, ਭਾਸ਼ਣ ਅਤੇ ਪੇਂਟਿੰਗ ਮੁਕਾਬਲੇ ਆਦਿ ਕਰਵਾਏ ਗਏ।


ਇਸ ਮੌਕੇ ਸਾਰੇ ਸਕੂਲ ਵਿੱਚ ਤਿਰੰਗੇ ਨਾਲ ਸਜਾਵਟ ਕੀਤੀ ਗਈ ਸੀ ਅਤੇ ਬੱਚਿਆਂ ਦੇ ਹੱਥਾਂ ਵਿੱਚ ਵੀ ਤਿਰੰਗੇ ਝੂਲ ਰਹੇ ਸਨ। ਇਸ ਮੌਕੇ ਤੇ ਸਕੂਲ ਸਟਾਫ ਵਿੱਚ ਮੈਡਮ ਸੀਮਾ ਸ਼ਰਮਾ, ਪਲਵੀ ਰਾਜਪੂਤ, ਅੰਮ੍ਰਿਤ ਸਿੰਘ ਸੁਖਵਿੰਦਰ ਕੌਰ, ਹਰਪ੍ਰੀਤ ਕੌਰ, ਅਗੀਸ਼ਾ, ਸਿਮਰਨ, ਮੇਘਾ ਸ਼ਰਮਾ, ਨਵਨੀਤ ਕੌਰ, ਅਰਸ਼ਦੀਪ ਕੌਰ, ਸਿਮਰਨ, ਕੁਲਦੀਪ ਕੌਰ, ਹਰਪ੍ਰੀਤ ਕੌਰ, ਹਰਵਿੰਦਰ ਕੌਰ, ਬਲਵਿੰਦਰ ਕੌਰ, ਕੋਮਲਪ੍ਰੀਤ ਕੌਰ, ਸੰਦੀਪ ਸ਼ਰਮਾ, ਹਰਪ੍ਰੀਤ ਕੌਰ, ਪੁਨੀਤ ਕੌਰ, ਅਮਨਦੀਪ ਕੌਰ, ਮੁਸਕਾਨ ਆਦਿ ਹਾਜ਼ਰ ਸਨ।

## ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦਾ ਵਫ਼ਦ ਮੰਗਾਂ ਸੰਬੰਧੀ ਧਾਲੀਵਾਲ ਨੂੰ ਮਿਲਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦਾ ਵਫ਼ਦ ਜੋਗਿੰਦਰ ਸਿੰਘ ਖੰਨਾ ਚਮਾਰਾ ਦੀ ਪ੍ਰਧਾਨਗੀ ਹੇਠ ਸਾਬਕਾ ਮੰਤਰੀ ਤੇ ਮੌਜੂਦਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੂੰ ਹੜ੍ਹ ਪੀੜਤ ਰਾਵੀ ਪਾਰ ਰਕਬੇ ਸੰਬੰਧੀ ਮਿਲਿਆ । ਜਿਸ ਵਿੱਚ ਮੁੱਖ ਮੰਗ ਪਿੰਡ ਪਰਾਣਾ ਵਾਹਲਾ, ਗੋਲਾ ਢੋਲਾ, ਲਲੂਵਾਲ ਰਸੂਲਪੁਰ, ਮਨਸੂਰ, ਗੁਰ ਚੱਕ, ਰੱਤੜ ਛੱਤੜ ਅਤੇ ਘਣੀਏ ਕੇ ਬੇਟ ਆਦਿ ਪਿੰਡਾਂ ਦੀ ਪਰਦੇਸ ਸਰਕਾਰ ਦੀ ਮਾਲਕੀ ਜ਼ਮੀਨ 'ਤੇ ਕਾਸ਼ਤਕਾਰ ਰਹੇ ਕਿਸਾਨਾਂ ਨੂੰ ਖਰਾਬੇ ਦੀ ਰਕਮ ਨਾ ਮਿਲਣ ਸੰਬੰਧੀ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੂੰ ਜਾਣੂ ਕਰਵਾਇਆ ਗਿਆ। ਇਸ ਮੌਕੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਤਹਿਸੀਲਦਾਰ ਡੇਰਾ ਬਾਬਾ ਨਾਨਕ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨਾਲ ਗੱਲਬਾਤ ਕਰਕੇ ਕਿਸਾਨਾਂ ਨੂੰ ਖਰਾਬਾ ਮਿਲਣ ਦਾ ਭਰੋਸਾ ਦਿੱਤਾ ਗਿਆ ਤੇ ਉਹਨਾਂ ਕਿਹਾ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੇ ਭਰੋਸਾ ਦਿੱਤਾ ਹੈ ਕਿ ਚਾਰ ਪੰਜ ਦਿਨਾਂ ਅੰਦਰ ਹੀ ਖਰਾਬੇ ਦੀ ਰਕਮ ਕਿਸਾਨਾਂ ਦੇ ਖਾਤਿਆਂ ਵਿੱਚ ਪੈਣੀ ਸ਼ੁਰੂ ਹੋ ਜਾਵੇਗੀ। ਇਹ ਭਰੋਸਾ ਮਿਲਣ ਤੋਂ ਬਾਅਦ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਨੇ ਤਿੱਖੇ ਅੰਦੋਲਨ ਨੂੰ ਅੱਗੇ ਪਾ ਦਿੱਤਾ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਦਾ ਧੰਨਵਾਦ ਕੀਤਾ । ਇਸ ਮੌਕੇ ਮਾਸਟਰ ਸੁੱਚਾ ਸਿੰਘ ਰਾਮ ਦਿਵਾਲੀ, ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਸਿੰਘਪੁਰਾ, ਹਰਪਾਲ ਸਿੰਘ ਕੋਟ ਮੌਲਵੀ, ਸ਼ਮਸ਼ੇਰ ਸਿੰਘ ਖਾਸਾਵਾਲੀ, ਸਾਬਕਾ ਸਰਪੰਚ ਨਰਿੰਦਰ ਸਿੰਘ ਤਲਵੰਡੀ ਹਿੰਦੂਆਂ, ਮਾਸਟਰ ਤਰਸੇਮ ਸਿੰਘ ਧਰਮਕੋਟ ਪੱਤਨ, ਗੁਰਮੁਖ ਸਿੰਘ ਗੁਰਚੱਕ, ਮੋਹਨ ਸਿੰਘ ਧਰਮਕੋਟ ਰੰਧਾਵਾ, ਦਲੇਰ ਸਿੰਘ ਰੱਤੜ ਛੱਤੜ,ਬਿਕਰਮ ਸਿੰਘ ਘਣੀਆਂ, ਸਤਬੀਰ ਸਿੰਘ ਲਾਲੀ ਖੋਦੇ ਬੇਟ, ਅਮਰਜੀਤ ਸਿੰਘ ਡੇਰਾ ਬਾਬਾ ਨਾਨਕ ਆਦਿ ਹਾਜ਼ਰ ਸਨ।

## ਭਾਜਪਾ ਵੱਲੋਂ ਨਵ-ਨਿਯੁਕਤ ਜ਼ਿਲ੍ਹਾ ਕਾਰਜਕਾਰੀ ਮੈਂਬਰ ਸਨਮਾਨਤ



ਪਠਾਨਕੋਟ (ਦਵਿੰਦਰ ਸਿੰਘ)-ਭਾਰਤੀ ਜਨਤਾ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਸੁਰੇਸ਼ ਸ਼ਰਮਾ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਸ਼ਵਨੀ ਸ਼ਰਮਾ, ਪੰਜਾਬ ਜਨਰਲ ਸਕੱਤਰ ਬੀਜੇਪੀ ਰਾਕੇਸ਼ ਰਾਠੌਰ, ਸਾਬਕਾ ਵਿਧਾਇਕ ਦਿਨੇਸ਼ ਸਿੰਘ ਬੱਬੂ, ਸਾਬਕਾ ਮੰਤਰੀ ਮਾਸਟਰ ਮੋਹਨ ਲਾਲ, ਰਾਕੇਸ਼ ਸ਼ਰਮਾ ਸਮੇਤ ਹੋਰ ਕਈ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਮਿਲੀ ਜਾਣਕਾਰੀ ਅਨੁਸਾਰ ਮੀਟਿੰਗ ਦੌਰਾਨ ਜ਼ਿਲ੍ਹਾ ਭਾਜਪਾ ਵੱਲੋਂ ਨਵ-ਨਿਯੁਕਤ ਜ਼ਿਲ੍ਹਾ ਕਾਰਜਕਾਰਨੀ ਦੇ ਸਮੂਹ ਮੈਂਬਰਾਂ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ।ਪੰਜਾਬ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਨਵ-ਨਿਯੁਕਤ ਮੈਂਬਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਹਰ ਇੱਕ ਅਹੁਦਾ ਮਹੱਤਵਪੂਰਨ ਜ਼ਿੰਮੇਵਾਰੀ ਨਾਲ ਜੁੜਿਆ ਹੋਇਆ ਹੁੰਦਾ ਹੈ।ਇਸ ਮੌਕੇ ਕੇਂਦਰ ਸਰਕਾਰ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਸੰਕਲਪ ਦੁਹਰਾਇਆ ਗਿਆ ਅਤੇ ਕਿਹਾ ਕਿ 'ਜੀ ਰਾਮ ਜੀ ਯੋਜਨਾ' ਬਾਰੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਣਾ ਚਾਹੀਦਾ ਹੈ।ਮਿਲੀ ਜਾਣਕਾਰੀ ਮੁਤਾਬਕ ਮੌਕੇ 'ਤੇ ਨਗਰ ਨਿਗਮ ਪਠਾਨਕੋਟ ਅਤੇ ਸੁਜਾਨਪੁਰ ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਵਿਸ਼ੇਸ਼ ਤੌਰ 'ਤੇ ਚਰਚਾ ਕੀਤੀ ਗਈ।ਇਸ ਸਬੰਧ ਵਿੱਚ ਖਾਸ ਰਣਨੀਤੀ ਤਿਆਰ ਕੀਤੀ ਗਈ ਤਾਂ ਜੋ ਚੋਣਾਂ ਵਿੱਚ ਭਾਜਪਾ ਸਾਰੀਆਂ ਸੀਟਾਂ 'ਤੇ ਭਾਰੀ ਬਹੁਮਤ ਨਾਲ ਜਿੱਤ ਹਾਸਲ ਕਰ ਸਕੇ।ਇਸ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਜ਼ਿਲ੍ਹਾ ਪ੍ਰਧਾਨ ਸੁਰੇਸ਼ ਸ਼ਰਮਾ ਨੇ ਮੌਕੇ 'ਤੇ ਮੌਜੂਦ ਭਾਜਪਾ ਦੀ ਸਮੂਹ ਲੀਡਰਸ਼ਿਪ ਅਤੇ ਕਾਰਕੁਨਾਂ ਦਾ ਮੀਟਿੰਗ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ।ਇਸ ਮੌਕੇ ਸਾਬਕਾ ਵਿਧਾਇਕਾ ਸੀਮਾ ਦੇਵੀ, ਮਹਾਮੰਤਰੀ ਵਿਨੋਦ ਧੀਮਾਨ, ਸਾਬਕਾ ਮੇਅਰ ਅਨਿਲ ਵਾਸੁਦੇਵ, ਮਹਾਮੰਤਰੀ ਰਾਜਕੁਮਾਰ ਬਿੱਟੂ, ਅਨਿਲ ਰਾਮਪਾਲ, ਸਤੀਸ਼ ਮਹਾਜਨ, ਜ਼ਿਲ੍ਹਾ ਪਠਾਨਕੋਟ ਦੇ ਸਾਰੇ ਮੰਡਲਾਂ ਦੇ ਮੰਡਲ ਪ੍ਰਧਾਨ ਅਤੇ ਉਨ੍ਹਾਂ ਦੇ ਜਨਰਲ ਸਕੱਤਰ, ਮੀਡੀਆ ਸਕੱਤਰ ਦੀਪਕ ਸਲਵਾਨ, ਵਿਪਿਨ ਮਹਾਜਨ, ਰੂਪਾ ਪ੍ਰਧਾਨ ਆਦਿ ਹਾਜ਼ਰ ਸਨ।

## ਜੇ ਆਰ ਐੱਸ ਡੀ ਏ ਵੀ ਪਬਲਿਕ ਵਿਖੇ ਗਣਤੰਤਰ ਦਿਵਸ ਧੂਮਧਾਮ ਨਾਲ ਮਨਾਇਆ




ਝਬਾਲ (ਹਰਜਿੰਦਰ ਸਿੰਘ ਸੋਨੀ)-ਜੇ ਆਰ ਐਸ ਡੀ ਏ ਵੀ ਪਬਲਿਕ ਸਕੂਲ ਝਬਾਲ ਵਿਖੇ ਗਣਤੰਤਰ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। 26 ਜਨਵਰੀ 1950 ਨੂੰ ਸਾਡੇ ਦੇਸ਼ ਦਾ ਸੰਵਿਧਾਨ ਲਾਗੂ ਹੋਇਆ ਸੀ ਤੇ ਭਾਰਤ ਪੂਰਨ ਤੌਰ 'ਤੇ ਗਣਤੰਤਰ ਬਣਿਆ ਸੀ।ਇਸ ਸੰਵਿਧਾਨ ਦੇ ਰਚੇਤਾ ਸਨ ਡਾਕਟਰ ਬੀ ਆਰ ਅੰਬੇਦਕਰ ਅਤੇ ਇਸ ਨੂੰ ਲਾਗੂ ਕੀਤਾ ਸੀ ਭਾਰਤ ਦੇ ਪਹਿਲੇ ਰਾਸ਼ਟਰਪਤੀ ਡਾਕਟਰ ਰਜਿੰਦਰ ਪ੍ਰਸਾਦ ਨੇ। ਅੱਜ ਅਸੀਂ ਆਪਣਾ 77ਵਾਂ ਗਣਤੰਤਰ ਦਿਵਸ ਮਨਾ ਰਹੇ ਹਾਂ। ਇਸ ਸਾਲ ਦਾ ਥੀਮ ਹੈ 'ਵੰਦੇ ਮਾਤਰਮ' ਦੇ 150 ਸਾਲ। ਅੱਜ ਜੇ ਆਰ ਐਸ ਡੀ ਏ ਵੀ ਪਬਲਿਕ ਸਕੂਲ ਝਬਾਲ ਵਿਖੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਜੀ ਦੀ ਯੋਗ ਅਗਵਾਈ ਵਿੱਚ ਗਣਤੰਤਰ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਅਧਿਆਪਕਾਂ ਦੀ ਯੋਗ ਅਗਵਾਈ ਵਿੱਚ ਬੱਚਿਆਂ ਦੁਆਰਾ ਦੇਸ਼ ਭਗਤੀ ਦੇ ਗੀਤ, ਭਾਸ਼ਣ, ਨਾਚ ਅਤੇ ਨਾਟਕ ਆਦਿ ਪੇਸ਼ ਕੀਤੇ ਗਏ।ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਨੇ ਬੱਚਿਆਂ ਨੂੰ ਸੰਵਿਧਾਨ ਦੇ ਇਤਿਹਾਸ ਅਤੇ ਮਹੱਤਵ ਤੋਂ ਜਾਣੂ ਕਰਵਾਇਆ। ਮੈਡਮ ਰੰਜੂ ਸਚਦੇਵਾ ਨੇ ਬੱਚਿਆਂ ਨੂੰ ਝੰਡਾ ਲਹਿਰਾਉਣ ਦੀ ਰਸਮ ਤੋਂ ਜਾਣੂ ਕਰਵਾਇਆ।ਇਸ ਸਾਰੇ ਪ੍ਰੋਗਰਾਮ ਦਾ ਸੰਚਾਲਨ ਮੈਡਮ ਆਂਚਲ ਅਤੇ ਮੈਡਮ ਆਰਤੀ ਵਰਮਾ ਦੁਆਰਾ ਕੀਤਾ ਗਿਆ।

## ਅਕਾਲੀ ਦਲ ਤੇ ਕਾਂਗਰਸ ਦੇ ਕਈ ਅਹੁਦੇਦਾਰ ਆਪ 'ਚ ਸ਼ਾਮਲ




ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ )- ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਅਕਾਲੀ ਦਲ ਅਤੇ ਕਾਂਗਰਸ ਨੂੰ ਉਸ ਵੇਲੇ ਭਾਰੀ ਝਟਕਾ ਲੱਗਾ ਜਦੋਂ ਇਹਨਾਂ ਦੋਵਾਂ ਪਾਰਟੀਆਂ ਦੇ ਕਈ ਅਹੁਦੇਦਾਰ ਆਪੋ ਆਪਣੀਆਂ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਬਲਜੀਤ ਸਿੰਘ ਮਟਮ ਅਤੇ ਕਾਂਗਰਸ ਪਾਰਟੀ ਨਾਲ ਸੰਬੰਧਤ ਦੋਰਾਂਗਲਾ ਦੇ ਸਾਬਕਾ ਸਰਪੰਚ ਕਰਨ, ਕਾਂਗਰਸੀ ਆਗੂ ਦੀਪਕ ਸ਼ਰਮਾ ਅਤੇ ਸੈਦੋਵਾਲ ਕਲਾਂ ਦੇ ਪ੍ਰਿੰਸ, ਆਸ਼ੀਸ਼ ਅਤੇ ਜਸਵਿੰਦਰ ਸਿੰਘ ਦੇ ਨਾਂ ਮੁੱਖ ਤੌਰ 'ਤੇ ਸ਼ਾਮਲ ਹਨ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਕਰਦੇ ਹੋਏ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਉਹਨਾਂ ਨੂੰ ਪਾਰਟੀ ਅੰਦਰ ਪੂਰੇ ਮਾਣ ਸਤਿਕਾਰ ਦਾ ਭਰੋਸਾ ਦਿਵਾਇਆ ਅਤੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਇਸ ਵਿੱਚ ਹਰ ਵਰਕਰ ਨੂੰ ਪੂਰਾ ਪੂਰਾ ਮਾਣ ਸਤਿਕਾਰ ਦਿੱਤਾ ਜਾਂਦਾ ਹੈ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਇਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਦਾ ਨਤੀਜਾ ਹੈ ਕਿ ਅੱਜ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਪਾਰਟੀਆਂ ਨੂੰ ਛੱਡ ਕੇ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਉਹਨਾਂ ਕਿਹਾ ਕਿ 2027 ਵਿੱਚ ਆਮ ਆਦਮੀ ਪਾਰਟੀ ਸੂਬੇ ਦੀਆਂ ਵਿਧਾਨ ਸਭਾ ਸੀਟਾਂ ਵੱਡੇ ਫਰਕ ਨਾਲ ਜਿੱਤੇਗੀ ਅਤੇ ਇੱਕ ਵਾਰ ਮੁੜ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਬਣੇਗੀ।

## ਛੀਨਾ ਨੂੰ ਅੱਜ ਕੀਤਾ ਜਾਵੇਗਾ ਸਨਮਾਨਤ



ਬਿਆਸ (ਪਰਮਜੀਤ ਸਿੰਘ ਰੱਖੜਾ)-ਗਣਤੰਤਰ ਦਿਵਸ ਦੇ ਮੌਕੇ ਐਂਟੀ ਨਾਰਕੋਟਿਕਸ ਟਾਸਕ ਫੋਰਸ, ਪੰਜਾਬ ਵਿੱਚ ਮੋਟਰ ਟਰਾਂਸਪੋਰਟ ਅਫਸਰ ਵਜੋਂ ਸੇਵਾ ਨਿਭਾ ਰਹੇ ਸਬ-ਇੰਸਪੈਕਟਰ ਭੁਪਿੰਦਰ ਸਿੰਘ ਛੀਨਾ ਨੂੰ ਰਾਜ ਵਿੱਚ ਨਸ਼ੇ ਖਿਲਾਫ ਅਤੇ ਅਪਰਾਧ ਖ਼ਿਲਾਫ਼, ਉਨ੍ਹਾਂ ਦੀ ਸ਼ਾਨਦਾਰ ਸੇਵਾ ਅਤੇ ਅਟੱਲ ਵਚਨਬੱਧਤਾ ਦੀ ਕਦਰ ਕਰਦਿਆਂ ਹੁਸ਼ਿਆਰਪੁਰ ਵਿੱਚ 26 ਜਨਵਰੀ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਤਿਸ਼ਠਿਤ ਮੁੱਖ ਮੰਤਰੀ ਮੈਡਲ ਫਾਰ ਆਉਟਸਟੈਂਡਿੰਗ ਡਿਵੋਸ਼ਨ ਟੂ ਡਿਊਟੀ ਨਾਲ ਸਨਮਾਨਤ ਕੀਤਾ ਜਾਵੇਗਾ। ਭੁਪਿੰਦਰ ਸਿੰਘ ਛੀਨਾ ਨੇ ਐਂਟੀ ਨਾਰਕੋਟਿਕਸ ਟਾਸਕ ਫੋਰਸ ਦੀ ਕਾਰਗੁਜ਼ਾਰੀ ਨੂੰ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਮੋਟਰ ਟਰਾਂਸਪੋਰਟ ਅਫਸਰ ਦੇ ਤੌਰ 'ਤੇ ਉਨ੍ਹਾਂ ਪੰਜਾਬ ਭਰ ਵਿੱਚ ਕਈ ਸੰਵੇਦਨਸ਼ੀਲ ਅਤੇ ਉੱਚ-ਖਤਰੇ ਵਾਲੀਆਂ ਕਾਰਵਾਈਆਂ ਲਈ ਬਿਨਾਂ ਰੁਕਾਵਟ ਆਵਾਜਾਈ, ਸਮੇਂ ਸਿਰ ਤਾਇਨਾਤੀ ਅਤੇ ਲਾਜਿਸਟਿਕ ਸਹਾਇਤਾ ਯਕੀਨੀ ਬਣਾਈ। ਉਨ੍ਹਾਂ ਦੀ ਸੁਚੱਜੀ ਯੋਜਨਾ, ਦਿਨ-ਰਾਤ ਮਿਹਨਤ ਅਤੇ ਸਰਗਰਮ ਨੇਤ੍ਰਿਤਵ ਨੇ ਕਈ ਨਸ਼ਾ ਵਿਰੋਧੀ ਮੁਹਿੰਮਾਂ ਦੀ ਸਫਲਤਾ ਵਿੱਚ ਅਹਿਮ ਯੋਗਦਾਨ ਪਾਇਆ ਹੈ।

ਭੁਪਿੰਦਰ ਸਿੰਘ ਛੀਨਾ ਨੂੰ ਮਿਲਿਆ ਇਹ ਸਨਮਾਨ ਉਨ੍ਹਾਂ ਦੀ ਪੇਸ਼ੇਵਰਤਾ ਅਤੇ ਪੰਜਾਬ ਦੇ ਲੋਕਾਂ ਦੀ ਸੇਵਾ ਪ੍ਰਤੀ ਉਨ੍ਹਾਂ ਦੇ ਦ੍ਰਿੜ੍ਹ ਨਿਸ਼ਚੇ ਦਾ ਜੀਵੰਤ ਪ੍ਰਮਾਣ ਹੈ।

## ਅਹਿਮਦੀਆ ਯੂਥ ਵਿੰਗ ਨੇ ਦਿਲ ਤੇ ਸ਼ੂਗਰ ਦੇ ਮਰੀਜ਼ਾਂ ਲਈ ਮੁਫ਼ਤ ਮੈਡੀਕਲ ਕੈਂਪ ਲਗਾਇਆ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਅਹਿਮਦੀਆ ਯੂਥ ਵਿੰਗ ਭਾਰਤ ਵੱਲੋਂ ਦਿਲ ਦੇ ਮਰੀਜ਼ਾਂ ਅਤੇ ਸ਼ੂਗਰ ਦੇ ਮਰੀਜ਼ਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਅਹਿਮਦੀਆ ਨੂਰ ਹਸਪਤਾਲ ਵਿਖੇ ਲਗਾਇਆ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੇ ਆਪਣੀ ਜਾਂਚ ਕਰਵਾਈ।ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਪੂਰੀ ਜਾਂਚ ਕੀਤੀ ਗਈ ਅਤੇ ਲੋੜ ਅਨੁਸਾਰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਕੈਂਪ ਦਾ ਸ਼ੁਭ ਆਰੰਭ ਕੁਰਾਨ ਪਾਕ ਦੀ ਤਿਲਾਵਤ ਨਾਲ ਕੀਤਾ ਗਿਆ। ਇਸ ਸਬੰਧੀ ਅਹਿਮਦੀਆ ਯੂਥ ਵਿੰਗ ਭਾਰਤ ਦੇ ਪ੍ਰਧਾਨ ਨਿਆਜ਼ ਨਾਇਕ ਨੇ ਕਿਹਾ ਕਿ ਅਹਿਮਦੀਆ ਯੂਥ ਵਿੰਗ ਪੂਰੇ ਭਾਰਤ ਵਿੱਚ ਮਾਨਵਤਾ ਦੀ ਸੇਵਾ ਲਈ ਵੱਧ ਚੜ੍ਹ ਕੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਯੂਥ ਵਿੰਗ ਵੱਲੋਂ ਸਮੇਂ-ਸਮੇਂ 'ਤੇ ਮੁਫ਼ਤ ਮੈਡੀਕਲ ਕੈਂਪ, ਖੂਨਦਾਨ ਕੈਂਪ ਅਤੇ ਹੋਰ ਸਮਾਜ ਸੇਵਕ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾਂਦਾ ਹੈ।ਇਸ ਮੌਕੇ ਅਹਿਮਦੀਆ ਜਮਾਤ ਦੇ ਬੁਲਾਰੇ ਕੇ. ਤਾਰਿਕ ਅਹਿਮਦ ਨੇ ਕਿਹਾ ਕਿ ਅੱਜ ਗਣਤੰਤਰ ਦਿਵਸ ਨੂੰ ਸਮਰਪਤ ਇਹ ਮੈਡੀਕਲ ਕੈਂਪ ਲਗਾਇਆ ਗਿਆ। ਉਨ੍ਹਾਂ ਕਿਹਾ ਕਿ ਜਮਾਤੇ ਅਹਿਮਦੀਆ ਮਾਨਵਤਾ ਦੀ ਸੇਵਾ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਹਮੇਸ਼ਾ ਤੋਂ ਹੀ ਬਿਨਾਂ ਕਿਸੇ ਭੇਦਭਾਵ ਦੇ ਲੋਕਾਂ ਦੀ ਸੇਵਾ ਕਰਦੀ ਆ ਰਹੀ ਹੈ।ਇਸ ਮੌਕੇ ਨੂਰ ਹਸਪਤਾਲ ਦੇ ਐਡਮਿਨਿਸਟਰੇਟਰ ਨਾਸਰ ਵਹੀਦ, ਡਾਕਟਰ ਤਾਰਕ ਅਹਿਮਦ, ਡਾਕਟਰ ਮਹਿਮੂਦ ਬੱਟ, ਡਾਕਟਰ ਮੰਜੂ, ਡਾਕਟਰ ਮਰੀਅਮ, ਡਾਕਟਰ ਇਮਰਾਨ, ਡਾਕਟਰ ਬਦਰ, ਡਾਕਟਰ ਨਿਸ਼ਾਨ, ਡਾਕਟਰ ਮਾਜਦ, ਅਬਦੁਲ ਵਾਸੇ ਚੱਠਾ, ਮੁਨੀਰ ਅਹਿਮਦ ਹਾਫਿਜ਼ਾਬਾਦੀ, ਮੁਹੰਮਦ ਨੂਰਦੀਨ, ਸਰਜੀਲ ਅਹਿਮਦ, ਸਬਾਹਤ ਰਜ਼ਾ, ਡਾਕਟਰ ਹਫੀਜ਼, ਮੌਲਾਨਾ ਮੁਹੰਮਦ ਹਮੀਦ ਕੌਸਰ, ਮੁਹੰਮਦ ਸ਼ਰੀਫ ਕੌਸਰ ਸਮੇਤ ਹੋਰ ਕਈ ਪਤਵੰਤੇ ਵਿਅਕਤੀ ਹਾਜ਼ਰ ਸਨ।

# ਜੀ ਆਈ ਐਮ ਟੀ ਕਾਲਜ 'ਚ ਅੰਤਰਰਾਸ਼ਟਰੀ ਸਿੱਖਿਆ ਦਿਵਸ ਮਨਾਇਆ



**ਬੁਢਲਾਡਾ (ਅਸ਼ੋਕ ਲਾਕੜਾ)**-ਗੁਰਦਾਸੀ ਦੇਵੀ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ ਕਾਲਜ ਬੁਢਲਾਡਾ ਵਿੱਚ ਅੰਤਰਰਾਸ਼ਟਰੀ ਸਿੱਖਿਆ ਦਿਵਸ ਬੜੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸਿੱਖਿਆ ਦੀ ਮਹੱਤਤਾ ਨੂੰ ਉਜਾਗਰ ਕਰਨ ਲਈ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ।ਕਾਰਜਕ੍ਰਮ ਦੌਰਾਨ ਕਾਲਜ ਦੇ ਚੇਅਰਮੈਨ ਡਾ. ਨਵੀਨ ਸਿੰਗਲਾ ਨੇ ਕਿਹਾ ਕਿ ਸਿੱਖਿਆ ਹੀ ਸਮਾਜ ਨੂੰ ਅੱਗੇ ਵਧਾਉਣ ਦੀ ਸਭ ਤੋਂ ਵੱਡੀ ਤਾਕਤ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਮਿਹਨਤ, ਅਨੁਸ਼ਾਸਨ ਤੇ ਨੈਤਿਕ ਮੁੱਲਾਂ ਨਾਲ ਆਪਣਾ ਭਵਿੱਖ ਸੰਵਾਰਨ।ਇਸ ਮੌਕੇ ਪ੍ਰਿੰਸੀਪਲ ਡਾ. ਰੇਖਾ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਸਿਰਫ਼ ਕਿਤਾਬੀ ਗਿਆਨ ਤੱਕ ਸੀਮਿਤ ਨਹੀਂ, ਸਗੋਂ ਜੀਵਨ ਜਿਊਣ ਦੀ ਕਲਾ ਸਿਖਾਉਂਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਨਿਰੰਤਰ ਸਿੱਖਣ ਤੇ ਨਵੀਂ ਸੋਚ ਅਪਣਾਉਣ ਲਈ ਪ੍ਰੇਰਿਤ ਕੀਤਾ।ਕਾਲਜ ਪ੍ਰਬੰਧਕਾਂ ਨੇ ਦੱਸਿਆ ਕਿ ਜੀਆਈਐੱਮਟੀ ਕਾਲਜ ਹਮੇਸ਼ਾ ਗੁਣਵੱਤਾ ਵਾਲੀ ਸਿੱਖਿਆ ਦੇਣ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।ਇਸ ਦਿਨ ਨੇ ਸਾਰੇ ਵਿਦਿਆਰਥੀਆਂ ਨੂੰ ਸਿੱਖਿਆ ਦੀ ਤਾਕਤ ਤੇ ਸਮਾਜ ਵਿੱਚ ਉਸ ਦੀ ਮਹੱਤਤਾ ਬਾਰੇ ਸੋਚਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਸਭ ਨੇ ਇਹ ਸੰਕਲਪ ਲਿਆ ਕਿ ਉਹ ਸਿੱਖਿਆ ਰਾਹੀਂ ਆਪਣੇ ਤੇ ਦੇਸ਼ ਦੇ ਭਵਿੱਖ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਯੋਗਦਾਨ ਪਾਉਣਗੇ।

# ਸਟੀਫਨ ਸਕੂਲ ਨੇ ਅਕਾਦਮਿਕ ਸੈਸ਼ਨ 2025-26 ਦੌਰਾਨ ਵੱਖ-ਵੱਖ ਖੇਡਾਂ 'ਚ 422 ਤਮਗੇ ਜਿੱਤੇ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟੀਫਨ ਇੰਟਰਨੈਸ਼ਨਲ ਸਕੂਲ ਨੇ ਅਕਾਦਮਿਕ ਸੈਸ਼ਨ 2025-26 ਦੌਰਾਨ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਇੱਕ ਨਵਾਂ ਕੀਰਤੀਮਾਨ ਸਥਾਪਤ ਕੀਤਾ ਹੈ। ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਪੱਧਰਾਂ ਦੇ ਮੁਕਾਬਲਿਆਂ ਵਿੱਚ ਕੁੱਲ 422 ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਵਿਦਿਆਰਥੀਆਂ ਨੇ ਜ਼ੋਨਲ, ਜ਼ਿਲ੍ਹਾ, ਰਾਜ ਤੇ ਰਾਸ਼ਟਰੀ ਪੱਧਰ ਦੇ ਖੇਡ ਮੁਕਾਬਲਿਆਂ ਵਿੱਚ ਅਨੁਸ਼ਾਸਨ, ਪ੍ਰਤਿਭਾ ਤੇ ਖੇਡ ਭਾਵਨਾ ਦਾ ਬੇਮਿਸਾਲ ਪ੍ਰਦਰਸ਼ਨ ਕੀਤਾ।ਸਕੂਲ ਦੇ ਵਿਦਿਆਰਥੀਆਂ ਨੇ ਐਥਲੈਟਿਕਸ, ਕ੍ਰਿਕਟ, ਫੁੱਟਬਾਲ, ਸ਼ੂਟਿੰਗ, ਕਿੱਕ ਬਾਕਸਿੰਗ, ਖੋ-ਖੋ, ਸਕੇਟਿੰਗ, ਬਾਸਕਟਬਾਲ, ਬੈਡਮਿੰਟਨ, ਰੱਸੀ ਖਿੱਚ ਤੇ ਸ਼ਤਰੰਜ ਵਰਗੀਆਂ ਕਈ ਖੇਡਾਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕੀਤਾ, ਜੋ ਸਕੂਲ ਦੀ ਮਜ਼ਬੂਤ ਖੇਡ ਸੰਸਕ੍ਰਿਤੀ ਤੇ ਤਰਬੀਅਤ ਪ੍ਰਣਾਲੀ ਨੂੰ ਦਰਸਾਉਂਦਾ ਹੈ।ਸਕੂਲ ਦੀ ਡਾਇਰੈਕਟਰ ਤੇ ਪ੍ਰਿੰਸੀਪਲ ਮਿਸ ਮੋਨਿਕਾ ਸ਼ਰਮਾ ਨੇ ਵਿਦਿਆਰਥੀਆਂ ਤੇ ਖੇਡ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਅਨੁਸ਼ਾਸਤ ਅਭਿਆਸ, ਪੇਸ਼ੇਵਰ ਕੋਚਿੰਗ ਤੇ ਲਗਾਤਾਰ ਪ੍ਰੇਰਣਾ ਦਾ ਨਤੀਜਾ ਹੈ।ਸਕੂਲ ਦੇ ਚੇਅਰਮੈਨ ਨੇ ਵੀ ਵਿਦਿਆਰਥੀਆਂ, ਅਧਿਆਪਕਾਂ ਤੇ ਕੋਚਾਂ ਨੂੰ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਦਿਲੋਂ ਵਧਾਈ ਦਿੱਤੀ।ਇਸ ਮਹਾਨ ਉਪਲਬਧੀ ਨਾਲ ਪੂਰੇ ਸਕੂਲ ਪਰਿਵਾਰ ਵਿੱਚ ਖੁਸ਼ੀ ਦਾ ਮਾਹੌਲ ਹੈ ਤੇ ਸਟੀਫਨ ਇੰਟਰਨੈਸ਼ਨਲ ਸਕੂਲ ਦੀ ਪਹਿਚਾਣ ਅਕਾਦਮਿਕ ਤੇ ਖੇਡ ਦੋਵਾਂ ਖੇਤਰਾਂ ਵਿੱਚ ਉਤਕ੍ਰਿਸ਼ਟਤਾ ਦੇ ਕੇਂਦਰ ਵਜੋਂ ਹੋਰ ਮਜ਼ਬੂਤ ਹੋਈ ਹੈ।

# ਅਗੇਤਾ ਦੀ ਪੰਚਾਇਤ ਆਪ 'ਚ ਸ਼ਾਮਲ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਕ੍ਰਾਂਤੀਕਾਰੀ ਤੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਦਾ ਹਰ ਵਰਗ ਪਾਰਟੀ ਨਾਲ ਜੁੜ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਹਲਕਾ ਨਾਭਾ ਪਿੰਡ ਅਗੇਤਾ ਦੀ ਪੰਚਾਇਤ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਉਣ ਉਪਰੰਤ ਪ੍ਰਗਟਾਏ।ਵਿਧਾਇਕ ਦੇਵ ਮਾਨ ਨੇ ਕਿਹਾ ਕਿ ਸ਼ਾਮਲ ਹੋਣ ਵਾਲਿਆਂ ਵਿੱਚ ਰਮਨਦੀਪ ਕੌਰ ਸਰਪੰਚ ਦੇ ਪਿਤਾ ਬਲਜੀਤ ਸਿੰਘ ਪੰਚ ਹਰਬੰਤ ਸਿੰਘ, ਪੰਚ ਗੁਰਤੇਜ ਸਿੰਘ, ਪੰਚ ਬਲਵਿੰਦਰ ਕੌਰ, ਪੰਚ ਬਹਾਦਰ ਸਿੰਘ ਹਨ।ਉਨ੍ਹਾਂ ਪੰਚਾਇਤ ਦੇ ਸਮੂਹ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਪਿੰਡ ਵਿੱਚ ਵਿਕਾਸ ਕਾਰਜ ਵੱਡੇ ਪੱਧਰ 'ਤੇ ਕਰਵਾਏ ਜਾਣਗੇ ਤੇ ਪਿੰਡ ਦੀ ਨੁਹਾਰ ਬਦਲਣ ਲਈ ਗਰਾਂਟਾਂ ਦੀ ਕਿਸੇ ਪ੍ਰਕਾਰ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਸ਼ਾਮਲ ਹੋਣ ਉਪਰੰਤ ਪੰਚਾਇਤ ਤੇ ਸਮੂਹ ਮੈਂਬਰਾਂ ਨੇ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਲਈ ਦਿਨ-ਰਾਤ ਮਿਹਨਤ ਕਰਨਗੇ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣਗੇ ਤਾਂ ਕਿ ਮੁੜ ਤੋਂ ਆਪ ਪਾਰਟੀ ਦੀ ਸਰਕਾਰ ਬਣ ਸਕੇ।ਇਸ ਮੌਕੇ ਟਰੱਕ ਯੂਨੀਅਨ ਪ੍ਰਧਾਨ ਮਨਪ੍ਰੀਤ ਸਿੰਘ ਧਾਰੋਕੀਂ, ਭੁਪਿੰਦਰ ਸਿੰਘ ਕਲਰ ਮਾਜਰੀ, ਜਸਵੀਰ ਸਿੰਘ ਛਿੰਦਾ, ਰਾਜੀਵ ਪਾਠਕ, ਮੱਖਣ ਸਿੰਘ ਨਿਰਮਾਣਾ, ਪ੍ਰਭ ਨਾਭਾ ਆਦਿ ਹਾਜ਼ਰ ਸਨ।

# ਸੇਵਾ-ਮੁਕਤ ਲੈਕਚਰਾਰ ਹਾਕਮ ਸਿੰਘ ਵੱਲੋਂ ਹੋਣਹਾਰ ਵਿਦਿਆਰਥੀ ਸਨਮਾਨਤ



**ਕੋਟਕਪੂਰਾ (ਰਛਪਾਲ ਭੁੱਲਰ)**-ਸੇਵਾ-ਮੁਕਤ ਲੈਕਚਰਾਰ ਹਾਕਮ ਸਿੰਘ ਨਿਵਾਸੀ ਪਿੰਡ ਬੁਰਜ ਹਰੀਕਾ ਵੱਲੋਂ ਆਪਣੇ ਸਤਿਕਾਰਯੋਗ ਪਿਤਾ ਸਵ. ਬਚਨ ਸਿੰਘ ਤੇ ਮਾਤਾ ਗੁਰਦੇਵ ਕੌਰ ਦੀ ਨਿੱਘੀ ਯਾਦ ਵਿੱਚ ਸਰਕਾਰੀ ਹਾਈ ਸਕੂਲ ਔਲਖ ਦੇ ਅੱਠਵੀਂ ਤੇ ਦਸਵੀਂ ਜਮਾਤ ਵਿੱਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਦਸਵੀਂ ਜਮਾਤ ਵਿੱਚੋਂ ਜਗਦੀਪ ਸਿੰਘ ਨੂੰ ਪਹਿਲਾ ਸਥਾਨ, ਸ਼ਰਨਦੀਪ ਕੌਰ ਨੂੰ ਦੂਜਾ ਸਥਾਨ ਤੇ ਪ੍ਰਕਾਸ਼ ਕੌਰ ਨੂੰ ਤੀਜਾ ਸਥਾਨ ਅਤੇ ਅੱਠਵੀਂ ਜਮਾਤ ਵਿੱਚੋਂ ਨਵਦੀਪ ਕੌਰ ਨੂੰ ਪਹਿਲਾ ਸਥਾਨ, ਨਵਜੋਤ ਕੌਰ ਤੇ ਗੁਰਲੀਨ ਕੌਰ ਨੂੰ ਸਾਂਝੇ ਰੂਪ 'ਚ ਦੂਜਾ ਸਥਾਨ, ਸੰਦੀਪ ਕੌਰ ਤੇ ਜਸਮੀਨ ਕੌਰ ਨੂੰ ਸਾਂਝੇ ਰੂਪ 'ਚ ਤੀਜਾ ਸਥਾਨ ਪ੍ਰਾਪਤ ਕਰਨ 'ਤੇ ਨਗਦ ਇਨਾਮ, ਮੈਡਲ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਸਮਾਗਮ ਦੇ ਮੁੱਖ ਮਹਿਮਾਨ ਹਾਕਮ ਸਿੰਘ ਨੇ ਦੱਸਿਆ ਕਿ ਉਹ ਹਮੇਸ਼ਾ ਹੀ ਹੁਸ਼ਿਆਰ ਤੇ ਲੋੜਵੰਦ ਬੱਚਿਆਂ ਦੀ ਸਹਾਇਤਾ ਲਈ ਤਤਪਰ ਰਹਿੰਦੇ ਹਨ ਤੇ ਅੱਗੇ ਵੀ ਇਸੇ ਤਰ੍ਹਾਂ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦੇ ਰਹਿਣਗੇ।ਇਸ ਸਮੇਂ ਉਨ੍ਹਾਂ ਦੇ ਸਪੁੱਤਰ ਅਸੀਸਪਾਲ ਸਿੰਘ ਆਸਟ੍ਰੇਲੀਆ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।ਸਰਕਾਰੀ ਹਾਈ ਸਕੂਲ ਔਲਖ ਦੇ ਮੁੱਖ ਅਧਿਆਪਕ ਜਗਜੀਵਨ ਸਿੰਘ ਨੇ ਉਨ੍ਹਾਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਉਨ੍ਹਾਂ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਬਲਜੀਤ ਸਿੰਘ ਪੰਜਾਬੀ ਮਾਸਟਰ ਨੇ ਨਿਭਾਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਵਿੰਦਰ ਸਿੰਘ ਗਿੱਲ, ਗੁਰਚਰਨ ਕੌਰ, ਰੇਨੂ ਬਾਲਾ, ਗੁਰਵਿੰਦਰ ਸਿੰਘ, ਰੇਸ਼ਮ ਸਿੰਘ ਸਰਾਂ, ਸੱਜਣ ਕੁਮਾਰ, ਨੀਰੂ ਸ਼ਰਮਾ, ਸੁਮਤੀ ਪ੍ਰਿਆ, ਰਾਜੇਸ਼ ਕੁਮਾਰ, ਰਣਜੀਤ ਕੌਰ ਤੇ ਨਰਿੰਦਰਜੀਤ ਕੌਰ ਆਦਿ ਹਾਜ਼ਰ ਸਨ।

# ਮਾਰਕੀਟ ਕਮੇਟੀ ਦਾ ਮੈਂਬਰ ਨਿਯੁਕਤ ਹੋਣ 'ਤੇ ਸੰਦੀਪ ਸੋਨੀ ਨੂੰ ਪ੍ਰੈੱਸ ਕਲੱਬ ਮੈਂਬਰਾਂ ਦਿੱਤੀਆਂ ਵਧਾਈਆਂ



**ਮਮਦੋਟ (ਹਰਪਾਲ ਸਿੰਘ ਸੋਢੀ)**-ਮਾਰਕੀਟ ਕਮੇਟੀ ਮਮਦੋਟ ਦੇ ਨਵ-ਨਿਯੁਕਤ ਮੈਂਬਰਾਂ ਵਿੱਚ ਸੰਦੀਪ ਕੁਮਾਰ ਸੋਨੀ ਪੱਤਰਕਾਰ ਨੂੰ ਲਏ ਜਾਣ 'ਤੇ ਪ੍ਰੈੱਸ ਕਲੱਬ ਦੇ ਸਮੂਹ ਮੈਂਬਰਾਂ ਵਿੱਚ ਖੁਸ਼ੀ ਦਾ ਮਾਹੌਲ ਪਾਇਆ ਗਿਆ। ਇਸ ਮੌਕੇ ਸਮੂਹ ਪੱਤਰਕਾਰਾਂ ਨੇ ਸੰਦੀਪ ਕੁਮਾਰ ਸੋਨੀ ਨੂੰ ਮਾਰਕੀਟ ਕਮੇਟੀ ਮਮਦੋਟ ਦਾ ਮੈਂਬਰ ਨਿਯੁਕਤ ਹੋਣ 'ਤੇ ਵਧਾਈਆਂ ਦਿੰਦੇ ਹੋਏ ਮੂੰਹ ਮਿੱਠਾ ਕਰਵਾਇਆ।ਇਸ ਮੌਕੇ ਪ੍ਰੈੱਸ ਕਲੱਬ ਮਮਦੋਟ ਦੇ ਪ੍ਰਧਾਨ ਤਜਿੰਦਰ ਪਾਲ ਢੀਂਗੜਾ, ਬਲਦੇਵ ਰਾਜ ਸ਼ਰਮਾ ਸਰਪ੍ਰਸਤ ਪ੍ਰੈੱਸ ਕਲੱਬ ਮਮਦੋਟ, ਜਸਵੰਤ ਸਿੰਘ ਥਿੰਦ ਜ਼ਿਲ੍ਹਾ ਪ੍ਰੈੱਸ ਕਲੱਬ ਫਿਰੋਜ਼ਪੁਰ ਦਿਹਾਤੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਅਮਨ ਅਰੋੜਾ ਪੰਜਾਬ ਪ੍ਰਧਾਨ ਆਮ ਆਦਮੀ ਪਾਰਟੀ ਤੇ ਹਲਕਾ ਫਿਰੋਜ਼ਪੁਰ ਦਿਹਾਤੀ ਵਿਧਾਇਕ ਐਡਵੋਕੇਟ ਰਜਨੀਸ਼ ਕੁਮਾਰ ਦਹੀਆ ਤੇ ਸਮੂਹ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਜਿਨ੍ਹਾਂ ਨੇ ਪ੍ਰੈੱਸ ਕਲੱਬ ਮਮਦੋਟ ਦੇ ਪੱਤਰਕਾਰ ਸੰਦੀਪ ਕੁਮਾਰ ਸੋਨੀ ਨੂੰ ਮਾਰਕੀਟ ਕਮੇਟੀ ਦਾ ਮੈਂਬਰ ਨਿਯੁਕਤ ਕਰਕੇ ਸਮੁੱਚੀ ਪ੍ਰੈੱਸ ਕਲੱਬ ਨੂੰ ਮਾਣ ਬਖ਼ਸ਼ਿਆ ਹੈ। ਇਸ ਮੌਕੇ ਨਵ-ਨਿਯੁਕਤ ਮਾਰਕੀਟ ਕਮੇਟੀ ਮਮਦੋਟ ਦੇ ਮੈਂਬਰ ਸੰਦੀਪ ਕੁਮਾਰ ਸੋਨੀ ਨੇ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਚੜ੍ਹਦੀ ਕਲਾ ਵਾਸਤੇ ਰਾਤ-ਦਿਨ ਕੰਮ ਕਰਦੇ ਰਹਿਣਗੇ ਅਤੇ ਨਾਲ ਹੀ ਉਹ ਆਪਣੀ ਕਲਮ ਰਾਹੀਂ ਲੋਕਾਂ ਦੀਆਂ ਮੁਸ਼ਕਲਾਂ ਸਮੇਂ ਸਮੇਂ 'ਤੇ ਸਰਕਾਰ ਕੋਲ ਪਹੁੰਚਾਉਂਦੇ ਰਹਿਣਗੇ ਤੇ ਉਨ੍ਹਾਂ ਦਾ ਹੱਲ ਕਰਾਉਣ ਲਈ ਵਚਨਬੱਧ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਪ੍ਰਧਾਨ ਜੋਗਿੰਦਰ ਸਿੰਘ ਭੋਲਾ, ਚੇਅਰਮੈਨ ਹਰਪਾਲ ਸਿੰਘ ਸੋਢੀ, ਬਗੀਚਾ ਸਿੰਘ, ਬਲਜੀਤ ਕਚੂਰਾ, ਗੁਰਪ੍ਰੀਤ ਸਿੰਘ ਸੰਧੂ, ਜਸਬੀਰ ਸਿੰਘ, ਹਰਪ੍ਰੀਤ ਹੈਪੀ ਹਾਜ਼ਰ ਸਨ।

# ਸਰਕਾਰੀ ਪੈਸੇ ਦੀ ਦਰਵਰਤੋਂ ਕਰਨ ਦੇ ਦੋਸ਼ 'ਚ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ ਪਿੰਡ ਢਾਬ ਖੁਸ਼ਹਾਲ ਜੋਈਆ ਵਿਖੇ ਪੀ.ਐੱਮ.ਏ.ਵਾਈ. ਸਕੀਮ ਅਧੀਨ ਮਕਾਨ ਲਈ ਆਏ ਸਰਕਾਰੀ ਪੈਸਿਆਂ ਦੀ ਦੁਰਵਰਤੋਂ ਕਰਨ ਦੇ ਦੋਸ਼ ਵਿੱਚ ਇਕ ਵਿਅਕਤੀ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਰੇਸ਼ ਕੁਮਾਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਰਾਜ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਢਾਬ ਖੁਸ਼ਹਾਲ ਜੋਈਆ ਵੱਲੋਂ ਇਕ ਦਰਖਾਸਤ ਦਿੱਤੀ ਗਈ ਸੀ, ਜਿਸ ਦੀ ਜਾਂਚ ਪੜਤਾਲ ਹੋਣ ਉਪਰੰਤ ਐੱਸ.ਐੱਸ.ਪੀ. ਫਾਜ਼ਿਲਕਾ ਤੋਂ ਅਪਰੂਵਲ ਥਾਣੇ ਵਿੱਚ ਆਈ ਹੈ। ਇਸ ਵਿੱਚ ਸ਼ਿਕਾਇਤਕਰਤਾ ਰਾਜ ਸਿੰਘ ਦੇ ਬਿਆਨਾਂ ਅਨੁਸਾਰ ਜੋਗਿੰਦਰ ਸਿੰਘ ਪੁੱਤਰ ਨਰੈਣ ਸਿੰਘ ਵਾਸੀ ਢਾਬ ਖੁਸ਼ਹਾਲ ਜੋਈਆ ਨੇ ਪੀ.ਐੱਮ.ਏ.ਵਾਈ. ਸਕੀਮ ਤਹਿਤ ਪਾਏ ਗਏ ਮਕਾਨ ਸਬੰਧੀ ਜਾਂਚ ਵਿੱਚ ਪਤਾ ਚੱਲਿਆ ਹੈ ਕਿ ਉਸ ਨੇ ਸਰਕਾਰ ਵੱਲੋਂ ਆਏ ਪੈਸਿਆਂ ਦੀ ਸਹੀ ਤਰੀਕੇ ਨਾਲ ਨਹੀਂ ਵਰਤੋਂ ਨਹੀਂ ਕੀਤੀ ਗਈ ਹੈ, ਜਿਸ 'ਤੇ ਮੁਦੱਈ ਰਾਜ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਲਾਭਪਾਤਰੀ ਜੋਗਿੰਦਰ ਸਿੰਘ ਪੁੱਤਰ ਨਰੈਣ ਸਿੰਘ ਦੇ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ।

# ਐਡਵੋਕੇਟ ਅਮਿਤ ਸਰਬ-ਸੰਮਤੀ ਨਾਲ ਬਣੇ ਯੂਥ ਅਗਰਵਾਲ ਸਭਾ ਦੇ ਪ੍ਰਧਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਯੂਥ ਅਗਰਵਾਲ ਸਭਾ ਬਾਘਾ ਪੁਰਾਣਾ ਦੀ ਇੱਕ ਮੀਟਿੰਗ ਬਾਘਾ ਪੁਰਾਣਾ ਦੇ ਸ਼ਰਮਨ ਹੋਟਲ ਵਿਖੇ ਬਾਲਕ੍ਰਿਸ਼ਨ ਬਾਲੀ ਪ੍ਰਧਾਨ ਰਾਈਸ ਮਿੱਲਰਜ਼ ਪੰਜਾਬ ਤੇ ਵਿਜੈ ਬਾਂਸਲ ਪ੍ਰਧਾਨ ਅਗਰਵਾਲ ਸਭਾ ਤੇ ਯੂਥ ਪ੍ਰਧਾਨ ਪਵਨ ਗੋਇਲ ਦੀ ਅਗਵਾਈ ਹੇਠ ਕੀਤੀ ਗਈ। ਇਸ ਮੀਟਿੰਗ ਵਿੱਚ ਯੂਥ ਅਗਰਵਾਲ ਸਭਾ ਬਾਘਾ ਪੁਰਾਣਾ ਦੇ ਨਵੇਂ ਆਹੁਦੇਦਾਰਾਂ ਦੀ ਚੋਣ ਸਰਬ ਸੰਮਤੀ ਨਾਲ ਕੀਤੀ ਗਈ, ਜਿਸ ਨਾਲ ਸੰਗਠਨ ਵਿੱਚ ਨਵਾਂ ਜੋਸ਼ ਤੇ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਮੋਗਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਨਵੀਨ ਸਿੰਗਲਾ ਪੰਜਾਬ ਵਾਇਸ ਪ੍ਰਧਾਨ, ਰਿਸ਼ੂ ਅਗਰਵਾਲ ਜ਼ਿਲ੍ਹਾ ਪ੍ਰਧਾਨ, ਜ਼ਿਲ੍ਹਾ ਇੰਚਾਰਜ ਭਰਤ ਗੁਪਤਾ, ਹਰਸ਼ ਗੋਇਲ ਜ਼ਿਲ੍ਹਾ ਕੋਆਰਡੀਨੇਟਰ, ਰਾਮਪਾਲ ਗੁਪਤਾ ਜ਼ਿਲ੍ਹਾ ਸੈਕਟਰੀ ਤੇ ਦਿਨੇਸ਼ ਬਾਂਸਲ ਵਾਇਸ ਪ੍ਰਧਾਨ ਮੋਗਾ ਸ਼ਾਮਲ ਸਨ।ਮੋਗਾ ਟੀਮ ਵੱਲੋਂ ਯੂਥ ਅਗਰਵਾਲ ਸਭਾ ਵੱਲੋਂ ਸਮਾਜਿਕ ਤੇ ਧਾਰਮਿਕ ਖੇਤਰ ਵਿੱਚ ਕੀਤੇ ਜਾ ਰਹੇ ਕਾਰਜਾਂ ਦੀ ਖੁੱਲ੍ਹ ਕੇ ਪ੍ਰਸੰਸਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਬਾਲਕ੍ਰਿਸ਼ਨ ਬਾਲੀ ਤੇ ਪ੍ਰਧਾਨ ਵਿਜੈ ਬਾਂਸਲ ਨੇ ਅਗਰਵਾਲ ਸਭਾ ਨੇ ਪਿਛਲੇ ਸਮੇਂ ਦੌਰਾਨ ਕੀਤੀਆਂ ਗਈਆਂ ਪ੍ਰਾਪਤੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਸ ਦੌਰਾਨ ਸਰਬ ਸੰਮਤੀ ਨਾਲ ਬਾਲਕ੍ਰਿਸ਼ਨ ਬਾਲੀ ਤੇ ਵਿਜੈ ਬਾਂਸਲ ਵੱਲੋਂ ਐਡਵੋਕੇਟ ਅਮਿਤ ਅਗਰਵਾਲ ਨੂੰ ਯੂਥ ਅਗਰਵਾਲ ਸਭਾ ਬਾਘਾ ਪੁਰਾਣਾ ਦਾ ਪ੍ਰਧਾਨ ਐਲਾਨਿਆ ਗਿਆ।ਅਮਿਤ ਐਡਵੋਕੇਟ ਦੇ ਪ੍ਰਧਾਨ ਬਣਨ ਨਾਲ ਹਲਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।

ਸਭਾ ਦੇ ਮੈਂਬਰਾਂ ਨੇ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਭਰੋਸਾ ਜਤਾਇਆ ਕਿ ਉਹ ਯੂਥ ਨੂੰ ਇਕੱਠਾ ਕਰਕੇ ਸਮਾਜ ਸੇਵਾ ਦੇ ਕੰਮਾਂ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣਗੇ।ਇਸ ਤੋਂ ਇਲਾਵਾ ਪਿਛਲੇ 12 ਸਾਲਾਂ ਤੋਂ ਯੂਥ ਅਗਰਵਾਲ ਸਭਾ ਦੀ ਨਿਸ਼ਕਾਮ ਸੇਵਾ ਨਿਭਾ ਰਹੇ ਪਵਨ ਗੋਇਲ ਨੂੰ ਸਰਬ ਸੰਮਤੀ ਨਾਲ ਯੂਥ ਅਗਰਵਾਲ ਸਭਾ ਦਾ ਸਰਪ੍ਰਸਤ ਐਲਾਨਿਆ ਗਿਆ।ਮੀਟਿੰਗ ਦੌਰਾਨ ਉਨ੍ਹਾਂ ਦੀ ਲੰਬੇ ਸਮੇਂ ਦੀ ਸੇਵਾ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ ਗਈ।ਨਵੀਂ ਟੀਮ ਵਿੱਚ ਮਿਲਨ ਗਰਗ ਨੂੰ ਸੀਨੀਅਰ ਵਾਈਸ ਪ੍ਰਧਾਨ, ਰਾਮ ਬਾਂਸਲ ਨੂੰ ਵਾਈਸ ਪ੍ਰਧਾਨ, ਮਨੀ ਸਿੰਗਲਾ ਨੂੰ ਪ੍ਰੈੱਸ ਸਕੱਤਰ, ਪ੍ਰੇਮ ਬਾਂਸਲ ਨੂੰ ਸੈਕਟਰੀ, ਬਿੱਟਾ ਜਿੰਦਲ ਨੂੰ ਜੁਆਇੰਟ ਸੈਕਟਰੀ, ਸਾਹਿਲ ਬਾਂਸਲ ਨੂੰ ਕੈਸ਼ੀਅਰ ਤੇ ਅਮਿਤ ਜਿੰਦਲ ਨੂੰ ਜੁਆਇੰਟ ਕੈਸ਼ੀਅਰ ਐਲਾਨਿਆ ਗਿਆ।ਨਵੇਂ ਅਹੁਦੇਦਾਰਾਂ ਨੇ ਸਭਾ ਨੂੰ ਭਰੋਸਾ ਦਿਵਾਇਆ ਕਿ ਉਹ ਸਭਾ ਦੀਆਂ ਨੀਤੀਆਂ ਅਨੁਸਾਰ ਇਮਾਨਦਾਰੀ ਤੇ ਨਿਸ਼ਕਾਮ ਭਾਵਨਾ ਨਾਲ ਕੰਮ ਕਰਨਗੇ।ਮੀਟਿੰਗ ਦੇ ਅੰਤ ਵਿੱਚ ਸਾਰੇ ਮੈਂਬਰਾਂ ਵੱਲੋਂ ਨਵੀਂ ਬਣੀ ਟੀਮ ਨੂੰ ਵਧਾਈ ਦਿੱਤੀ ਗਈ ਤੇ ਆਸ ਜਤਾਈ ਗਈ ਕਿ ਯੂਥ ਅਗਰਵਾਲ ਸਭਾ ਬਾਘਾ ਪੁਰਾਣਾ ਭਵਿੱਖ ਵਿੱਚ ਸਮਾਜਿਕ ਤੇ ਧਾਰਮਿਕ ਖੇਤਰ ਵਿੱਚ ਹੋਰ ਵੱਡੀ ਭੂਮਿਕਾ ਨਿਭਾਏਗੀ।

# ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ 129ਵਾਂ ਜਨਮ ਦਿਹਾੜਾ ਮਨਾਇਆ

## ਜਨਰਲ ਮੋਹਨ ਸਿੰਘ ਦੇ ਬੁੱਤ 'ਤੇ ਅਰਪਿਤ ਕੀਤੀਆਂ ਫੁੱਲਮਾਲਾਵਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ 129ਵਾਂ ਜਨਮ ਦਿਹਾੜਾ ਸਥਾਨਕ ਪ੍ਰਬੰਧਕੀ ਕੰਪਲੈਕਸ ਮੋਗਾ ਵਿਖੇ ਫਰੀਡਮ ਫਾਈਟਰ ਐਸੋਸੀਏਸ਼ਨ ਮੋਗਾ ਵੱਲੋਂ ਉਨ੍ਹਾਂ ਦੇ ਬੁੱਤ ਤੇ ਫੁੱਲ ਮਾਲਾ ਭੇਟ ਕਰ ਕੇ ਮਨਾਇਆ ਗਿਆ।ਇਸ ਮੌਕੇ ਅਜ਼ਾਦੀ ਘੁਲਾਟੀਆਂ ਦੀ ਰਾਸ਼ਟਰੀ ਕਾਰਜਕਾਰਨੀ ਅਖਿਲ ਭਾਰਤੀ ਸਵਤੰਤਰਤਾ ਸੈਨਾਨੀ ਤੇ ਉੱਤਰਾਧਿਕਾਰੀ ਸੰਯੁਕਤ ਸੰਗਠਨ (ਰਜਿ:) ਭਾਰਤ ਦੇ ਸੂਬਾ ਪ੍ਰਧਾਨ ਗੁਰਚਰਨ ਸਿੰਘ ਸੰਘਾ ਨੇ ਨੇਤਾ ਜੀ ਦੇ ਜੀਵਨ ਉਪਰ ਵਿਸਥਾਰ ਨਾਲ ਦੱਸਿਆ ਕਿ ਆਪ ਜੀ ਦਾ ਜਨਮ 23 ਜਨਵਰੀ 1897 ਵਿੱਚ ਹੋਇਆ। ਉਨ੍ਹਾਂ ਦੱਸਿਆ ਕਿ ਜਨਰਲ ਮੋਹਨ ਸਿੰਘ ਦੁਆਰਾ ਬਣਾਈ ਗਈ ਅਜਾਦ ਹਿੰਦ ਫੌਜ ਨੂੰ ਮੁੜ ਲਾਂਮਬੰਧ ਕਰਕੇ ਅਜ਼ਾਦੀ ਦੀ ਲੜਾਈ ਲੜੀ ਤੇ ਦੇਸ਼ ਦੀ ਅਜ਼ਾਦੀ ਵਿੱਚ ਅਹਿਮ ਯੋਗਦਾਨ ਪਾਇਆ, ਨੇਤਾ ਜੀ ਦੇ ਦੇਸ਼ ਨੂੰ ਅਜ਼ਾਦ ਕਰਵਾਉਣ ਵਿੱਚ ਪਾਏ ਯੋਗਦਾਨ ਨੂੰ ਭੁਲਾਇਆ ਨਹੀਂ ਜਾ ਸਕਦਾ।ਇਸ ਮੌਕੇ ਡਾ. ਪਵਨ ਥਾਪਰ ਨੇ ਕਿਹਾ ਕਿ ਨੇਤਾ ਜੀ ਵੱਲੋਂ ਦਿੱਤਾ ਗਏ ਨਾਅਰੇ 'ਤੁਮ ਮੁਝੇ ਖ਼ੂਨ ਦੋ ਮੈਂ ਤੁਮਹੇਂ ਅਜਾਦੀ ਦੂੰਗਾ' ਹੇਠ ਦੇਸ਼ ਦੇ ਨੌਜਵਾਨਾ ਨੂੰ ਅਜ਼ਾਦੀ ਦੀ ਲੜਾਈ ਲਈ ਪ੍ਰੇਰਿਆ ਤੇ ਦੇਸ਼ ਨੂੰ ਅਜ਼ਾਦੀ ਦੀ ਲੀਹ 'ਤੇ ਚਾੜ੍ਹਿਆ।ਇਸ ਮੌਕੇ ਸਾਬਕਾ ਮੰਤਰੀ ਡਾ. ਮਾਲਤੀ ਥਾਪਰ ਨੇ ਇਸ ਗੱਲ ਦੀ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਦੇਸ਼ ਅੱਜ ਇਨ੍ਹਾਂ ਅਜ਼ਾਦੀ ਘੁਲਾਟੀਆਂ ਦੇ ਬਲੀਦਾਨਾਂ ਨੂੰ ਭੁੱਲਦਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਜ ਦੇਸ਼ ਜਿਸ ਅਜ਼ਾਦ ਫਿਜ਼ਾ ਵਿੱਚ ਸਾਹ ਲੈ ਰਿਹਾ ਹੈ ਤੇ ਅਜ਼ਾਦੀ ਦਾ ਸੁਖ ਮਾਣ ਰਿਹਾ ਹੈ, ਉਹ ਇਨ੍ਹਾਂ ਅਜ਼ਾਦੀ ਘੁਲਾਟੀਆਂ ਦੇ ਦਿੱਤੇ ਗਏ ਬਲਿਦਾਨਾਂ ਦੀ ਬਦੌਲਤ ਹੈ।ਇਸ ਮੌਕੇ ਉਨ੍ਹਾਂ ਨਾਲ ਅਖਿਲ ਭਾਰਤੀ ਸਵਤੰਤਰਤਾ ਸੈਨਾਨੀ ਤੇ ਉੱਤਰਾਧਿਕਾਰੀ ਸੰਯੁਕਤ ਸੰਗਠਨ ਦੇ ਕਨਵੀਨਰ ਡਾ. ਪਵਨ ਥਾਪਰ, ਡਾ. ਮਾਲਤੀ ਥਾਪਰ, ਫਰੀਡਮ ਫਾਈਟਰ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਸਿੰਘ ਬੁੱਟਰ, ਮੀਤ ਪ੍ਰਧਾਨ ਡਾ. ਹਰਿੰਦਰਪਾਲ ਸਿੰਘ ਮਹਿਰੋਂ, ਨਿਰਮਲ ਸਿੰਘ, ਅਵਤਾਰ ਸਿੰਘ, ਸੁਖਦੇਵ ਸਿੰਘ ਘੋਸਾ, ਸੁਖਮੰਦਰ ਸਿੰਘ, ਜਗਰੂਪ ਸਿੰਘ, ਕੁਲਦੀਪ ਸਿਘ, ਅਮਰਜੀਤ ਸਿੰਘ ਜਨੇਰ, ਸੁਖਦੇਵ ਸਿੰਘ ਬੇਦੀ, ਬਬਲਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਵਤੰਤਰਤਾ ਸੈਨਾਨੀ ਪਰਿਵਾਰਾਂ ਦੇ ਮੈਂਬਰਾਂ ਨੇ ਹਿੱਸਾ ਲਿਆ।

# 8 ਦੀ ਮੀਟਿੰਗ 'ਚ ਮਸਲਾ ਹੱਲ ਨਾ ਹੋਇਆ ਤਾਂ ਵਿੱਢਾਂਗੇ ਸੰਘਰਸ਼ : ਆਗੂ

**ਅਜੀਤਵਾਲ (ਲਵਲੀ ਕੁਮਾਰ)**-ਪਿੰਡ ਪੱਤੋਂ ਹੀਰਾ ਸਿੰਘ ਤੇ ਜਵਾਹਰ ਸਿੰਘ ਵਾਲੇ ਵੱਲੋਂ ਪੰਜਾਬ ਕਿਸਾਨ ਸੰਘਰਸ਼ ਕਮੇਟੀ ਸ਼ੇਰੇ ਪੰਜਾਬ ਤੇ ਸਮੁੱਚੇ ਆਗੂ ਸਾਹਿਬਾਨਾਂ ਨੂੰ ਐੱਸਡੀਐੱਮ ਨਿਹਾਲ ਸਿੰਘ ਵਾਲਾ ਵੱਲੋਂ ਮੰਦੀ ਸ਼ਬਦਾਵਲੀ ਵਰਤਣ ਖਿਲਾਫ ਮੇਨ ਚੌਂਕ ਜਵਾਹਰ ਸਿੰਘ ਵਾਲਾ ਵਿਖੇ ਰੋਸ ਪ੍ਰਦਰਸ਼ਨ ਕਰਨ ਉਪਰੰਤ ਡੀਐੱਸਪੀ ਅਨਵਰ ਅਲੀ ਬੱਧਨੀ ਕਲਾਂ ਨੇ 28 ਜਨਵਰੀ ਨੂੰ ਡੀ ਸੀ ਮੋਗਾ ਨਾਲ ਮੀਟਿੰਗ ਕਰਾਉਣ ਬਾਰੇ ਸਮੂਹ ਕਿਸਾਨ ਜਥੇਬੰਦੀ ਤੇ ਆਗੂ ਸਾਹਿਬਾਨਾਂ ਨੂੰ ਭਰੋਸਾ ਦਿੱਤਾ ਹੈ। ਜੇਕਰ 28 ਜਨਵਰੀ ਨੂੰ ਦਿੱਤੀ ਗਈ ਮੀਟਿੰਗ 'ਚ ਜੇਕਰ ਕੋਈ ਮਸਲਾ ਹੱਲ ਨਾ ਹੋਇਆ ਤਾਂ ਵੱਡੇ ਪੱਧਰ 'ਤੇ ਕਿਸਾਨ ਜਥੇਬੰਦੀਆਂ ਨਾਲ ਮਿਲ ਕੇ ਸੰਘਰਸ਼ ਨੂੰ ਜਾਰੀ ਕਰਨਗੀਆਂ। ਇਸ ਸਮੇਂ ਸੰਘਰਸ਼ ਕਮੇਟੀ ਦੇ ਪ੍ਰਧਾਨ ਕਿਸਾਨ ਸਰਬਜੀਤ ਸਿੰਘ, ਮਾਛੀਕੇ ਇਕਾਈ ਪ੍ਰਧਾਨ ਹਿੰਦਰੀ ਬਰਾੜ ਪੱਤੋ, ਪ੍ਰੈੱਸ ਸਕੱਤਰ ਭਾਰਤੀ ਕਿਸਾਨ ਯੂਨੀਅਨ ਖੋਸਾ ਬਲਾਕ ਨਿਹਾਲ ਸਿੰਘ ਵਾਲਾ ਸੁਰਜੀਤ ਸਿੰਘ ਧੂੜਕੋਟ ਰਣਸੀਂਹ, ਹਰਜਿੰਦਰ ਸਿੰਘ ਕਿੰਦਾ, ਗੁਰਮੇਲ ਕੌਰ, ਕਮਲਜੀਤ ਕੌਰ, ਸੰਦੀਪ ਕੌਰ, ਜਸਵੀਰ ਕੌਰ, ਸ਼ਿੰਦਰਪਾਲ ਸਿੰਘ ਤੇ ਹੋਰ ਆਗੂ ਸਾਹਿਬਾਨ ਹਾਜ਼ਰ ਸਨ।

# ਸਫਾ 3 ਦੇ ਬਾਕੀ...

## ਨਾਮਵਰ ਪੱਤਰਕਾਰ ਮਾਰਕ...

ਬੇਮਿਸਾਲ ਕਵਰੇਜ ਲਈ ਯਾਦ ਕੀਤਾ ਜਾਂਦਾ ਹੈ, ਜੋ ਉਸ ਸਮੇਂ ਆਜ਼ਾਦੀ ਦੀ ਲੜਾਈ ਲੜ ਰਹੇ ਬੰਗਾਲੀਆਂ ਲਈ ਪ੍ਰਮਾਣਿਕ ਜਾਣਕਾਰੀ ਦਾ ਸਭ ਤੋਂ ਵੱਡਾ ਸਰੋਤ ਸੀ। ਆਪਣੀ ਸ਼ਾਂਤ ਪਰ ਦਮਦਾਰ ਆਵਾਜ਼ ਲਈ ਜਾਣੇ ਜਾਂਦੇ ਟੱਲੀ ਸਿਰਫ ਇੱਕ ਪੱਤਰਕਾਰ ਨਹੀਂ, ਸਗੋਂ ਖੁਦ ਵਿੱਚ ਇੱਕ ਸੰਸਥਾ ਸਨ, ਜਿਨ੍ਹਾ ਦੀ ਰਿਪੋਰਟਿੰਗ ਵਿੱਚ ਨਿਰਪੱਖਤਾ, ਇਮਾਨਦਾਰੀ ਅਤੇ ਲੋਕਾਂ ਪ੍ਰਤੀ ਡੂੰਘੀ ਹਮਦਰਦੀ ਸਾਫ ਝਲਕਦੀ ਸੀ। ਉਹ ਉੱਘੇ ਲੇਖਕ ਵੀ ਸਨ, ਜਿਨ੍ਹਾ ਨੇ 'ਨੋ ਫੁੱਲ ਸਟਾਪਸ ਇਨ ਇੰਡੀਆ' ਅਤੇ 'ਇੰਡੀਆ ਇਨ ਸਲੋ ਮੋਸ਼ਨ' ਵਰਗੀਆਂ ਪ੍ਰਸਿੱਧ ਕਿਤਾਬਾਂ ਰਾਹੀਂ ਭਾਰਤੀ ਜੀਵਨ ਦੀ ਡੂੰਘੀ ਤਸਵੀਰ ਪੇਸ਼ ਕੀਤੀ। ਪੱਤਰਕਾਰੀ ਅਤੇ ਸਾਹਿਤ ਵਿੱਚ ਉਨ੍ਹਾ ਦੇ ਵਡਮੁੱਲੇ ਯੋਗਦਾਨ ਲਈ 2002 ਵਿੱਚ ਉਨ੍ਹਾ ਨੂੰ ਬਰਤਾਨੀਆ ਵੱਲੋਂ 'ਨਾਈਟਹੁੱਡ' ਅਤੇ 2005 ਵਿੱਚ ਭਾਰਤ ਸਰਕਾਰ ਵੱਲੋਂ 'ਪਦਮ ਭੂਸ਼ਣ' ਨਾਲ ਸਨਮਾਨਤ ਕੀਤਾ ਗਿਆ ਸੀ। ਟੱਲੀ 1935 ਵਿੱਚ ਕਲਕੱਤਾ (ਹੁਣ ਕੋਲਕਾਤਾ) ਵਿੱਚ ਪੈਦਾ ਹੋਏ ਸਨ। ਉਨ੍ਹਾ ਦੇ ਪਿਤਾ ਬਿਜ਼ਨਸਮੈਨ ਸਨ। ਮਾਤਾ ਬੰਗਾਲ ਵਿੱਚ ਪੈਦਾ ਹੋਈ ਸੀ, ਜਿੱਥੇ ਉਨ੍ਹਾ ਦਾ ਪਰਵਾਰ ਪੀੜ੍ਹੀਆਂ ਤੋਂ ਵਪਾਰੀਆਂ ਤੇ ਪ੍ਰਸ਼ਾਸਕਾਂ ਵਜੋਂ ਵਿਚਰਿਆ। ਟੱਲੀ ਨੂੰ ਬਚਪਨ ਵਿੱਚ ਇੰਗਲਿਸ਼ ਨੈਨੀ (ਆਯਾ) ਨੇ ਸੰਭਾਲਿਆ। ਉਸ ਨੇ ਇੱਕ ਵਾਰ ਟੱਲੀ ਨੂੰ ਇਸ ਕਰਕੇ ਝਾੜਿਆ ਸੀ ਕਿ ਉਹ ਫੈਮਿਲੀ ਡਰਾਈਵਰ ਤੋਂ ਹਿੰਦੀ ਵਿੱਚ ਗਿਣਤੀ ਕਿਉਂ ਸਿੱਖ ਰਿਹੈ। ਉਸ ਨੇ ਕਿਹਾ ਸੀ ਕਿ ਨੌਕਰਾਂ ਦੀ ਭਾਸ਼ਾ ਤੇਰੀ ਭਾਸ਼ਾ ਨਹੀਂ ਹੋ ਸਕਦੀ।

## ਅਮਰੀਕੀ ਇਮੀਗ੍ਰੇਸ਼ਨ...

ਤੋਂ ਭਾਰੀ ਹਥਿਆਰਬੰਦ ਕੇਂਦਰੀ ਬਲਾਂ ਨੂੰ ਵਾਪਸ ਬੁਲਾਉਣ ਦੀ ਮੰਗ ਕੀਤੀ ਹੈ। ਮਿਨੀਆਪੋਲਿਸ ਪੁਲਸ ਮੁਖੀ ਬ੍ਰਾਇਨ ਓਹਾਰਾ ਨੇ ਪੁਸ਼ਟੀ ਕੀਤੀ ਕਿ ਇੱਕ 37 ਸਾਲਾ ਅਮਰੀਕੀ ਵਿਅਕਤੀ ਨੂੰ ਕਈ ਗੋਲੀਆਂ ਲੱਗੀਆਂ ਤੇ ਹਸਪਤਾਲ ਲਿਜਾਣ ਤੋਂ ਬਾਅਦ ਉਸ ਦੀ ਮੌਤ ਹੋ ਗਈ। ਇਹ ਗੋਲੀਬਾਰੀ ਮਿਨੀਆਪੋਲਿਸ ਵਿੱਚ ਅਮਰੀਕੀ ਇਮੀਗ੍ਰੇਸ਼ਨ ਐਨਫੋਰਸਮੈਂਟ ਅਤੇ ਹੋਰ ਫੈਡਰਲ ਏਜੰਟਾਂ ਦੀ ਛਾਪੇਮਾਰੀ ਦੌਰਾਨ ਹੋਈ। ਇਹ ਇੱਥੇ ਗੈਰਕਾਨੂੰਨੀ ਢੰਗ ਨਾਲ ਰਹਿ ਰਹੇ ਲੋਕਾਂ 'ਤੇ ਸ਼ਿਕੰਜਾ ਕੱਸ ਰਹੇ ਹਨ।

ਕੇਂਦਰੀ ਗ੍ਰਹਿ ਮੰਤਰਾਲੇ ਨੇ ਕਿਹਾ ਕਿ ਜਿਸ ਨੂੰ ਗੋਲੀ ਮਾਰੀ ਗਈ, ਉਹ ਹੈਂਡਗਨ ਲੈ ਕੇ ਜਵਾਨਾਂ ਵੱਲ ਵਧ ਰਿਹਾ ਸੀ ਤੇ ਜਦੋਂ ਉਸ ਨੂੰ ਬੇਹਥਿਆਰ ਕਰਨ ਦੀ ਕੋਸ਼ਿਸ਼ ਕੀਤੀ ਗਈ, ਉਹ ਹਿੰਸਕ ਹੋ ਗਿਆ। ਮੌਕੇ ਦੀਆਂ ਵੀਡੀਓ ਗ੍ਰਹਿ ਮੰਤਰਾਲੇ ਦੇ ਬਿਆਨ ਨੂੰ ਝੁਠਲਾਉਂਦੀਆਂ ਹਨ। ਇੱਕ ਵੀਡੀਓ ਮੁਤਾਬਕ ਅਲੈਕਸ ਪਰੈਟੀ ਦੇ ਹੱਥ ਵਿੱਚ ਫੋਨ ਸੀ, ਬੰਦੂਕ ਨਹੀਂ ਅਤੇ ਉਹ ਇਮੀਗ੍ਰੇਸ਼ਨ ਵੱਲੋਂ ਭੁੰਜੇ ਸੁੱਟੇ ਲੋਕਾਂ ਦੀ ਮਦਦ ਲਈ ਬਹੁੜਿਆ ਸੀ। ਜਦੋਂ ਇੱਕ ਏਜੰਟ ਨੇ ਇੱਕ ਮਹਿਲਾ ਨੂੰ ਪਾਸੇ ਧੱਕ ਕੇ ਇੱਕ ਹੋਰ ਬੰਦੇ ਨੂੰ ਭੁੰਜੇ ਸੁੱਟਣ ਦੀ ਕੋਸ਼ਿਸ਼ ਕੀਤੀ ਤਾਂ ਪਰੈਟੀ ਨੇ ਉਸ ਦੀ ਵੀਡੀਓ ਬਣਾਈ। ਪਰੈਟੀ ਏਜੰਟ ਤੇ ਮਹਿਲਾ ਵਿਚਾਲੇ ਆਇਆ ਤੇ ਖੁਦ ਨੂੰ ਬਚਾਉਣ ਲਈ ਖੱਬੀ ਬਾਂਹ ਉੱਤੇ ਚੁੱਕੀ ਅਤੇ ਏਜੰਟ ਵੱਲੋਂ ਮਿਰਚ ਪਾਊਡਰ ਦਾ ਸਪਰੇਅ ਕਰਨ 'ਤੇ ਉਹ ਪਾਸੇ ਹੋ ਗਿਆ। ਪਰੈਟੀ ਨੇ ਫਿਰ ਮਹਿਲਾ ਦੀ ਮਦਦ ਕਰਨ ਦੀ ਕੋਸ਼ਿਸ਼ ਕੀਤੀ, ਪਰ ਏਜੰਟਾਂ ਨੇ ਦਬੋਚ ਕੇ ਗੋਡਿਆਂ ਪਰਨੇ ਕਰ ਲਿਆ। ਇਸ ਤੋਂ ਬਾਅਦ ਇੱਕ ਅਫਸਰ ਨੇ ਉਸ ਦੀ ਪਿੱਠ 'ਤੇ ਚਾਰ ਗੋਲੀਆਂ ਮਾਰ ਦਿੱਤੀਆਂ। ਪਰੈਟੀ ਇੱਕ ਹਸਪਤਾਲ ਵਿੱਚ ਇੰਟੈਸਿਵ ਕੇਅਰ ਨਰਸ ਦਾ ਕੰਮ ਕਰਦਾ ਸੀ।

ਮਿਨੇਸੋਟਾ ਦੇ ਗਵਰਨਰ ਟਿਮ ਵਾਜ਼ ਨੇ ਇਮੀਗ੍ਰੇਸ਼ਨ ਏਜੰਟਾਂ ਦੀ ਕਾਰਵਾਈ 'ਤੇ ਉਂਗਲ ਚੁੱਕੀ ਹੈ। ਉਨ੍ਹਾ ਮੰਗ ਕੀਤੀ ਹੈ ਕਿ ਟਰੰਪ ਇਮੀਗ੍ਰੇਸ਼ਨ ਏਜੰਟਾਂ ਤੋਂ ਅਜਿਹੀਆਂ ਕਾਰਵਾਈਆਂ ਕਰਾਉਣੀਆਂ ਬੰਦ ਕਰੇ। ਮਿਨੀਆਪੋਲਿਸ ਦੇ ਪੁਲਸ ਮੁਖੀ ਨੇ ਕਿਹਾ ਕਿ ਪਰੈਟੀ ਕੋਲ ਕਾਨੂੰਨ ਹਥਿਆਰ ਸੀ ਤੇ ਉਸ ਦਾ ਕੋਈ ਅਪਰਾਧਕ ਰਿਕਾਰਡ ਨਹੀਂ ਸੀ। ਮਿਨੀਆਪੋਲਿਸ ਦੇ ਮੇਅਰ ਜੈਕਬ ਫਰੇ ਨੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਨਾਲ ਹੋਰ ਕਿੰਨੇ ਅਮਰੀਕੀ ਮਰਵਾਉਣੇ ਤੇ ਜ਼ਖਮੀ ਕਰਨੇ ਹਨ?

## ਨਸ਼ਾ ਕਾਰੋਬਾਰ ਦੀ ...

ਜੂਨ ਵਿੱਚ ਟੂਰਿਸਟ ਵੀਜ਼ੇ 'ਤੇ ਅਜ਼ਰਬਾਇਜਾਨ ਗਿਆ ਸੀ, ਜਿੱਥੇ ਉਹ ਪਾਕਿਸਤਾਨ ਸਥਿਤ ਇੱਕ ਡਰੱਗ ਤਸਕਰ ਦੇ ਸੰਪਰਕ ਵਿੱਚ ਆਇਆ। ਬਿਹਾਰ ਵਿੱਚ ਭਾਰਤ-ਨੇਪਾਲ ਸਰਹੱਦ ਨੇੜੇ ਰਕਸੌਲ ਤੋਂ ਇੱਕ ਮੁੱਖ ਨਾਰਕੋ-ਅੱਤਵਾਦ ਸੰਚਾਲਕ ਰਾਜਬੀਰ ਸਿੰਘ ਉਰਫ ਫੌਜੀ ਦੀ ਗ੍ਰਿਫਤਾਰੀ 'ਤੇ ਉਸ ਤੋਂ ਕੀਤੀ ਪੁੱਛਗਿੱਛ ਦੇ ਅਧਾਰ 'ਤੇ ਉਪਰੋਕਤ ਗ੍ਰਿਫਤਾਰੀ ਸੰਭਵ ਹੋਈ ਹੈ। ਰਾਜਬੀਰ ਉਦੋਂ ਗੁਆਂਢੀ ਦੇਸ਼ ਭੱਜਣ ਦੀ ਕੋਸ਼ਿਸ਼ ਕਰ ਰਿਹਾ ਸੀ। ਫਰਵਰੀ 2025 ਵਿੱਚ ਭਾਰਤੀ ਫੌਜ ਛੱਡ ਕੇ ਭੱਜਣ ਵਾਲੇ ਰਾਜਬੀਰ ਨੇ ਚਿਰਾਗ ਨੂੰ ਹੈਰੋਇਨ ਸਪਲਾਈ ਕੀਤੀ, ਜਿਸ ਨੂੰ 107 ਗ੍ਰਾਮ ਹੈਰੋਇਨ ਅਤੇ ਇੱਕ 9 ਐੱਮ ਐੱਮ ਪਿਸਤੌਲ ਅਤੇ ਜ਼ਿੰਦਾ ਕਾਰਤੂਸਾਂ ਨਾਲ ਗ੍ਰਿਫਤਾਰ ਕੀਤਾ ਗਿਆ ਸੀ। ਡੀ ਜੀ ਪੀ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਸਤਨਾਮ ਨੇ ਪਾਕਿਸਤਾਨ ਸਥਿਤ ਇੱਕ ਡਰੱਗ ਤਸਕਰ ਦੇ ਇਸ਼ਾਰੇ 'ਤੇ ਕੰਮ ਕਰਦੇ ਹੋਏ ਹੈਰੋਇਨ ਦੀ ਤਸਕਰੀ ਦੀ ਕਮਾਈ ਨੂੰ ਰੂਟ ਕਰਨ ਲਈ ਆਪਣੇ ਬੈਂਕ ਖਾਤੇ ਅਤੇ ਯੂ ਪੀ ਆਈ ਪ੍ਰਮਾਣ ਪੱਤਰਾਂ ਦੀ ਵਰਤੋਂ ਕਰਕੇ ਅੱਤਵਾਦ ਦੀ ਪੁਸ਼ਤਪਨਾਹੀ ਵਿੱਚ ਸਹਾਇਤਾ ਕੀਤੀ। ਇਹ ਨੈੱਟਵਰਕ ਹੈਰੋਇਨ ਦੀ ਵੱਡੀ ਬਰਾਮਦਗੀ, ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਅਤੇ ਨਵੰਬਰ 2025 ਵਿੱਚ ਹਰਿਆਣਾ ਦੇ ਸਿਰਸਾ ਵਿੱਚ ਹੋਏ ਗ੍ਰਨੇਡ ਹਮਲੇ ਨਾਲ ਜੁੜਿਆ ਹੋਇਆ ਹੈ। ਸਪੈਸ਼ਲ ਅਪ੍ਰੇਸ਼ਨ ਸੈੱਲ ਦੇ ਸਹਾਇਕ ਇੰਸਪੈਕਟਰ ਜਨਰਲ ਦੀਪਕ ਪਾਰਿਕ ਨੇ ਕਿਹਾ ਕਿ ਪੁੱਛਗਿੱਛ ਦੌਰਾਨ ਰਾਜਬੀਰ ਨੇ ਦੱਸਿਆ ਕਿ ਪਿਛਲੇ ਸਤੰਬਰ ਵਿੱਚ ਭਾਰਤ ਵਾਪਸ ਆਉਣ ਤੋਂ ਬਾਅਦ, ਪਾਕਿਸਤਾਨ ਸਥਿਤ ਤਸਕਰ ਨੇ ਡਰੱਗ ਨੈੱਟਵਰਕ ਲਈ ਕੰਮ ਕਰਨ ਲਈ ਉਸ ਨਾਲ ਮੁੜ ਸੰਪਰਕ ਕੀਤਾ। ਉਸ ਨੂੰ ਵਿੱਤੀ ਲੈਣ-ਦੇਣ ਦੀ ਸਹੂਲਤ ਲਈ ਕਮਿਸ਼ਨ ਦੀ ਪੇਸ਼ਕਸ਼ ਕੀਤੀ। ਅਧਿਕਾਰੀ ਨੇ ਕਿਹਾ ਕਿ ਡਰੱਗ ਦਾ ਪੈਸਾ ਸਤਨਾਮ ਦੇ ਖਾਤੇ ਵਿੱਚ ਜਮ੍ਹਾਂ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਨੈੱਟਵਰਕ ਦੇ ਹੋਰ ਮੈਂਬਰਾਂ ਨੂੰ ਭੇਜ ਦਿੱਤਾ ਗਿਆ। ਪਾਰਿਕ ਨੇ ਕਿਹਾ ਕਿ ਰਾਜਬੀਰ ਨੇ ਸਤਨਾਮ ਦੇ ਖਾਤੇ ਵਿੱਚ ਫੰਡ ਟਰਾਂਸਫਰ ਕਰਨ ਲਈ ਤਰਨ ਤਾਰਨ ਸਥਿਤ ਗੁਰਜੰਟ ਸਿੰਘ ਦੇ ਖਾਤੇ ਦੀ ਵਰਤੋਂ ਕੀਤੀ। ਗੁਰਜੰਟ ਨੂੰ ਹਰਿਆਣਾ ਪੁਲਸ ਨੇ ਗ੍ਰਿਫਤਾਰ ਕਰ ਲਿਆ ਹੈ।

## ਮਨਰੇਗਾ ਖਤਮ ਹੋਣ ਨਾਲ...

ਦੌਰਾਨ ਆਪਣੇ ਸੰਬੋਧਨ ਸਮੇਂ ਕੀਤਾ।ਇਸ ਮੌਕੇ ਉਨ੍ਹਾ ਬਿਜਲੀ ਐਕਟ 2025, ਚਾਰ ਲੇਬਰ ਕੋਡ ਤੇ ਸੀਡ ਐਕਟ ਨੂੰ ਲਾਗੂ ਕਰਨ ਤੋਂ ਰੋਕਣ ਲਈ ਸੀ ਪੀ ਆਈ ਵੱਲੋਂ ਲੋਕਾਂ ਨੂੰ ਜਾਗਰੂਕ ਕਰਕੇ ਤਿੱਖੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਉਨ੍ਹਾ ਸਮੂਹ ਕਿਰਤੀਆਂ ਨੂੰ ਚੌਕਸ ਕਰਦਿਆਂ ਭਾਜਪਾ ਵੱਲੋਂ 'ਵੀ ਬੀ ਜੀ ਰਾਮ ਜੀ' ਨੂੰ ਲੈ ਕੇ ਕੀਤੇ ਜਾ ਰਹੇ ਗੁੰਮਰਾਹਕੁੰਨ ਪ੍ਰਚਾਰ ਦਾ ਮੂੰਹਤੋੜ ਜਵਾਬ ਦੇਣ ਦੀ ਅਪੀਲ ਵੀ ਕੀਤੀ।

ਜ਼ਿਲ੍ਹਾ ਅਬਜ਼ਰਵਰ ਨਰਿੰਦਰ ਕੌਰ ਸੋਹਲ ਨੇ ਚਿੰਤਾ ਜ਼ਾਹਰ ਕਰਦਿਆਂ ਆਖਿਆ ਕਿ ਕੌਮੀ ਰਾਜਨੀਤੀ 'ਚ ਲਾਲ ਝੰਡੇ ਦੀ ਇਮਾਨਦਾਰੀ ਤੇ ਪ੍ਰੋਗਰਾਮ ਨੂੰ ਬਦਨਾਮ ਕਰਨ ਲਈ ਸਰਮਾਏਦਾਰੀ ਤੇ ਫਾਸ਼ੀਵਾਦ ਵੱਲੋਂ ਚੌਤਰਫਾ ਹਮਲਾ ਕੀਤਾ ਜਾ ਰਿਹਾ ਹੈ, ਜਿਸ ਦੇ ਟਾਕਰੇ ਲਈ ਖੱਬੇ-ਪੱਖੀ ਧਿਰਾਂ ਦੀ ਏਕਤਾ ਤੇ ਸਾਂਝੇ ਘੋਲ ਸਮੇਂ ਦੀ ਮੁੱਖ ਲੋੜ ਹੈ।

ਮੀਟਿੰਗ ਰਾਜ ਕੁਮਾਰ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ 26 ਜਨਵਰੀ ਨੂੰ ਐੱਸ ਕੇ ਐੱਮ ਵੱਲੋਂ ਕੀਤੇ ਜਾ ਰਹੇ ਟਰੈਕਟਰ ਮਾਰਚ ਦੀ ਹਮਾਇਤ ਦਾ ਵੀ ਐਲਾਨ ਕੀਤਾ ਗਿਆ। ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਨੇ 15 ਮੈਂਬਰੀ ਪੈਨਲ ਪੇਸ਼ ਕੀਤਾ, ਜੋ ਪਿਛਲੀ ਸਕੱਤਰੇਤ ਵੱਲੋਂ ਜ਼ਿਲ੍ਹਾ ਕਾਰਜਕਾਰਨੀ ਵੱਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ।

ਇਸ ਪੈਨਲ 'ਚ ਕ੍ਰਿਸ਼ਨ ਚੌਹਾਨ, ਵੇਦ ਪ੍ਰਕਾਸ਼ ਬੁਢਲਾਡਾ, ਐਡਵੋਕੇਟ ਕੁਲਵਿੰਦਰ ਉਡਤ, ਰੂਪ ਸਿੰਘ ਢਿੱਲੋਂ, ਸੀਤਾਰਾਮ ਗੋਬਿੰਦਪੁਰਾ, ਸਾਧੂ ਸਿੰਘ ਰਾਮਾਨੰਦੀ, ਰਤਨ ਭੋਲਾ, ਜਗਸੀਰ ਰਾਏਕੇ, ਦਲਜੀਤ ਮਾਨਸ਼ਾਹੀਆ, ਕਰਨੈਲ ਸਿੰਘ ਭੀਖੀ, ਸੁਖਰਾਜ ਸਿੰਘ ਜੋਗਾ, ਕਿਰਨਾ ਰਾਣੀ, ਨਰੇਸ਼ ਕੁਮਾਰ ਬੁਰਜ ਹਰੀ, ਮਲਕੀਤ ਸਿੰਘ ਮੰਦਰਾਂ ਅਤੇ ਅਰਵਿੰਦਰ ਕੌਰ ਇਨਵਾਇਟੀ ਸਰਬਸੰਮਤੀ ਨਾਲ ਚੁਣੇ ਗਏ।

# 10 ਲੱਖ ਰੁਪਏ ਦੀ ਬੀਮਾ ਯੋਜਨਾ ਇਤਿਹਾਸਕ ਕਦਮ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਹਰ ਵਰਗ ਨੂੰ 10 ਲੱਖ ਰੁਪਏ ਦੀ ਬੀਮਾ ਸੁਰੱਖਿਆ ਮੁਹੱਈਆ ਕਰਾਉਣ ਦਾ ਐਲਾਨ ਸ਼ਲਾਘਾਯੋਗ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਇੰਦਰਜੀਤ ਖਾਲਸਾ ਸੀਨੀਅਰ ਆਗੂ ਆਪ ਨੇ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਮ ਆਦਮੀ ਦੀ ਸੁਰੱਖਿਆ ਤੇ ਭਲਾਈ ਨੂੰ ਪਹਿਲ ਦੇ ਅਧਾਰ 'ਤੇ ਯਕੀਨੀ ਬਣਾ ਰਹੀ ਹੈ।10 ਲੱਖ ਰੁਪਏ ਦੀ ਬੀਮਾ ਯੋਜਨਾ ਨਾਲ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ, ਨੌਜਵਾਨਾਂ ਤੇ ਗ਼ਰੀਬ ਪਰਵਾਰਾਂ ਨੂੰ ਵੱਡੀ ਰਾਹਤ ਮਿਲੇਗੀ ਕਿਉਂਕਿ ਹਾਦਸਿਆਂ ਜਾਂ ਅਣਹੋਣੀ ਦੀ ਸਥਿਤੀ 'ਚ ਪਰਵਾਰ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਸਹਾਰਾ ਮਿਲੇਗਾ।

## ਮਾਨ ਵੱਲੋਂ ਸਲੇਰਾਨ...

ਟੂਰਿਜ਼ਮ ਪ੍ਰੋਜੈਕਟ ਸ਼ੁਰੂ ਕੀਤਾ ਹੈ। ਉਨ੍ਹਾ ਕਿਹਾ ਕਿ ਇਸ ਤੋਂ ਪਹਿਲਾਂ ਚੌਹਾਲ ਡੈਮ ਪ੍ਰੋਜੈਕਟ ਸਫ਼ਲਤਾਪੂਰਵਕ ਚੱਲ ਰਿਹਾ ਹੈ ਅਤੇ ਇਹ ਨਵੀਂ ਪਹਿਲ ਸੈਲਾਨੀਆਂ ਦੇ ਘੁੰਮਣ-ਫਿਰਨ ਲਈ ਇੱਕ ਹੋਰ ਆਕਰਸ਼ਕ ਸਥਾਨ ਉਪਲਬਧ ਹੋਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਬੱਚਿਆਂ ਲਈ 16,000 ਵਰਗ ਫੁੱਟ ਵਿੱਚ ਫੈਲਿਆ ਵਿਸ਼ੇਸ਼ ਖੇਡ ਮੈਦਾਨ ਬਣਾਇਆ ਗਿਆ ਹੈ, ਜਿਸ ਵਿੱਚ ਵੱਖ-ਵੱਖ ਤਰ੍ਹਾਂ ਦੇ ਝੂਲੇ ਅਤੇ ਹੋਰ ਮਨੋਰੰਜਨ ਗਤੀਵਿਧੀਆਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਸੈਲਾਨੀਆਂ ਦੇ ਰਹਿਣ ਲਈ ਚਾਰ ਈਕੋ ਹੱਟਸ ਅਤੇ 80 ਲੋਕਾਂ ਦੇ ਬੈਠਣ ਦੀ ਸਮਰੱਥਾ ਵਾਲਾ ਇੱਕ ਕੈਫੇਟੇਰੀਆ ਵੀ ਬਣਾਇਆ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਲੇਰਾਨ ਡੈਮ ਦੇ ਸੁੰਦਰ ਦ੍ਰਿਸ਼ਾਂ ਦਾ ਆਨੰਦ ਲੈਣ ਲਈ ਇੱਕ ਵੱਡਾ ਐਂਫੀਥੀਏਟਰ ਵੀ ਤਿਆਰ ਕੀਤਾ ਗਿਆ ਹੈ।

## ਐੱਸ ਐੱਸ ਐੱਫ ਦੇ ...

ਮੁੱਖ ਮੰਤਰੀ ਨੇ ਕਿਹਾ ਕਿ ਸੜਕ ਸੁਰੱਖਿਆ ਫੋਰਸ ਨੇ ਖੂਨੀ ਸੜਕ (ਕਿੱਲਰ ਰੋਡ) ਵਜੋਂ ਜਾਣੇ ਜਾਂਦੇ ਸਰਹਿੰਦ-ਪਟਿਆਲਾ ਰੋਡ ਵਰਗੀਆਂ ਹਾਦਸੇ ਦੇ ਖਤਰੇ ਵਾਲੀਆਂ ਥਾਵਾਂ ਨੂੰ ਜੋਖਮ ਦੀ ਸਥਿਤੀ ਤੋਂ ਬਾਹਰ ਕੱਢਣ ਵਿੱਚ ਵੱਡੀ ਭੂਮਿਕਾ ਨਿਭਾਈ।ਸੂਬਾ ਭਰ ਵਿੱਚ 43000 ਕਿਲੋਮੀਟਰ ਸੜਕਾਂ ਬਣਾਈਆਂ ਜਾ ਰਹੀਆਂ ਹਨ। ਇੱਥੋਂ ਤੱਕ ਕਿ ਪ੍ਰਧਾਨ ਮੰਤਰੀ ਨੇ ਵੀ 'ਮਨ ਕੀ ਬਾਤ' ਵਿੱਚ ਦੇਸ਼ ਲਈ ਸੜਕ ਸੁਰੱਖਿਆ ਦਾ ਜ਼ਿਕਰ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਐੱਸ ਐੱਸ ਐੱਫ ਦੇ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ 1,597 ਕਰਮਚਾਰੀ ਐੱਸ ਐੱਸ ਐੱਫ ਦੀ ਰੀੜ੍ਹ ਦੀ ਹੱਡੀ ਵਜੋਂ ਕੰਮ ਕਰ ਰਹੇ ਹਨ ਅਤੇ ਇਨ੍ਹਾਂ ਨੂੰ ਨਵੀਨਤਮ ਤੇ ਪੂਰੀ ਤਰ੍ਹਾਂ ਲੈਸ 144 ਵਾਹਨ ਪ੍ਰਦਾਨ ਕੀਤੇ ਗਏ ਹਨ। ਪਿਛਲੇ ਸਾਲ ਫਰਵਰੀ ਵਿੱਚ ਇਸ ਦੀ ਸ਼ੁਰੂਆਤ ਤੋਂ ਬਾਅਦ ਇਸ ਫੋਰਸ ਦੇ ਗਠਿਤ ਹੋਣ ਨਾਲ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਦੀ ਦਰ ਵਿੱਚ 48 ਫ਼ੀਸਦ ਕਮੀ ਆਈ ਹੈ। 'ਕਾਤਲ ਸੜਕ' ਵਜੋਂ ਜਾਣੀ ਜਾਂਦੀ ਸੰਗਰੂਰ-ਪਟਿਆਲਾ ਸੜਕ, ਜਿੱਥੇ ਔਸਤਨ ਰੋਜ਼ਾਨਾ ਤਿੰਨ ਮੌਤਾਂ ਹੁੰਦੀਆਂ ਸਨ, ਹੁਣ ਇੱਕ ਸੁਰੱਖਿਅਤ ਸੜਕ ਵਿੱਚ ਤਬਦੀਲ ਹੋ ਗਈ ਹੈ।

# ਕਾਮਰੇਡ ਰਮੇਸ਼ ਸਿੰਘ ਆਜ਼ਾਦ ਨੂੰ ਸਦਮਾ, ਮਾਤਾ ਦਾ ਦੇਹਾਂਤ

## ਵੱਖ-ਵੱਖ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ

**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਕੁੱਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਆਗੂ ਕਾਮਰੇਡ ਰਮੇਸ਼ ਸਿੰਘ ਆਜ਼ਾਦ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਪੂਜਨੀਕ ਮਾਤਾ ਹਰਬੰਸ ਕੌਰ ਉਮਰ 100 ਸਾਲ ਸੁਪਤਨੀ ਸਵਰਗੀ ਕਾਮਰੇਡ ਦਲੀਪ ਸਿੰਘ ਪਿੰਡ ਸੁੰਦਰ ਸਿੰਘ ਵਾਲਾ ਆਪਣੀ ਸਵਾਸਾਂ ਦੀ ਪੂੰਜੀ ਭੋਗ ਕੇ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਸਨ।ਉਨ੍ਹਾਂ ਦਾ ਸਸਕਾਰ ਸ਼ਮਸ਼ਾਨਘਾਟ ਘਲੋੜੀ ਗੇਟ, ਸਨੌਰੀ ਅੱਡਾ ਪਟਿਆਲਾ ਵਿਖੇ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਰਾਜਨੀਤਕ, ਸਮਾਜ ਸੇਵੀ ਸੰਸਥਾਵਾਂ, ਪੰਚਾਂ, ਸਰਪੰਚਾਂ ਤੇ ਵੱਡੀ ਗਿਣਤੀ 'ਚ ਇਲਾਕਾ ਨਿਵਾਸੀ, ਸਾਕ-ਸੰਬੰਧੀ, ਦੋਸਤ-ਮਿੱਤਰਾਂ ਨੇ ਕਾਮਰੇਡ ਰਮੇਸ਼ ਸਿੰਘ ਆਜ਼ਾਦ ਨਾਲ ਦੁੱਖ ਸਾਂਝਾ ਕੀਤਾ, ਜਿਨ੍ਹਾਂ 'ਚ ਸਾਬਕਾ ਮੰਤਰੀ ਬਲਵੰਤ ਸਿੰਘ ਰਾਮੂਵਾਲੀਆ, ਹਲਕਾ ਇੰਚਾਰਜ ਸਨੌਰ ਕਾਂਗਰਸ ਹਰਿੰਦਰਪਾਲ ਸਿੰਘ ਹੈਰੀਮਾਨ, ਆਪ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ, ਜਰਨੈਲ ਸਿੰਘ ਕਰਤਾਰਪੁਰ ਕੰਬੋਜ ਮਹਾਂ ਸਭਾ ਦੇ ਪ੍ਰਧਾਨ ਸਵਿੰਦਰ ਸਿੰਘ ਥਿੰਦ, ਜੀਤ ਸਿੰਘ ਮੀਰਾਂ ਪੁਰ, ਮਾਤਾ ਗੁਜਰੀ ਸਕੂਲ ਦੇਵੀਗੜ੍ਹ ਦੇ ਚੇਅਰਮੈਨ ਭੁਪਿੰਦਰ ਸਿੰਘ, ਮੈਂਬਰ ਐੱਸ. ਜੀ. ਪੀ. ਸੀ., ਇੰਦਰਜੀਤ ਸਿੰਘ ਸੰਧੂ ਉਪ ਚੇਅਰਮੈਨ, ਜਨਕ ਰਾਜ ਕਲਵਾਣੂ, ਭੁਪਿੰਦਰ ਸਿੰਘ ਡਾਇਰੈਕਟਰ ਮਾਤਾ ਗੁਜਰੀ ਸਕੂਲ, ਪ੍ਰੇਮ ਸਿੰਘ ਸਵਾਈ ਸਿੰਘ ਵਾਲਾ, ਡਾ. ਗੁਰਮੀਤ ਸਿੰਘ ਬਿੱਟੂ, ਸਵਿੰਦਰ ਕੌਰ ਧੰਜੂ ਪ੍ਰਧਾਨ, ਰਾਜਾ ਧੰਜੂ, ਕਰਨੈਲ ਸਿੰਘ, ਅਨੂਪ ਸਿੰਘ ਮਲਕਪੁਰ, ਅਮਰਜੀਤ ਸਿੰਘ ਜਾਗਦੇ ਰਹੋ, ਸੰਤੋਖ ਸਿੰਘ ਆਦਿ ਹਾਜ਼ਰ ਸਨ।

# ਅਮਨ ਅਰੋੜਾ ਨੂੰ ਮਿਲੇ ਡਾ. ਹਰਮੇਸ਼ ਹਿਆਣਾ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਦਲਿਤ ਸਮਾਜ ਸੇਵਾ ਸੰਗਠਨ ਪੰਜਾਬ ਦੇ ਸੂਬਾ ਪ੍ਰਧਾਨ ਡਾ. ਹਰਮੇਸ਼ ਹਿਆਣਾ ਸੁਨਾਮ ਊਧਮ ਸਿੰਘ ਵਾਲਾ ਵਿਖੇ ਸ੍ਰੀ ਅਮਨ ਅਰੋੜਾ ਪੰਜਾਬ ਪ੍ਰਧਾਨ ਆਮ ਪਾਰਟੀ ਨੂੰ ਵਿਸ਼ੇਸ਼ ਤੌਰ 'ਤੇ ਮਿਲੇ। ਉਨ੍ਹਾਂ ਨਾਲ ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ ਸੁਨਾਮ ਵੀ ਸਨ। ਉਨ੍ਹਾਂ ਮੰਗ ਕੀਤੀ ਕਿ ਸੁਨਾਮ ਅੰਦਰ ਦਲਿਤ ਭਾਈਚਾਰੇ ਦੇ ਸਰਪ੍ਰਸਤ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦਾ ਇੱਕ ਬੁੱਤ ਸੁਨਾਮ ਵਿੱਚ ਕਿਸੇ ਢੁੱਕਵੀਂ ਜਗ੍ਹਾ 'ਤੇ ਲਗਾਇਆ ਜਾਵੇ। ਦਲਿਤ ਸਮਾਜ ਨੂੰ ਹਰ ਵਕਤ ਬਾਬਾ ਜੀ ਦੇ ਕੁਰਬਾਨੀਆਂ ਯਾਦ ਰਹਿਣਗੀਆਂ। ਇਸ ਮੌਕੇ ਉਨ੍ਹਾਂ ਨਾਲ ਮਨਪ੍ਰੀਤ ਸਿੰਘ ਅਗੌਲ ਯੂਥ ਮੁੱਖ ਸਲਾਹਕਾਰ, ਡੈਮੀ ਅਗੌਲ ਯੂਥ ਜ਼ਿਲ੍ਹਾ ਪ੍ਰਧਾਨ ਪਟਿਆਲਾ ਮੌਜੂਦ ਸਨ। ਅਮਨ ਅਰੋੜਾ ਨੇ ਭਰੋਸਾ ਦਿੱਤਾ ਕਿ ਬਹੁਤ ਹੀ ਜਲਦ ਬਾਬਾ ਸਾਹਿਬ ਅੰਬੇਡਕਰ ਜੀ ਦਾ ਬੁੱਤ ਲਗਾਇਆ ਜਾਵੇਗਾ ਤਾਂ ਕਿ ਇਸ ਸਮਾਜ ਨੂੰ ਸਿੱਧੀ ਸੇਧ ਮਿਲ ਸਕੇ। ਡਾਕਟਰ ਹਰਮੇਸ਼ ਹਿਆਣਾ ਤੇ ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ ਅਤੇ ਉਨ੍ਹਾਂ ਦੇ ਸਾਥੀਆਂ ਨੇ ਸਿਰੋਪਾ ਨਾਲ ਸ੍ਰੀ ਅਮਨ ਅਰੋੜਾ ਦਾ ਧੰਨਵਾਦ ਕੀਤਾ।

# ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੀ ਭਲਾਈ ਲਈ ਯਤਨਸ਼ੀਲ : ਛਿੰਦਰ ਮਹਾਲਮ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਸੰਸਦ ਮੈਂਬਰ ਸ਼ੇਰ ਸਿੰਘ ਘੁਬਾਇਆ ਦੇ ਦਿਸ਼ਾ-ਨਿਰਦੇਸ਼ਾਂ ਹੇਠ, ਜ਼ਿਲ੍ਹਾ ਕਾਂਗਰਸ ਪ੍ਰਧਾਨ ਹਰਪ੍ਰੀਤ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਕਾਂਗਰਸ ਪਾਰਟੀ ਜਲਾਲਾਬਾਦ ਦੇ ਬਲਾਕ ਦਿਹਾਤੀ ਪ੍ਰਧਾਨ ਸ਼ਿੰਦਰ ਮਹਾਲਮ ਨੇ ਪਿੰਡ ਚੱਕ ਪਾਲੀ ਵਾਲਾ ਉਰਫ਼ ਮੋਹਲਾ ਵਿਖੇ ਸਰਪੰਚ ਗੁਰਦੀਪ ਸਿੰਘ ਦੇ ਨਿਵਾਸ ਸਥਾਨ 'ਤੇ ਮਨਰੇਗਾ ਵਰਕਰਾਂ ਤੇ ਹੋਰਾਂ ਨਾਲ ਇੱਕ ਮੀਟਿੰਗ ਕੀਤੀ, ਜੋ ਕਿ ਚੱਲ ਰਹੇ ਮਨਰੇਗਾ ਬਚਾਓ ਸੰਘਰਸ਼ ਅਭਿਆਨ ਦੇ ਹਿੱਸੇ ਵਜੋਂ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਹੈ। ਇਸ ਮੀਟਿੰਗ ਦੌਰਾਨ ਸ਼ਿੰਦਰ ਮਹਾਲਮ ਨੇ ਭਾਜਪਾ-ਮੋਦੀ ਸਰਕਾਰ ਦੀਆਂ ਮਨਰੇਗਾ ਸਕੀਮ ਦਾ ਨਾਮ ਬਦਲ ਕੇ ਅਤੇ ਐਕਟ ਦੀਆਂ ਸ਼ਰਤਾਂ ਵਿੱਚ ਬਦਲਾਅ ਕਰਕੇ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਤੋਂ ਵਾਂਝਾ ਕਰਨ ਦੀਆਂ ਨੀਤੀਆਂ ਬਾਰੇ ਜਾਗਰੂਕਤਾ ਫੈਲਾਈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਦੇਸ਼ ਦੇ ਲੋਕਾਂ ਦੇ ਹਿੱਤਾਂ ਦੀ ਰਾਖੀ ਕਰਦੀ ਰਹੀ ਹੈ ਤੇ ਉਨ੍ਹਾਂ ਦੀ ਭਲਾਈ ਲਈ ਵਚਨਬੱਧ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਕਾਂਗਰਸ ਪਾਰਟੀ ਦਾ ਸਮਰਥਨ ਕਰਨ ਤੇ ਕੇਂਦਰ ਸਰਕਾਰ ਦੇ ਕਿਸੇ ਵੀ ਦਬਾਅ ਦਾ ਵਿਰੋਧ ਕਰਨ ਦੀ ਸਹੁੰ ਚੁੱਕਣ ਦੀ ਆਪਣੀ ਵਚਨਬੱਧਤਾ ਪ੍ਰਗਟਾਈ। ਅੰਤ ਵਿੱਚ ਸ਼ਿੰਦਰਾ ਮਹਾਲਮ ਨੇ ਕਿਹਾ ਕਿ ਅਸੀਂ ਲੋਕਾਂ ਨੂੰ ਭਰੋਸਾ ਦਿਵਾਉਂਦੇ ਹਾਂ ਕਿ ਅਸੀਂ ਲੋਕਾਂ ਲਈ ਲੜਾਂਗੇ ਤੇ ਜਿੱਤਾਂਗੇ।

# ਲੋੜਵੰਦ ਮਰੀਜ਼ਾਂ ਲਈ ਬਲੱਡ ਬੈਂਕ ਪਹੁੰਚ ਕੇ ਕੀਤਾ ਖ਼ੂਨ ਦਾਨ




**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਲੋੜਵੰਦ ਮਰੀਜ਼ਾਂ ਲਈ ਮਿਸ਼ਨ ਲਾਲੀ ਤੇ ਹਰਿਆਲੀ ਨਾਲ ਜੁੜੇ ਹੋਏ ਵਲੰਟੀਅਰ ਨਿਰਪਾਲ ਸਿੰਘ ਪਟਿਆਲਾ ਨੇ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਪਹੁੰਚ ਕੇ ਖ਼ੂਨ ਦਾਨ ਕੀਤਾ, ਜਦੋਂਕਿ ਗੋਲਡਨ ਸਟਾਰ ਬਲੱਡ ਡੋਨਰ ਐਵਾਰਡੀ ਸੁਖਦੀਪ ਸਿੰਘ ਸੋਹਲ ਨੇ ਵਰਧਮਾਨ ਬਲੱਡ ਬੈਂਕ ਦੇ ਮਰੀਜ਼ ਲਈ 58ਵੀਂ ਵਾਰ ਖ਼ੂਨ ਦਾਨ ਕੀਤਾ।ਸੁਖਦੀਪ ਸਿੰਘ ਸੋਹਲ ਨੇ ਕਿਹਾ ਕਿ ਮਨੁੱਖੀ ਖ਼ੂਨ ਇੱਕ ਅਜਿਹਾ ਤਰਲ ਹੈ, ਜੋ ਕਿਸੇ ਫੈਕਟਰੀ ਜਾਂ ਕਾਰਖਾਨੇ ਵਿੱਚ ਨਹੀਂ ਬਣਦਾ, ਇਹ ਸਿਰਫ ਤੇ ਸਿਰਫ ਮਨੁੱਖੀ ਸਰੀਰ ਅੰਦਰ ਹੀ ਬਣਦਾ ਹੈ।ਇਸ ਲਈ ਸਮੂਹ ਤੰਦਰੁਸਤ ਇਨਸਾਨ ਹਰ ਤਿੰਨ ਮਹੀਨੇ ਬਾਅਦ ਖ਼ੂਨ ਦਾਨ ਕਰ ਸਕਦਾ ਹੈ ਤਾਂ ਜੋ ਕਿਸੇ ਵੀ ਲੋੜਵੰਦ ਮਰੀਜ਼ ਦੀ ਜਾਨ ਨੂੰ ਬਚਾਉਣ ਲਈ ਸਹਿਯੋਗ ਹੋ ਸਕੇ।ਉਨ੍ਹਾਂ ਕਿਹਾ ਕਿ ਗਰੁੱਪ ਵੱਲੋਂ ਜਲਦੀ ਹੀ ਸਨਮਾਨ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਖ਼ੂਨਦਾਨ ਸੇਵਾ ਵਿੱਚ ਵਿਲੱਖਣ ਪੈੜਾਂ ਪਾਉਣ ਵਾਲਿਆਂ ਨੂੰ ਮਿਸ਼ਨ ਲਾਲੀ ਤੇ ਹਰਿਆਲੀ ਐਵਾਰਡ-2025 ਨਾਲ ਸਨਮਾਨਤ ਕੀਤਾ ਜਾਵੇਗਾ ਅਤੇ ਗਰੁੱਪ ਨਾਲ ਜੁੜ ਕੇ 10, 20, 30 ਜਾਂ 50 ਤੋਂ ਵੱਧ ਵਾਰ ਖ਼ੂਨ ਦਾਨ ਕਰਨ ਵਾਲਿਆਂ ਨੂੰ ਵੀ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਜਥੇਦਾਰ ਕਰਨ ਸਿੰਘ ਜੌਲੀ ਤੇ ਹਰਮਿੰਦਰ ਸਿੰਘ ਢੀਂਡਸਾ ਹਾਜ਼ਰ ਸਨ।

# ਜਿੰਦਲ ਨੂੰ ਸਦਮਾ, ਭਰਾ ਦਾ ਦੇਹਾਂਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗਿੱਦੜਬਾਹਾ ਦੇ ਚਿਮਨ ਲਾਲ ਜਿੰਦਲ ਤੇ ਥਾਣਾ ਜਿੰਦਲ ਨੂੰ ਉਸ ਸਮੇਂ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਭਰਾ ਭੀਮ ਸੈਨ ਜਿੰਦਲ ਦਾ ਬੀਤੇ ਸ਼ਨੀਵਾਰ ਨੂੰ ਅਚਾਨਕ ਦਾ ਦੇਹਾਂਤ ਹੋ ਗਿਆ।ਸਵ. ਭੀਮ ਸੈਨ ਜਿੰਦਲ ਦੇਹਾਂਤ 'ਤੇ ਗਿੱਦੜਬਾਹਾ ਦੀਆਂ ਸਮਾਜਿਕ, ਰਾਜਨੀਤਕ, ਧਾਰਮਿਕ, ਵਪਾਰਕ ਜਥੇਬੰਦੀਆਂ ਨੇ ਜਿੰਦਲ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਸਵ. ਭੀਮ ਸੈਨ ਜਿੰਦਲ ਦੇ ਨਮਿੱਤ ਸ੍ਰੀ ਗਰੁੜ ਪੁਰਾਣ ਦੇ ਪਾਠ ਦਾ ਭੋਗ 1 ਫਰਵਰੀ ਨੂੰ ਮਹਾਰਾਜਾ ਅਗਰਸੈਨ ਧਰਮਸ਼ਾਲਾ, ਸਾਹਮਣੇ ਵਾਟਰ ਵਰਕਸ, ਭਾਰੂ ਰੋਡ ਗਿੱਦੜਬਾਹਾ ਵਿਖੇ ਬਾਅਦ ਦੁਪਹਿਰ 12 ਤੋਂ 1 ਵਜੇ ਤੱਕ ਪਵੇਗਾ।

# ਮਾਤਾ ਜਸਵੰਤ ਕੌਰ ਨੂੰ ਅੰਤਮ ਅਰਦਾਸ ਮੌਕੇ ਭਾਵ-ਭਿਨੀਆਂ ਸ਼ਰਧਾਂਜਲੀਆਂ



**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਛਾਜਲੀ ਦੀ ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤ, ਸਾਬਕਾ ਸਰਪੰਚ ਸਵ. ਮਹਿੰਦਰ ਸਿੰਘ ਦੀ ਧਰਮਪਤਨੀ ਤੇ ਤਰਸੇਮ ਸਿੰਘ (ਮੈਨੇਜਰ ਮਾਰਕੀਟਿੰਗ ਸੁਸਾਇਟੀ ਸੁਨਾਮ) ਦੀ ਮਾਤਾ ਜਸਵੰਤ ਕੌਰ ਦੀ ਅੰਤਿਮ ਅਰਦਾਸ ਗੁਰਦੁਆਰਾ ਸੰਗਤਸਰ ਸਾਹਿਬ ਛਾਜਲੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਹਜ਼ੂਰੀ ਵਿੱਚ ਪੂਰੀ ਸ਼ਰਧਾ ਤੇ ਧਾਰਮਿਕ ਮਰਿਆਦਾ ਨਾਲ ਸੰਪੰਨ ਹੋਈ।ਇਸ ਅੰਤਿਮ ਅਰਦਾਸ ਸਮਾਗਮ ਦੌਰਾਨ ਪਿੰਡ ਛਾਜਲੀ ਸਮੇਤ ਆਲੇ-ਦੁਆਲੇ ਦੇ ਇਲਾਕਿਆਂ ਦੇ ਰਾਜਨੀਤਕ, ਧਾਰਮਿਕ ਤੇ ਸਮਾਜਿਕ ਆਗੂਆਂ ਨੇ ਗੁਰੂ ਘਰ ਪਹੁੰਚ ਕੇ ਮਾਤਾ ਜੀ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਤੇ ਦੁੱਖੀ ਪਰਿਵਾਰ ਨਾਲ ਡੂੰਘੀ ਸੰਵੇਦਨਾ ਪ੍ਰਗਟ ਕੀਤੀ।ਹਾਜ਼ਰੀਨ ਨੇ ਮਾਤਾ ਜਸਵੰਤ ਕੌਰ ਦੀ ਸਾਦਗੀ ਭਰੀ, ਸੇਵਾਮਈ ਤੇ ਧਰਮ ਨਾਲ ਜੁੜੀ ਜੀਵਨ ਸ਼ੈਲੀ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਪਰਿਵਾਰਕ ਸੰਸਕਾਰਾਂ, ਸਬਰ ਤੇ ਸਮਾਜਕ ਸਮਰਪਣ ਦੀ ਜਿਉਂਦੀ ਜਾਗਦੀ ਮਿਸਾਲ ਸੀ, ਜੋ ਅਗਲੀਆਂ ਪੀੜ੍ਹੀਆਂ ਲਈ ਸਦਾ ਪ੍ਰੇਰਨਾ ਬਣੀ ਰਹੇਗੀ।ਸਟੇਜ ਦੀ ਸੇਵਾ ਡਾ. ਰੂਪ ਸਿੰਘ ਵੱਲੋਂ ਨਿਭਾਈ ਗਈ।ਅੰਤ ਵਿੱਚ ਸਾਰੀਆਂ ਸੰਗਤਾਂ ਵੱਲੋਂ ਗੁਰੂ ਸਾਹਿਬ ਅੱਗੇ ਅਰਦਾਸ ਕਰਕੇ ਮਾਤਾ ਜਸਵੰਤ ਕੌਰ ਜੀ ਦੀ ਪਵਿੱਤਰ ਆਤਮਾ ਦੀ ਸ਼ਾਂਤੀ ਤੇ ਪਰਿਵਾਰ ਨੂੰ ਇਸ ਅਪਾਰ ਦੁੱਖ ਨੂੰ ਸਹਿਣ ਲਈ ਭਾਣਾ ਮੰਨਣ ਦਾ ਬਲ ਬਖ਼ਸ਼ਣ ਦੀ ਕਾਮਨਾ ਕੀਤੀ ਗਈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

26-JAN-PAGE-14.qxd 1/25/2026 9:17 PM Page 1



# ਗਣਤੰਤਰ ਦਿਵਸ 'ਤੇ ਛੇਹਰਟਾ, ਅੰਮ੍ਰਿਤਸਰ ਤੋਂ ਵਿਸ਼ੇਸ਼ ਸਪਲੀਮੈਂਟ




























# ਐੱਨ ਐੱਸ ਐੱਸ ਕੈਂਪ ਦਾ ਸਮਾਪਤੀ ਸਮਾਰੋਹ ਯਾਦਗਾਰੀ ਹੋ ਨਿੱਬੜਿਆ

**ਅਜਿਹੇ ਕੈਂਪ ਵਿਦਿਆਰਥੀ ਦੀ ਸਰਬਪੱਖੀ ਸ਼ਖ਼ਸੀਅਤ ਨੂੰ ਨਿਖਾਰਦੇ ਹਨ : ਸਿਦਕੀ**




**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਆਦਰਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਐੱਨ ਐੱਸ ਐੱਸ ਯੂਨਿਟ ਵੱਲੋਂ ਸੱਤ ਰੋਜ਼ਾ ਕੈਂਪ ਪ੍ਰਿੰਸੀਪਲ ਜੋਗਾ ਸਿੰਘ ਤੂਰ ਦੀ ਨਿਗਰਾਨੀ ਤੇ ਕੈਂਪ ਕਮਾਂਡਰ ਗੁਰਪ੍ਰੀਤ ਕੌਰ ਤੇ ਸਹਾਇਕ ਕਮਾਂਡਰ ਕੁਲਬੀਰ ਸਿੰਘ ਦੀ ਯੋਗ ਅਗਵਾਈ ਵਿੱਚ ਸਫਲਤਾ ਪੂਰਵਕ ਲਗਾਇਆ ਗਿਆ।ਇਸ ਕੈਂਪ ਦਾ ਸਮਾਪਤੀ ਸਮਾਰੋਹ ਉਤਸ਼ਾਹਪੂਰਵਕ ਤੇ ਉਮੰਗ ਨਾਲ ਆਯੋਜਿਤ ਕੀਤਾ ਗਿਆ।ਇਸ ਮੌਕੇ ਸੁਰਿੰਦਰ ਪਾਲ ਸਿੰਘ ਸਿਦਕੀ ਡਿਪਟੀ ਚੀਫ਼ ਆਰਗੇਨਾਈਜ਼ਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਉਨ੍ਹਾਂ ਦੇ ਨਾਲ ਸਮਾਜ ਸੇਵੀ ਹਰਜੀਤ ਸਿੰਘ ਸਿੱਧੂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਸਾਹਿਬ ਤੇ ਵਿਦਿਆਰਥੀਆਂ ਨੇ ਫੁੱਲ ਭੇਟ ਕਰਕੇ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕੀਤਾ।ਵਿਦਿਆਰਥੀ ਸਹਿਰਾਜ ਸਿੰਘ ਦੇ ਸਟੇਜ ਸੰਚਾਲਨ ਅਧੀਨ ਸਿਦਕੀ ਸਾਹਿਬ ਨੇ ਵਿਦਿਆਰਥੀਆਂ ਨੂੰ ਹੱਥੀਂ ਸੇਵਾ ਕਰਨ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਉਨ੍ਹਾਂ ਦੀ ਸਰਬਪੱਖੀ ਸ਼ਖ਼ਸੀਅਤ ਨੂੰ ਨਿਖ਼ਾਰਨ ਲਈ ਸਹਾਈ ਹੁੰਦੇ ਹਨ।ਸਕੂਲ ਪ੍ਰਧਾਨ ਦਿਨੇਸ਼ ਗੋਇਲ ਨੇ ਐੱਨ ਐੱਨ ਐੱਸ ਵਲੰਟੀਅਰਜ਼ ਦੀ ਸਮਾਜ ਨਿਰਮਾਣ ਵਿੱਚ ਨਿਭਾਈ ਗਈ ਭੂਮਿਕਾ ਦੀ ਸਰਾਹਨਾ ਕੀਤੀ ਤੇ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਤੋਂ ਪਹਿਲਾਂ ਮੈਡਮ ਗੁਰਪ੍ਰੀਤ ਕੌਰ ਨੇ ਕੈਂਪ ਦੀ ਰਿਪੋਰਟ ਪੇਸ਼ ਕੀਤੀ।ਪ੍ਰਿੰਸੀਪਲ ਸਾਹਿਬ ਨੇ ਵਿਦਿਆਰਥੀਆਂ ਨੂੰ ਐੱਨ ਐੱਸ ਐੱਸ ਕੈਂਪ ਦੌਰਾਨ ਗ੍ਰਹਿਣ ਕੀਤੀਆਂ ਚੰਗੀਆਂ ਆਦਤਾਂ ਤੇ ਕਦਰਾਂ ਕੀਮਤਾਂ ਨੂੰ ਅਪਮਾਉਣ ਦਾ ਸੁਨੇਹਾ ਦਿੱਤਾ।ਹਰਜੀਤ ਸਿੰਘ ਸਿੱਧੂ ਨੇ ਵੀ ਕੈਂਪ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਨੂੰ ਸਮਾਜ ਸੇਵਾ ਵੱਲ ਪ੍ਰੇਰਿਤ ਕਰਨ ਵਾਲੇ ਇਸ ਕੈਂਪ ਦੀ ਸ਼ਲਾਘਾ ਕੀਤੀ।ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਸ਼ਾਨਦਾਰ ਸਭਿਆਚਾਰਕ ਪ੍ਰੋਗਰਾਮ ਤੋਂ ਬਾਅਦ ਗਰੁੱਪ ਲੀਡਰ ਗਗਨਦੀਪ ਸਿੰਘ, ਹਰਪ੍ਰੀਤ ਸਿੰਘ, ਨਿਤੀਸ਼ ਸਿੰਘ, ਅੰਜਲੀ ਦੇਵੀ ਤੇ ਰੋਸ਼ਨੀ ਨੂੰ ਮਹਿਮਾਨਾਂ ਤੇ ਪ੍ਰਿੰਸੀਪਲ ਸਾਹਿਬ ਵੱਲੋਂ ਸਨਮਾਨ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਗਿਆ ਅਤੇ ਸਮੂਹ ਵਲੰਟੀਅਰਜ਼ ਨੂੰ ਪ੍ਰਸੰਸਾ ਪੱਤਰ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਗਈ।ਸਕੂਲ ਵੱਲੋਂ ਪ੍ਰਿੰਸੀਪਲ ਸਾਹਿਬ ਤੇ ਵਿਦਿਆਰਥੀਆਂ ਨੇ ਮੁੱਖ ਮਹਿਮਾਨ ਸੁਰਿੰਦਰ ਪਾਲ ਸਿੰਘ ਸਿਦਕੀ ਤੇ ਵਿਸ਼ੇਸ਼ ਮਹਿਮਾਨ ਹਰਜੀਤ ਸਿੰਘ ਸਿੱਧੂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਕੈਂਪ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕੈਂਪ ਕਮਾਂਡਰ ਗੁਰਪ੍ਰੀਤ ਕੌਰ, ਸਹਾਇਕ ਕਮਾਂਡਰ ਕੁਲਬੀਰ ਸਿੰਘ, ਸਹਿਯੋਗੀ ਗੁਰਵੀਰ ਸਿੰਘ ਤੇ ਮਨਜੀਤ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ।

# ਝਾੜ ਸਾਹਿਬ ਕਾਲਜ 'ਚ ਨੈਸ਼ਨਲ ਵੋਟਰ ਦਿਵਸ ਮਨਾਇਆ



**ਸਮਰਾਲਾ/ਮਾਛੀਵਾੜਾ (ਸੁਰਜੀਤ ਸਿੰਘ/ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਕਾਲਜ ਦੇ ਐੱਨ.ਐੱਸ.ਐੱਸ. ਯੂਨਿਟ ਤੇ ਰੈੱਡ ਰਿਬਨ ਕਲੱਬ ਵੱਲੋਂ ਨੈਸ਼ਨਲ ਵੋਟਰ ਦਿਵਸ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਮੈਂਬਰਜ਼ ਵੱਲੋਂ ਸਹੁੰ ਚੁੱਕੀ ਗਈ।ਕਾਲਜ ਪ੍ਰਿੰਸੀਪਲ ਵੱਲੋਂ ਨੈਸ਼ਨਲ ਵੋਟਰ ਦਿਵਸ ਦੀਆਂ ਸ਼ੁੱਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਜੋ ਵਿਦਿਆਰਥੀ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਹਨ, ਉਨ੍ਹਾਂ ਦੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਅਤੇ ਵੋਟ ਜ਼ਰੂਰ ਪਾਉਣ।ਇਸ ਮੌਕੇ ਐੱਨ.ਐੱਸ.ਐੱਸ. ਯੂਨਿਟ ਦੇ ਪ੍ਰੋਗਰਾਮ ਅਫਸਰ ਪ੍ਰੋ. ਜਸਵੀਰ ਕੌਰ ਨੇ ਵਿਦਿਆਰਥਣਾਂ ਨੂੰ ਵੋਟ ਦੀ ਮਹੱਤਤਾ ਵਿਸ਼ੇ 'ਤੇ ਚਾਨਣਾ ਪਾਇਆ।ਰੈੱਡ ਰਿਬਨ ਕਲੱਬ ਦੇ ਇੰਚਾਰਜ ਪ੍ਰੋ. ਹਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਨੈਸ਼ਨਲ ਵੋਟਰ ਦਿਵਸ ਦੇ ਇਤਿਹਾਸ ਬਾਰੇ ਦੱਸਿਆ।ਇਸ ਮੌਕੇ ਡਾ. ਸੁਨੀਤਾ ਕੌਸ਼ਲ, ਡਾ. ਰਣਜੀਤ ਕੌਰ, ਡਾ. ਮਹੀਪਿੰਦਰ ਕੌਰ, ਡਾ. ਅਮਨਪ੍ਰੀਤ ਕੌਰ ਕੰਗ, ਸ਼੍ਰੀਮਤੀ ਬਲਜਿੰਦਰ ਕੌਰ, ਮੈਡਮ ਸਖਨਪ੍ਰੀਤ ਕੌਰ, ਮੈਡਮ ਸੁਖਦੀਪ ਕੌਰ, ਮੈਡਮ ਸੁਪਿੰਦਰ ਕੌਰ, ਮੈਡਮ ਆਰਤੀ ਰਾਣੀ, ਮੈਡਮ ਅਮਨਜਰਤ, ਸ਼੍ਰੀਮਤੀ ਜਸਪਾਲ ਕੌਰ, ਮਿਸ ਗੁਰਪ੍ਰੀਤ ਕੌਰ ਮੌਜੂਦ ਸਨ।

# ਅਜ਼ਾਦੀ ਘੁਲਾਟੀਆਂ ਦੀ ਬਹਾਦਰੀ ਤੇ ਕੁਰਬਾਨੀ ਦਾ ਪ੍ਰਤੀਕ ਤਿਰੰਗਾ : ਡਾ. ਬਰਾੜ



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤ ਦਾ ਰਾਸ਼ਟਰੀ ਝੰਡਾ ਇਕ ਕੱਪੜੇ ਦਾ ਟੁਕੜਾ ਨਹੀਂ, ਸਗੋਂ ਇਹ ਕੁਰਬਾਨੀ, ਤਾਕਤ, ਤਰੱਕੀ, ਭਾਈਚਾਰਕ ਸਾਂਝ ਤੇ ਖ਼ੁਸ਼ਹਾਲੀ ਦਾ ਪ੍ਰਤੀਕ ਹੈ।ਇਹ ਝੰਡਾ ਅਧਿਕਾਰਤ ਤੌਰ 'ਤੇ 22 ਜੁਲਾਈ 1947 ਨੂੰ ਭਾਰਤੀ ਤਿਰੰਗੇ ਵਜੋਂ ਅਪਣਾਇਆ ਗਿਆ ਤੇ ਪਹਿਲੀ ਵਾਰ 15 ਅਗਸਤ 1947 ਨੂੰ ਲਹਿਰਾਇਆ ਗਿਆ ਸੀ।ਇੱਥੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਮਹਾਨ ਅਜ਼ਾਦੀ ਘੁਲਾਟੀਏ ਸੰਤ ਬਾਬਾ ਕਿਰਪਾਲ ਸਿੰਘ ਤੇ ਬਾਬਾ ਬਲਵੰਤ ਸਿੰਘ ਜੀ ਰੋਡਿਆਂ ਵਾਲਿਆਂ ਦੇ ਪਰਿਵਾਰਕ ਮੈਂਬਰ ਸਟੇਟ ਐਵਾਰਡੀ ਸਾਬਕਾ ਡਿਪਟੀ ਡਾਇਰੈਕਟਰ ਖੇਤੀਬਾੜੀ ਪੰਜਾਬ ਤੇ ਫਰੀਡਮ ਫ਼ਾਈਟਰ ਫਾਰਮਰਜ਼ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਡਾ. ਜਸਵਿੰਦਰ ਸਿੰਘ ਬਰਾੜ ਨੇ ਕਿਹਾ ਕਿ ਗਣਤੰਤਰ ਦਿਵਸ ਤੇ ਸਤੰਤਰਤਾ ਦਿਵਸ ਮਨਾਉਣ ਦਾ ਸੁਭਾਗਾ ਸਮਾਂ ਦੇਸ਼ ਦੇ ਅਜ਼ਾਦੀ ਘੁਲਾਟੀਆਂ ਵੱਲੋਂ ਪਾਏ ਵਡਮੁੱਲੇ ਯੋਗਦਾਨ ਕਰਕੇ ਪ੍ਰਾਪਤ ਹੋਇਆ ਹੈ।ਰਾਜਨੀਤਕ ਤੇ ਪ੍ਰਸ਼ਾਸਨਕ ਅਹੁਦੇਦਾਰਾਂ ਨੂੰ ਦੇਸ਼ ਦੀ ਆਜ਼ਾਦੀ ਵਿੱਚ ਅਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਤੇ ਪਾਏ ਯੋਗਦਾਨ ਨੂੰ ਯਾਦ ਰੱਖਦਿਆਂ ਉਨ੍ਹਾਂ ਦੇ ਪਰਵਾਰਾਂ ਦਾ ਬਣਦਾ ਮਾਣ ਸਨਮਾਨ ਤੇ ਸਤਿਕਾਰ ਦੇਣਾ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਦੱਸਿਆ ਕਿ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਪਹਿਲਾਂ ਕੇਸਰੀ ਰੰਗ ਝੰਡੇ ਵਿੱਚ ਨਹੀਂ ਸੀ, ਬਾਬਾ ਖੜਕ ਸਿੰਘ ਜੀ ਨੇ ਦੇਸ਼ ਦੀ ਆਜ਼ਾਦੀ ਵਿੱਚ ਸਿੱਖਾਂ ਦੀਆਂ ਭਾਵਨਾਵਾਂ, ਕੁਰਬਾਨੀਆਂ ਤੇ ਪੰਜਾਬੀਆਂ ਦੇ ਬਹਾਦਰੀ, ਦਲੇਰਾਨਾ ਕਦਮਾਂ ਨਾਲ ਦੇਸ਼ ਦੀ ਆਜ਼ਾਦੀ ਵਾਸਤੇ ਪਾਏ ਯੋਗਦਾਨ ਨੂੰ ਦਰਸਾਉਣ ਵਿੱਚ ਅਹਿਮ ਰੋਲ ਅਦਾ ਕੀਤਾ ਤਾਂ ਫਿਰ 1931 ਵਿੱਚ ਕਰਾਚੀ ਸੈਸ਼ਨ ਦੌਰਾਨ, ਕੇਸਰੀ ਰੰਗ ਨੂੰ ਰਾਸ਼ਟਰੀ ਝੰਡੇ ਵਿੱਚ ਸ਼ਾਮਲ ਕੀਤਾ ਗਿਆ ਅਤੇ ਇਸਦੇ ਰੰਗਾਂ ਦੇ ਸੰਪਰਦਾਇਕ ਅਰਥਾਂ ਨੂੰ ਖਤਮ ਕਰਕੇ ਉਨ੍ਹਾਂ ਨੂੰ ਸਮੁੱਚੇ ਰਾਸ਼ਟਰ ਦੀ ਏਕਤਾ ਦੇ ਪ੍ਰਤੀਕ ਵਜੋਂ ਦਰਸਾਇਆ ਗਿਆ।ਬਾਬਾ ਖੜਕ ਸਿੰਘ ਨੇ ਤੇ ਅਨੇਕਾਂ ਅਜ਼ਾਦੀ ਘੁਲਾਟੀਆਂ ਨੇ ਆਪਣੀ ਆਖਰੀ ਸਾਹ ਤੱਕ ਦੇਸ਼ ਦੀ ਆਜ਼ਾਦੀ ਤੇ ਲੋਕਾਂ ਦੇ ਹੱਕਾਂ ਲਈ ਲੜਾਈ ਲੜੀ।ਅਜ਼ਾਦੀ ਘੁਲਾਟੀਆਂ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਦਾ ਸੰਘਰਸ਼ ਅੱਜ ਵੀ ਸਾਡੇ ਲਈ ਪ੍ਰੇਰਨਾ ਦਾ ਸਰੋਤ ਹਨ।ਉਨ੍ਹਾਂ ਨੂੰ ਹਮੇਸ਼ਾ ਇੱਕ ਮਹਾਨ ਦੇਸ਼ ਭਗਤ ਤੇ ਨਿਧੜਕ ਆਗੂਆਂ ਵਜੋਂ ਯਾਦ ਕੀਤਾ ਜਾਵੇਗਾ।

# ਪੜ੍ਹਾਈ 'ਚ ਅੱਵਲ ਆਉਣ ਵਾਲੇ ਵਿਦਿਆਰਥੀਆਂ ਦਾ ਸਨਮਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਪੀ.ਐੱਮ. ਸ਼੍ਰੀ ਸ ਸ ਸੈਕੰਡਰੀ ਸਕੂਲ ਅੱਕਾਂਵਾਲੀ ਵਿਖੇ ਵਿੱਦਿਅਕ ਸ਼ੈਸ਼ਨ 2024-25 ਦੌਰਾਨ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਦੌਰਾਨ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਇਨਾਮੀ ਰਾਸ਼ੀ ਦੇ ਚੈੱਕ ਦੇ ਕੇ ਸਨਮਾਨਤ ਕੀਤਾ ਗਿਆ।ਜ਼ਿਕਰਯੋਗ ਹੈ ਕਿ ਮਾਰਚ-2025 ਦੀਆਂ ਪ੍ਰੀਖਿਆਵਾਂ ਵਿੱਚੋਂ ਕ੍ਰਮਵਾਰ ਦੀਪਇੰਦਰ ਸਿੰਘ ਮਾਨ ਸ਼੍ਰੇਣੀ ਅੱਠਵੀਂ, ਨਵਜੋਤ ਕੌਰ, ਨੂਰਪ੍ਰੀਤ ਕੌਰ ਤੇ ਮਨਪ੍ਰੀਤ ਕੌਰ ਵਿਦਿਆਰਥੀਆਂ ਨੇ ਮੈਰਿਟ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਸਕੂਲ ਦਾ ਨਾਮ ਪੰਜਾਬ ਭਰ ਵਿੱਚ ਰੌਸ਼ਨ ਕੀਤਾ ਸੀ।ਇਸ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਨੇ ਇਨ੍ਹਾਂ ਵਿਦਿਆਰਥੀਆਂ 11-11 ਹਜ਼ਾਰ ਰੁਪਏ ਦੇ ਚੈੱਕ ਇਨਾਮ ਵਜੋਂ ਦਿੱਤੇ।ਸਕੂਲ ਮੁਖੀ ਨਰਿੰਦਰ ਸਿੰਘ ਮੋਹਲ ਵੱਲੋਂ ਵਿਦਿਆਰਥੀਆਂ ਨੂੰ ਚੈੱਕ ਦੇਣ ਸਮੇਂ ਉਨ੍ਹਾਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੰਦੇ ਹੋਏ ਹੋਰਨਾਂ ਵਿਦਿਆਰਥੀਆਂ ਨੂੰ ਵੀ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸੇ ਹੀ ਤਰ੍ਹਾਂ ਸਕੂਲ ਦੇ ਉਪਰੋਕਤ ਵਿਦਿਆਰਥੀਆਂ ਸਮੇਤ ਹੋਰ 9 ਵਿਦਿਆਰਥੀਆਂ ਨੇ ਵੀ ਪੜ੍ਹਾਈ ਵਿੱਚ ਚੰਗੀ ਕਾਰਗੁਜ਼ਾਰੀ ਕਰਦੇ ਹੋਏ ਸੀ. ਐੱਮ. ਵਜ਼ੀਫ਼ਾ ਸਕੀਮ ਅਧੀਨ ਸਾਲਾਨਾ 36 ਹਜ਼ਾਰ ਦੀ ਰਾਸ਼ੀ ਪ੍ਰਾਪਤ ਕੀਤੀ।ਇਸ ਸਮੇਂ ਸਮੂਹ ਸਕੂਲ ਸਟਾਫ਼ ਮੈਂਬਰ ਹਾਜ਼ਰ ਸਨ।




# 26 ਜਨਵਰੀ ਗਣਤੰਤਰ ਦਿਵਸ ਤੇ ਫ਼ਰੀਦਕੋਟ ਤੋਂ ਵਿਸ਼ੇਸ਼ ਸਪਲੀਮੈਂਟ


**ਮੈਡਮ ਪੂਨਮਦੀਪ ਕੌਰ**
ਡਿਪਟੀ ਕਮਿਸ਼ਨਰ, ਫਰੀਦਕੋਟ


**ਡਾ. ਪ੍ਰਗਿਆ ਜੈਨ**
ਐਸ.ਐਸ.ਪੀ., ਫਰੀਦਕੋਟ


**ਸ. ਗੁਰਦਿੱਤ ਸਿੰਘ ਸੇਖੋਂ**
ਐਮ.ਐਲ.ਏ, ਫਰੀਦਕੋਟ


**ਸ. ਅਮਨਦੀਪ ਸਿੰਘ ਬਾਬਾ**
ਚੇਅਰਮੈਨ ਮਾਰਕੀਟ ਕਮੇਟੀ, ਫਰੀਦਕੋਟ


**ਸ. ਗੁਰਤੇਜ ਸਿੰਘ ਖੋਸਾ**
ਚੇਅਰਮੈਨ, ਜ਼ਿਲ੍ਹਾ ਯੋਜਨਾ ਕਮੇਟੀ ਫਰੀਦਕੋਟ


**ਸ. ਨਰਿੰਦਰਪਾਲ ਸਿੰਘ ਨਿੰਦਾ**
ਪ੍ਰਧਾਨ ਨਗਰ ਕੌਂਸਲ, ਫਰੀਦਕੋਟ


**ਸ. ਨਵਦੀਪ ਸਿੰਘ ਬੱਬੂ**
ਪ੍ਰਧਾਨ, ਜ਼ਿਲ੍ਹਾ ਕਾਂਗਰਸ ਕਮੇਟੀ, ਫਰੀਦਕੋਟ


**ਸ. ਅਮਰੀਕ ਸਿੰਘ**
ਡੀ.ਪੀ.ਆਰ.ਓ., ਫਰੀਦਕੋਟ


**ਸ.ਗਗਨਦੀਪ ਸਿੰਘ ਧਾਲੀਵਾਲ**
ਚੇਅਰਮੈਨ, ਨਗਰ ਸੁਧਾਰ ਟਰੱਸਟ, ਫਰੀਦਕੋਟ


**ਸ਼੍ਰੀ ਅਰਸ਼ ਸੱਚਰ**
ਸੀਨੀਅਰ ਆਪ ਆਗੂ, ਫਰੀਦਕੋਟ


**ਸ. ਜਗਜੀਤ ਸਿੰਘ ਗਿੱਲ**
ਮੀਡੀਆ ਸਲਾਹਕਾਰ (ਆਪ) ਫਰੀਦਕੋਟ


**ਸ. ਇੰਦਰਜੀਤ ਸਿੰਘ**
ਸੀਨੀਅਰ ਆਪ ਆਗੂ, ਫਰੀਦਕੋਟ


**ਸ. ਹਰਦੇਵ ਸਿੰਘ ਕੈਂਥ**
ਪ੍ਰਧਾਨ, ਗੁ.ਬਾਬਾ ਨਾਮਦੇਵ ਜੀ, ਫਰੀਦਕੋਟ


**ਸ. ਕਰਮ ਸਿੰਘ ਸੰਧੂ**
ਸੀਨੀਅਰ ਅਕਾਲੀ ਆਗੂ, ਫਰੀਦਕੋਟ


**ਸ. ਮੱਖਣ ਸਿੰਘ ਗਿੱਲ**
ਸਰਪੰਚ, ਪੱਖੀ ਖੁਰਦ


**ਸ. ਚਰਨਜੀਤ ਸਿੰਘ**
ਅਰਾਈਆਂਵਾਲਾ, ਫਰੀਦਕੋਟ


**ਗਿਆਨੀ ਅੰਗਰੇਜ ਸਿੰਘ**
ਹੈੱਡ ਗ੍ਰੰਥੀ, ਫਰੀਦਕੋਟ


**ਸ.ਗੁਰਪ੍ਰੀਤ ਸਿੰਘ ਪੱਕਾ**
ਪੱਤਰਕਾਰ, ਫਰੀਦਕੋਟ


**ਸ. ਬਲਵਿੰਦਰ ਸਿੰਘ ਬੇਦੀ**
ਫਰੀਦਕੋਟ


**ਡਾ. ਜਗਦੇਵ ਸਿੰਘ ਧੀਮਾਨ**
ਸਾਬਕਾ ਐਮ.ਸੀ., ਫਰੀਦਕੋਟ


**ਸ. ਜਗਤਾਰ ਸਿੰਘ**
ਪੱਤਰਕਾਰ, ਫਰੀਦਕੋਟ


**ਸ. ਗੁਰਮੀਤ ਸਿੰਘ ਸ਼ੰਟੀ**
(ਐਲ.ਆਈ.ਸੀ. ਇੰਡੀਆ) ਫਰੀਦਕੋਟ


**ਸ. ਹਰਨੂਰ ਸਿੰਘ**
ਫਰੀਦਕੋਟ


**ਸ.ਰਮਨਦੀਪ ਸਿੰਘ ਪੁਰਬਾ**
ਫਰੀਦਕੋਟ


**ਸ. ਬਲਜੀਤ ਸਿੰਘ ਬੇਦੀ**
ਫਰੀਦਕੋਟ


**ਸ. ਹਰਸਿਮਰਨ ਸਿੰਘ**
ਫਰੀਦਕੋਟ



**ਸ. ਅਮਨਦੀਪ ਸਿੰਘ ਪੁਰਬਾ**
ਫਰੀਦਕੋਟ


ਗਣਤੰਤਰ ਦਿਵਸ ਦੀਆਂ ਭਾਰਤ ਵਾਸੀਆਂ ਨੂੰ ਲੱਖ ਲੱਖ ਵਧਾਈਆਂ !!



ਬੇਦੀ
ਸਿਲਾਈ ਮਸ਼ੀਨ ਰਿਪੇਅਰ
ਪਰਮਿੰਦਰ ਸਿੰਘ ਬਿੱਟੂ
ਮੋਬਾ. 99146-98763
ਭਗਤ ਸਿੰਘ ਪਾਰਕ ਵਾਲੀ ਗਲੀ, ਫ਼ਰੀਦਕੋਟ

ਗਣਤੰਤਰ ਦਿਵਸ ਦੀਆਂ ਭਾਰਤ ਵਾਸੀਆਂ ਨੂੰ ਲੱਖ ਲੱਖ ਵਧਾਈਆਂ !!
ਬਾਬਾ ਮਨਪ੍ਰੀਤ ਸਿੰਘ
ਜ਼ਿਲ੍ਹਾ ਪ੍ਰਧਾਨ
ਇੰਟਰਨੈਸ਼ਨਲ ਸੰਤ ਸਮਾਜ, ਫਰੀਦਕੋਟ
ਮੋਬਾ. 81468-41940, 82888-50045
94653-13855



ਗਣਤੰਤਰ ਦਿਵਸ ਦੀਆਂ ਭਾਰਤ ਵਾਸੀਆਂ ਨੂੰ ਲੱਖ ਲੱਖ ਵਧਾਈਆਂ !!
ਧੰਨਵਾਦ !
ਸਾਰੇ ਸੱਜਣ ਮਿੱਤਰਾਂ ਦਾ ਧੰਨਵਾਦ ਜਿੰਨ੍ਹਾਂ ਨੇ ਗਣਤੰਤਰ ਦਿਵਸ ਤੇ ਸਪਲੀਮੈਂਟ ਕੱਢਣ ਤੇ ਸਹਿਯੋਗ ਦਿੱਤਾ।
ਗੁਰਪ੍ਰੀਤ ਸਿੰਘ ਬੇਦੀ
ਪੱਤਰਕਾਰ, ਫਰੀਦਕੋਟ
ਮੋਬਾ. 94637-85910




## ਪੰਜਾਬ ਦੇ 'ਰੰਗਲੇ ਪੰਜਾਬ' ਵੱਲ ਵਧਦੇ ਕਦਮ

ਭਾਰਤ, ਅੱਜ ਦੁਨੀਆ ਦਾ ਸਭ ਤੋਂ ਵੱਡਾ ਜਮਹੂਰੀ ਗਣਰਾਜ ਹੋਣ 'ਤੇ ਮਾਣ ਮਹਿਸੂਸ ਕਰਦਾ ਹੈ। ਆਜ਼ਾਦੀ ਲਈ ਲੜੇ ਗਏ ਲੰਮੇ ਅਤੇ ਬੇਮਿਸਾਲ ਸੰਘਰਸ਼ ਅਤੇ ਉਸ ਤੋਂ ਬਾਅਦ 26 ਜਨਵਰੀ, 1950 ਵਿੱਚ ਵਿਲੱਖਣ ਸੰਵਿਧਾਨ ਅਪਨਾਉਣ ਨਾਲ ਦੇਸ਼ ਸਹੀ ਮਾਅਨਿਆਂ ਵਿੱਚ ਗਣਰਾਜ ਬਣਿਆ।ਅੱਜ ਦਾ ਇਹ ਦਿਨ ਬਹੁਤ ਮਹੱਤਵਪੂਰਨ ਹੈ ਕਿਉਂਕਿ ਸਾਡਾ ਸੰਵਿਧਾਨ 26 ਜਨਵਰੀ, 1950 ਨੂੰ ਮਹਾਨ ਕੌਮੀ ਨੇਤਾਵਾਂ ਅਤੇ ਸਤਿਕਾਰਤ ਸ਼ਖਸੀਅਤਾਂ ਦੇ ਨਿਰੰਤਰ ਯਤਨਾਂ ਤੋਂ ਬਾਅਦ ਲਾਗੂ ਹੋਇਆ ਸੀ। ਸਾਡਾ ਸੰਵਿਧਾਨ ਬਰਾਬਰੀ ਵਾਲੇ ਸਮਾਜ ਵਿੱਚ ਖੁਸ਼ਹਾਲ ਜੀਵਨ ਦੇ ਮਹੱਤਵ ਨੂੰ ਦਰਸਾਉਂਦਾ ਹੈ ਅਤੇ ਇਹ ਨਿਆਂ, ਆਜ਼ਾਦੀ, ਬਰਾਬਰੀ ਅਤੇ ਭਾਈਚਾਰਕ ਸਾਂਝ ਦੇ ਮੁੱਖ ਸਿਧਾਂਤਾਂ ਨੂੰ ਸਥਾਪਤ ਕਰਦਾ ਹੈ ਪਰੰਤੂ ਸੰਵਿਧਾਨ ਦੇ ਨਿਰਮਾਤਾਵਾਂ ਦੇ ਸੁਪਨੇ ਅਜੇ ਵੀ ਸਾਕਾਰ ਹੋਣੇ ਬਾਕੀ ਹਨ ਕਿਉਂਕਿ ਸਾਡੇ ਜ਼ਿਆਦਾਤਰ ਦੇਸ਼ ਵਾਸੀ ਗਰੀਬੀ, ਅਨਪੜ੍ਹਤਾ, ਬੇਰੁਜ਼ਗਾਰੀ ਅਤੇ ਭੁੱਖਮਰੀ ਦੀਆਂ ਅਲਾਮਤਾਂ ਨਾਲ ਜੂਝ ਰਹੇ ਹਨ।ਸਾਡੀ ਸਰਕਾਰ ਨੇ ਪੰਜਾਬ ਨੂੰ ਦੇਸ਼ ਦੇ ਨਕਸ਼ੇ 'ਤੇ ਮੋਹਰੀ ਸੂਬਾ ਬਣਾਉਣ ਲਈ ਦਲੇਰਾਨਾ ਪਹਿਲਕਦਮੀਆਂ ਕੀਤੀਆਂ ਹਨ।



ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ । ਇਹ ਯੋਜਨਾ ਪੰਜਾਬ ਦੇ ਹਰੇਕ ਪਰਿਵਾਰ ਲਈ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਇਲਾਜ ਪ੍ਰਦਾਨ ਕਰਦੀ ਹੈ। ਨਸ਼ਿਆਂ ਦੀ ਸਪਲਾਈ ਲਾਈਨ ਤੋੜੀ, ਨਸ਼ਿਆਂ ਦੇ ਸਰਗਣੇ ਜੇਲ੍ਹ ਭੇਜੇ, ਨਸ਼ਾ ਤਸਕਰਾਂ ਦੇ ਘਰਾਂ ਨੂੰ ਬੁਲਡੋਜ਼ਰ ਚਲਾ ਕੇ ਢਾਹਿਆ, ਪੀੜਤਾਂ ਦਾ ਇਲਾਜ ਅਤੇ ਮੁੜ ਵਸੇਬਾ ਕਰਕੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਲੜਾਈ ਲੜਦਿਆਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ੁਰੂ ਕੀਤੀ।ਨਸ਼ੇ ਵਿਰੁੱਧ ਚੱਲ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੀ ਵੱਡੀ ਸਫਲਤਾ ਤੋਂ ਬਾਅਦ ਪੰਜਾਬ ਸਰਕਾਰ ਨੇ ਹੁਣ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਸ਼ੁਰੂ ਕੀਤੀ ਹੈ। ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ 881 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਹਨ ਜਿਨ੍ਹਾਂ ਨੇ ਸੂਬੇ ਵਿੱਚ ਸਿਹਤ ਸੰਭਾਲ ਖੇਤਰ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ। ਸੂਬੇ ਵਿੱਚ ਰੋਜ਼ਾਨਾ ਲਗਭਗ 70,000 ਮਰੀਜ਼ ਆਮ ਆਦਮੀ ਕਲੀਨਿਕਾਂ ਦਾ ਲਾਭ ਲੈ ਰਹੇ ਹਨ। ਪੰਜਾਬ ਸਰਕਾਰ ਨੇ ਸਾਲ 2022 ਵਿੱਚ ਲੋਕਾਂ ਨੂੰ ਮੁਫ਼ਤ ਬਿਜਲੀ ਦੇਣ ਦੀ ਗਾਰੰਟੀ ਸ਼ੁਰੂ ਕੀਤੀ ਸੀ ਅਤੇ ਉਦੋਂ ਤੋਂ ਸੂਬੇ ਦੇ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਉਨ੍ਹਾਂ ਨੂੰ ਜ਼ੀਰੋ ਬਿਜਲੀ ਬਿੱਲ ਮਿਲ ਰਹੇ ਹਨ।ਪੰਜਾਬ ਸਰਕਾਰ ਨੇ ਸਾਰੇ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ 'ਪੰਜਾਬ ਸਿੱਖਿਆ ਕ੍ਰਾਂਤੀ' ਸ਼ੁਰੂ ਕੀਤੀ ਹੈ ਜਿਸ ਦੇ ਨਾਲ ਹੀ ਸੂਬਾ ਸਰਕਾਰ 118 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਆਹਲਾ ਦਰਜੇ ਦੇ ਸਕੂਲ ਬਣਾਉਣ ਲਈ ਵਚਨਬੱਧ ਹੈ ਜਿੱਥੇ ਸਮਾਰਟ ਕਲਾਸਰੂਮ, ਸਹੂਲਤਾਂ ਨਾਲ ਲੈਸ ਲੈਬਜ਼ ਅਤੇ ਖੇਡ ਮੈਦਾਨ ਹੋਣ। ਜਦੋਂ ਮੈਂ ਅਹੁਦਾ ਸੰਭਾਲਿਆ ਸੀ, ਉਸ ਸਮੇਂ ਸੂਬੇ ਵਿੱਚ ਸਿੰਜਾਈ ਲਈ ਸਿਰਫ਼ 21 ਫੀਸਦੀ ਨਹਿਰੀ ਪਾਣੀ ਵਰਤਿਆ ਜਾ ਰਿਹਾ ਸੀ। ਹੁਣ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਅੱਜ 63 ਫੀਸਦੀ ਨਹਿਰੀ ਪਾਣੀ ਸਿੰਜਾਈ ਲਈ ਵਰਤਿਆ ਜਾ ਰਿਹਾ ਹੈ । ਸੂਬਾ ਸਰਕਾਰ ਨੇ ਪੰਜਾਬ ਨੂੰ ਦੇਸ਼ ਦਾ ਪਹਿਲਾ ਬਿਜਲੀ ਕੱਟ ਮੁਕਤ ਸੂਬਾ ਬਣਾਉਣ ਲਈ 5000 ਕਰੋੜ ਰੁਪਏ ਨਾਲ 'ਰੌਸ਼ਨ ਪੰਜਾਬ' ਮੁਹਿੰਮ ਸ਼ੁਰੂ ਕੀਤੀ ਹੈ। ਕੇਂਦਰ ਜਾਂ ਸੂਬੇ ਦੀ ਕਿਸੇ ਵੀ ਸਰਕਾਰ ਨੇ ਕਦੇ ਇਸ ਅਹਿਮ ਪ੍ਰਾਜੈਕਟ ਬਾਰੇ ਸੋਚਿਆ ਵੀ ਨਹੀਂ ਸੀ ਪਰ ਪੰਜਾਬ ਸਰਕਾਰ ਨੇ ਟਰਾਂਸਮਿਸ਼ਨ ਅਤੇ ਵੰਡ ਨੈੱਟਵਰਕ ਦੀ ਮੁਕੰਮਲ ਤਬਦੀਲੀ ਰਾਹੀਂ ਪੰਜਾਬ ਨੂੰ ਬਿਜਲੀ ਕੱਟਾਂ ਤੋਂ ਮੁਕਤ ਕਰਨ ਲਈ ਇਹ ਇਤਿਹਾਸਕ ਪਹਿਲਕਦਮੀ ਕੀਤੀ ਹੈ। ਪੰਜਾਬ ਸਰਕਾਰ ਨੇ ਸ਼ਾਹਪੁਰ ਕੰਢੀ ਪ੍ਰਾਜੈਕਟ ਦਾ ਰਸਮੀ ਉਦਘਾਟਨ ਕਰਕੇ ਸੂਬੇ ਦੇ ਲੋਕਾਂ ਨੂੰ 3394.49 ਕਰੋੜ ਰੁਪਏ ਦਾ ਇਤਿਹਾਸਕ ਪ੍ਰਾਜੈਕਟ ਦਿੱਤਾ ਹੈ, ਜਿਸ ਨਾਲ ਸੂਬੇ ਦੀ ਬਿਜਲੀ ਉਤਪਾਦਨ ਅਤੇ ਸਿੰਜਾਈ ਸਹੂਲਤਾਂ ਵਿੱਚ ਕਾਫ਼ੀ ਵਾਧਾ ਹੋਵੇਗਾ। ਪੰਜਾਬ ਸਰਕਾਰ ਨੇ ਸੂਬੇ ਦੇ ਇਤਿਹਾਸ ਵਿੱਚ ਸਭ ਤੋਂ ਵੱਡੇ ਸੜਕ ਨਿਰਮਾਣ ਕਾਰਜ ਦੀ ਸ਼ੁਰੂਆਤ ਕੀਤੀ ਹੈ, ਜਿਸ ਵਿੱਚ ਕੁੱਲ 16,209 ਕਰੋੜ ਰੁਪਏ ਦੀ ਲਾਗਤ ਨਾਲ 44,920 ਕਿਲੋਮੀਟਰ ਸੜਕਾਂ ਦਾ ਟੀਚਾ ਰੱਖਿਆ ਗਿਆ ਹੈ।ਟਾਟਾ ਸਟੀਲ, ਸਨਾਤਨ ਟੈਕਸਟਾਈਲ ਅਤੇ ਹੋਰ ਪ੍ਰਮੁੱਖ ਕੰਪਨੀਆਂ ਪੰਜਾਬ ਵਿੱਚ ਨਿਵੇਸ਼ ਕਰਨ ਲਈ ਅੱਗੇ ਵੱਧ ਰਹੀਆਂ ਹਨ ਅਤੇ ਹੋਰ ਲੋਕਾਂ ਨੂੰ ਆਕਰਸ਼ਿਤ ਕਰਨ ਲਈ ਸੂਬਾ ਸਰਕਾਰ 13-15 ਮਾਰਚ ਨੂੰ ਮੋਹਾਲੀ ਵਿਖੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਦਾ ਛੇਵਾਂ ਐਡੀਸ਼ਨ ਕਰਵਾ ਰਹੀ ਹੈ।ਹੁਣ ਤੱਕ ਪੰਜਾਬ ਦੇ ਨੌਜਵਾਨਾਂ ਨੂੰ ਨਿਰੋਲ ਯੋਗਤਾ ਦੇ ਆਧਾਰ 'ਤੇ 63,027 ਰੈਗੂਲਰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਸੂਬਾ ਸਰਕਾਰ ਨੇ ਦੇਸ਼ ਵਿੱਚ ਆਪਣੀ ਕਿਸਮ ਦੀ ਨਿਵੇਕਲੀ ਪਹਿਲਕਦਮੀ ਤਹਿਤ ਸਮਰਪਿਤ ਸੜਕ ਸੁਰੱਖਿਆ ਫੋਰਸ ਦੀ ਸ਼ੁਰੂਆਤ ਕੀਤੀ ਹੈ, ਜੋ ਸੂਬਾਈ ਅਤੇ ਕੌਮੀ ਮਾਰਗਾਂ 'ਤੇ ਸੁਰੱਖਿਆ ਯਕੀਨੀ ਬਣਾਉਣ ਅਤੇ ਕੀਮਤੀ ਜਾਨਾਂ ਬਚਾਉਣ ਲਈ ਬਣਾਈ ਗਈ ਹੈ। ਪੰਜਾਬ ਸਰਕਾਰ ਨੇ ਸੜਕ ਹਾਦਸਿਆਂ ਦੇ ਪੀੜਤਾਂ ਦੀ ਜਾਨ ਬਚਾਉਣ ਅਤੇ ਆਮ ਲੋਕਾਂ ਨੂੰ ਪੀੜਤਾਂ ਦੀ ਮਦਦ ਵਿੱਚ ਲੋਕਾਂ ਨੂੰ ਉਤਸ਼ਾਹਿਤ ਕਰਨ ਲਈ ਫਰਿਸ਼ਤੇ ਸਕੀਮ ਸ਼ੁਰੂ ਕੀਤੀ। ਸੂਬਾ ਸਰਕਾਰ ਉਨ੍ਹਾਂ ਦੇ ਨੇਕ ਕੰਮ ਦੀ ਸ਼ਲਾਘਾ ਕਰਨ ਲਈ 2000 ਰੁਪਏ ਦਾ ਵਿੱਤੀ ਇਨਾਮ ਦਿੰਦੀ ਹੈ। ਸਰਹੱਦੀ ਸੂਬਾ ਹੋਣ ਦੇ ਬਾਵਜੂਦ ਪੰਜਾਬ, ਦੇਸ਼ ਵਿੱਚ ਸ਼ਾਂਤੀ ਅਤੇ ਤਰੱਕੀ ਦੇ ਕੇਂਦਰ ਵਜੋਂ ਉੱਭਰਿਆ ਹੈ ਅਤੇ ਪੰਜਾਬ ਪੁਲਿਸ ਨੇ ਇਸ ਸਬੰਧ ਵਿੱਚ ਅਪਰੇਸ਼ਨ ਕਾਸੋ (ਸੀ.ਏ.ਐਸ.ਓ.) ਦੇ ਰੂਪ ਵਿੱਚ ਕਈ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ। ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਵਿੱਚ ਹਥਿਆਰਬੰਦ ਸੈਨਾਵਾਂ, ਅਰਧ ਸੈਨਿਕ ਬਲਾਂ, ਪੁਲਿਸ ਦੇ ਜਵਾਨਾਂ ਅਤੇ ਇੱਥੋਂ ਤੱਕ ਕੇ ਅਗਨੀਵੀਰਾਂ ਦੇ ਅਥਾਹ ਯੋਗਦਾਨ ਨੂੰ ਸਤਿਕਾਰ ਭੇਟ ਕਰਦਿਆਂ ਸੂਬਾ ਸਰਕਾਰ ਜਵਾਨਾਂ ਦੇ ਡਿਊਟੀ ਦੌਰਾਨ ਸ਼ਹੀਦ ਹੋਣ ਦੀ ਸੂਰਤ ਵਿੱਚ ਪਰਿਵਾਰ ਨੂੰ ਇਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੰਦੀ ਹੈ।

ਸੂਬਾ ਸਰਕਾਰ ਨੇ ਕਿਸਾਨਾਂ ਦੀ ਫ਼ਸਲ ਮੰਡੀਆਂ ਵਿੱਚ ਪਹੁੰਚਦੇ ਸਾਰ ਮੁਸ਼ਕਲ ਰਹਿਤ ਤੇ ਸੁਚਾਰੂ ਖਰੀਦ ਅਤੇ ਲਿਫਟਿੰਗ ਵਿੱਚ ਨਵਾਂ ਮਾਪਦੰਡ ਸਥਾਪਤ ਕੀਤਾ। ਪੰਜਾਬ ਸਰਕਾਰ ਨੇ ਖੇਡਾਂ ਦੇ ਖੇਤਰ ਵਿੱਚ ਪੰਜਾਬ ਦੀ ਸ਼ਾਨ ਬਹਾਲ ਕਰਨ ਲਈ ਸਾਲ 2023 ਵਿੱਚ ਸੂਬੇ ਦੀ ਨਵੀਂ ਖੇਡ ਨੀਤੀ ਲਾਗੂ ਕੀਤੀ ਸੀ। ਇਸ ਨਵੀਂ ਖੇਡ ਨੀਤੀ ਤਹਿਤ ਪਹਿਲੀ ਵਾਰ ਏਸ਼ੀਅਨ ਅਤੇ ਓਲੰਪਿਕ ਖੇਡਾਂ ਵਿੱਚ ਦੇਸ਼ ਦੀ ਨੁਮਾਇੰਦਗੀ ਕਰਨ ਲਈ ਚੁਣੇ ਗਏ ਖਿਡਾਰੀਆਂ ਨੂੰ ਵੱਡੀ ਰਕਮ ਦਿੱਤੀ ਗਈ ਹੈ।ਏਨਾ ਹੀ ਕਾਫ਼ੀ ਨਹੀਂ ਹੈ, ਅਸੀਂ ਤੁਹਾਡੇ ਤੋਂ ਸਾਡੇ ਮਹਾਨ ਪੁਰਖਿਆਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਸਰਗਰਮ ਸਹਿਯੋਗ ਦੀ ਮੰਗ ਕਰਦੇ ਹਾਂ। ਦੁੱਖ ਦੀ ਗੱਲ ਹੈ ਕਿ ਇਹ ਸੁਪਨੇ ਉਨ੍ਹਾਂ ਸਿਆਸਤਦਾਨਾਂ ਦੀ ਮਾੜੀ ਸੋਚ ਕਾਰਨ ਪੂਰੇ ਨਹੀਂ ਹੋ ਸਕੇ, ਜਿਨ੍ਹਾਂ ਨੇ ਆਜ਼ਾਦੀ ਘੁਲਾਟੀਆਂ ਦੇ ਨਾਮ 'ਤੇ ਸਿਰਫ਼ ਫੋਕੀ ਬਿਆਨਬਾਜ਼ੀ ਕੀਤੀ ਅਤੇ ਸਿਆਸੀ ਰੋਟੀਆਂ ਸੇਕੀਆਂ ਪਰ ਸੁਪਨਿਆਂ ਨੂੰ ਸਾਕਾਰ ਕਰਨ ਲਈ ਕੁੱਝ ਨਹੀਂ ਕੀਤਾ।

**- ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ

## ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਆਮ ਜਨਤਾ ਦੇ ਨਾਂਅ ਸੰਦੇਸ਼

ਪੰਜਾਬ ਦੇ ਪਿਆਰੇ ਨਿਵਾਸੀਓ,

ਅੱਜ 26 ਜਨਵਰੀ ਦੇ ਇਸ ਸ਼ੁਭ ਮੌਕੇ 'ਤੇ ਮੈਂ ਸਾਰੇ ਦੇਸ਼ਵਾਸੀਆਂ, ਖ਼ਾਸ ਕਰਕੇ ਪੰਜਾਬ ਦੇ ਨਾਗਰਿਕਾਂ ਨੂੰ 77ਵੇਂ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੰਦਾ ਹਾਂ। ਇਸ ਦਿਨ ਸਾਡਾ ਸੰਵਿਧਾਨ ਲਾਗੂ ਹੋਇਆ ਅਤੇ ਭਾਰਤ ਇੱਕ ਪ੍ਰਭੂਸੱਤਾ ਸੰਪੰਨ, ਸਮਾਜਵਾਦੀ, ਧਰਮਨਿਰਪੱਖ ਅਤੇ ਲੋਕਤੰਤਰੀ ਗਣਰਾਜ ਵਜੋਂ ਸਥਾਪਿਤ ਹੋਇਆ।ਮੈਂ ਗੁਰੂਆਂ, ਪੀਰਾਂ, ਸੰਤਾਂ ਅਤੇ ਮਹਾਨ ਯੋਧਿਆਂ ਦੀ ਧਰਤੀ ਪੰਜਾਬ ਨੂੰ ਸਿਜਦਾ ਕਰਦਾ ਹਾਂ ਅਤੇ ਉਹਨਾਂ ਸੈਨਿਕ ਪਰਿਵਾਰਾਂ ਨੂੰ ਸਤਿਕਾਰ ਪ੍ਰਗਟ ਕਰਦਾ ਹਾਂ ਜਿਨ੍ਹਾਂ ਦੇ ਸਪੂਤਾਂ ਨੇ ਮਾਤ ਭੂਮੀ ਲਈ ਸਰਵ ਉੱਚ ਕੁਰਬਾਨੀ ਦਿੱਤੀ। ਰਾਸ਼ਟਰ ਪਿਤਾ ਮਹਾਤਮਾ ਗਾਂਧੀ, ਨੇਤਾ ਜੀ ਸੁਭਾਸ਼ ਚੰਦਰ ਬੋਸ, ਸਰਦਾਰ ਵੱਲਭ ਭਾਈ ਪਟੇਲ, ਪੰਡਿਤ ਜਵਾਹਰ ਲਾਲ ਨਹਿਰੂ, ਡਾ. ਰਾਜੇਂਦਰ ਪ੍ਰਸਾਦ ਅਤੇ ਅਨੇਕਾਂ ਹੋਰ ਦੇਸ਼ ਵਾਸੀਆਂ ਨੇ ਭਾਰਤ ਦੀ ਆਜ਼ਾਦੀ ਵਿੱਚ ਅਹਿਮ ਯੋਗਦਾਨ ਪਾਇਆ।ਸ਼ਹੀਦ ਭਗਤ ਸਿੰਘ, ਸੁਖਦੇਵ, ਰਾਜਗੁਰੂ, ਚੰਦਰ ਸ਼ੇਖਰ ਆਜ਼ਾਦ, ਕਰਤਾਰ ਸਿੰਘ ਸਰਾਭਾ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ, ਗਦਰੀ ਬਾਬੇ ਅਤੇ ਅਨੇਕਾਂ ਬਹਾਦਰਾਂ ਦੀ ਸ਼ਹਾਦਤ ਸਾਡੇ ਇਤਿਹਾਸ ਦੀ ਸ਼ਾਨ ਹੈ। ਸੰਵਿਧਾਨ ਸਭਾ ਦੇ ਮੈਂਬਰਾਂ ਅਤੇ ਡਾ. ਬਾਬਾ ਸਾਹਿਬ ਭੀਮਰਾਓ ਅੰਬੇਡਕਰ ਦੇ ਅਣਥੱਕ ਯਤਨਾਂ ਨਾਲ ਸਾਨੂੰ ਮਜ਼ਬੂਤ ਸੰਵਿਧਾਨ ਮਿਲਿਆ।



ਇਸ ਮੌਕੇ 'ਤੇ ਮੈਂ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਨੂੰ ਵਿਸ਼ੇਸ਼ ਤੌਰ 'ਤੇ ਯਾਦ ਕਰਦਾ ਹਾਂ, ਜਿਨ੍ਹਾਂ ਨੇ 562 ਰਿਆਸਤਾਂ ਨੂੰ ਇੱਕਜੁੱਟ ਕਰਕੇ ਇਸ ਨੂੰ 'ਭਾਰਤ ਮਾਤਾ' ਦਾ ਅਖੰਡ ਰੂਪ ਦਿੱਤਾ।ਸੂਬਾ ਸਰਕਾਰ ਲੋਕ ਸੇਵਾ ਅਤੇ ਪਾਰਦਰਸ਼ੀ ਸ਼ਾਸਨ ਦੇ ਮੰਤਰ ਨਾਲ ਅੱਗੇ ਵੱਧ ਰਹੀ ਹੈ। ਪਿਛਲੇ ਕੁਝ ਸਾਲਾਂ ਵਿੱਚ ਪੰਜਾਬ ਨੇ ਹਰ ਖੇਤਰ ਵਿੱਚ ਨਵੇਂ ਮੀਲ ਪੱਥਰ ਹਾਸਲ ਕੀਤੇ ਹਨ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜਨਵਰੀ 2026 ਤੋਂ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਨਕਦੀ ਰਹਿਤ ਇਲਾਜ ਮਿਲੇਗਾ। ਸਿਹਤ ਸੇਵਾਵਾਂ ਨੂੰ ਪਹੁੰਚਯੋਗ ਬਣਾਉਣ ਲਈ 881 ਆਮ ਆਦਮੀ ਕਲੀਨਿਕ ਅਤੇ 356 ਹਾਈ-ਟੈਕ ਐਂਬੂਲੈਂਸਾਂ ਸੂਬੇ ਭਰ ਵਿੱਚ ਕਾਰਜਸ਼ੀਲ ਹਨ। ਜੁਲਾਈ 2022 ਤੋਂ ਲਗਭਗ 90 ਫ਼ੀਸਦ ਪਰਿਵਾਰਾਂ ਨੂੰ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ। ਝੋਨੇ ਦੇ ਸੀਜ਼ਨ ਦੌਰਾਨ ਖੇਤੀਬਾੜੀ ਟਿਊਬਵੈੱਲਾਂ ਨੂੰ 8 ਘੰਟਿਆਂ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਵੀ ਦਿੱਤੀ ਗਈ।ਸਿੱਖਿਆ ਦੇ ਖੇਤਰ ਵਿੱਚ ਸੂਬਾ ਸਰਕਾਰ ਨੇ ਪੰਜਾਬ ਸਿੱਖਿਆ ਕ੍ਰਾਂਤੀ ਦੀ ਸ਼ੁਰੂਆਤ ਕੀਤੀ ਹੈ। ਸੂਬਾ ਸਰਕਾਰ ਨੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਾਹ ਖੋਲ੍ਹਦਿਆਂ 63,000 ਤੋਂ ਵੱਧ ਸਰਕਾਰੀ ਨੌਕਰੀਆਂ ਦੇ ਕੇ ਇੱਕ ਨਵਾਂ ਮੀਲ ਪੱਥਰ ਸਥਾਪਤ ਕੀਤਾ ਹੈ।ਪਿੰਡਾਂ ਨੂੰ ਸ਼ਹਿਰਾਂ ਨਾਲ ਜੋੜਨ ਵਾਲੀਆਂ ਲਗਭਗ 19,000 ਕਿਲੋਮੀਟਰ ਲਿੰਕ ਸੜਕਾਂ ਦੀ ਉਸਾਰੀ ਅਤੇ ਮੁਰੰਮਤ ਜਾਰੀ ਹੈ। ਈਜ਼ੀ ਰਜਿਸਟਰੀ ਪ੍ਰਣਾਲੀ ਨਾਲ ਜੁਲਾਈ ਤੋਂ ਦਸੰਬਰ 2025 ਤੱਕ 3.7 ਲੱਖ ਤੋਂ ਵੱਧ ਰਜਿਸਟਰੀਆਂ ਹੋਈਆਂ।ਹੜ੍ਹਾਂ ਦੇ ਬਾਵਜੂਦ 156 ਲੱਖ ਮੀਟ੍ਰਿਕ ਟਨ ਤੋਂ ਵੱਧ ਝੋਨੇ ਦੀ ਖ਼ਰੀਦ ਅਤੇ 37 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਸਮੇਂ ਸਿਰ ਅਦਾਇਗੀ ਕੀਤੀ ਗਈ। ਗੰਨੇ ਲਈ 416 ਰੁਪਏ ਪ੍ਰਤੀ ਕੁਇੰਟਲ ਭਾਅ ਦੇਸ਼ ਵਿੱਚ ਸਭ ਤੋਂ ਵੱਧ ਹੈ।ਮੈਨੂੰ ਪੂਰਾ ਵਿਸ਼ਵਾਸ ਹੈ ਕਿ ਸਰਕਾਰ ਦੇ ਯਤਨਾਂ ਨਾਲ ਅਸੀਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਕੇ ਨੌਜਵਾਨਾਂ ਨੂੰ ਸਿਹਤਮੰਦ, ਸਸ਼ਕਤ ਅਤੇ ਉੱਜਵਲ ਭਵਿੱਖ ਵੱਲ ਲੈ ਜਾਵਾਂਗੇ, ਤਾਂ ਜੋ ਪੰਜਾਬ ਇੱਕ ਵਾਰ ਫਿਰ ਰੰਗਲਾ ਪੰਜਾਬ ਵਜੋਂ ਆਪਣੀ ਮਾਣਮੱਤੀ ਪਛਾਣ ਹਾਸਲ ਕਰ ਸਕੇ।ਅੱਜ ਦਾ ਪੰਜਾਬ ਸੱਭਿਆਚਾਰ ਅਤੇ ਤਰੱਕੀ ਦਾ ਸਸ਼ਕਤ ਸੁਮੇਲ ਹੈ। ਮੈਨੂੰ ਪੂਰਾ ਵਿਸ਼ਵਾਸ ਹੈ ਕਿ ਆਪਣੇ ਮਿਹਨਤੀ ਕਿਸਾਨਾਂ, ਸਮਰਪਿਤ ਕਾਮਿਆਂ, ਪ੍ਰਤਿਭਾਸ਼ਾਲੀ ਨੌਜਵਾਨਾਂ ਅਤੇ ਵਚਨਬੱਧ ਪ੍ਰਸ਼ਾਸਨ ਦੇ ਨਾਲ ਪੰਜਾਬ ਆਉਣ ਵਾਲੇ ਸਮੇਂ ਵਿੱਚ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਵੱਡਾ ਯੋਗਦਾਨ ਪਾਵੇਗਾ ।ਇਸ ਸੁਨੇਹੇ ਦੇ ਨਾਲ ਮੈਂ ਇੱਕ ਵਾਰ ਫਿਰ ਤੁਹਾਨੂੰ ਸਾਰਿਆਂ ਨੂੰ 77ਵੇਂ ਗਣਤੰਤਰ ਦਿਵਸ ਦੀਆਂ ਦਿਲੋਂ ਵਧਾਈਆਂ ਦਿੰਦਾ ਹਾਂ।

ਧੰਨਵਾਦ।




# ਗਣਤੰਤਰ ਦਿਵਸ ਨੂੰ ਸਮਰਪਤ ਕੋਟਕਪੂਰਾ ਵਿਸ਼ੇਸ਼ ਸਪਲੀਮੈਂਟ

**ਸੰਦੇਸ਼**

ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ ਲੱਖ-ਲੱਖ ਮੁਬਾਰਕਬਾਦ

ਮਨਤਾਰ ਸਿੰਘ ਬਰਾੜ ਸਾਬਕਾ ਵਿਧਾਇਕ ਹਲਕਾ ਕੋਟਕਪੂਰਾ — ਐਡਵੋਕੇਟ ਅਨੁਪ੍ਰਤਾਪ ਸਿੰਘ ਬਰਾੜ

**ਸੰਦੇਸ਼**

ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ ਲੱਖ-ਲੱਖ ਮੁਬਾਰਕਬਾਦ

- ਕੁਲਤਾਰ ਸਿੰਘ ਸੰਧਵਾਂ
ਸਪੀਕਰ ਪੰਜਾਬ ਵਿਧਾਨ ਸਭਾ

**ਸੰਦੇਸ਼**

ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ ਲੱਖ-ਲੱਖ ਮੁਬਾਰਕਬਾਦ

- ਅਜੈ ਪਾਲ ਸਿੰਘ ਸੰਧੂ
ਸਾਬਕਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਫਰੀਦਕੋਟ

**ਸੰਦੇਸ਼**

ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ ਲੱਖ-ਲੱਖ ਮੁਬਾਰਕਬਾਦ

ਡਾ. ਮਨਜੀਤ ਸਿੰਘ ਢਿੱਲੋਂ — ਡਾ. ਪ੍ਰੀਤਮ ਸਿੰਘ ਛੌਕਰ

**ਸੰਦੇਸ਼**

ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ ਲੱਖ-ਲੱਖ ਮੁਬਾਰਕਬਾਦ

ਗੁਰਦੀਪ ਸਿੰਘ — ਰਜਿੰਦਰ ਸਿੰਘ ਸਰਾਂ



ਸੁਰਿੰਦਰਪਾਲ ਕੌਰ ਬਰਾੜ
ਸਾਬਕਾ ਪ੍ਰਧਾਨ ਨਗਰ ਕੌਂਸਲ ਕੋਟਕਪੂਰਾ

ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ



ਅਨੰਤਦੀਪ ਸਿੰਘ ਰੋਮਾ ਬਰਾੜ

## ਲੱਖ-ਲੱਖ ਮੁਬਾਰਕਬਾਦ

**ਸੰਦੇਸ਼**

ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ ਲੱਖ-ਲੱਖ ਮੁਬਾਰਕਬਾਦ

- ਕਲਵੰਤ ਸਿੰਘ ਸਰਾਂ

**ਸੰਦੇਸ਼**

ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ ਲੱਖ-ਲੱਖ ਮੁਬਾਰਕਬਾਦ

- ਸੁਨੀਲ ਕੁਮਾਰ ਬਿੱਟਾ ਗਰੋਵਰ, ਵਾਇਨ ਕੰਟਰੈਕਟਰ


**M/S. Bharat Timber Dealer**

Dealers in : Kail, Dayar, Chil, Partal, Sagwan, Holak, Champ & Imported Wood

Near Old Bus Stand
Muktsar Road,
Kotkapura (Pb.

Prop Sandeep Kaura, S/o Dharmveer Kaura)

98145-90235, 01635-220535


**ਧੰਨਵਾਦ**

ਕੋਟਕਪੂਰਾ ਵਿਸ਼ੇਸ਼ ਸਪਲੀਮੈਂਟ ਵਿੱਚ ਸਹਿਯੋਗ ਦੇਣ ਵਾਲੇ ਸੱਜਣਾਂ-ਮਿੱਤਰਾਂ ਦਾ ਤਹਿ ਦਿਲੋਂ ਧੰਨਵਾਦੀ ਹਾਂ ਅਤੇ ਆਸ ਕਰਦਾ ਹਾਂ ਕਿ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਹਿਯੋਗ ਦਿੰਦੇ ਰਹੋਗੇ।

ਰਛਪਾਲ ਸਿੰਘ ਭੁੱਲਰ ਪੱਤਰਕਾਰ
ਮੋਬਾ. 70180-21120


**PARIS JEWELLERS**

Purely Handcrafted Jewellery of High Workmanship Quality

Sukhwinder Pal Singh Hally 98142-16862 — Jagjit Singh Piasa 99148-02862

Palika Bazaar, Near Devraj Electronics, Kotkapura
hally24ct@gmail.com

EXCLUSIVE MEN'S WEAR STUDIO
**Billa**
CLOTH HOUSE
(A VENTURE OF KHEM DI HATTI)
COAT PENT • KURTA PAJAMA • SUITING SHIRTING
GURUDWARA BAZAR, KOTKAPURA. PH. : 01635-221192
(M) : 98143-22492 (RAJAN BILLA)
Billa cloth house khem di hatti

A FIXED PRICE SHOP
**Khem**
DI HATTI
Suiting-Shirting, Suit Dupatta, Lehnga Chunri
GURUDWARA BAZAR, KOTKAPURA. PH. : 01635-221192
(M) : 98143-22492 (RAJAN BILLA) Follow us : khemdihatti

ਗਣਤੰਤਰ ਦਿਵਸ ਮੌਕੇ ਦੇਸ਼ ਵਿਦੇਸ਼ 'ਚ ਵਸਦੇ ਪੰਜਾਬੀਆਂ ਨੂੰ ਬਹੁਤ-ਬਹੁਤ ਮੁਬਾਰਕਾਂ
LIC — care HEALTH INSURANCE — STAR Health
**Gurvir Karan Singh Dhillon**
LIC Advisor
VPO. Gurusar, Distt. Faridkot
M. 91057-00001, 94638-32110


ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ ਲੱਖ-ਲੱਖ ਮੁਬਾਰਕਬਾਦ

ਨਵਾਬ ਸਿੰਘ ਠੇਕੇਦਾਰ


ANAND VIHAR — Estd. 2017
**SAGAR DHABA**
RESTUARANT
98552-92102,
88200-00071
Sashi Chopra
Managing Director
Moga Road Kotkapura
sagarchopra45@gmail.com

JAGTAR SINGH & SON'S
SINCE 1982
ਜਗਤਾਰ ਸਿੰਘ ਅਰਨੇਜਾ — ਵਰਿੰਦਰ ਪਾਲ ਸਿੰਘ ਅਰਨੇਜਾ
98147-01612 — 70536-00012
ਮੋਟਰ ਸਾਈਕਲ, ਕਾਰ ਆਦਿ ਦੇ ਫੁੱਲ ਅਤੇ ਥਰਡ ਪਾਰਟੀ ਬੀਮਾ ਕਰਵਾਉਣ ਲਈ ਸੰਪਰਕ ਕਰੋ।
LIC — STAR Health — care — niva
ਜੀਵਨ ਬੀਮਾ ਵਹੀਕਲ ਬੀਮਾ ਸਿਹਤ ਬੀਮਾ
ICICI Lombard — NEW INDIA ASSURANCE


CPI

ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਕੋਟਕਪੂਰਾ ਤੋਂ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੂੰ ਲੱਖ-ਲੱਖ ਮੁਬਾਰਕਬਾਦ

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫ਼ਰੀਦਕੋਟ

**ਗਣਤੰਤਰ ਦਿਵਸ ਮੌਕੇ ਕੋਟਕਪੂਰਾ ਸਪਲੀਮੈਂਟ ਕੱਢਣ ਦੀਆਂ ਵਧਾਈਆਂ**

ਲਾਇਨ ਰਜਿੰਦਰ ਸਿੰਘ ਸਰਾਂ — ਗੁਰਦੀਪ ਸਿੰਘ ਐਮ ਜੇ ਐਫ — ਕੁਲਵੰਤ ਸਿੰਘ ਸਰਾਂ ਪ੍ਰਧਾਨ — ਵਿਕਰਾਂਤ ਧੀਂਗੜਾ ਸਕੱਤਰ

ਮਿੰਕੀ ਬਰਗਾੜੀ — ਗੁਰਵੀਰਕਰਨ ਢਿੱਲੋਂ — ਰਛਪਾਲ ਸਿੰਘ ਭੁੱਲਰ — ਜਗਸੀਰ ਸਿੰਘ ਕੈਂਥੇਅਰ

ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ


**VED RAJ & COMPANY**
Bargari Wale



Timber & Girder Merchants
Moga Road Kotkapura
98761-69180, 98145-22358
Manmohan krishan Goyal





DHINGRA AUTOS Hero Agency
MOGA ROAD, KOTKAPURA


ਅਮਨ ਸਿੰਘ — ਕਿਸ਼ਨ ਲਾਲ ਬਿੱਲਾ — ਰਾਜਨ ਬਿੱਲਾ — ਸਤੀਸ਼ ਕੁਮਾਰ ਸ਼ੰਟੀ ਬਿੱਲਾ — ਜਗਦੀਸ਼ ਕੁਮਾਰ ਅਜੈ ਬਿੱਲਾ

ਰਿਚੂ ਬਿੱਲਾ — ਅੰਕੁਸ਼ ਬਿੱਲਾ — ਸ਼ਯਮ ਬਿੱਲਾ — ਪ੍ਰੇਮ ਢਾਵਲਾ ... — ਵਿਸਾਖਾ ਸਿੰਘ ਸਰਾਂ


**DASMESH GLORIOUS PUBLIC SCHOOL (I.C.S.E.)**
Govt. Recognised SSA-RTE-2023-24/202482604
English Medium
ADMISSION OPEN
Pre-Nursery to 7th



Class Room — Activity — SEATS LIMITED — Activity

WHY YOU CHOOSE US?
* Co-educational school.
* Comprehensive Curriculum.
* Digitally smart classrooms.
* Fully air-conditioned school.
* Qualified & Experienced Teachers.
* Well equipped science lab, computer lab, & library.
* Emphasis on spoken english.

Our Vision
* To be the best institution of the area that provides quantitative and qualitative education to the students for their bright future.

Benefits
* No burden on parents related to their child's studies.
* Good transportation facility with G.P.S.
* 24x7 CCTV Surveillance.
* Photostate worksheets are provided by the school.
* Creative learning with app and advanced programme.

Must visit the school for your child's better future
For More Enquiries
Dhaipai Road, Hari Nau (Fdk.)
M: 98786-41826, 98766-41826, 97793-00806

**ਸੋਨੂੰ ਇੰਟਰਪ੍ਰਾਈਜ਼**
BAJAJ FINSERV 0%
LG Whirlpool SAMSUNG acer DAIKIN
ਏ.ਸੀ. । ਵਾਸ਼ਿੰਗ ਮਸ਼ੀਨ । ਫਰਿੱਜ । ਕੂਲਰ
ਐਲ.ਈ.ਡੀ. । ਫਿਲਟਰ । ਇਨਵਰਟਰ । ਪੱਖੇ । ਗੀਜ਼ਰ
ਆਦਿ ਆਸਾਨ ਕਿਸ਼ਤਾਂ ਤੇ ਮਿਲਦੇ ਹਨ।
ਜਗਸੀਰ ਸਿੰਘ (ਸੋਨੂੰ)
99881-50595
ਜਗਸੀਰ ਸਿੰਘ